15-APRIL-PAGE-1.qxd 4/14/2025 8:41 PM Page 1

ਮੰਗਲਵਾਰ, 15 ਅਪ੍ਰੈਲ, 2025
3 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 314

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 15 APRIL, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਬਾਜਵਾ ਦਾ ਰੋਲ ਗੈਰ-ਜ਼ਿੰਮੇਵਾਰਾਨਾ : ਮਾਨ



**ਪਟਿਆਲਾ** : ਅੰਬੇਡਕਰ ਜੈਅੰਤੀ ਮੌਕੇ ਪੰਜਾਬੀ ਯੂਨੀਵਰਸਿਟੀ ਵਿੱਚ ਰਾਜ ਪੱਧਰੀ ਸਮਾਗਮ ਲਈ ਪੁੱਜੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸੀਨੀਅਰ ਕਾਂਗਰਸੀ ਆਗੂ ਤੇ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਗੈਰ-ਜ਼ਿੰਮੇਵਾਰਾਨਾ ਭੂਮਿਕਾ ਨਿਭਾ ਰਹੇ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜੇ ਬੰਬਾਂ ਵਾਲੀ ਕੋਈ ਗੱਲ ਹੁੰਦੀ ਤਾਂ ਕੇਂਦਰ ਤੇ ਪੰਜਾਬ ਦੀਆਂ ਏਜੰਸੀਆਂ ਇਕ-ਦੂਜੇ ਨਾਲ ਰਾਬਤਾ ਜ਼ਰੂਰ ਕਰਦੀਆਂ, ਪਰ ਅਜਿਹਾ ਕੁਝ ਨਹੀਂ ਹੋਇਆ। ਉਨ੍ਹਾ ਕਿਹਾ ਕਿ ਬਾਜਵਾ ਨੇ ਦਹਿਸ਼ਤ ਫੈਲਾਉਣ ਲਈ ਅਜਿਹਾ ਕੀਤਾ ਜਾਂ ਫਿਰ ਉਹ ਕੋਈ ਰਾਜ਼ ਛੁਪਾ ਰਹੇ ਹਨ।

ਬਾਜਵਾ ਨੇ ਪਿਛਲੇ ਦਿਨੀਂ ਇਕ ਨਿੱਜੀ ਟੀ ਵੀ ਚੈਨਲ ਨੂੰ ਦਿੱਤੀ ਇੰਟਰਵਿਊ ਵਿੱਚ ਦਾਅਵਾ ਕੀਤਾ ਸੀ ਕਿ ਪੰਜਾਬ ਵਿਚ 50 ਬੰਬ ਆਏ ਹਨ, ਜਿਨ੍ਹਾਂ ਵਿੱਚੋਂ 18 ਚੱਲ ਚੁੱਕੇ ਹਨ, ਜਦੋਂਕਿ 32 ਅਜੇ ਚੱਲਣੇ ਬਾਕੀ ਹਨ। ਪੰਜਾਬ ਪੁਲਸ ਨੇ ਐਤਵਾਰ ਰਾਤੀਂ ਬਾਜਵਾ ਖਿਲਾਫ ਮੁਹਾਲੀ ਦੇ ਥਾਣੇ ਵਿੱਚ ਕੇਸ ਦਰਜ ਕਰ ਲਿਆ ਸੀ।

ਸੂਬੇ ਦੀ ਸ਼ਾਂਤੀ, ਤਰੱਕੀ ਅਤੇ ਖ਼ੁਸ਼ਹਾਲੀ ਦੇ ਰਾਹ ਵਿੱਚ ਰੋੜਾ ਬਣਨ ਦੀਆਂ ਕੋਸ਼ਿਸ਼ਾਂ ਕਰ ਰਹੀਆਂ ਫੁੱਟਪਾਊ ਤਾਕਤਾਂ 'ਤੇ ਨਿਸ਼ਾਨਾਂ ਵਿੰਨ੍ਹਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀਆਂ ਤਾਕਤਾਂ ਹੁਣ ਪੰਜਾਬ ਵਿੱਚ ਡਾ. ਬੀ ਆਰ ਅੰਬੇਡਕਰ ਦੇ ਬੁੱਤਾਂ ਨੂੰ ਤੋੜਨ ਦੀ ਕੋਸ਼ਿਸ਼ ਕਰ ਰਹੀਆਂ ਹਨ। ਉਨ੍ਹਾ ਕਿਹਾ ਕਿ ਇਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਮਾਨ ਨੇ ਕਿਹਾ ਕਿ ਇਸ ਘਿਨਾਉਣੇ ਕਾਰੇ ਵਿੱਚ ਸ਼ਾਮਲ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦਿੱਤੀ ਜਾਵੇਗੀ।ਮੁੱਖ ਮੰਤਰੀ ਨੇ ਇਹ ਵੀ ਐਲਾਨ ਕੀਤਾ ਕਿ ਸੂਬਾ ਸਰਕਾਰ ਵੱਲੋਂ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਵੱਡੇ ਪੱਧਰ 'ਤੇ ਮਨਾਉਣ ਲਈ ਕਈ ਪ੍ਰੋਗਰਾਮ ਕਰਵਾਏ ਜਾਣਗੇ।

## ਹਵਾਲਾਤ 'ਚੋਂ ਭੱਜੇ ਤਿੰਨੇ ਫੜੇ ਗਏ

**ਸ੍ਰੀ ਮੁਕਤਸਰ ਸਾਹਿਬ** : ਥਾਣਾ ਕਬਰਵਾਲਾ ਦੀ ਹਵਾਲਾਤ ਵਿੱਚੋਂ ਫਰਾਰ ਹੋਏ ਤਿੰਨੇ ਮੁਲਜ਼ਮਾਂ ਨੂੰ ਪੁਲਸ ਨੇ 36 ਘੰਟਿਆਂ ਵਿੱਚ ਕਾਬੂ ਕਰ ਲਿਆ। ਐੱਨ ਡੀ ਪੀ ਸੀ ਐਕਟ ਦੇ 3.30 ਕੁਇੰਟਲ ਚੂਰਾ ਪੋਸਤ ਮਾਮਲੇ ਦੇ ਫਰਾਰ ਮੁਲਜ਼ਮ ਬਾਬੂ ਸਿੰਘ ਨੂੰ ਐਤਵਾਰ ਦਿਨ ਵੇਲੇ ਹੀ ਸ੍ਰੀ ਮੁਕਤਸਰ ਸਾਹਿਬ ਤੋਂ ਕਾਬੂ ਕਰ ਲਿਆ ਗਿਆ ਸੀ, ਜਦੋਂਕਿ ਦੂਸਰਾ ਮੁਲਜ਼ਮ ਰਾਤੀਂ ਫੜ ਲਿਆ ਗਿਆ ਸੀ। ਤੀਜਾ ਸੋਮਵਾਰ ਫੜਿਆ ਗਿਆ। ਇਹ ਮੁਲਜ਼ਮ ਚਾਰ ਦਿਨਾਂ ਦੇ ਪੁਲਸ ਰਿਮਾਂਡ 'ਤੇ ਸਨ।

ਇਨ੍ਹਾਂ ਵਿੱਚੋਂ ਬੂਟਾ ਸਿੰਘ ਵਾਸੀ ਸ੍ਰੀ ਮੁਕਤਸਰ ਸਾਹਿਬ ਅਤੇ ਲਵਟੈਣ ਸਿੰਘ ਉਰਫ ਲਵ ਵਾਸੀ ਢਾਣੀ ਪਿੰਡ ਜੰਡਵਾਲਾ ਭੀਮੇਸ਼ਾਹ (ਫਾਜ਼ਿਲਕਾ) ਨੂੰ ਟਰੱਕ ਵਿੱਚ ਪਿਆਜ਼ਾਂ ਦੇ ਗੱਟਿਆਂ ਵਿੱਚ 3.30 ਕੁਇੰਟਲ ਚੂਰਾ ਪੋਸਤ ਲੁਕੋ ਕੇ ਲਿਜਾਣ ਦੇ ਮਾਮਲੇ 'ਚ ਗ੍ਰਿਫਤਾਰ ਕੀਤਾ ਗਿਆ ਸੀ। ਤੀਸਰਾ ਸ਼ਮਸ਼ੇਰ ਸਿੰਘ ਸ਼ੰਮੀ ਕੁਝ ਦਿਨ ਪਹਿਲਾਂ ਪਿੰਡ ਸਰਾਵਾਂ ਬੋਦਲਾ ਵਿਖੇ ਮੋਟਰ ਸਾਈਕਲ ਦੀ ਸਾੜਫੂਕ ਦੀ ਵਾਰਦਾਤ ਵਿੱਚ ਸ਼ਾਮਲ ਸੀ।

## ਬਾਜਵਾ ਨੇ ਪੁੱਛਗਿੱਛ 'ਚ ਸ਼ਾਮਲ ਹੋਣ ਲਈ ਸਮਾਂ ਮੰਗਿਆ



**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ 'ਬੰਬਾਂ ਬਾਰੇ ਬਿਆਨ' ਮਾਮਲੇ ਵਿਚ ਸੋਮਵਾਰ ਮੁਹਾਲੀ ਥਾਣੇ ਵਿੱਚ ਕੀਤੀ ਜਾਣ ਵਾਲੀ ਪੁੱਛ-ਪੜਤਾਲ ਵਿੱਚ ਸ਼ਾਮਲ ਨਹੀਂ ਹੋਏ। ਮੁਹਾਲੀ ਦੇ ਐੱਸ ਪੀ ਹਰਬੀਰ ਸਿੰਘ ਅਟਵਾਲ ਨੇ ਬਾਜਵਾ ਨੂੰ ਸੰਮਨ ਭੇਜ ਕੇ ਸੋਮਵਾਰ ਦੁਪਹਿਰੇ 12 ਵਜੇ ਪੰਜਾਬ ਪੁਲਸ ਦੇ ਸਟੇਟ ਸਾਈਬਰ ਕਰਾਈਮ ਥਾਣਾ ਫੇਜ਼-7 ਵਿੱਚ ਜਾਂਚ 'ਚ ਸ਼ਾਮਲ ਹੋਣ ਲਈ ਸੱਦਿਆ ਸੀ।

ਬਾਜਵਾ ਦੇ ਵਕੀਲ ਪਰਦੀਪ ਸਿੰਘ ਵਿਰਕ ਨੇ ਥਾਣੇ ਵਿੱਚ ਪਹੁੰਚ ਕੇ ਅਧਿਕਾਰੀਆਂ ਨੂੰ ਬਾਜਵਾ ਦੀ ਤਰਫੋਂ ਇੱਕ ਅਰਜ਼ੀ ਸੌਂਪ ਕੇ 15 ਅਪਰੈਲ ਤੱਕ ਪੇਸ਼ ਹੋਣ ਦੀ ਮੋਹਲਤ ਮੰਗੀ। ਬਾਜਵਾ ਮੰਗਲਵਾਰ ਨੂੰ ਬਾਅਦ ਦੁਪਹਿਰ 2 ਵਜੇ ਮੁਹਾਲੀ ਦੇ ਥਾਣੇ ਵਿੱਚ ਪਹੁੰਚ ਕੇ ਜਾਂਚ ਵਿੱਚ ਸ਼ਾਮਲ ਹੋਣਗੇ।

ਬਾਜਵਾ ਨੇ ਇਕ ਨਿੱਜੀ ਟੀ ਵੀ ਚੈਨਲ ਨੂੰ ਦਿੱਤੀ ਇੰਟਰਵਿਊ ਵਿੱਚ ਸੂਤਰਾਂ ਦੇ ਹਵਾਲੇ ਨਾਲ ਪੰਜਾਬ ਵਿੱਚ 50 ਬੰਬ ਆਉਣ ਦਾ ਦਾਅਵਾ ਕੀਤਾ ਸੀ। ਉਨ੍ਹਾ ਕਿਹਾ ਸੀ ਕਿ ਇਨ੍ਹਾਂ ਵਿੱਚੋਂ 18 ਬੰਬ ਚੱਲ ਚੁੱਕੇ ਹਨ ਅਤੇ 32 ਅਜੇ ਚੱਲਣੇ ਬਾਕੀ ਹਨ।

ਇਸ ਸੰਬੰਧੀ ਬਾਜਵਾ ਖਿਲਾਫ ਪੰਜਾਬ ਪੁਲਸ ਦੇ ਸਟੇਟ ਸਾਈਬਰ ਕਰਾਈਮ ਥਾਣਾ ਫੇਜ਼-7 ਵਿੱਚ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ।

ਇੱਕ ਨਿੱਜੀ ਟੀਵੀ ਚੈਨਲ 'ਤੇ ਇੰਟਰਵਿਊ ਦੌਰਾਨ ਬਾਜਵਾ ਨੇ ਸੂਤਰਾਂ ਦੇ ਹਵਾਲੇ ਨਾਲ ਕਿਹਾ ਸੀ ਕਿ ਪੰਜਾਬ ਵਿੱਚ ਕਈ ਬੰਬ ਆਏ ਹਨ, ਜਿਨ੍ਹਾਂ 'ਚੋਂ 18 ਫਟ ਚੁੱਕੇ ਹਨ, ਜਦੋਂ ਕਿ 32 ਬੰਬ ਹੋਰ ਪਏ ਹਨ। ਇਸ ਮਗਰੋਂ ਸਿਆਸਤ ਭਖ ਗਈ ਸੀ। ਮੁੱਖ ਮੰਤਰੀ ਭਗਵੰਤ ਮਾਨ ਨੇ ਪੁਲਸ ਨੂੰ ਫੌਰੀ ਐਕਸ਼ਨ ਦੀ ਹਦਾਇਤ ਕੀਤੀ ਸੀ। ਮੁੱਖ ਮੰਤਰੀ ਨੇ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਬਾਜਵਾ ਨੂੰ ਸੁਆਲ ਕੀਤੇ ਸਨ ਕਿ ਉਨ੍ਹਾ ਦੀ ਬੰਬਾਂ ਬਾਰੇ ਸੂਚਨਾ ਦਾ ਸਰੋਤ ਕੀ ਹੈ? ਮੁੱਖ ਮੰਤਰੀ ਨੇ ਕਿਹਾ ਸੀ ਕਿ ਜੇ ਬਾਜਵਾ ਕੋਲ ਅਜਿਹੀ ਸੂਚਨਾ ਹੈ ਤਾਂ ਉਨ੍ਹਾ ਦੀ ਜ਼ਿੰਮੇਵਾਰੀ ਬਣਦੀ ਸੀ ਕਿ ਉਹ ਪੰਜਾਬ ਪੁਲਸ ਨਾਲ ਸਾਂਝੀ ਕਰਦੇ। ਇਸ ਮਗਰੋਂ ਸੂਬਾ ਖੁਫੀਆ ਏਜੰਸੀ ਦੀ ਇੱਕ ਟੀਮ ਬਾਜਵਾ ਦੇ ਚੰਡੀਗੜ੍ਹ ਸਥਿਤ ਸੈਕਟਰ-8 ਵਿਚਲੇ ਘਰ ਵਿੱਚ ਬਿਆਨ ਦਰਜ ਕਰਨ ਪਹੁੰਚੀ ਸੀ। ਖੁਫੀਆ ਏਜੰਸੀ ਦੇ ਮੈਂਬਰਾਂ ਨੇ ਕਿਹਾ ਸੀ ਕਿ ਬਾਜਵਾ ਨੇ ਬੰਬਾਂ ਵਾਲੀ ਸੂਚਨਾ ਦਾ ਸਰੋਤ ਦੱਸਣ ਤੋਂ ਇਨਕਾਰ ਕਰ ਦਿੱਤਾ ਹੈ। ਉਂਝ ਬਾਜਵਾ ਨੇ ਕਿਹਾ ਕਿ ਜੇ ਮੁੱਖ ਮੰਤਰੀ ਉਨ੍ਹਾ ਖਿਲਾਫ ਕੋਈ ਕੇਸ ਦਰਜ ਕਰਦੇ ਹਨ ਤਾਂ ਇਹ ਸਿਆਸੀ ਬਦਲਾਖੋਰੀ ਹੋਵੇਗੀ।

## ਨਕੋਦਰ 'ਚ ਨਾਅਰੇ ਲਿਖਣ ਵਾਲੇ ਤਿੰਨ ਗ੍ਰਿਫਤਾਰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**

ਦਿਹਾਤੀ ਪੁਲਸ ਨੇ ਖਾਲਿਸਤਾਨ ਦੇ ਸਮਰਥਨ ਵਿੱਚ ਨਕੋਦਰ 'ਚ ਨਾਅਰੇ ਲਿਖਣ ਵਾਲੇ ਤਿੰਨ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਹੈ। ਪੁਲਸ ਮੁਤਾਬਕ ਤਿੰਨਾਂ ਨੌਜਵਾਨਾਂ ਨੇ ਮੰਨਿਆ ਕਿ ਉਨ੍ਹਾਂ ਨੂੰ ਖਾਲਿਸਤਾਨ ਸਮਰਥਕ ਅਤੇ ਅੱਤਵਾਦੀ ਗੁਰਪਤਵੰਤ ਪਨੂੰ ਨੇ ਨਾਅਰੇ ਲਿਖਣ ਲਈ ਕਿਹਾ ਸੀ। ਤਿੰਨੋਂ ਹੀ 19 ਸਾਲ ਦੇ ਹਨ। ਇਨ੍ਹਾਂ ਦੀ ਪਛਾਣ ਤੇਜਪਾਲ ਸਿੰਘ ਉਰਫ ਪਾਲੀ ਵਾਸੀ ਮੁਹੱਲਾ ਰਣਜੀਤ ਨਗਰ ਨਕੋਦਰ, ਕਾਰਤਿਕ ਵਾਸੀ ਮੁਹੱਲਾ ਗੁਰੂ ਤੇਗ ਬਹਾਦਰ ਨਗਰ ਨਕੋਦਰ ਅਤੇ ਵੀਰ ਸੁਖਪਾਲ ਸਿੰਘ ਵਾਸੀ ਖਾਨਪੁਰ ਢੱਡਾ (ਨਕੋਦਰ) ਵਜੋਂ ਹੋਈ ਹੈ। ਇਸ ਮਾਮਲੇ ਵਿੱਚ ਪੁਲਸ ਨੇ ਅਮਰੀਕਾ ਰਹਿੰਦੇ ਗੁਰਪਤਵੰਤ ਪਨੂੰ, ਕੈਨੇਡਾ ਸਥਿਤ ਅੱਤਵਾਦੀ ਬਲਕਰਨ ਸਿੰਘ ਅਤੇ ਯੂ ਕੇ ਸਥਿਤ ਅੱਤਵਾਦੀ ਜਸਕਰਨ ਪ੍ਰੀਤ ਸਿੰਘ ਉਰਫ ਬਾਵਾ ਨੂੰ ਵੀ ਨਾਮਜ਼ਦ ਕੀਤਾ ਹੈ। ਐੱਸ ਐੱਸ ਪੀ ਹਰਵਿੰਦਰ ਸਿੰਘ ਵਿਰਕ ਨੇ ਦੱਸਿਆ ਕਿ ਪੁੱਛਗਿੱਛ ਦੌਰਾਨ ਇਹ ਖੁਲਾਸਾ ਹੋਇਆ ਕਿ ਕੈਨੇਡਾ ਤੋਂ ਬਲਕਰਨ ਸਿੰਘ ਨੇ ਵੀਰ ਸੁਖਪਾਲ ਸਿੰਘ ਦੇ ਖਾਤੇ ਵਿੱਚ ਪੈਸੇ ਜਮ੍ਹਾਂ ਕਰਵਾਏ ਅਤੇ ਅਪਰਾਧ ਦੀ ਯੋਜਨਾ ਬਣਾਈ। ਇਸ ਤੋਂ ਬਾਅਦ ਉਸ ਨੇ ਦੋ ਹੋਰ ਸਾਥੀਆਂ ਨਾਲ ਮਿਲ ਕੇ ਨਕੋਦਰ ਬਾਈਪਾਸ ਨੇੜੇ ਖਾਲਿਸਤਾਨੀ ਨਾਅਰੇ ਲਿਖੇ। ਇਸ ਦੀ ਵੀਡੀਓ ਬਣਾਈ ਗਈ ਅਤੇ ਵਿਦੇਸ਼ਾਂ ਵਿੱਚ ਬੈਠੇ ਅੱਤਵਾਦੀਆਂ ਨੂੰ ਭੇਜੀ ਗਈ। ਇਸ ਤੋਂ ਬਾਅਦ ਇਨ੍ਹਾਂ ਨੂੰ ਪੋਸਟ ਕਰਕੇ ਪੰਜਾਬ ਦਾ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਗਈ।

## ਡਾ. ਅੰਬੇਡਕਰ ਦੇ ਵਿਚਾਰਾਂ ਦੀ ਰੱਖਿਆ ਦਾ ਸੱਦਾ

### ਫਿਰਕੂ ਤੇ ਵੰਡ-ਪਾਊ ਸ਼ਕਤੀਆਂ ਵਿਰੁੱਧ ਇੱਕਮੁੱਠ ਹੋਵੋ : ਅਮਰਜੀਤ ਕੌਰ



**ਲੁਧਿਆਣਾ (ਰੈਕਟਰ ਕਥੂਰੀਆ)**

ਜਲੰਧਰ ਬਾਈਪਾਸ ਚੌਕ ਵਿਖੇ ਭਾਰਤੀ ਕਮਿਊਨਿਸਟ ਪਾਰਟੀ ਲੁਧਿਆਣਾ ਦੇ ਸਾਥੀ ਸੋਮਵਾਰ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਦੇ ਸਾਹਮਣੇ ਇਕੱਠੇ ਹੋਏ ਅਤੇ ਉਨ੍ਹਾ ਦੇ ਵਿਚਾਰਾਂ ਦੀ ਰੱਖਿਆ ਲਈ ਸਹੁੰ ਚੁੱਕੀ। ਇਸ ਮੌਕੇ ਬੋਲਦਿਆਂ ਸੀ ਪੀ ਆਈ ਦੀ ਕੌਮੀ ਸਕੱਤਰ ਅਮਰਜੀਤ ਨੇ ਕਿਹਾ ਕਿ ਡਾ. ਅੰਬੇਡਕਰ ਦੁਆਰਾ ਲਿਖੇ ਗਏ ਇਸ ਸੰਵਿਧਾਨ ਦੀ ਮੁੱਖ ਧਾਰਾ ਵਿੱਚ ਸਾਰੇ ਨਾਗਰਿਕਾਂ ਲਈ ਸਮਾਜਿਕ, ਆਰਥਿਕ, ਰਾਜਨੀਤਿਕ ਨਿਆਂ, ਆਪਣੇ ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ, ਕਿਸੇ ਵੀ ਧਰਮ ਦੀ ਪੂਜਾ ਕਰਨ ਜਾਂ ਵਿਸ਼ਵਾਸ ਕਰਨ ਦੀ ਆਜ਼ਾਦੀ, ਸਾਰਿਆਂ ਲਈ ਬਰਾਬਰ ਮੌਕੇ ਪ੍ਰਾਪਤ ਕਰਨ ਦੀ ਆਜ਼ਾਦੀ ਅਤੇ ਸਾਰਿਆਂ ਵਿਚਕਾਰ ਸਦਭਾਵਨਾ ਨਾਲ ਰਹਿਣ ਦੀ ਆਜ਼ਾਦੀ ਦੀ ਵਿਆਖਿਆ ਇਸ ਤਰ੍ਹਾਂ ਕੀਤੀ ਗਈ ਹੈ, ਤਾਂ ਜੋ ਲੋਕਾਂ ਦੀ ਸ਼ਾਨ ਦੇ ਨਾਲ-ਨਾਲ ਦੇਸ਼ ਦੀ ਏਕਤਾ ਬਣਾਈ ਰੱਖੀ ਜਾ ਸਕੇ।

ਇਹ ਸੰਵਿਧਾਨ ਨਾਗਰਿਕਾਂ ਨੂੰ ਕੁਝ ਮੌਲਿਕ ਅਧਿਕਾਰ ਪ੍ਰਦਾਨ ਕਰਦਾ ਹੈ, ਜਿਸ ਦਾ ਅਰਥ ਹੈ ਕਿ ਦੇਸ਼ ਦੇ ਨਾਗਰਿਕਾਂ ਨੂੰ ਇਨ੍ਹਾਂ ਅਧਿਕਾਰਾਂ ਦੀ ਕਾਨੂੰਨੀ ਤੌਰ 'ਤੇ ਮਾਨਤਾ ਦਿੱਤੀ ਹੈ।ਇਸ ਤੋਂ ਇਲਾਵਾ ਨਿਰਦੇਸ਼ਕ ਸਿਧਾਂਤ ਤਿਆਰ ਕੀਤੇ ਗਏ ਸਨ, ਜੋ ਕਿ ਭਾਵੇਂ ਕਾਨੂੰਨੀ ਤੌਰ 'ਤੇ ਬੰਧਨਕਾਰੀ ਨਹੀਂ ਹਨ, ਪਰ ਦੇਸ਼ ਦੇ ਪ੍ਰਸ਼ਾਸਨ ਲਈ ਜ਼ਰੂਰੀ ਹਨ ਅਤੇ ਰਾਜ ਨੂੰ ਇਨ੍ਹਾਂ ਅਧਿਕਾਰਾਂ ਨੂੰ ਲਾਗੂ ਕਰਨਾ ਚਾਹੀਦਾ ਹੈ।

ਅੱਜ ਦੇਸ਼ ਵਿੱਚ ਦਲਿਤ ਵਿਰੋਧੀ ਅਤੇ ਘੱਟ ਗਿਣਤੀ ਵਿਰੋਧੀ ਤਾਕਤਾਂ ਸੱਤਾ ਵਿੱਚ ਹਨ।ਇਨ੍ਹਾਂ ਤਾਕਤਾਂ, ਆਰ ਐੱਸ ਐੱਸ ਅਤੇ ਮੁਸਲਿਮ ਲੀਗ ਦੋਵਾਂ ਨੇ ਆਜ਼ਾਦੀ ਸੰਗਰਾਮ ਦੌਰਾਨ ਅੰਗਰੇਜ਼ਾਂ ਦਾ ਸਮਰਥਨ ਕੀਤਾ। 2014 ਤੋਂ ਸੰਵਿਧਾਨ ਦੇ ਉਪਰੋਕਤ ਸਾਰੇ ਉਪਬੰਧਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ। ਸੰਵਿਧਾਨ ਦੁਆਰਾ ਸੰਸਥਾਵਾਂ ਦੀ ਪੂਰੀ ਖੁਦਮੁਖਤਿਆਰੀ ਖਤਮ ਕੀਤੀ ਜਾ ਰਹੀ ਹੈ। ਸਮਾਜਿਕ ਨਿਆਂ ਦੀ ਭਾਵਨਾ ਨੂੰ ਨਜ਼ਰਅੰਦਾਜ਼ ਕਰਕੇ ਘੱਟ ਗਿਣਤੀਆਂ ਅਤੇ ਦਲਿਤਾਂ ਵਿਰੁੱਧ ਅੱਤਿਆਚਾਰ ਵਧ ਰਹੇ ਹਨ।

ਦੇਸ਼ ਦੀ ਸਾਰੀ ਦੌਲਤ ਕੁਝ ਪਰਵਾਰਾਂ ਨੂੰ ਸੌਂਪੀ ਜਾ ਰਹੀ ਹੈ। ਇਸ ਦੇ ਨਾਲ ਹੀ ਜਿੱਥੇ ਸਮਾਜਿਕ ਸਦਭਾਵਨਾ ਕਮਜ਼ੋਰ ਹੋ ਰਹੀ ਹੈ, ਉਥੇ ਮਜ਼ਦੂਰਾਂ ਦੇ ਅਧਿਕਾਰਾਂ ਦੀ ਰੱਖਿਆ ਵੀ ਖਤਮ ਹੋ ਰਹੀ ਹੈ, ਕਿਸਾਨਾਂ ਨੂੰ ਉਨ੍ਹਾਂ ਦੇ ਅਧਿਕਾਰ ਨਹੀਂ ਮਿਲ ਰਹੇ, ਸਿੱਖਿਆ ਤੇ ਸਿਹਤ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹੁੰਦੇ ਜਾ ਰਹੇ ਹਨ, ਜਿੱਥੇ ਔਰਤਾਂ ਵਿਰੁੱਧ ਅੱਤਿਆਚਾਰ ਵਧ ਰਹੇ ਹਨ, ਉੱਥੇ ਕੇਂਦਰ ਦੀ ਆਰ ਐੱਸ ਐੱਸ ਸਮਰਥਿਤ ਮੋਦੀ ਸਰਕਾਰ ਪੂਰੀ ਤਰ੍ਹਾਂ ਦੋਸ਼ੀਆਂ ਨੂੰ ਬਚਾਉਣ 'ਤੇ ਕੇਂਦਰਤ ਹੈ। ਵਿਦੇਸ਼ ਨੀਤੀ ਵਿੱਚ ਵੀ ਉਹ ਇਜ਼ਰਾਈਲ ਵਰਗੇ ਜ਼ਾਲਮਾਂ ਦਾ ਸਮਰਥਨ ਕਰ ਰਹੇ ਹਨ ਅਤੇ ਟਰੰਪ ਦੁਆਰਾ ਲਗਾਏ ਗਏ ਟੈਰਿਫਾਂ ਵਿਰੁੱਧ ਇੱਕ ਵੀ ਸ਼ਬਦ ਨਹੀਂ ਬੋਲ ਰਹੇ।

ਸ਼ਹਿਰੀ ਸਕੱਤਰ ਐੱਮ ਐੱਸ ਭਾਟੀਆ ਨੇ ਕਿਹਾ ਕਿ ਸਮਾਜਿਕ ਸਦਭਾਵਨਾ ਨੂੰ ਤੋੜਨ ਅਤੇ ਘੱਟ ਗਿਣਤੀਆਂ 'ਤੇ ਹਮਲੇ ਕਰਨ ਦੀਆਂ ਸਾਜ਼ਿਸ਼ਾਂ ਇਹ ਸਰਕਾਰ ਵੱਲੋਂ ਰਚੀਆਂ ਜਾ ਰਹੀਆਂ ਹਨ, ਜਿਸ ਦੀ ਮਿਸਾਲ ਵਕਫ ਬੋਰਡ ਬਾਰੇ ਕਾਨੂੰਨ ਹੈ। ਅਸੀਂ ਇਸ ਕਾਨੂੰਨ ਨੂੰ ਵਾਪਸ ਕਰਨ ਦੀ ਮੰਗ ਕਰਦੇ ਹਾਂ। ਇਹ ਇੱਕ ਬਹੁਤ ਹੀ ਗੰਭੀਰ ਸਥਿਤੀ ਹੈ, ਜਿਸ ਲਈ ਵਿਚਾਰਧਾਰਕ ਸੰਘਰਸ਼ ਦੀ ਬੜੀ ਲੋੜ ਹੈ।

ਇਸ ਮੌਕੇ ਡਾਕਟਰ ਅਰੁਣ ਮਿਤਰਾ, ਰਮੇਸ਼ ਰਤਨ ਮੈਂਬਰ ਸੂਬਾ ਕਾਰਜਕਾਰਨੀ, ਵਿਜੇ ਕੁਮਾਰ, ਕੇਵਲ ਸਿੰਘ ਬਨਵੈਤ, ਸੰਜੈ ਕੁਮਾਰ, ਜਗਮੋਹਨ, ਪ੍ਰੀਤਮ, ਅਜੀਤ ਜਵੱਦੀ, ਅਨੋਦ ਕੁਮਾਰ, ਵਿਨੋਦ ਕੁਮਾਰ, ਰਫੀਕ, ਸ਼ਹਿਨਾਜ਼, ਸਰਬਜੀਤ ਕੌਰ, ਗਗਨਦੀਪ ਕੌਰ, ਇਕਬਾਲ ਸਿੰਘ, ਰਾਜਪਾਲ ਵਰਮਾ, ਸਤਿਨਾਮ ਸਿੰਘ ਤੇ ਦਰਸ਼ਨ ਸਿੰਘ ਆਦਿ ਸ਼ਾਮਿਲ ਸਨ।

### ਸਾਬਕਾ ਮੰਤਰੀ ਨੂੰ ਧਮਕੀ



ਊਨਾ : ਭਾਜਪਾ ਆਗੂ ਤੇ ਹਿਮਾਚਲ ਦੇ ਸਾਬਕਾ ਮੰਤਰੀ ਵੀਰੇਂਦਰ ਕੰਵਰ ਨੇ ਸੋਮਵਾਰ ਦਾਅਵਾ ਕੀਤਾ ਕਿ ਉਨ੍ਹਾ ਨੂੰ 20-25 ਲੱਖ ਰੁਪਏ ਦੀ ਫਿਰੌਤੀ ਦੀ ਕਾਲ ਆਈ ਅਤੇ ਅਣਪਛਾਤੇ ਕਾਲਰ ਨੇ ਧਮਕੀ ਦਿੱਤੀ ਕਿ ਜੇ ਮੰਗ ਪੂਰੀ ਨਾ ਹੋਈ ਤਾਂ ਅਗਵਾ ਕਰਕੇ ਜਾਨੋਂ ਮਾਰ ਦਿੱਤਾ ਜਾਵੇਗਾ। ਸ਼ਿਕਾਇਤ ਦੇ ਅਨੁਸਾਰ ਕਾਲਰ ਨੇ ਆਪਣਾ ਨਾਂਅ ਯੂ ਪੀ ਦੇ ਅਲੀਗੜ੍ਹ ਤੋਂ ਧਰਮਿੰਦਰ ਦੱਸਿਆ, ਪਰ ਟਰੂ ਕਾਲਰ ਐਪ ਵਿੱਚ ਉਸ ਦਾ ਨਾਂਅ ਇਰਫਾਨ ਖਾਨ ਦਿਖਾਈ ਦੇ ਰਿਹਾ ਸੀ। ਪੁਲਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ।

### 19 ਵਿਦਿਆਰਥੀ ਬਿਮਾਰ

**ਭੋਪਾਲ** : ਮੌਲਾਨਾ ਆਜ਼ਾਦ ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ ਦੇ 19 ਵਿਦਿਆਰਥੀਆਂ ਨੂੰ ਹੋਸਟਲ 'ਚ ਇੱਕ ਪਾਰਟੀ ਦੌਰਾਨ ਖਾਣਾ ਖਾਣ ਤੋਂ ਬਾਅਦ ਉਲਟੀਆਂ ਤੇ ਦਸਤ ਲੱਗ ਗਏ। ਹਸਪਤਾਲ ਵਿੱਚ ਇਲਾਜ ਤੋਂ ਬਾਅਦ ਉਨ੍ਹਾਂ ਨੂੰ ਛੁੱਟੀ ਦੇ ਦਿੱਤੀ ਗਈ। ਉਨ੍ਹਾਂ ਦਾਲ-ਚੌਲ ਹੀ ਖਾਧੇ ਸਨ।

### ਹਿਸਾਰ ਤੋਂ ਅਯੁੱਧਿਆ ਲਈ ਉਡਾਣ ਨੂੰ ਹਰੀ ਝੰਡੀ

**ਹਿਸਾਰ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਇੱਥੋਂ ਅਯੁੱਧਿਆ ਲਈ ਕਮਰਸ਼ੀਅਲ ਉਡਾਣ ਨੂੰ ਹਰੀ ਝੰਡੀ ਦਿਖਾਈ। ਇਸ ਦੇ ਨਾਲ ਹੀ ਉਨ੍ਹਾ ਹਵਾਈ ਅੱਡੇ ਅਤੇ ਨਵੀਂ ਟਰਮੀਨਲ ਇਮਾਰਤ ਦਾ ਨੀਂਹ ਪੱਥਰ ਰੱਖਿਆ। ਮਹਾਰਾਜਾ ਅਗਰਸੇਨ ਹਵਾਈ ਅੱਡੇ ਦੀ ਨਵੀਂ ਟਰਮੀਨਲ ਇਮਾਰਤ 410 ਕਰੋੜ ਰੁਪਏ ਤੋਂ ਵੱਧ ਦੀ ਅਨੁਮਾਨਤ ਲਾਗਤ ਨਾਲ ਬਣਾਈ ਜਾਵੇਗੀ। ਪ੍ਰੋਜੈਕਟ ਨੂੰ ਦੋ ਸਾਲਾਂ ਵਿੱਚ ਪੂਰਾ ਕਰਨ ਦਾ ਟੀਚਾ ਹੈ। ਇਸ ਮੌਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੀ ਮੌਜੂਦ ਸਨ।

### ਸਲਮਾਨ ਨੂੰ ਧਮਕੀ



**ਮੁੰਬਈ** : ਟਰੈਫਿਕ ਪੁਲਸ ਨੂੰ ਸਲਮਾਨ ਖਾਨ ਨੂੰ ਧਮਕੀ ਦੇਣ ਵਾਲਾ ਸੁਨੇਹਾ ਮਿਲਿਆ ਹੈ ਅਤੇ ਇਸ ਸੰਬੰਧ 'ਚ ਕੇਸ ਦਰਜ ਕੀਤਾ ਗਿਆ ਹੈ। ਐਤਵਾਰ ਵਟਸਐਪ ਹੈਲਪਲਾਈਨ 'ਤੇ ਪ੍ਰਾਪਤ ਹੋਏ ਸੁਨੇਹੇ ਵਿੱਚ ਅਦਾਕਾਰ ਦੀ ਕਾਰ ਨੂੰ ਉਡਾਉਣ ਅਤੇ ਉਸ ਦੇ ਘਰ ਵਿਚ ਦਾਖਲ ਹੋ ਕੇ ਉਸ ਨੂੰ ਕੁੱਟਣ ਦੀ ਧਮਕੀ ਦਿੱਤੀ ਗਈ।

## ਫਿਰਕਾਪ੍ਰਸਤ ਤਾਕਤਾਂ ਨੂੰ ਭਾਂਜ ਦੇਣ ਦੀ ਲੋੜ : ਬੰਤ ਬਰਾੜ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**

ਹਰ ਸਾਲ ਦੀ ਤਰ੍ਹਾਂ ਕਾਮਰੇਡ ਤੇਜਾ ਸਿੰਘ ਸੁਤੰਤਰ (1901 ਤੋਂ 1973) ਦੀ ਬਰਸੀ 'ਤੇ ਇਸ ਵਾਰ ਵੀ ਵੱਡੀ ਗਿਣਤੀ ਵਿੱਚ ਲੋਕ ਪਿੰਡ ਅਲੂਣਾ ਪੁੱਜੇ। ਸ਼ਰਧਾਂਜਲੀ ਸਮਾਗਮ ਦੀ ਪ੍ਰਧਾਨਗੀ ਜਨਤਕ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਗੁਲਜਾਰ ਸਿੰਘ ਬਸੰਤ ਕੋਟ, ਹਰਜੀਤ ਸਿੰਘ ਕਾਹਲੋਂ, ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਤੇ ਪ੍ਰਿਥੀਪਾਲ ਸਿੰਘ ਮਾੜੀਮੇਘਾ, ਪਲਵਿੰਦਰ ਸਿੰਘ ਕਿਲ੍ਹਾ ਨੱਥੂ ਸਿੰਘ, ਅਸ਼ਵਨੀ ਕੁਮਾਰ ਲੱਖਣ ਕਲਾਂ, ਜਗਜੀਤ ਸਿੰਘ ਅਲੂਣਾ, ਰਾਜ ਗੁਰਵਿੰਦਰ ਸਿੰਘ ਲਾਡੀ ਘੁਮਾਣ ਆਦਿ ਨੇ ਕੀਤੀ। ਪ੍ਰਧਾਨਗੀ ਮੰਡਲ ਤੋਂ ਬਿਨਾਂ ਮੱਖਣ ਸਿੰਘ ਕੁਹਾੜ, ਸਤਬੀਰ ਸਿੰਘ ਸੁਲਤਾਨੀ, ਸੁੱਚਾ ਸਿੰਘ ਛੋਟੇਪੁਰ, ਬਲਬੀਰ ਸਿੰਘ ਕੱਤੋਵਾਲ ਆਦਿ ਨੇ ਵੀ ਸੰਬੋਧਨ ਕੀਤਾ ਅਤੇ ਸੁਤੰਤਰ ਜੀ ਦੇ ਨਾਲ-ਨਾਲ ਉਹਨਾ ਦੇ ਭਰਾ ਮੇਦਨ ਸਿੰਘ ਮੇਦਨ ਨੂੰ ਵੀ ਯਾਦ ਕੀਤਾ।

ਬੰਤ ਸਿੰਘ ਬਰਾੜ ਨੇ ਕਿਹਾ ਕਿ ਕਿ ਤੇਜਾ ਸਿੰਘ ਸੁਤੰਤਰ ਇਕ ਮਹਾਨ ਇਨਕਲਾਬੀ ਯੋਧਾ ਸੀ, ਉਹ ਭਾਰਤ ਵਿੱਚ ਸਮਾਜਵਾਦੀ ਪ੍ਰਬੰਧ ਦੀ ਸਥਾਪਨਾ ਲਈ ਲੜ ਰਿਹਾ ਸੀ। ਪਹਿਲਾਂ ਅੰਗਰੇਜ਼ਾਂ ਖਿਲਾਫ ਲੜਦਾ ਰਿਹਾ ਤੇ ਫਿਰ ਭਾਰਤੀ ਹਾਕਮਾਂ ਦੇ ਵਿਰੁੱਧ। ਜੇ ਉਹ ਅੱਜ ਜਿਉਂਦਾ ਹੁੰਦਾ ਤਾਂ ਉਸ ਨੇ ਭਾਰਤੀ ਜਨਤਾ ਪਾਰਟੀ ਤੇ ਆਰ ਐੱਸ ਐੱਸ ਦੀਆਂ ਫਿਰਕਾਪ੍ਰਸਤ ਅਤੇ ਘੱਟ ਗਿਣਤੀ ਖਾਸ ਕਰ ਮੁਸਲਿਮ ਵਿਰੋਧੀ ਨੀਤੀਆਂ

• ਬਾਕੀ ਸਫਾ 2 'ਤੇ

## 1800 ਕਰੋੜ ਦਾ ਨਸ਼ੀਲਾ ਪਦਾਰਥ ਫੜਿਆ



**ਅਹਿਮਦਾਬਾਦ** : ਗੁਜਰਾਤ ਦੇ ਦਹਿਸ਼ਤਗਰਦੀ ਵਿਰੋਧੀ ਦਸਤੇ (ਏ ਟੀ ਐੱਸ) ਤੇ ਇੰਡੀਅਨ ਕੋਸਟ ਗਾਰਡ ਨੇ ਅਰਬ ਸਾਗਰ ਵਿੱਚ 1800 ਕਰੋੜ ਰੁਪਏ ਦਾ 300 ਕਿੱਲੋ ਨਸ਼ੀਲਾ ਪਦਾਰਥ ਜ਼ਬਤ ਕੀਤਾ ਹੈ, ਜੋ ਨਸ਼ਾ ਤਸਕਰਾਂ ਨੇ ਭੱਜਣ ਤੋਂ ਪਹਿਲਾਂ ਸਮੁੰਦਰ ਵਿਚ ਸੁੱਟ ਦਿੱਤਾ ਸੀ। ਅਧਿਕਾਰੀਆਂ ਨੇ ਸੋਮਵਾਰ ਦੱਸਿਆ ਕਿ ਜ਼ਬਤ ਕੀਤੀ ਗਈ ਪਾਬੰਦੀਸ਼ੁਦਾ ਸਮੱਗਰੀ 'ਮੇਥਮਫੇਟਾਮਾਇਨ' ਹੋਣ ਦਾ ਸ਼ੱਕ ਹੈ। 12 ਤੇ 13 ਅਪਰੈਲ ਦੀ ਰਾਤ ਨੂੰ ਗੁਜਰਾਤ ਦੇ ਸਾਹਿਲ ਨਾਲ ਲੱਗਦੀ ਕੌਮਾਂਤਰੀ ਸਾਗਰੀ ਸਰਹੱਦੀ ਲਾਈਨ ਕੋਲ ਫੜੇ ਜਾਣ ਦੇ ਡਰੋਂ ਤਸਕਰਾਂ ਨੇ ਨਸ਼ੀਲਾ ਪਦਾਰਥ ਸਮੁੰਦਰ ਵਿਚ ਸੁੱਟ ਦਿੱਤਾ ਤੇ ਭੱਜ ਗਏ।

## ਅੱਗ ਨਾਲ ਖੇਡਣ ਵਾਲਾ ਯੂਨਸ ਖੁਦ ਵੀ ਹੱਥ ਸੜਵਾਏਗਾ : ਸ਼ੇਖ ਹਸੀਨਾ



**ਨਵੀਂ ਦਿੱਲੀ** : ਗੱਦੀਓਂ ਲਾਹੀ ਬੰਗਲਾਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਨੇ ਆਪਣੇ ਖਿਲਾਫ ਜਾਰੀ ਤਾਜ਼ਾ ਵਾਰੰਟਾਂ ਮਗਰੋਂ ਮੁਲਕ ਦੇ ਅੰਤਰਮ ਮੁਖੀ ਮੁਹੰਮਦ ਯੂਨੁਸ ਨੂੰ ਚੇਤਾਵਨੀ ਦਿੱਤੀ ਹੈ ਕਿ 'ਜੇ ਉਹ ਅੱਗ ਨਾਲ ਖੇਡਣਗੇ ਤਾਂ ਉਨ੍ਹਾ ਦੇ ਹੱਥ ਵੀ ਸੜਨਗੇ।' ਹਸੀਨਾ ਨੇ ਦੋਸ਼ ਲਾਇਆ ਕਿ ਯੂਨੁਸ ਬੰਗਲਾਦੇਸ਼ ਨੂੰ ਤਬਾਹ ਕਰਨ ਲਈ ਵਿਦੇਸ਼ੀ ਤਾਕਤਾਂ ਨਾਲ ਮਿਲ ਕੇ ਸਾਜ਼ਿਸ਼ਾਂ ਘੜ ਰਹੇ ਹਨ। ਉਨ੍ਹਾ ਆਪਣੀ ਪਾਰਟੀ ਅਵਾਮੀ ਲੀਗ ਦੇ ਸਮਰਥਕਾਂ ਨੂੰ ਸੋਸ਼ਲ ਮੀਡੀਆ 'ਤੇ ਸੱਜਰੇ ਸੰਬੋਧਨ ਵਿੱਚ ਕਿਹਾ, "ਬੰਗਲਾਦੇਸ਼ ਦੀ ਆਜ਼ਾਦੀ ਲਹਿਰ ਦੀਆਂ ਸਾਰੀਆਂ ਪੈੜਾਂ ਮਿਟਾਈਆਂ ਜਾ ਰਹੀਆਂ ਹਨ। ਮੁਕਤੀ ਯੋਧਿਆਂ ਦਾ ਨਿਰਾਦਰ ਕੀਤਾ ਜਾ ਰਿਹਾ ਹੈ। ਅਸੀਂ ਉਨ੍ਹਾਂ ਦੀਆਂ ਪੈੜਾਂ ਨੂੰ ਜਿਉਂਦਾ ਰੱਖਣ ਲਈ ਸਾਰੇ ਜ਼ਿਲ੍ਹਿਆਂ ਵਿੱਚ ਮੁਕਤੀ ਯੋਧਾ ਕੰਪਲੈਕਸ ਬਣਾਏ ਸਨ, ਪਰ ਉਨ੍ਹਾਂ ਨੂੰ ਸਾੜਿਆ ਜਾ ਰਿਹਾ ਹੈ। ਕੀ ਡਾ. ਯੂਨੁਸ ਇਸ ਨੂੰ ਜਾਇਜ਼ ਠਹਿਰਾ ਸਕਣਗੇ?" ਹਸੀਨਾ ਨੇ ਯੂਨੁਸ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ, "ਜੇ ਤੁਸੀਂ ਅੱਗ ਨਾਲ ਖੇਡੋਗੇ, ਤਾਂ ਇਹ ਤੁਹਾਨੂੰ ਵੀ ਸਾੜ ਦੇਵੇਗੀ।"

ਹਸੀਨਾ ਨੇ ਦੋਸ਼ ਲਾਇਆ, "ਉਸ ਸੱਤਾ ਦੇ ਭੁੱਖੇ, ਪੈਸੇ ਦੇ ਭੁੱਖੇ, ਸਵਾਰਥੀ ਵਿਅਕਤੀ ਨੇ ਇੱਕ ਵਿਦੇਸ਼ੀ ਸਾਜ਼ਿਸ਼ ਰਚੀ ਅਤੇ ਦੇਸ਼ ਨੂੰ ਤਬਾਹ ਕਰਨ ਲਈ ਵਿਦੇਸ਼ਾਂ ਤੋਂ ਪੈਸੇ ਦੀ ਵਰਤੋਂ ਕੀਤੀ। ਬੰਗਲਾਦੇਸ਼ ਨੈਸ਼ਨਲਿਸਟ ਪਾਰਟੀ (ਬੀ ਐੱਨ ਪੀ) ਅਤੇ ਜਮਾਤ-ਏ-ਇਸਲਾਮੀ ਸਿਆਸੀ ਕਤਲ ਅਤੇ ਅਵਾਮੀ ਲੀਗ ਦੇ ਨੇਤਾਵਾਂ ਨੂੰ ਤੰਗ-ਪ੍ਰੇਸ਼ਾਨ ਕਰ ਰਹੇ ਹਨ।" ਪਿਛਲੇ ਹਫਤੇ ਸ਼ਨਿੱਚਰਵਾਰ ਨੂੰ ਢਾਕਾ ਵਿੱਚ ਹਸੀਨਾ ਵਿਰੁੱਧ ਗ੍ਰਿਫਤਾਰੀ ਵਾਰੰਟ ਜਾਰੀ ਕੀਤਾ ਗਿਆ ਸੀ। ਰਾਖਵਾਂਕਰਨ ਵਿਵਾਦ ਨੂੰ ਲੈ ਕੇ ਵਿਦਿਆਰਥੀਆਂ ਦੇ ਬੇਮਿਸਾਲ ਵਿਰੋਧ ਪ੍ਰਦਰਸ਼ਨਾਂ ਮਗਰੋਂ ਬੰਗਲਾਦੇਸ਼ ਵਿੱਚ ਆਪਣੀ ਸਰਕਾਰ ਦੇ ਪਤਨ ਤੋਂ ਬਾਅਦ 5 ਅਗਸਤ 2024 ਤੋਂ ਬਾਅਦ ਭਾਰਤ ਵਿੱਚ ਸ਼ਰਨ ਲੈਣ ਵਾਲੀ ਹਸੀਨਾ ਨੇ ਕਿਹਾ ਕਿ ਅਵਾਮੀ ਲੀਗ ਦੇ ਸ਼ਾਸਨ ਦੇ ਅੰਤ ਨੇ ਬੰਗਲਾਦੇਸ਼ ਨੂੰ 'ਉਦਯੋਗਿਕ ਝਟਕਾ' ਦਿੱਤਾ ਹੈ। ਉਨ੍ਹਾ ਕਿਹਾ, "ਹਜ਼ਾਰਾਂ ਫੈਕਟਰੀਆਂ ਉਦੋਂ ਤੋਂ ਬੰਦ ਹੋ ਗਈਆਂ ਹਨ। ਅਵਾਮੀ ਲੀਗ ਦੇ ਨੇਤਾਵਾਂ ਨਾਲ ਜੁੜੇ ਕਾਰੋਬਾਰ ਸਾੜ ਦਿੱਤੇ ਗਏ ਹਨ। ਉਦਯੋਗ ਖਤਮ ਹੋ ਰਹੇ ਹਨ। ਹੋਟਲ, ਹਸਪਤਾਲ, ਸਭ ਕੁਝ ਤਬਾਹ ਹੋ ਰਿਹਾ ਹੈ।" ਆਪਣੀ ਤਕਰੀਰ ਵਿਚ ਹਸੀਨਾ ਨੇ ਵਿਦਿਆਰਥੀ ਕਾਰਕੁੰਨ ਅਬੂ ਸਈਦ ਦਾ ਵੀ ਹਵਾਲਾ ਦਿੱਤਾ, ਜੋ ਪਿਛਲੇ ਸਾਲ ਹੋਏ ਵਿਦਿਆਰਥੀ ਪ੍ਰਦਰਸ਼ਨਾਂ ਦਾ ਚਿਹਰਾ-ਮੋਹਰਾ ਸੀ। ਸਈਦ ਦੀ ਪਿਛਲੇ ਸਾਲ ਵਿਰੋਧ ਪ੍ਰਦਰਸ਼ਨਾਂ ਦੌਰਾਨ ਮੌਤ ਹੋ ਗਈ ਸੀ। ਇਸ ਦੌਰਾਨ ਹਸੀਨਾ ਨੇ ਯੂਨੁਸ ਦੀ ਅਗਵਾਈ ਵਾਲੇ ਸ਼ਾਸਨ 'ਤੇ ਮਿਹਨਤੀ ਬੰਗਲਾਦੇਸ਼ੀਆਂ ਲਈ ਉਮੀਦ ਖਤਮ ਕਰਨ ਦਾ ਦੋਸ਼ ਵੀ ਲਗਾਇਆ।


ਹਸੀਨਾ ਨੇ ਕਿਹਾ, "ਉੱਚ ਡਾਕਟਰਾਂ ਅਤੇ ਸਰਜਨਾਂ ਨੂੰ ਬਰਖਾਸਤ ਕਰ ਦਿੱਤਾ ਗਿਆ ਹੈ। ਸਿਆਸੀ ਵਰਕਰਾਂ ਨੂੰ ਪੁਲਸ ਵਰਦੀਆਂ ਦਿੱਤੀਆਂ ਗਈਆਂ ਹਨ। ਕੀ ਉਹ ਨੌਕਰੀ ਲਈ ਯੋਗ ਹਨ? ਕੋਈ ਨਿਯਮ ਨਹੀਂ ਅਪਣਾਏ ਗਏ ਅਤੇ ਬੀ ਐੱਨ ਪੀ ਲੁੱਟਣ ਵਿੱਚ ਰੁੱਝੀ ਹੋਈ ਹੈ। ਉਹ ਦੇਸ਼ ਨੂੰ ਤਬਾਹ ਕਰ ਰਹੇ ਹਨ। ਹਜ਼ਾਰਾਂ ਮਜ਼ਦੂਰ ਬੇਰੁਜ਼ਗਾਰ ਹਨ। ਕਿਸਾਨ ਦੁਖੀ ਹਨ। ਮਿਹਨਤੀ ਲੋਕ ਆਪਣੀ ਰੋਜ਼ੀ-ਰੋਟੀ ਗੁਆ ਰਹੇ ਹਨ। ਉਹ ਹਰ ਕਦਮ 'ਤੇ ਮਨੁੱਖਾਂ ਦਾ ਘਾਣ ਕਰ ਰਹੇ ਹਨ। ਮੈਂ ਇਸ ਨੂੰ ਜਾਰੀ ਨਹੀਂ ਰਹਿਣ ਦੇ ਸਕਦੀ।"

## ਅੱਜ-ਨਾਮਾ

ਮੁੱਦਾ ਪਾਣੀ ਦੇ ਸੰਕਟ ਦਾ ਬਹੁਤ ਤਕੜਾ,
ਅਕਲ ਲੋਕਾਂ ਨੂੰ ਅਜੇ ਨਹੀਂ ਆਈ ਬੇਲੀ।
ਦਿੱਲੀ ਕੋਰਟ ਤੱਕ ਪੁੱਜਿਆ ਇਹੀ ਰੱਫੜ,
ਗੰਭੀਰਤਾ ਗਈ ਆ ਬੜੀ ਵਿਖਾਈ ਬੇਲੀ।
ਚੱਲਦਾ ਪਾਣੀ ਦਾ ਬੋਰ ਨਜਾਇਜ਼ ਜੇਕਰ,
ਝਾੜ ਗਈ ਆ ਇਹਦੇ ਲਈ ਪਾਈ ਬੇਲੀ।
ਵਧਦਾ ਪਾਣੀ ਦਾ ਸੰਕਟ ਆ ਜਿਵੇਂ ਜਾਂਦਾ,
ਅਸਲੀ ਉਹਦੀ ਹੈ ਬਾਤ ਸਮਝਾਈ ਬੇਲੀ।
ਇਹ ਸੀ ਕੰਮ ਸਰਕਾਰਾਂ ਦੇ ਕਰਨ ਵਾਲਾ,
ਸਰਕਾਰਾਂ ਚੁੱਪ ਤਾਂ ਹੁੰਦਾ ਨੁਕਸਾਨ ਬੇਲੀ।
ਲਗਾਮ ਆਖਰ ਅਦਾਲਤ ਨੇ ਠੀਕ ਖਿੱਚੀ,
ਦਿੱਤਾ ਏ ਫਰਜ਼ ਦਾ ਗੁਰ-ਗਿਆਨ ਬੇਲੀ।

-ਤੀਸ ਮਾਰ ਖਾਂ

## ਮੇਹੁਲ ਚੋਕਸੀ ਬੈਲਜੀਅਮ 'ਚ ਫੜਿਆ ਗਿਆ, ਪਰ ਭਾਰਤ ਦੇ ਹੱਥ ਲੱਗਣਾ ਆਸਾਨ ਨਹੀਂ



**ਨਵੀਂ ਦਿੱਲੀ** : ਭਾਰਤੀ ਜਾਂਚ ਏਜੰਸੀਆਂ ਵੱਲੋਂ ਹਵਾਲਗੀ ਦੀ ਅਪੀਲ ਮਗਰੋਂ ਭਗੌੜੇ ਹੀਰਾ ਕਾਰੋਬਾਰੀ ਮੇਹੁਲ ਚੋਕਸੀ ਨੂੰ ਬੈਲਜੀਅਮ ਵਿੱਚੋਂ ਗ੍ਰਿਫਤਾਰ ਕਰ ਲਿਆ ਗਿਆ ਹੈ। ਚੋਕਸੀ ਪੰਜਾਬ ਨੈਸ਼ਨਲ ਬੈਂਕ ਨਾਲ 13,000 ਕਰੋੜ ਰੁਪਏ ਦੀ ਬੈਂਕ ਕਰਜ਼ਾ 'ਧੋਖਾਧੜੀ' ਕੇਸ 'ਚ ਲੋੜੀਂਦਾ ਹੈ। ਚੋਕਸੀ ਦੇ ਭਤੀਜੇ ਹੀਰਾ ਕਾਰੋਬਾਰੀ ਨੀਰਵ ਮੋਦੀ ਤੋਂ ਬਾਅਦ ਇਸ ਕੇਸ ਦੇ ਦੂਜੇ 'ਮੁੱਖ ਸ਼ੱਕੀ' ਵਿਰੁੱਧ ਕਾਰਵਾਈ ਸ਼ਨਿੱਚਰਵਾਰ ਨੂੰ ਸੀ ਬੀ ਆਈ ਅਤੇ ਈ ਡੀ ਵੱਲੋਂ ਦਾਇਰ ਹਵਾਲਗੀ ਬੇਨਤੀ ਦੇ ਅਧਾਰ 'ਤੇ ਕੀਤੀ ਗਈ ਹੈ।

ਚੋਕਸੀ ਦੇ ਬੈਲਜੀਅਮ ਵਿੱਚ ਹੋਣ ਬਾਰੇ ਪਿਛਲੇ ਸਾਲ ਪਤਾ ਲੱਗਾ ਸੀ। ਹੀਰਾ ਕਾਰੋਬਾਰੀ, ਜੋ 2018 'ਚ ਭਾਰਤ ਛੱਡਣ ਮਗਰੋਂ ਐਂਟੀਗਾ ਵਿਚ ਰਹਿ ਰਿਹਾ ਸੀ, ਕੈਂਸਰ ਦੇ ਇਲਾਜ ਲਈ ਉਥੇ ਗਿਆ ਸੀ। ਸੂਤਰਾਂ ਨੇ ਦੱਸਿਆ ਕਿ ਚੋਕਸੀ ਦੀ ਗ੍ਰਿਫਤਾਰੀ ਲਈ ਜਾਰੀ ਇੰਟਰਪੋਲ ਰੈੱਡ ਨੋਟਿਸ ਕੁਝ ਸਮਾਂ ਪਹਿਲਾਂ 'ਵਾਪਸ' ਲੈ ਲਿਆ ਗਿਆ ਸੀ ਅਤੇ ਭਾਰਤੀ ਏਜੰਸੀਆਂ ਉਦੋਂ ਤੋਂ ਉਸ ਦੀ ਪੈੜ ਨੱਪਦਿਆਂ ਹਵਾਲਗੀ ਰੂਟ ਰਾਹੀਂ ਕਾਬੂ ਕਰਨ ਦੀਆਂ ਕੋਸ਼ਿਸ਼ਾਂ ਕਰ ਰਹੀਆਂ ਸਨ। ਸੂਤਰਾਂ ਨੇ ਦੱਸਿਆ ਕਿ ਭਾਰਤੀ ਏਜੰਸੀਆਂ ਨੇ 2018 ਤੇ 2021 ਵਿੱਚ ਮੁੰਬਈ ਦੀ ਵਿਸ਼ੇਸ਼ ਅਦਾਲਤ ਵੱਲੋਂ ਜਾਰੀ ਕੀਤੇ ਗਏ ਘੱਟੋ-ਘੱਟ ਦੋ ਗ੍ਰਿਫਤਾਰੀ ਵਾਰੰਟ ਹਵਾਲਗੀ ਬੇਨਤੀ ਵਜੋਂ ਆਪਣੇ ਬੈਲਜੀਅਨ ਏਜੰਸੀਆਂ ਨਾਲ ਸਾਂਝੇ ਕੀਤੇ ਹਨ। ਉਨ੍ਹਾਂ ਕਿਹਾ ਕਿ ਗ੍ਰਿਫਤਾਰੀ/ਨਜ਼ਰਬੰਦੀ ਤੋਂ ਬਾਅਦ ਰਸਮੀ ਕਾਗਜ਼ੀ ਕਾਰਵਾਈ ਪੂਰੀ ਕੀਤੀ ਜਾ ਰਹੀ ਹੈ, ਕਿਉਂਕਿ ਚੋਕਸੀ ਸਿਹਤ ਦੇ ਹਵਾਲੇ ਨਾਲ ਜ਼ਮਾਨਤ ਦੀ ਮੰਗ ਕਰ ਸਕਦਾ ਹੈ। ਸੀ ਬੀ ਆਈ ਅਤੇ ਈ ਡੀ ਨੇ ਚੋਕਸੀ, ਨੀਰਵ ਮੋਦੀ, ਉਨ੍ਹਾਂ ਦੇ ਪਰਵਾਰਕ ਮੈਂਬਰਾਂ ਤੇ ਕਰਮਚਾਰੀਆਂ ਅਤੇ ਬੈਂਕ ਅਧਿਕਾਰੀਆਂ ਤੇ ਹੋਰਾਂ ਖਿਲਾਫ 2018 ਵਿੱਚ ਮੁੰਬਈ 'ਚ ਪੰਜਾਬ ਨੈਸ਼ਨਲ ਬੈਂਕ ਦੀ ਬ੍ਰੈਡੀ ਹਾਊਸ ਸ਼ਾਖਾ ਵਿੱਚ ਕਥਿਤ ਕਰਜ਼ਾ ਧੋਖਾਧੜੀ ਦੇ ਦੋਸ਼ ਤਹਿਤ ਕੇਸ ਦਰਜ ਕੀਤਾ ਸੀ। ਐੱਫ ਆਈ ਆਰ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਚੋਕਸੀ, ਉਸ ਦੀ ਫਰਮ ਗੀਤਾਂਜਲੀ ਜੈਮਜ਼ ਅਤੇ ਹੋਰਾਂ ਨੇ ਕੁਝ ਬੈਂਕ ਅਧਿਕਾਰੀਆਂ ਨਾਲ ਮਿਲ ਕੇ ਪੀ ਐੱਨ ਬੀ ਨਾਲ ਧੋਖਾਧੜੀ ਕੀਤੀ। ਧੋਖਾਧੜੀ ਨਾਲ ਐੱਲ ਓ ਯੂ (ਅੰਡਰਟੇਕਿੰਗ ਲੈਟਰ) ਜਾਰੀ ਕਰਵਾ ਕੇ ਅਤੇ ਨਿਰਧਾਰਤ ਪ੍ਰਕਿਰਿਆ ਦੀ ਪਾਲਣਾ ਕੀਤੇ ਬਿਨਾਂ ਐੱਫ ਐੱਲ ਸੀ (ਵਿਦੇਸ਼ੀ ਕ੍ਰੈਡਿਟ ਪੱਤਰ) ਵਧਾ ਕੇ ਬੈਂਕ ਨੂੰ ਗਲਤ ਨੁਕਸਾਨ ਪਹੁੰਚਾਇਆ। ਸੀ ਬੀ ਆਈ ਨੇ ਇਸ ਮਾਮਲੇ ਵਿੱਚ ਚੋਕਸੀ ਵਿਰੁੱਧ ਘੱਟੋ-ਘੱਟ ਦੋ ਚਾਰਜਸ਼ੀਟ ਦਾਇਰ ਕੀਤੀਆਂ ਹਨ, ਜਦੋਂ ਕਿ ਈ ਡੀ ਨੇ ਇਸ ਤਰ੍ਹਾਂ ਦੀਆਂ ਤਿੰਨ ਸ਼ਿਕਾਇਤਾਂ ਦਾਇਰ ਕੀਤੀਆਂ ਹਨ।

ਨੀਰਵ ਮੋਦੀ, ਜਿਸ ਨੂੰ ਭਗੌੜਾ ਆਰਥਿਕ ਅਪਰਾਧੀ ਐਲਾਨਿਆ ਗਿਆ ਸੀ, ਇਸ ਮਾਮਲੇ ਵਿੱਚ ਈ ਡੀ ਤੇ ਸੀ ਬੀ ਆਈ ਵੱਲੋਂ ਕੀਤੀ ਗਈ ਕਾਨੂੰਨੀ ਬੇਨਤੀ ਦੇ ਆਧਾਰ 'ਤੇ 2019 ਵਿੱਚ ਉੱਥੋਂ ਦੇ ਅਧਿਕਾਰੀਆਂ ਵੱਲੋਂ ਹਿਰਾਸਤ ਵਿੱਚ ਲਏ ਜਾਣ ਮਗਰੋਂ ਲੰਡਨ ਦੀ ਇੱਕ ਜੇਲ੍ਹ ਵਿੱਚ ਬੰਦ ਹੈ। ਉਸ ਵੱਲੋਂ ਭਾਰਤ ਹਵਾਲਗੀ ਦਾ ਵਿਰੋਧ ਕੀਤਾ ਜਾ ਰਿਹਾ ਹੈ। ਈ ਡੀ ਨੇ ਚੋਕਸੀ ਵਿਰੁੱਧ ਮਾਮਲੇ ਵਿੱਚ 2,565.90 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕਰ ਲਈ ਹੈ ਅਤੇ ਅਦਾਲਤ ਨੇ ਇਨ੍ਹਾਂ ਸਾਰੀਆਂ ਜਾਇਦਾਦਾਂ ਦੇ 'ਮੁਦਰੀਕਰਨ' ਦੀ ਆਗਿਆ ਦੇ ਦਿੱਤੀ ਹੈ।

ਚੋਕਸੀ ਦੇ ਵਕੀਲ ਵਿਜੈ ਅਗਰਵਾਲ ਨੇ ਕਿਹਾ ਕਿ ਜੇ ਉਨ੍ਹਾ ਦੇ ਮੁਵੱਕਲ ਨੂੰ ਵਾਪਸ ਭਾਰਤ ਭੇਜਿਆ ਜਾਂਦਾ ਹੈ ਤਾਂ ਇਹ ਚੋਕਸੀ ਦੇ 'ਮਨੁੱਖੀ ਅਧਿਕਾਰਾਂ' ਦੀ ਵੱਡੀ ਉਲੰਘਣਾ ਹੋਵੇਗੀ। ਅਗਰਵਾਲ ਨੇ ਸੋਮਵਾਰ ਕਿਹਾ, 'ਬਚਾਅ ਟੀਮ ਦੋ ਮੁੱਖ ਨੁਕਤਿਆਂ ਦੇ ਅਧਾਰ 'ਤੇ ਚੋਕਸੀ ਦੀ ਭਾਰਤ ਨੂੰ ਸਪੁਰਦਗੀ ਨੂੰ ਚੁਣੌਤੀ ਦੇਵੇਗੀ : ਪਹਿਲਾ ਕੇਸ ਦਾ ਸਿਆਸੀ ਪੱਖ ਤੇ ਦੂਜਾ ਕੈਂਸਰ ਨਾਲ ਜੂਝ ਰਹੇ ਚੋਕਸੀ ਦੀ ਭਾਰਤ ਵਿੱਚ ਸਿਹਤ ਤੇ ਢੁਕਵੇਂ ਇਲਾਜ ਨਾਲ ਜੁੜੇ ਫ਼ਿਕਰ।' ਅਗਰਵਾਲ ਨੂੰ ਜਦੋਂ ਪੁੱਛਿਆ ਗਿਆ ਕਿ ਕੀ ਚੋਕਸੀ ਨੂੰ ਭਾਰਤ ਵਿੱਚ ਕੋਈ ਢੁਕਵਾਂ ਇਲਾਜ ਨਹੀਂ ਮਿਲੇਗਾ ਅਤੇ ਭਾਰਤ ਵਾਪਸ ਭੇਜੇ ਜਾਣ ਤੋਂ ਬਾਅਦ ਸਿਆਸੀ ਪਾਰਟੀਆਂ ਉਸ ਨੂੰ ਪਰੇਸ਼ਾਨ ਕਰਨਗੀਆਂ ਤਾਂ ਉਨ੍ਹਾ ਕਿਹਾ, 'ਚੋਕਸੀ ਦੇ ਮਨੁੱਖੀ ਅਧਿਕਾਰ ਪ੍ਰਭਾਵਤ ਹੋਣਗੇ।' ਅਗਰਵਾਲ ਨੇ ਦਾਅਵਾ ਕੀਤਾ ਕਿ ਚੋਕਸੀ ਨੂੰ ਭਗੌੜਾ ਨਹੀਂ ਐਲਾਨਿਆ ਗਿਆ ਸੀ, ਕਿਉਂਕਿ ਉਹ ਭਾਰਤੀ ਜਾਂਚ ਏਜੰਸੀਆਂ ਨਾਲ ਸਹਿਯੋਗ ਕਰਦਾ ਰਿਹਾ ਸੀ। ਉਨ੍ਹਾ ਕਿਹਾ ਕਿ ਇਸ ਮਾਮਲੇ 'ਤੇ ਇੱਕ ਕੇਸ ਸਾਲਾਂ ਤੋਂ ਚੱਲ ਰਿਹਾ ਹੈ। ਅਗਰਵਾਲ ਨੇ ਕਿਹਾ, 'ਅਸੀਂ ਅਦਾਲਤੀ ਕਾਰਵਾਈ ਦੌਰਾਨ ਹਮੇਸ਼ਾ ਕਿਹਾ ਹੈ ਕਿ ਉਹ ਸ਼ਾਮਲ ਹੋਣ ਲਈ ਤਿਆਰ ਹੈ, ਪਰ ਉਸ ਦੀ ਡਾਕਟਰੀ ਸਥਿਤੀ ਕਾਰਨ ਉਹ ਯਾਤਰਾ ਨਹੀਂ ਕਰ ਸਕਦਾ। ਇਸ ਲਈ ਅਸੀਂ ਸ਼ੁਰੂ ਵਿੱਚ ਕਿਹਾ ਸੀ ਕਿ ਭਾਰਤੀ ਏਜੰਸੀ ਜਾਂਚ ਕਰ ਸਕਦੀ ਹੈ ਅਤੇ ਉਹ ਵਰਚੁਅਲੀ ਸ਼ਾਮਲ ਹੋਵੇਗਾ। ਇਸੇ ਲਈ ਅੱਜ ਤੱਕ ਸਾਰਿਆਂ ਨੂੰ ਭਗੌੜਾ ਐਲਾਨਿਆ ਗਿਆ ਹੈ, ਪਰ ਮੇਹੁਲ ਚੋਕਸੀ ਭਗੌੜਾ ਨਹੀਂ ਹੈ। ਸਾਡਾ ਕੇਸ ਸਾਲਾਂ ਤੋਂ ਚੱਲ ਰਿਹਾ ਹੈ।' ਅਗਰਵਾਲ ਨੇ ਪੱਤਰਕਾਰਾਂ ਨੂੰ ਦੱਸਿਆ, 'ਇਸ ਸਮੇਂ, ਉਹ ਜੇਲ੍ਹ ਵਿੱਚ ਹੈ ਅਤੇ ਉੱਥੇ (ਬੈਲਜੀਅਮ) ਜ਼ਮਾਨਤ ਲਈ ਅਰਜ਼ੀ ਦੇਣ ਦੀ ਪ੍ਰਕਿਰਿਆ ਨਹੀਂ, ਬਲਕਿ ਅਪੀਲ ਦਾਇਰ ਕਰਨ ਦੀ ਹੈ। ਉਸ ਅਪੀਲ ਦੌਰਾਨ ਬੇਨਤੀ ਕੀਤੀ ਜਾਂਦੀ ਹੈ ਕਿ ਉਸ ਨੂੰ ਹਿਰਾਸਤ ਵਿੱਚ ਨਾ ਰੱਖਿਆ ਜਾਵੇ ਅਤੇ ਉਸ ਨੂੰ ਹਿਰਾਸਤ ਵਿੱਚ ਨਾ ਹੋਣ ਦੌਰਾਨ ਆਪਣਾ ਬਚਾਅ ਕਰਨ ਅਤੇ ਹਵਾਲਗੀ ਦੀ ਬੇਨਤੀ ਦਾ ਵਿਰੋਧ ਕਰਨ ਦੀ ਇਜਾਜ਼ਤ ਦਿੱਤੀ ਜਾਵੇ।'

15-APRIL-PAGE-1.qxd 4/14/2025 8:42 PM Page 2



## ਖ਼ੂਨਦਾਨ ਕੈਂਪ 'ਚ 150 ਤੋਂ ਵੱਧ ਵਿਅਕਤੀਆਂ ਵੱਲੋਂ ਖ਼ੂਨ ਦਾਨ



**ਧੂਰੀ (ਵਿਨੀ ਗਰਗ)**-ਸੰਸਥਾ ਸਟੇਪ ਆਨ ਸੋਸਾਇਟੀ ਤੇ ਗਉਧਾਮ ਚੈਰੀਟੇਬਲ ਹਸਪਤਾਲ ਦੀ ਟੀਮ ਵੱਲੋਂ 11ਵਾਂ ਖ਼ੂਨ ਦਾਨ ਕੈਂਪ ਸਨਾਤਨ ਧਰਮ ਸਭਾ ਆਸ਼ਰਮ ਵਿਖੇ ਸੰਸਥਾ ਦੇ ਪ੍ਰਧਾਨ ਰੋਮੀ ਚੌਂਕ ਦੀ ਅਗਵਾਈ ਹੇਠ ਲਗਾਇਆ ਗਿਆ।ਕੈਂਪ ਦੌਰਾਨ ਸੰਗਰੂਰ ਬਲੱਡ ਬੈਂਕ ਦੀ ਟੀਮ ਵੱਲੋਂ ਖ਼ੂਨ ਇਕੱਤਰ ਕੀਤਾ ਗਿਆ।ਇਸ ਮੌਕੇ ਪੰਜਾਬ ਗਊਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਕੁਮਾਰ ਲੱਖਾ, ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਸਮਾਜਸੇਵੀ ਮੱਖਣ ਲਾਲ ਗਰਗ, ਸੁਰੇਸ਼ ਬਾਂਸਲ, ਨਰੇਸ਼ ਮੰਗੀ, ਭਾਜਪਾ ਆਗੂ ਧਰਮਿੰਦਰ ਸਿੰਘ ਦੁੱਲਟ, ਰਣਦੀਪ ਦਿਓਲ, ਭੂਪੇਸ਼ ਜਿੰਦਲ, ਪ੍ਰਦੀਪ ਗਰਗ, ਅਕਾਲੀ ਆਗੂ ਇਕਬਾਲ ਸਿੰਘ ਝੂੰਦਾ, ਕਾਂਗਰਸੀ ਆਗੂ ਹਰਦੀਪ ਸਿੰਘ ਦੌਲਤਪੁਰ ਸਮੇਤ ਵੱਡੀ ਗਿਣਤੀ ਪਤਵੰਤਿਆਂ ਨੇ ਸ਼ਿਰਕਤ ਕਰਦਿਆਂ ਖ਼ੂਨ ਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਆਗੂਆਂ ਨੇ ਸੰਸਥਾ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਿਸੇ ਹਾਦਸੇ ਦੌਰਾਨ ਜ਼ਖ਼ਮੀ ਜਾਂ ਫਿਰ ਕਿਸੇ ਗੰਭੀਰ ਬਿਮਾਰੀ ਦੇ ਮਰੀਜ਼ਾਂ ਲਈ ਇਹ ਖ਼ੂਨ ਉਨ੍ਹਾਂ ਦੀ ਜ਼ਿੰਦਗੀ ਬਚਾ ਸਕਦਾ ਹੈ ਤੇ ਸਾਨੂੰ ਸਾਰਿਆਂ ਨੂੰ ਸਮੇਂ ਸਮੇਂ ਸਿਰ ਖ਼ੂਨ ਦਾਨ ਕਰਨਾ ਚਾਹੀਦਾ ਹੈ।ਕੈਂਪ ਦੇ ਪ੍ਰੋਜੈਕਟ ਮੈਨੇਜਰ ਅਮਨਪ੍ਰੀਤ ਬਾਵਾ ਨੇ ਦੱਸਿਆ ਕਿ ਕੈਂਪ ਦੌਰਾਨ 150 ਕਰੀਬ ਯੂਨਿਟ ਖ਼ੂਨ ਇਕੱਤਰ ਕੀਤਾ ਗਿਆ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਕੈਂਪ ਜਾਰੀ ਰਹਿਣਗੇ।ਇਸ ਮੌਕੇ ਰਿਕੂ ਬਾਂਸਲ, ਜੌਲੀ ਗਰਗ, ਕਾਕਾ ਚੌਧਰੀ, ਅਰੁਣ ਗੁਪਤਾ, ਰਜਨੀਸ਼ ਗਰਗ, ਹੈਪੀ ਸ਼ਰਮਾ, ਇਸ਼ੂ ਗਰਗ, ਜੈਕੀ ਜਿੰਦਲ, ਵਿਵੇਕ ਗੁਪਤਾ, ਰੌਕੀ, ਹਨੀ ਕ੍ਰਿਸ਼ਨ ਤੇ ਅਮਨ ਹਾਜ਼ਰ ਸਨ।

## ਦਹੀਆ ਵੱਲੋਂ ਕਣਕ ਦੀ ਖਰੀਦ ਸੰਬੰਧੀ ਅਧਿਕਾਰੀਆਂ ਤੇ ਆੜ੍ਹਤੀਆਂ ਨਾਲ ਮੀਟਿੰਗ

### ਕਿਸਾਨਾਂ ਤੇ ਆੜ੍ਹਤੀਆਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ



**ਮਮਦੋਟ (ਜਸਬੀਰ ਸਿੰਘ ਕੰਬੋਜ)**

ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਵਿਧਾਇਕ ਰਜਨੀਸ਼ ਕੁਮਾਰ ਦਹੀਆ ਵੱਲੋਂ ਮੁੱਖ ਅਨਾਜ ਮੰਡੀ ਮਮਦੋਟ ਤੇ ਨਾਲ ਲਗਦੇ ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਦੇ ਕੀਤੇ ਪ੍ਰਬੰਧਾਂ ਨੂੰ ਲੈ ਕੇ ਅੱਜ ਮਾਰਕਿਟ ਕਮੇਟੀ ਮਮਦੋਟ ਵਿਖੇ ਸਰਕਾਰੀ ਖਰੀਦ ਏਜੰਸੀਆਂ, ਮੰਡੀ ਬੋਰਡ ਦੇ ਅਧਿਕਾਰੀਆਂ ਤੇ ਆੜ੍ਹਤੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਮਾਰਕਿਟ ਕਮੇਟੀ ਦੇ ਚੇਅਰਮੈਨ ਬਲਰਾਜ ਸਿੰਘ ਸੰਧੂ ਖਰੀਦ ਏਜੰਸੀ ਪਨਸਪ ਦੇ ਜ਼ਿਲ੍ਹਾ ਮੈਨੇਜਰ ਰਮਨ ਕੁਮਾਰ, ਜ਼ਿਲ੍ਹਾ ਮੰਡੀ ਅਫਸਰ ਜਸਮੀਤ ਸਿੰਘ ਬਰਾੜ, ਡੀ ਐੱਫ ਐੱਸ ਓ ਦਿਨੇਸ਼ ਸ਼ਰਮਾ, ਮਾਰਕਫੈੱਡ ਦੇ ਬਰਾਂਚ ਮੈਨੇਜਰ ਵਿਸ਼ਾਲ ਅਰੋੜਾ ਤੇ ਇੰਸਪੈਕਟਰ ਕੁਲਦੀਪ ਸਿੰਘ, ਮਾਰਕਿਟ ਕਮੇਟੀ ਮਮਦੋਟ ਦੇ ਸਕੱਤਰ ਬਿਕਰਮਜੀਤ ਸਿੰਘ ਸੰਧੂ ਸਮੇਤ ਵੱਡੀ ਗਿਣਤੀ ਵਿਚ ਆੜ੍ਹਤੀ ਹਾਜ਼ਰ ਸਨ। ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਵਿਧਾਇਕ ਰਜਨੀਸ਼ ਕੁਮਾਰ ਦਹੀਆ ਨੇ ਕਿਹਾ ਕਿ ਮਾਰਕਿਟ ਕਮੇਟੀ ਮਮਦੋਟ ਅਧੀਨ ਆਉਂਦੀਆਂ ਮੁੱਖ ਅਨਾਜ ਮੰਡੀ ਤੇ ਬਾਕੀ 10 ਖਰੀਦ ਕੇਂਦਰਾਂ ਵਿੱਚ ਕਣਕ ਦੀ ਖਰੀਦ ਦੇ ਸਾਰੇ ਪ੍ਰਬੰਧ ਮੁਕੰਮਲ ਹਨ।

ਉਨ੍ਹਾਂ ਦੱਸਿਆ ਕਿ ਕਣਕ ਦੀ ਖਰੀਦ ਲਈ 95 ਪ੍ਰਤੀਸ਼ਤ ਬਾਰਦਾਨਾ ਪਹੁੰਚ ਚੁੱਕਿਆ ਹੈ, ਜਦੋਂ ਕੀ ਕਿਸਾਨ 12 ਪ੍ਰਤੀਸ਼ਤ ਨਮੀ ਵਾਲੀ ਕਣਕ ਮੰਡੀ ਵਿੱਚ ਲੈ ਕੇ ਆਉਣਗੇ 24 ਘੰਟਿਆਂ ਦੇ ਅੰਦਰ ਹੀ ਕਣਕ ਦੀ ਖਰੀਦ ਕਰਕੇ ਕਿਸਾਨ ਦੇ ਖਾਤੇ ਵਿੱਚ ਫਸਲ ਖਰੀਦ ਦੇ ਪੈਸੇ ਪਾ ਦਿੱਤੇ ਜਾਣਗੇ।ਉਨ੍ਹਾਂ ਕਿਸਾਨਾਂ ਨੂੰ ਸੁੱਕੀ ਕਣਕ ਕੱਟ ਕੇ ਹੀ ਮੰਡੀਆਂ ਵਿੱਚ ਲਿਆਉਣ ਦੀ ਅਪੀਲ ਕੀਤੀ।ਇਸ ਮੌਕੇ ਟਰੱਕ ਯੂਨੀਅਨ ਮਮਦੋਟ ਦੇ ਪ੍ਰਧਾਨ ਦਲਜੀਤ ਸਿੰਘ ਬਾਬਾ, ਸੀਨੀਅਰ ਆਪ ਆਗੂ ਡਾ: ਨਿਰਵੈਰ ਸਿੰਘ ਸਿੱਧੀ, ਆੜ੍ਹਤੀ ਅਵਤਾਰ ਸਿੰਘ ਲੋਧਰਾ, ਯਸ਼ਪਾਲ ਗਾਬਾ, ਸੁਰਿੰਦਰ ਗਾਬਾ, ਕੁਲਵੰਤ ਸਿੰਘ ਜੋਸਨ, ਰੋਸ਼ਨ ਲਾਲ ਚੋਪੜਾ, ਹੈਪੀ ਨਾਗਰਾ, ਤੇਜਾ ਸਿੰਘ ਕਾਲੂ ਅਰਾਈ, ਲਖਵਿੰਦਰ ਸਿੰਘ ਜੋਸਨ, ਹਰਪ੍ਰੀਤ ਸਿੰਘ ਸੋਢੀ, ਜਰਮਲ ਸਿੰਘ ਜੰਗ, ਅਸ਼ੋਕ ਮੈਨੀ, ਸੰਜੈ ਗੁਪਤਾ ਕੰਪਿਊਟਰ ਅਪ੍ਰੇਟਰ, ਜਨਕ ਰਾਜ ਗਾਬਾ ਸਮੇਤ ਹੋਰ ਵੀ ਆੜ੍ਹਤੀ ਹਾਜ਼ਰ ਸਨ।

## ਜਲ੍ਹਿਆਂਵਾਲਾ ਬਾਗ ਦੇ ਖ਼ੂਨੀ ਸਾਕੇ 'ਤੇ ਵਿਚਾਰ-ਚਰਚਾ ਕਰਵਾਈ



**ਕੋਟਕਪੂਰਾ (ਰਛਪਾਲ ਭੁੱਲਰ)**

ਜਲ੍ਹਿਆਂਵਾਲਾ ਬਾਗ ਦੇ ਖ਼ੂਨੀ ਸਾਕੇ ਦੇ ਵਾਪਰਨ ਨੂੰ 106 ਵਰ੍ਹੇ ਬੀਤ ਜਾਣ ਦੇ ਬਾਵਜੂਦ ਇਸ ਇਤਿਹਾਸਕ ਘਟਨਾ ਨੂੰ ਯਾਦ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਤੇ ਰਾਮ ਮੁਹੰਮਦ ਸਿੰਘ ਆਜ਼ਾਦ ਵੈੱਲਫੇਅਰ ਸੋਸਾਇਟੀ ਕੋਟਕਪੂਰਾ ਵੱਲੋਂ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਨੇੜੇ ਪੁਰਾਣਾ ਕਿਲ੍ਹਾ ਸਕੂਲ ਵਿਖੇ ਇੱਕ ਵਿਚਾਰ ਚਰਚਾ ਕਰਵਾਈ ਗਈ।ਇਸ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪੈਨਸ਼ਨਰ ਆਗੂ ਸਾਥੀ ਬਲਦੇਵ ਸਿੰਘ ਸਹਿਦੇਵ, ਕੁਲਵੰਤ ਸਿੰਘ ਚਾਨੀ, ਪ੍ਰੇਮ ਚਾਵਲਾ, ਰਾਮ ਮੁਹੰਮਦ ਸਿੰਘ ਆਜ਼ਾਦ ਵੈੱਲਫੇਅਰ ਸੋਸਾਇਟੀ ਦੇ ਪ੍ਰਧਾਨ ਅਸ਼ੋਕ ਕੌਸ਼ਲ, ਗੁਰਿੰਦਰ ਸਿੰਘ ਮਹਿੰਦੀਰੱਤਾ, ਸੋਮ ਨਾਥ ਅਰੋੜਾ, ਪ੍ਰੋ. ਹਰਬੰਸ ਸਿੰਘ ਪਦਮ, ਸੁਖਵਿੰਦਰ ਸਿੰਘ ਪੱਪੂ ਨੰਬਰਦਾਰ, ਮੁਲਾਜ਼ਮ ਆਗੂ ਹਰਵਿੰਦਰ ਸ਼ਰਮਾ ਤੇ ਜਸਵਿੰਦਰ ਸਿੰਘ ਬਰਾੜ ਨੇ ਇਤਿਹਾਸਕ ਹਵਾਲੇ ਦਿੰਦੇ ਹੋਏ 13 ਅਪ੍ਰੈਲ 1699 ਨੂੰ ਖ਼ਾਲਸਾ ਪੰਥ ਦੀ ਸਾਜਨਾ ਸਬੰਧੀ ਰੌਸ਼ਨੀ ਪਾਈ ਅਤੇ 220 ਸਾਲਾਂ ਬਾਅਦ 13 ਅਪ੍ਰੈਲ 1919 ਨੂੰ ਬਰਤਾਨਵੀ ਸਾਮਰਾਜ ਵੱਲੋਂ ਪੰਜਾਬ ਦੇ ਗਵਰਨਰ ਮਾਈਕਲ ਓਡਵਾਇਰ ਤੇ ਜਨਰਲ ਡਾਇਰ ਦੀ ਅਗਵਾਈ ਹੇਠ ਅੰਮ੍ਰਿਤਸਰ ਵਿਖੇ ਕੀਤੇ ਗਏ ਖ਼ੂਨੀ ਸਾਕੇ, ਜਿਸ ਵਿੱਚ ਸੈਂਕੜੇ ਬੇਦੋਸ਼ੇ ਵਿਅਕਤੀਆਂ ਨੂੰ ਆਪਣੀ ਜਾਨ ਗਵਾਉਣੀ ਪਈ ਸੀ, ਨੂੰ ਯਾਦ ਕਰਦੇ ਹੋਏ ਮੌਜੂਦਾ ਸਮੇਂ ਵਿੱਚ ਦੇਸ਼ ਦੇ ਹਾਕਮਾਂ ਵੱਲੋਂ ਲੋਕਾਂ ਵਿੱਚ ਧਰਮ ਤੇ ਜਾਤਾਂ ਦੇ ਨਾਂ 'ਤੇ ਪਾਈਆਂ ਜਾ ਰਹੀਆਂ ਵੰਡੀਆਂ ਪ੍ਰਤੀ ਗੰਭੀਰ ਚਿੰਤਾ ਦਾ ਪ੍ਰਗਟਾਵਾ ਕੀਤਾ। ਬੁਲਾਰਿਆਂ ਨੇ ਸਮੁੱਚੇ ਦੇਸ਼ ਦੇ ਲੋਕਾਂ ਨੂੰ ਇਨ੍ਹਾਂ ਪ੍ਰਸਥਿਤੀਆਂ ਦਾ ਟਾਕਰਾ ਕਰਨ ਲਈ ਪੂਰੇ ਮੁਲਕ ਵਿੱਚ ਫਿਰਕੂ ਇੱਕਸੁਰਤਾ ਕਾਇਮ ਰੱਖਣ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਤੋਂ ਪਹਿਲਾਂ ਗੈਰ-ਰਸਮੀ ਵਿਚਾਰ ਵਟਾਂਦਰਾ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਮਾਜ ਦੇ ਸਾਰੇ ਵਰਗਾਂ ਦਾ ਸਹਿਯੋਗ ਲੈ ਕੇ ਹੀ ਸਫਲ ਬਣਾਇਆ ਜਾ ਸਕਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਚਰਨ ਸਿੰਘ ਮਾਨ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਮਦਨ ਲਾਲ ਸ਼ਰਮਾ ਸੰਧਵਾਂ, ਰੋਸ਼ਨ ਰਾਮ ਭੱਟੀ, ਹਾਕਮ ਸਿੰਘ, ਮਲਕੀਤ ਸਿੰਘ ਢਿਲਵਾਂ ਕਲਾਂ, ਜਸਪਾਲ ਸਿੰਘ, ਸੁਖਦਰਸ਼ਨ ਸਿੰਘ ਗਿੱਲ, ਕੇਵਲ ਸਿੰਘ ਲੰਡੇਵਾਲੀ, ਗੁਲਵੰਤ ਸਿੰਘ ਔਲਖ, ਦਰਸ਼ਨ ਸਿੰਘ ਢਿੱਲੋਂ, ਹਰਨੇਕ ਸਿੰਘ ਸਾਹੋਕੇ ਤੇ ਰੇਸ਼ਮ ਸਿੰਘ ਸ਼ਰਮਾ ਆਦਿ ਹਾਜ਼ਰ ਸਨ।

## ਮਾਊਂਟ ਲਿਟਰਾ ਜ਼ੀ ਸਕੂਲ 'ਚ ਅਧਿਆਪਕ ਟ੍ਰੇਨਿੰਗ ਕੈਂਪ ਲਾਇਆ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)**-ਮਾਊਂਟ ਲਿਟਰਾ ਜ਼ੀ ਸਕੂਲ ਫਰੀਦਕੋਟ ਵਿੱਚ ਜ਼ੀ ਲਰਨ ਲਿਮਿਟਡ ਮੁੰਬਈ ਵੱਲੋਂ ਦੋ ਰੋਜ਼ਾ ਅਧਿਆਪਕ ਟ੍ਰੇਨਿੰਗ ਕੈਂਪ ਲਾਇਆ ਗਿਆ।ਇਸ ਕੈਂਪ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਨਵੀਂ ਰਾਸ਼ਟਰੀ ਸਿੱਖਿਆ ਨੀਤੀ 2020 ਅਨੁਸਾਰ ਤਿਆਰ ਕੀਤੇ ਗਏ ਮਾਊਂਟ ਲਿਟਰਾ ਜ਼ੀ ਸਕੂਲ ਦੇ ਨਵੇਂ ਤੇ ਆਧੁਨਿਕ ਪਾਠਕ੍ਰਮ ਬਾਰੇ ਜਾਣੂ ਕਰਵਾਉਣਾ ਸੀ।ਇਸ ਕੈਂਪ ਦੌਰਾਨ ਜ਼ੀ ਲਰਨ ਲਿਮਿਟਡ ਮੁੰਬਈ ਵੱਲੋਂ ਤਿੰਨ ਪ੍ਰਮੁੱਖ ਸਿੱਖਿਆ ਮਾਹਰਾਂ ਮੈਡਮ ਕਿਰਣ ਸਿੰਘ (ਕਲਸਟਰ ਸਕੂਲ ਡਾਇਰੈਕਟਰ), ਸ੍ਰੇਸ਼ਠਾ ਤਿਵਾਰੀ (ਜ਼ੋਨਲ ਅਕੈਡਮਿਕ ਮੈਨੇਜਰ) ਤੇ ਮੋਨਿਕਾ ਮਹਾਜਨ (ਟ੍ਰੇਨਿੰਗ ਮੈਨੇਜਰ) ਨੇ ਅਧਿਆਪਕਾਂ ਨਾਲ ਆਪਣੇ ਲੰਮੇ ਅਨੁਭਵ ਸਾਂਝੇ ਕਰਦੇ ਹੋਏ ਨਵੇਂ ਪਾਠਕ੍ਰਮ ਦੇ ਤੱਤਾਂ 'ਤੇ ਰੌਸ਼ਨੀ ਪਾਈ।ਸਕੂਲ ਦੇ ਪ੍ਰਿੰਸੀਪਲ ਡਾ. ਸੁਰੇਸ਼ ਸ਼ਰਮਾ ਨੇ ਕਿਹਾ ਕਿ ਇਹ ਕੈਂਪ ਅਧਿਆਪਕਾਂ ਨੂੰ ਨਵੇਂ ਸਮੇਂ ਦੇ ਅਨੁਕੂਲ ਬਣਾਉਂਦੇ ਹਨ ਤੇ ਸਿੱਖਣ ਦੀ ਦਿਸ਼ਾ ਵਿੱਚ ਨਵੀਂ ਸੋਚ ਪੈਦਾ ਕਰਦੇ ਹਨ।ਉਨ੍ਹਾਂ ਜ਼ੀ ਲਰਨ ਲਿਮਿਟਡ ਦੀ ਟੀਮ ਦਾ ਧੰਨਵਾਦ ਕੀਤਾ।ਸਕੂਲ ਦੇ ਚੇਅਰਮੈਨ ਚਮਨ ਲਾਲ ਗੁਲਾਟੀ ਤੇ ਮੈਨੇਜਿੰਗ ਡਾਇਰੈਕਟਰ ਪੰਕਜ ਗੁਲਾਟੀ ਨੇ ਵੀ ਇਸ ਉਪਰਾਲੇ ਦੀ ਸਿਫ਼ਤ ਕਰਦਿਆਂ ਕਿਹਾ ਕਿ ਅਧਿਆਪਕਾਂ ਦੀ ਨਿਰੰਤਰ ਤਰੱਕੀ ਲਈ ਇਹ ਕੈਂਪ ਬਹੁਤ ਲਾਭਦਾਇਕ ਸਾਬਿਤ ਹੁੰਦੇ ਹਨ।

## ਜਗਦੀਪ ਸਿੰਘ ਨਾਰਦਨ ਰੇਲਵੇ ਮੈਨਜ਼ ਯੂਨੀਅਨ ਸਰਹਿੰਦ ਦੇ ਸੈਕਟਰੀ ਬਣੇ



**ਸਰਹਿੰਦ (ਪ੍ਰਮੋਦ ਭਾਰਦਵਾਜ)**

ਨਾਰਦਨ ਰੇਲਵੇ ਮੈਨਜ਼ ਯੂਨੀਅਨ ਸਰਹਿੰਦ ਬ੍ਰਾਂਚ ਵੱਲੋਂ ਆਮ ਅਜਲਾਸ ਕੀਤਾ ਗਿਆ।ਇਸ ਅਜਲਾਸ ਦੀ ਪ੍ਰਧਾਨਗੀ ਬ੍ਰਾਂਚ ਪ੍ਰਧਾਨ ਸੰਜੀਵ ਵਰਮਾ ਤੇ ਬ੍ਰਾਂਚ ਸੈਕਟਰੀ ਜਗਦੀਪ ਸਿੰਘ ਨੇ ਕੀਤੀ।ਇਸ ਮੌਕੇ ਅੰਬਾਲਾ ਡਵੀਜ਼ਨ ਦੇ ਡਵੀਜ਼ਨਲ ਸੈਕਟਰੀ ਡਾ. ਨਿਰਮਲ ਸਿੰਘ, ਡਵੀਜ਼ਨਲ ਪ੍ਰਧਾਨ ਹਰਨਾਮ ਸਿੰਘ ਤੇ ਕੇਂਦਰੀ ਉੱਪ-ਪ੍ਰਧਾਨ ਸੁਰਿੰਦਰ ਕੁਮਾਰ ਗੁੱਜਰ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਅਜਲਾਸ ਵਿੱਚ ਨਵੀਂ ਟੀਮ ਦੀ ਚੋਣ ਕੀਤੀ ਗਈ, ਜਿਸ ਵਿੱਚ ਸਰਬਸੰਮਤੀ ਨਾਲ ਸੰਜੀਵ ਕੁਮਾਰ ਵਰਮਾ ਨੂੰ ਪ੍ਰਧਾਨ ਤੇ ਜਗਦੀਪ ਸਿੰਘ ਕਾਹਲੋਂ ਨੂੰ ਬ੍ਰਾਂਚ ਸੈਕਟਰੀ ਚੁਣਿਆ ਗਿਆ।ਇਸ ਤੋਂ ਇਲਾਵਾ ਜਸਮੇਲ ਸਿੰਘ, ਸਰਬਜੀਤ ਸਿੰਘ, ਰੋਹਿਤ, ਮਨੀਸ਼ ਕੁਮਾਰ ਭੁਪਿੰਦਰ ਸਿੰਘ ਸਾਰਿਆਂ ਨੂੰ ਉੱਪ-ਪ੍ਰਧਾਨ ਤੇ ਮਨਜੀਤ ਸਿੰਘ, ਸੁਮਿਤ ਕੁਮਾਰ, ਤੇਜ ਸਿੰਘ ਮੀਨਾ, ਵੀਨਾ ਦੇਵੀ ਨੂੰ ਸਹਾਇਕ ਸਕੱਤਰ ਤੇ ਗੁਰਦੀਪ ਸਿੰਘ ਨੂੰ ਬ੍ਰਾਂਚ ਦਾ ਖਜ਼ਾਨਚੀ ਚੁਣਿਆ ਗਿਆ।ਇਸ ਬੈਠਕ ਵਿੱਚ ਅੰਬਾਲਾ ਸਿਟੀ, ਰਾਜਪੁਰਾ, ਸਰਹੰਦ, ਖੰਨਾ, ਦੋਰਾਹਾ, ਬੱਸੀ ਪਠਾਣਾ, ਰੋਪੜ, ਨੰਗਲ ਡੈਮ, ਦੌਲਤਪੁਰ ਚੌਂਕ ਤੱਕ ਦੇ ਲਗਭਗ 400 ਰੇਲਵੇ ਕਰਮਚਾਰੀਆਂ ਨੇ ਹਿੱਸਾ ਲਿਆ।ਇਸ ਮੌਕੇ ਉਚੇਚੇ ਤੌਰ 'ਤੇ ਪੁੱਜੇ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਨਵੀਂ ਚੁਣੀ ਟੀਮ ਨੂੰ ਵਧਾਈ ਦਿੰਦਿਆਂ ਡੱਟ ਕੇ ਕੰਮ ਕਰਨ ਲਈ ਪ੍ਰੇਰਿਆ। ਉਨ੍ਹਾਂ ਕਿਹਾ ਕਿ ਅੱਜ ਜਮਹੂਰੀਅਤ ਦੇ ਦੌਰ ਵਿੱਚ ਲੋਕ ਹੀ ਸਭ ਤੋਂ ਵੱਡੀ ਤਾਕਤ ਹਨ ਤੇ ਲੋਕ ਹਿੱਤਾਂ ਦੀ ਰਾਖੀ ਕਰਨਾ ਜਥੇਬੰਦੀਆਂ ਤੇ ਸੰਗਠਨਾਂ ਦੀ ਪਹਿਲੀ ਜ਼ਿੰਮੇਵਾਰੀ ਹੁੰਦੀ ਹੈ।ਇਸ ਮੌਕੇ ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕ ਹਿੱਤਾਂ ਦੇ ਕਾਰਜਾਂ ਲਈ ਉਹ ਸਦਾ ਯੂਨੀਅਨ ਦੇ ਨਾਲ ਹਨ।ਇਸ ਤੋਂ ਇਲਾਵਾ ਜੇਕਰ ਕੋਈ ਮਸਲਾ ਵਿਧਾਨ ਸਭਾ ਜਾਂ ਲੋਕ ਸਭਾ ਵਿੱਚ ਲੈ ਕੇ ਜਾਣਾ ਹੈ ਤਾਂ ਪਾਰਟੀ ਉਸ ਦੇ ਲਈ ਵੀ ਸਦਾ ਤਿਆਰ ਹੈ।

ਕਰਮਚਾਰੀਆਂ ਨੂੰ ਸੰਬੋਧਨ ਕਰਦੇ ਹੋਏ ਅੰਬਾਲਾ ਡਵੀਜ਼ਨ ਦੇ ਡਵੀਜ਼ਨਲ ਸੈਕਟਰੀ ਡਾ. ਨਿਰਮਲ ਸਿੰਘ ਨੇ ਕਿਹਾ ਕਿ 2024 ਦੀਆਂ ਰੇਲਵੇ ਦੀਆਂ ਚੋਣਾਂ ਵਿੱਚ ਐੱਨ.ਆਰ.ਐੱਮ.ਯੂ. ਅੰਬਾਲਾ ਡਵੀਜ਼ਨ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ ਹੈ, ਜਿਸ ਵਿੱਚ ਸਰਹਿੰਦ ਬ੍ਰਾਂਚ ਦੇ ਕਰਮਚਾਰੀਆਂ ਦਾ ਅਹਿਮ ਯੋਗਦਾਨ ਰਿਹਾ ਹੈ।ਉਨ੍ਹਾਂ ਨੇ ਸਾਰੇ ਕਰਮਚਾਰੀਆਂ ਨੂੰ ਚੋਣਾਂ ਵਿੱਚ ਜੇਤੂ ਰਹਿਣ 'ਤੇ ਧੰਨਵਾਦ ਕੀਤਾ ਤੇ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਯੂ.ਪੀ.ਐੱਸ. ਨੂੰ ਲੈ ਕੇ ਨੌਜਵਾਨ ਕਿਸੇ ਬਹਿਕਾਵੇ ਵਿੱਚ ਨਾ ਆਉਣ, ਸੰਗਠਨ ਇਸ ਵਿੱਚ ਸੁਧਾਰ ਲਈ ਆਪਣੀਆਂ ਕੋਸ਼ਿਸ਼ਾਂ ਜਾਰੀ ਰੱਖੇਗਾ। ਇਸ ਮੌਕੇ ਬ੍ਰਾਂਚ ਸੈਕਟਰੀ ਜਗਦੀਪ ਸਿੰਘ ਨੇ ਕਿਹਾ ਕਿ ਸਰਹਿੰਦ ਬ੍ਰਾਂਚ ਦਾ ਹਰ ਇੱਕ ਕਰਮਚਾਰੀ ਹਮੇਸ਼ਾ ਹਰ ਕੰਮ ਵਿੱਚ ਸਹਿਯੋਗ ਕਰਦਾ ਹੈ ਤੇ ਪੂਰੀ ਇਮਾਨਦਾਰੀ ਨਾਲ ਸੰਗਠਨ ਨੂੰ ਅੱਗੇ ਵਧਾਉਣ ਵਿੱਚ ਕੰਮ ਕਰ ਰਿਹਾ ਹੈ।ਉਨ੍ਹਾ ਕਿਹਾ ਕਿ ਅੱਜ ਨੌਜਵਾਨਾਂ ਨੂੰ ਸੰਗਠਨ ਨਾਲ ਜੋੜਨਾ ਯੂਨੀਅਨ ਦਾ ਅਹਿਮ ਏਜੰਡਾ ਹੈ ਤੇ ਉਸ ਉੱਪਰ ਲਗਾਤਾਰ, ਲੀਡਰਸ਼ਿਪ ਕੰਮ ਕਰ ਰਹੀ ਹੈ।

ਬਰਾਂਚ ਪ੍ਰਧਾਨ ਸੰਜੀਵ ਵਰਮਾ ਨੇ ਆਏ ਹੋਏ ਸਾਰੇ ਕਰਮਚਾਰੀਆਂ ਤੇ ਲੀਡਰਸ਼ਿਪ ਦਾ ਧੰਨਵਾਦ ਕੀਤਾ।ਇਸ ਮੌਕੇ ਗੁਰਦੀਪ ਸਿੰਘ, ਸੁਮਿਤ ਕੁਮਾਰ, ਕ੍ਰਿਸ਼ਨ ਕੁਮਾਰ, ਪ੍ਰਦੀਪ ਸਿੰਘ, ਰੋਹਿਤ ਕੁਮਾਰ, ਗੁਰਪ੍ਰੀਤ ਰਾਜੂ, ਜਸਮੇਲ ਸਿੰਘ ਸਰਬਜੀਤ ਸਿੰਘ, ਤੇਜ ਸਿੰਘ ਮੀਨਾ, ਮਨੀਸ਼ ਕੁਮਾਰ, ਬੀਨਾ ਦੇਵੀ ਸਮੇਤ ਸੈਂਕੜੇ ਕਰਮਚਾਰੀ ਹਾਜ਼ਰ ਸਨ।

## ਸੰਤ ਕਬੀਰ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਖਾਲਸਾ ਪੰਥ ਦੀ ਸਾਜਨਾ ਦਿਵਸ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਸ਼ੇਸ਼ ਪ੍ਰਾਰਥਨਾ ਸਭਾ ਦਾ ਆਯੋਜਨ ਕੀਤਾ ਗਿਆ। ਵਿਦਿਆਰਥੀਆਂ ਨੇ ਸ਼ਬਦ ਗਾਇਨ, ਜਲ੍ਹਿਆਂਵਾਲਾ ਬਾਗ 'ਤੇ ਨੁੱਕੜ ਨਾਟਕ ਪੇਸ਼ ਕੀਤਾ। ਬੱਚੇ ਰੰਗ-ਬਿਰੰਗੇ ਪੰਜਾਬੀ ਪਹਿਰਾਵੇ ਵਿੱਚ ਸਜੇ ਹੋਏ ਸਨ। ਵਿਦਿਆਰਥੀਆਂ ਵੱਲੋਂ ਪੰਜਾਬ ਦੇ ਸੱਭਿਆਚਾਰ ਨੂੰ ਦਰਸਾਉਂਦਾ ਰੰਗਾਰੰਗ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਗੀਤਾਂ, ਨਾਟਕਾਂ ਤੇ ਭਾਸ਼ਣ ਦੀ ਪੇਸ਼ਕਾਰੀ ਨੇ ਸਾਰਿਆਂ ਦਾ ਮਨ ਮੋਹ ਲਿਆ। ਚੌਥੀ ਤੇ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਵੱਖ ਵੱਖ ਰਾਜਾਂ ਦੇ ਕੱਪੜੇ ਪਹਿਨੇ ਤੇ ਉਨ੍ਹਾਂ ਰਾਜਾਂ ਦੇ ਵਾਢੀ ਤਿਉਹਾਰਾਂ ਸਬੰਧੀ ਜਾਣਕਾਰੀ ਦਿੱਤੀ। ਮੈਡਮ ਕੁਲਵੰਤ ਕੌਰ ਨੇ ਵਿਸਾਖੀ ਦੀ ਮਹੱਤਤਾ ਤੇ ਨੌਵੀਂ ਜਮਾਤ ਦੇ ਵਿਦਿਆਰਥੀ ਨੇ ਡਾਕਟਰ ਭੀਮ ਰਾਓ ਅੰਬੇਡਕਰ ਬਾਰੇ ਜਾਣਕਾਰੀ ਦਿੱਤੀ। ਸਕੂਲ ਦੇ ਐੱਮ. ਡੀ. ਪ੍ਰੋਫੈਸਰ ਐੱਮ ਐੱਲ ਅਰੋੜਾ, ਪ੍ਰਿੰਸੀਪਲ ਮੈਡਮ ਕੰਚਨ, ਸੋਨੀਆ ਧਵਨ ਤੇ ਰਚਨਾ ਜਿੰਦਲ ਨੇ ਸੰਬੋਧਨ ਦੌਰਾਨ ਵਿਸਾਖੀ ਦੀ ਵਧਾਈ ਦਿੰਦਿਆਂ ਕਿਹਾ ਕਿ ਵਿਸਾਖੀ ਦਾ ਤਿਉਹਾਰ ਭਾਰਤੀ ਸੰਸਕ੍ਰਿਤੀ ਤੇ ਸੱਭਿਅਤਾ ਦਾ ਪ੍ਰਤੀਕ ਹੈ। ਇਹ ਤਿਉਹਾਰ ਸਾਨੂੰ ਆਪਸੀ ਭਾਈਚਾਰੇ ਦੀ ਭਾਵਨਾ ਨਾਲ ਰਹਿਣ ਦਾ ਸੰਦੇਸ਼ ਦਿੰਦਾ ਹੈ।

## ਸੱਭਿਆਚਾਰ ਮੰਚ ਵੱਲੋਂ ਸੂਫ਼ੀ ਗਾਇਕ ਸ਼ਮਸ਼ੇਰ ਲਹਿਰੀ ਦਾ ਸਨਮਾਨ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬੀ ਸੰਗੀਤਕ ਖੇਤਰ ਵਿੱਚ ਸੱਭਿਅਕ, ਸੂਫ਼ੀਆਨਾ ਤੇ ਰੂਹਾਨੀਅਤ ਭਰੀ ਸਾਫ਼ ਸੁਥਰੀ ਗਾਇਕੀ ਨਾਲ ਵੱਡੇ ਨਾਂ ਵਜੋਂ ਜਾਣੇ ਜਾਂਦੇ ਸੂਫ਼ੀ ਗਾਇਕ ਸ਼ਮਸ਼ੇਰ ਲਹਿਰੀ ਅੱਜ ਸਮਾਣਾ ਵਿਖੇ ਆਪਣੇ ਪਰਮ ਮਿੱਤਰ ਪੋਲੀਵੁੱਡ ਪੋਸਟ ਦੇ ਕਰਤਾਧਰਤਾ ਤੇ ਸੱਭਿਆਚਾਰ ਮੰਚ ਪੰਜਾਬ ਦੇ ਪ੍ਰਧਾਨ ਹਰਜਿੰਦਰ ਸਿੰਘ ਜਵੰਦਾ ਦੇ ਗ੍ਰਹਿ ਵਿਖੇ ਪੁੱਜੇ, ਜਿੱਥੇ ਪੱਤਰਕਾਰ ਜਵੰਦਾ ਵੱਲੋਂ ਉਨ੍ਹਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਦੇ ਹੋਏ ਸਨਮਾਨਤ ਕੀਤਾ ਗਿਆ।ਇਸ ਮੌਕੇ ਸ਼ਮਸ਼ੇਰ ਲਹਿਰੀ ਨੇ ਇਸ ਮਾਣ ਸਤਿਕਾਰ ਲਈ ਹਰਜਿੰਦਰ ਸਿੰਘ ਜਵੰਦਾ ਦਾ ਧੰਨਵਾਦ ਕੀਤਾ ਤੇ ਉਨ੍ਹਾਂ ਕਿਹਾ ਕਿ ਹਰਜਿੰਦਰ ਸਿੰਘ ਜਵੰਦਾ ਨੇ ਵੀ ਆਪਣੀ ਮਿਹਨਤ ਤੇ ਕਲਮ ਦੇ ਬਲਬੂਤੇ ਪੰਜਾਬੀ ਸੰਗੀਤਕ ਤੇ ਫਿਲਮ ਇੰਡਸਟਰੀ ਵਿੱਚ ਜੋ ਆਪਣਾ ਚੰਗਾ ਨਾਮ ਸਥਾਪਤ ਕੀਤਾ ਹੈ, ਉਸ 'ਤੇ ਉਨ੍ਹਾਂ ਨੂੰ ਮਾਣ ਹੈ।ਇਸ ਮੌਕੇ ਗੁਰਪ੍ਰੀਤ ਸਿੰਘ ਸੋਨੀ, ਹਰਬੰਸ ਸਿੰਘ ਰਤਨ, ਤਰੁਨ ਕੁਮਾਰ, ਗੁਰਵਿੰਦਰ ਸਿੰਘ, ਸੰਤੋਖ ਸਿੰਘ, ਧਰਮਵੀਰ ਸਿੰਘ ਜਵੰਦਾ ਤੇ ਸਾਹਿਲ ਭਟਨਾਗਰ ਆਦਿ ਮੌਜੂਦ ਰਹੇ।

## ਦੁੱਖ ਦਾ ਪ੍ਰਗਟਾਵਾ



**ਫਰੀਦਕੋਟ (ਪੱਤਰ ਪ੍ਰੇਰਕ)**-ਪੱਤਰਕਾਰ ਗੁਰਪ੍ਰੀਤ ਸਿੰਘ ਬੇਦੀ ਦੇ ਮਾਤਾ ਸ੍ਰੀਮਤੀ ਮਹਿੰਦਰ ਕੌਰ ਪਤਨੀ ਸ੍ਰ: ਬਲਵਿੰਦਰ ਸਿੰਘ ਬੇਦੀ ਫਰੀਦਕੋਟ, ਜੋ ਪਿਛਲੇ ਦਿਨੀਂ ਅਚਾਨਕ ਪਰਿਵਾਰ ਨੂੰ ਸਦੀਵੀ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ, ਉਨ੍ਹਾਂ ਨਮਿਤ ਪਾਠ ਦਾ ਭੋਗ ਤੇ ਅੰਤਿਮ ਅਰਦਾਸ 18 ਅਪ੍ਰੈਲ ਸ਼ੁੱਕਰਵਾਰ ਨੂੰ ਗੁਰਦੁਆਰਾ ਸਾਹਿਬ ਬਾਬਾ ਨਾਮਦੇਵ ਜੀ ਡੋਗਰ ਬਸਤੀ ਗਲੀ ਨੰਬਰ 5 (ਸੱਜੇ) ਵਿਖੇ ਬਾਅਦ ਦੁਪਹਿਰ 12 ਤੋਂ 1 ਵਜੇ ਤੱਕ ਹੋਵੇਗੀ।ਇਸ ਦੁੱਖ ਦੀ ਘੜੀ ਵਿੱਚ ਪਰਿਵਾਰਕ ਰਿਸ਼ਤੇਦਾਰਾਂ, ਇਲਾਕਾ ਨਿਵਾਸੀਆਂ, ਸਮਾਜ ਸੇਵੀ, ਧਾਰਮਿਕ, ਸਮਾਜਿਕ ਜਥੇਬੰਦੀਆਂ ਨੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।

## ਬਾਵਾ ਸ਼ਾਂਤੀ ਨਾਥ ਦੀ ਬਰਸੀ ਮਨਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਵਿਸ਼ਵਕਰਮਾ ਮੰਦਰ ਵਿਖੇ ਬਾਵਾ ਸ਼ਾਂਤੀ ਨਾਥ ਜੀ ਦੀ 39ਵੀਂ ਬਰਸੀ ਮਨਾਈ ਗਈ। ਸਵੇਰੇ ਮੰਦਰ ਵਿੱਚ ਸ਼ਰਧਾਲੂਆਂ ਵੱਲੋਂ ਬਾਵਾ ਜੀ ਦੀ ਪਵਿੱਤਰ ਮੂਰਤੀ ਦਾ ਇਸ਼ਨਾਨ ਕਰਵਾਇਆ ਗਿਆ ਤੇ ਫਿਰ ਹਵਨ ਯੱਗ ਦੌਰਾਨ ਅਹੂਤੀ ਪਾਈ ਗਈ। ਸ਼ਰਧਾਲੂਆਂ ਵੱਲੋਂ ਬਾਵਾ ਸ਼ਾਂਤੀ ਨਾਥ ਜੀ ਦੀ ਮੂਰਤੀ ਦੀ ਪੂਜਾ ਅਰਚਨਾ ਕੀਤੀ ਗਈ ਤੇ ਉਨ੍ਹਾਂ ਦੇ ਚਰਨਾਂ ਵਿਚ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਇਸ ਮੌਕੇ ਸ਼ਰਧਾਲੂ ਔਰਤਾਂ ਵੱਲੋਂ ਭਜਨ ਕੀਰਤਨ ਕੀਤਾ ਗਿਆ। ਇਸ ਮੌਕੇ ਨਗਰ ਕੌਂਸਲ ਸਾਬਕਾ ਪ੍ਰਧਾਨ ਉਜਾਗਰ ਸਿੰਘ, ਪ੍ਰਧਾਨ ਗੁਰਚਰਨ ਸਿੰਘ ਜਾਂਗੜਾ, ਮਹੇਸ਼ ਕੁਮਾਰ ਗੁਲਾਟੀ, ਮਹਿੰਦਰਪਾਲ ਗੁਲਾਟੀ ਦਿੱਲੀ, ਰਜਿੰਦਰ ਸਚਦੇਵਾ, ਪੰਡਿਤ ਦੁਆਰਕਾ ਪ੍ਰਸ਼ਾਦ, ਰਜਿੰਦਰ ਸਚਦੇਵਾ, ਸ਼ਾਮ ਸੁੰਦਰ, ਚੰਦਨ ਕੁਮਾਰ, ਰਾਜੀਵ ਕੁਮਾਰ, ਵੀਰਦੱਤ, ਹਰਪ੍ਰੀਤ, ਭਾਰਤ ਭੂਸ਼ਨ, ਸਚਿਨ ਸਚਦੇਵਾ, ਇੰਦਰਸੇਨ ਮਨੋਚਾ, ਮਾਘੀ ਰਾਮ, ਰਮੇਸ਼ ਕੁਮਾਰ ਜੈਨ, ਚੂਹੜ ਮਿਸਤਰੀ, ਰਾਜ ਕੁਮਾਰ, ਰਾਜਨ ਗੁਲਾਟੀ, ਕ੍ਰਿਸ਼ਨ ਲਾਲ, ਪਰਮਜੀਤ ਸਿੰਘ ਪੰਮਾ, ਨੰਦ ਲਾਲ, ਮੋਹਿਤ ਸ਼ਰਮਾ, ਵਿਨੋਦ ਸਿੰਗਲਾ, ਧਰਮਪਾਲ, ਸੰਜੀਵ ਨਾਗਪਾਲ, ਤਰਸੇਮ ਚੰਦ, ਮੋਹਣ ਸਿੰਘ, ਦੇਸ ਰਾਜ, ਅਸ਼ੋਕ ਕੁਮਾਰ, ਅਮਨ ਸਚਦੇਵਾ ਮੌਜੂਦ ਸਨ।

## ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਨੂੰ ਖੱਤਰੀ ਸਭਾ ਵੱਲੋਂ ਸ਼ਰਧਾਂਜਲੀ




**ਮੋਗਾ (ਇਕਬਾਲ ਸਿੰਘ ਖਹਿਰਾ)**-13 ਅਪ੍ਰੈਲ 1919 ਨੂੰ ਵਿਸਾਖੀ ਵਾਲੇ ਦਿਨ ਦੇਸ਼ ਖਾਤਰ ਸ਼ਹੀਦ ਹੋਏ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਦੇ 106ਵੇਂ ਸ਼ਹੀਦੀ ਦਿਵਸ 'ਤੇ ਖੱਤਰੀ ਸਭਾ ਮੋਗਾ ਨੇ ਇੱਥੇ ਖੱਤਰੀ ਭਵਨ ਵਿੱਚ ਸਭਾ ਦੇ ਚੇਅਰਮੈਨ ਵਿਜੇ ਧੀਰ ਐਡਵੋਕੇਟ ਤੇ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ ਦੀ ਅਗਵਾਈ ਵਿੱਚ ਇੱਕ ਸ਼ਰਧਾਂਜਲੀ ਸਮਾਰੋਹ ਕਰਕੇ ਇਨ੍ਹਾਂ ਸ਼ਹੀਦਾਂ ਨੂੰ ਯਾਦ ਕੀਤਾ ਅਤੇ ਇਨ੍ਹਾਂ ਸ਼ਹੀਦਾਂ ਨੂੰ ਨਮਨ ਕੀਤਾ ਅਤੇ ਮੈਂਬਰਾਂ ਨੇ ਨਿੱਘੀਆਂ ਸ਼ਰਧਾਂਜਲੀਆਂ ਦਿੱਤੀਆਂ।ਇਸ ਮੌਕੇ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਨੂੰ ਆਪਣੀ ਨਿੱਘੀ ਸ਼ਰਧਾਂਜਲੀ ਦਿੰਦਿਆਂ ਸਭਾ ਦੇ ਚੇਅਰਮੈਨ ਵਿਜੇ ਧੀਰ ਐਡਵੋਕੇਟ ਤੇ ਪ੍ਰਧਾਨ ਡਾਕਟਰ ਐੱਮ ਐੱਲ ਜੈਦਕਾ ਤੇ ਜ਼ਿਲ੍ਹਾ ਪ੍ਰਧਾਨ ਨਰੋਤਮ ਪੁਰੀ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਦੇ ਅੰਦੋਲਨ ਵਿੱਚ ਪੰਜਾਬੀਆਂ ਦਾ ਵੱਡਾ ਯੋਗਦਾਨ ਹੈ ਤੇ ਦੇਸ਼ ਦੀ ਆਜ਼ਾਦੀ ਲਈ ਪੰਜਾਬੀਆਂ ਦੀਆਂ ਦਿੱਤੀਆਂ ਗਈਆਂ ਸ਼ਹੀਦੀਆਂ ਨੂੰ ਭੁਲਾਇਆ ਨਹੀਂ ਜਾ ਸਕਦਾ ਹੈ।ਇਸ ਸ਼ਰਧਾਂਜਲੀ ਸਮਾਰੋਹ ਵਿੱਚ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਨਰੋਤਮ ਪੁਰੀ, ਸਾਬਕਾ ਤਹਿਸੀਲਦਾਰ ਜਸਵੰਤ ਦਾਨੀ, ਭਜਨ ਪ੍ਰਕਾਸ਼ ਵਰਮਾ, ਪ੍ਰਦੀਪ ਭੰਡਾਰੀ, ਡਾਕਟਰ ਮਹਿੰਦਰ ਪਾਲ ਸੱਭਰਵਾਲ, ਬ੍ਰਾਂਡ ਅੰਬੈਸਡਰ ਰਕੇਸ਼ ਸਿਤਾਰਾ, ਡਾਕਟਰ ਜਸਬੀਰ ਸਿੰਘ ਸਹਿਗਲ, ਡਾਕਟਰ ਜਤਿੰਦਰ ਖੁੱਲਰ, ਮਨੋਜ ਜੈਸਵਲ, ਰਕੇਸ਼ ਜੈਸਵਾਲ, ਵਿਜੇ ਪੁਰੀ, ਸੁਸ਼ੀਲ ਸਿਆਲ, ਵਿਕਾਸ ਚੋਪੜਾ, ਸੰਜੀਵ ਕੌੜਾ ਜੀ ਐਸ ਟੀ, ਨਿਸ਼ੀ ਰਕੇਸ਼ ਵਿੱਜ, ਸੁਮਨ ਵਿੱਜ, ਰਾਜੇਸ਼ ਕੋਛੜ, ਸਰਬਜੀਤ ਮੈਂਗੀ, ਸਤਪਾਲ ਭੋਲੇਵਾਲੀਆ, ਨਰੇਸ਼ ਧੀਰ, ਅਸ਼ੋਕ ਧਵਨ, ਡਾਕਟਰ ਵਿਜੇ ਉੱਪਲ, ਜਗਜੀਵ ਧੀਰ ਤੇ ਹਰਪ੍ਰੀਤ ਸਿੰਘ ਸਹਿਗਲ ਵਿਸ਼ੇਸ ਤੌਰ 'ਤੇ ਹਾਜ਼ਰ ਸਨ।

## ਇਨਕਲਾਬੀ ਕਵੀ ਲਾਲ ਸਿੰਘ ਦਿਲ ਨੂੰ ਜਨਮ ਦਿਨ 'ਤੇ ਕੀਤਾ ਯਾਦ



**ਸਮਰਾਲਾ (ਸੁਰਜੀਤ ਸਿੰਘ)**-ਇਨਕਲਾਬੀ ਸ਼ਾਇਰ ਲਾਲ ਸਿੰਘ ਦਿਲ ਦਾ ਜਨਮ ਦਿਨ ਮਨਾਉਂਦੇ ਹੋਏ ਲੇਖਕ ਮੰਚ ਸਮਰਾਲਾ ਦੀ ਇੱਕ ਅਹਿਮ ਮੀਟਿੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਪ੍ਰਧਾਨ ਦਲਜੀਤ ਸਿੰਘ ਸਾਹੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਇਲਾਕੇ ਦੇ ਵਿਦਵਾਨ ਲੇਖਕਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਸੰਸਥਾ ਦੇ ਸਰਪ੍ਰਸਤ ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਆਏ ਹੋਏ ਮਹਿਮਾਨਾਂ ਨੂੰ ਲਾਲ ਸਿੰਘ ਦਿਲ ਦੇ ਜਨਮ ਦਿਨ ਦੀ ਵਧਾਈ ਦਿੰਦਿਆਂ ਉਨ੍ਹਾਂ ਦੇ ਜੀਵਨ ਤੇ ਗ਼ਜ਼ਲਾਂ ਦੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਲਾਲ ਸਿੰਘ ਦਿਲ ਇਸ ਇਲਾਕੇ ਦੇ ਨਾਲ-ਨਾਲ ਸਮੁੱਚੇ ਵਿਸ਼ਵ ਦੀ ਇਨਕਲਾਬੀ ਸ਼ਾਇਰੀ ਦਾ ਸ਼ਾਨਾਮੱਤਾ ਹਸਤਾਖ਼ਰ ਹੈ, ਜਿਸ ਨੇ ਆਪਣੀ ਜ਼ਿੰਦਗੀ ਨੂੰ ਦਲਿਤ ਚੇਤਨਾ ਲਈ ਵਾਰ ਦਿੱਤਾ। ਉਸ ਦੀ ਸ਼ਾਇਰੀ ਸਮਾਜਿਕ ਸਰੋਕਾਰਾਂ ਤੇ ਆਮ ਆਦਮੀ ਨਾਲ ਜੁੜੀ ਹੋਈ ਸੀ ਜੋ ਨਾ-ਬਰਾਬਰੀ ਦੇ ਖਿਲਾਫ਼ ਹਰ ਕਿਸੇ ਨੂੰ ਖੜ੍ਹੇ ਹੋਣ ਦਾ ਹੋਕਾ ਦਿੰਦੀ ਹੈ। ਨੇਤਰ ਸਿੰਘ ਮੁੱਤੋਂ ਨੇ ਟੁੱਟ ਰਹੇ ਰਿਸ਼ਤਿਆਂ ਦੀ ਗੱਲ ਕਰਦੀ ਹੋਈ ਅਪਣੀ ਕਹਾਣੀ ਮੌਸਮ ਪੜ੍ਹੀ। ਅਨਿਲ ਫਤਿਹਗੜ੍ਹ ਜੱਟਾਂ ਨੇ ਗੀਤ ਨਾਲ ਹਾਜ਼ਰੀ ਲਵਾਈ। ਗੁਰਵਿੰਦਰ ਤੇ ਅਮਰਿੰਦਰ ਸੋਹਲ ਦੀਆਂ ਗ਼ਜ਼ਲਾਂ ਨੂੰ ਸਰੋਤਿਆਂ ਨੇ ਭਰਵੀਂ ਦਾਦ ਦਿੱਤੀ। ਬਲਵੰਤ ਮਾਂਗਟ ਦਾ ਖੋਜ ਭਰਪੂਰ ਲੇਖ 'ਜੱਟ ਕੌਣ ਹੁੰਦੇ ਹਨ ?' ਚਰਚਾ ਦਾ ਵਿਸ਼ਾ ਬਣਿਆ। ਇਸ ਤੋਂ ਇਲਾਵਾ ਸੁਖਵਿੰਦਰ ਸਿੰਘ ਭਾਦਲਾ, ਅਮਨ ਅਜ਼ਾਦ, ਸ਼ਾਨ ਬਗਲੀ ਤੇ ਅਵਤਾਰ ਉਟਾਲਾਂ ਨੇ ਆਪੋ-ਆਪਣੇ ਗੀਤਾਂ ਨਾਲ ਹਾਜ਼ਰੀ ਲਵਾਈ। ਇਸ ਮੀਟਿੰਗ ਵਿੱਚ ਪਿਛਲੇ ਕੁਝ ਦਿਨ ਪਹਿਲਾਂ ਵਿਛੜੇ ਕਹਾਣੀਕਾਰ ਪ੍ਰੇਮ ਪ੍ਰਕਾਸ਼, ਹਰਜਿੰਦਰ ਸਿੰਘ ਅਟਵਾਲ, ਬਿਹਾਰੀ ਲਾਲ ਸੱਦੀ, ਫਿਲਮ ਅਦਾਕਾਰ ਮਨੋਜ ਕੁਮਾਰ ਤੇ ਰੰਗਮੰਚ ਅਦਾਕਾਰਾ ਵੀਰ ਸਮਰਾ ਦੀ ਬੇਵਕਤੀ ਮੌਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਨਾਟਕਕਾਰ ਰਾਜਵਿੰਦਰ ਸਮਰਾਲਾ, ਜਗਦੀਸ਼ ਖੰਨਾ, ਹਰਜਿੰਦਰ ਸਿੰਘ ਤੇ ਐਡਵੋਕੇਟ ਕਰਮਚੰਦ ਖੰਨਾ ਵੀ ਸ਼ਾਮਲ ਹੋਏ। ਅਖੀਰ ਵਿੱਚ ਪ੍ਰਧਾਨ ਦਲਜੀਤ ਸਿੰਘ ਸਾਹੀ ਨੇ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ।

## ਡਾ. ਭਵਨਦੀਪ ਉੱਪਲ ਵਿਸ਼ਵ ਵਿਆਪੀ ਪੁਰਸਕਾਰ ਜੇਤੂਆਂ 'ਚ ਸ਼ਾਮਲ



**ਕੋਟਕਪੂਰਾ (ਰਛਪਾਲ ਭੁੱਲਰ)**-ਸਥਾਨਕ ਯੂਨੀਵਰਸਿਟੀ ਕਾਲਜ ਵਿਖੇ ਕੰਮ ਕਰ ਰਹੇ ਭੌਤਿਕ ਵਿਗਿਆਨ ਦੇ ਸਹਾਇਕ ਪ੍ਰੋਫੈਸਰ ਡਾ. ਭਵਨਦੀਪ ਉੱਪਲ ਨੂੰ ਸਵਿਟਜ਼ਰਲੈਂਡ ਦੇ ਸ਼ਹਿਰ ਜਨੇਵਾ ਵਿੱਚ ਲਾਰਜ ਹੈਡਰਨ ਕੋਲਾਈਡਰ ਪ੍ਰਯੋਗ 'ਤੇ ਕੰਮ ਕਰਨ ਲਈ ਬ੍ਰੇਕਥਰੂ ਪੁਰਸਕਾਰ-2025 ਦੇ ਜੇਤੂਆਂ ਵਿੱਚ ਸ਼ਾਮਲ ਕੀਤਾ ਗਿਆ ਹੈ।ਬ੍ਰੇਕਥਰੂ ਪੁਰਸਕਾਰ, ਜਿਸਨੂੰ ਵਿਗਿਆਨ ਦਾ ਆਸਕਰ ਕਿਹਾ ਜਾਂਦਾ ਹੈ, ਦੁਨੀਆ ਦੇ ਸਭ ਤੋਂ ਉਦਾਰ ਵਿਗਿਆਨ ਪੁਰਸਕਾਰਾਂ ਵਿੱਚੋਂ ਇੱਕ ਹੈ।ਡਾ. ਭਵਨਦੀਪ ਉੱਪਲ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਟੀਮ ਦਾ ਹਿੱਸਾ ਸਨ, ਜਿਨ੍ਹਾਂ ਨੇ ਸੀ ਐੱਮ ਐੱਸ ਕੋਲਾਬ੍ਰੇਸ਼ਨ ਵਿੱਚ ਆਪਣੀ ਸ਼ਮੂਲੀਅਤ ਦੁਆਰਾ ਇਸ ਵਿਸ਼ਵ ਵਿਆਪੀ ਪੁਰਸਕਾਰ ਹਾਸਲ ਕਰਨ ਲਈ ਨਿਰੰਤਰ ਯੋਗਦਾਨ ਪਾਇਆ ਹੈ।ਇਹ ਸਨਮਾਨ ਗਲੋਬਲ ਮੈਗਾ ਸਾਇੰਸ ਪ੍ਰੋਜੈਕਟ 'ਤੇ ਨਿਰੰਤਰ ਟੀਮ ਵਰਕ ਦੁਆਰਾ ਸੰਭਵ ਹਾਸਲ ਹੋਇਆ ਹੈ।ਇਸ ਉਪਲਬਧੀ ਲਈ ਯੂਨੀਵਰਸਿਟੀ ਕਾਲਜ ਜੈਤੋ ਦੇ ਪ੍ਰਿੰਸੀਪਲ ਡਾ. ਸਮਰਾਟ ਖੰਨਾ, ਡਾ. ਉੱਪਲ ਨੂੰ ਵਿਸ਼ਵ ਵਿਆਪੀ ਪੁਰਸਕਾਰ ਜੇਤੂਆਂ ਵਿੱਚ ਸ਼ਾਮਲ ਹੋਣ 'ਤੇ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਵੱਲੋਂ ਮੁਬਾਰਕਾਂ ਦਿੱਤੀਆਂ ਗਈਆਂ।

## ਨਰੈਣਗੜ੍ਹ ਸੋਹੀਆਂ ਵਿਖੇ ਖਾਲਸਾ ਪੰਥ ਦਾ ਸਾਜਨਾ ਦਿਵਸ ਮਨਾਇਆ



**ਹਠੂਰ (ਨਛੱਤਰ ਸੰਧੂ)**-ਬਰਨਾਲਾ ਜ਼ਿਲ੍ਹੇ ਦੇ ਪਿੰਡ ਨਰੈਣਗੜ੍ਹ ਸੋਹੀਆਂ ਵਿਖੇ ਸਿੱਖ ਕੌਮ ਦੇ ਕੌਮੀ ਤਿਉਹਾਰ ਖ਼ਾਲਸੇ ਦਾ ਸਾਜਨਾ ਦਿਵਸ ਪਿੰਡ ਵਾਸੀਆਂ ਤੇ ਬਾਬੇ ਸ਼ਹੀਦਾਂ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਬਾਬੇ ਸ਼ਹੀਦਾਂ ਦੀ ਪ੍ਰਬੰਧਕ ਕਮੇਟੀ ਦੇ ਸੇਵਾਦਾਰ ਗੁਰਪ੍ਰੀਤ ਸਿੰਘ ਪੀਤਾ ਤੇ ਪ੍ਰਧਾਨ ਗੁਰਨਾਮ ਸਿੰਘ ਨੇ ਕਿਹਾ ਕਿ ਜਿਹੜੀ ਕੌਮ 'ਚ ਆਪਣੇ ਜਨਮ ਦਿਹਾੜੇ ਨੂੰ ਲੈ ਕੇ ਉਤਸ਼ਾਹ ਮਰ ਜਾਂਦਾ ਹੈ, ਹੌਲੀ ਹੌਲੀ ਆਪਣੀ ਆਜ਼ਾਦੀ ਦੀ ਚਿਣਗ ਵੀ ਮਰ ਜਾਂਦੀ ਹੈ। ਉਨ੍ਹਾਂ ਸੰਗਤਾਂ ਨੂੰ ਕਿਹਾ ਕਿ ਗੁਰੂਆਂ, ਪੀਰਾਂ ਤੇ ਖ਼ਾਲਸੇ ਦੇ ਜਨਮ ਦਿਹਾੜੇ ਬੜੀ ਧੂਮ ਧਾਮ ਨਾਲ ਵੱਡੇ ਪੱਧਰ 'ਤੇ ਮਨਾਉਣੇ ਚਾਹੀਦੇ ਹਨ ਤਾਂ ਹੀ ਅਸੀਂ ਗੁਰੂਆਂ, ਪੀਰਾਂ ਦੇ ਦਰਸਾਏ ਮਾਰਗ 'ਤੇ ਚੱਲ ਸਕਦੇ ਹਾਂ। ਇਸ ਸਮੇਂ ਉਨ੍ਹਾਂ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਿੱਖ ਸੰਗਤਾਂ ਨੂੰ ਖਾਲਸੇ ਦੇ ਸਾਜਨਾ ਦਿਵਸ ਵਿਸਾਖੀ ਦੀਆਂ ਮੁਬਾਰਕਾਂ ਦਿੱਤੀਆਂ ਤੇ ਨੌਜਵਾਨਾਂ ਨੂੰ ਸੰਦੇਸ਼ ਦਿੰਦੇ ਹੋਏ ਕਿਹਾ ਕਿ ਨਸ਼ਿਆਂ ਨੂੰ ਤਿਆਗ ਕੇ ਅੰਮ੍ਰਿਤ ਪਾਨ ਕਰਕੇ ਗੁਰੂ ਵਾਲੇ ਬਣਨ।ਇਸ ਮੌਕੇ ਨੰਬਰਦਾਰ ਜੀਵਨ ਸਿੰਘ, ਸੁਰਿੰਦਰ ਸਿੰਘ ਮਡੀਲਾ ਵਾਲੇ, ਨੰਬਰਦਾਰ ਬਲਵੀਰ ਸਿੰਘ, ਅੱਛਰੂ ਸਿੰਘ ਖਾਲਸਾ, ਸਮਾਜ ਸੇਵੀ ਬਲਬੀਰ ਸਿੰਘ, ਪ੍ਰਧਾਨ ਅਜੀਤ ਸਿੰਘ, ਸੋਹਣ ਸਿੰਘ, ਮਿਸਤਰੀ ਰਾਜਦੀਪ ਸਿੰਘ ਰਾਜੂ ਬਰਨਾਲਾ, ਕਰਨੈਲ ਸਿੰਘ, ਮਿਸਤਰੀ ਬਲਬੀਰ ਸਿੰਘ ਬਰਨਾਲਾ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਵਰਨ ਸਿੰਘ, ਗਿਆਨੀ ਬਲਵੀਰ ਸਿੰਘ, ਅਜੀਤ ਸਿੰਘ ਕਲਕੱਤੇ ਵਾਲੇ, ਗਿਆਨੀ ਗੁਰਜੰਟ ਸਿੰਘ, ਬਿੰਦਰ ਸਿੰਘ ਦੋਧੀ, ਮੰਦਰ ਸਿੰਘ ਅਜੀਤਵਾਲ, ਬਾਰਾ ਸਿੰਘ ਸੱਜਾਵਾਲੀਆ, ਅਰਸ਼ਦੀਪ ਸਿੰਘ, ਪੰਚਾਇਤ ਮੈਂਬਰ ਸੋਮਾ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

## ਮੀਂਹ, ਗੜਿਆਂ ਤੇ ਝੱਖੜ ਨਾਲ ਬਰਬਾਦ ਹੋਈ ਕਣਕ ਦਾ ਮੁਆਵਜ਼ਾ ਸਰਕਾਰ : ਐਡਵੋਕੇਟ ਉੱਡਤ

**ਸਰਦੂਲਗੜ੍ਹ/ਝੁਨੀਰ (ਆਤਮਾ ਸਿੰਘ ਪਮਾਰ)**-ਸੀਪੀਆਈ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਪਿਛਲੇ ਦਿਨੀਂ ਭਾਰੀ ਮੀਂਹ, ਗੜਿਆ ਤੇ ਝੱਖੜ ਨਾਲ ਹਲਕਾ ਸਰਦੂਲਗੜ੍ਹ ਦੇ ਦਰਜਨਾਂ ਪਿੰਡਾ ਦੀਆਂ ਬਰਬਾਦ ਹੋਈਆਂ ਪੱਕੀਆਂ ਫ਼ਸਲਾਂ ਦੀ ਵਿਸ਼ੇਸ਼ ਗਿਰਦਾਵਰੀ ਕਰਵਾ ਕੇ 50 ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਤੇ ਪੀੜਤ ਕਿਸਾਨਾਂ ਦਾ ਕਰਜ਼ਾ ਮੁਆਫ ਕਰਨ ਦੀ ਮੰਗ ਕੀਤੀ ਹੈ।ਉੱਡਤ ਨੇ ਕਿਹਾ ਕਿ ਬੀਤੇ ਦਿਨੀ ਕੁਦਰਤ ਦੀ ਕਰੋਪੀ ਨੇ ਸਰਦੂਲਗੜ੍ਹ ਹਲਕੇ ਦੇ ਦਰਜਨਾਂ ਪਿੰਡਾਂ ਦੇ ਕਿਸਾਨਾਂ ਨੂੰ ਪੂਰੀ ਤਰ੍ਹਾਂ ਬਰਬਾਦ ਕਰਕੇ ਰੱਖ ਦਿੱਤਾ ਹੈ, ਕਿਉਂਕਿ ਕਿਸਾਨਾਂ ਨੇ ਸਾਰੇ ਖਰਚੇ ਕਰ ਲਏ ਸਨ, ਪ੍ਰੰਤੂ ਐਨ ਕਟਾਈ ਦੇ ਵਕ਼ਤ ਕੁਦਰਤ ਨੇ ਕਹਿਰ ਵਰਤ ਗਿਆ।ਕਣਕ ਦੀ ਫਸਲ ਵੀ ਇਸ ਵਾਰ ਇੰਨੀ ਚੰਗੀ ਸੀ ਕਿ ਝਾੜ ਦੇ ਪਿਛਲੇ ਸਾਰੇ ਰਿਕਾਰਡ ਟੁੱਟ ਜਾਣੇ ਸੀ, ਪਰ ਪੰਜਾਬ ਦੀ ਆਪ ਸਰਕਾਰ ਦੇ ਕੰਨ 'ਤੇ ਜੂੰ ਨਹੀਂ ਸਰਕ ਰਹੀ ਤੇ ਅਜੇ ਤੱਕ ਸਰਕਾਰ ਨੇ ਮਾਲ ਅਧਿਕਾਰੀਆਂ ਨੂੰ ਗਿਰਦਾਵਰੀ ਕਰਨ ਦੇ ਹੁਕਮ ਤੱਕ ਵੀ ਨਹੀਂ ਦਿੱਤੇ ਤੇ ਪੀੜਤ ਕਿਸਾਨਾਂ ਦੀ ਕੋਈ ਬਾਂਹ ਨਹੀਂ ਫੜ ਰਿਹਾ।ਐਡਵੋਕੇਟ ਉੱਡਤ ਨੇ ਕਿਹਾ ਕਿ ਮਾਨ ਸਰਕਾਰ ਨੂੰ ਆਪਣੀ ਜ਼ਿੰਮੇਵਾਰੀ ਦਾ ਅਹਿਸਾਸ ਕਰਦਿਆਂ ਫੌਰੀ ਤੌਰ 'ਤੇ ਵਿਸ਼ੇਸ਼ ਗਿਰਦਾਵਰੀ ਕਰਵਾ ਕੇ ਪੀੜਤ ਕਿਸਾਨਾਂ ਨੂੰ ਰਾਹਤ ਦੇਣੀ ਚਾਹੀਦੀ ਹੈ ਤਾਂ ਜੋ ਪੀੜਤਾਂ ਦੇ ਜ਼ਖਮਾਂ 'ਤੇ ਮੱਰਹਮ ਲਾਈ ਜਾ ਸਕੇ ਤੇ ਕਿਸਾਨਾਂ ਦਾ ਅਤੇ ਉਨ੍ਹਾਂ ਦੇ ਪਰਿਵਾਰਾਂ ਦਾ ਜੀਵਨ ਮੁੜ ਪੱਟੜੀ 'ਤੇ ਆ ਸਕੇ।

## ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਵਿਸ਼ੇਸ਼ ਅਸੈਂਬਲੀ ਦਾ ਆਯੋਜਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਸੀ.ਬੀ.ਐੱਸ.ਈ. ਬੋਰਡ ਨਵੀਂ ਦਿੱਲੀ ਦੁਆਰਾ ਐਫੀਲਿਏਟਡ ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵਿਖੇ 10ਵੀਂ ਸਕਾਲਰਜ਼ ਜਮਾਤ ਦੇ ਵਿਦਿਆਰਥੀਆਂ ਦੁਆਰਾ 'ਸੰਸਥਾਪਕ ਦਿਵਸ' 'ਤੇ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ।ਇਸ ਅਸੈਂਬਲੀ ਵਿੱਚ ਵਿਦਿਆਰਥੀਆਂ ਵੱਲੋਂ ਪ੍ਰਾਰਥਨਾ ਗੀਤ, ਪ੍ਰਣ, ਗੀਤ ਤੇ ਇੱਕ ਭਾਸ਼ਣ ਪੇਸ਼ ਕੀਤਾ ਗਿਆ, ਜਿਸ ਤੋਂ ਬਾਅਦ ਸਕੂਲ ਦੇ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਗੀਤਾ ਪਿੱਲੇ ਨੇ ਸਾਰਿਆਂ ਨੂੰ ਸੰਸਥਾਪਕ ਦਿਵਸ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ ਅਤੇ ਸਕੂਲ ਦੀ ਸਥਾਪਨਾ ਦੀ ਯਾਤਰਾ ਤੇ ਸੰਸਥਾਪਕ ਦੇ ਮਹਾਨ ਯੋਗਦਾਨ 'ਤੇ ਚਾਨਣਾ ਪਾਇਆ।ਉਨ੍ਹਾਂ ਸੰਸਥਾਪਕ ਦੇ ਸੁਪਨਿਆਂ ਤੇ ਆਦਰਸ਼ਾਂ ਬਾਰੇ ਚਰਚਾ ਕੀਤੀ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਨਕਸ਼ੇ-ਕਦਮਾਂ 'ਤੇ ਚੱਲਣ ਲਈ ਉਤਸ਼ਾਹਤ ਕੀਤਾ।ਉਨ੍ਹਾਂ ਵੱਲੋਂ ਇੱਕ ਪ੍ਰੇਰਨਾਦਾਇਕ ਭਾਸ਼ਣ ਦਿੱਤਾ ਗਿਆ।ਇਹ ਸਥਾਪਨਾ ਦਿਵਸ ਨਾਲ ਸੰਬੰਧਿਤ ਅਸੈਂਬਲੀ ਨਾ ਸਿਰਫ਼ ਪ੍ਰੇਰਨਾਦਾਇਕ ਸਾਬਿਤ ਹੋਈ, ਸਗੋਂ ਇਸ ਨੇ ਵਿਦਿਆਰਥੀਆਂ ਨੂੰ ਸਕੂਲ ਦੇ ਇਤਿਹਾਸ, ਕਦਰਾਂ-ਕੀਮਤਾਂ ਤੇ ਆਦਰਸ਼ਾਂ ਨਾਲ ਜੁੜਨ ਦਾ ਸੁਨਹਿਰੀ ਮੌਕਾ ਵੀ ਪ੍ਰਦਾਨ ਕੀਤਾ।

## ਗੁ. ਸ੍ਰੀ ਸਿੰਘ ਸਭਾ ਵਿਖੇ ਉਤਸ਼ਾਹ ਨਾਲ ਮਨਾਇਆ ਵਿਸਾਖੀ ਦਾ ਤਿਉਹਾਰ

### ਵਿਧਾਇਕ ਰਾਏ ਨੇ ਖਾਲਸੇ ਦੇ ਸਾਜਨਾ ਦਿਵਸ ਤੇ ਵਿਸਾਖੀ ਦੀ ਦਿੱਤੀ ਵਧਾਈ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਗੁਰਦੁਆਰਾ ਸ੍ਰੀ ਸਿੰਘ ਸਭਾ ਬਾਬਾ ਫ਼ਤਹਿ ਸਿੰਘ ਨਗਰ, ਪ੍ਰੀਤ ਨਗਰ ਸਰਹਿੰਦ ਵਿਖੇ ਸੰਗਤਾਂ ਵੱਲੋਂ ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਦਾ ਦਿਹਾੜਾ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਮਾਗਮ ਵਿੱਚ ਜਿੱਥੇ ਭਾਈ ਲਵਪ੍ਰੀਤ ਸਿੰਘ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਨਿਹਾਲ ਕੀਤਾ, ਉੱਥੇ ਹੀ ਛੋਟੇ-ਛੋਟੇ ਬੱਚਿਆਂ ਨੇ ਵੀ ਧਾਰਮਿਕ ਰਚਨਾਵਾਂ ਪੇਸ਼ ਕਰਕੇ ਆਪਣੀ ਹਾਜ਼ਰੀ ਲਗਵਾਈ, ਜਿਨ੍ਹਾਂ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਨਾਮ ਦੇ ਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ ਗਈ।ਇਸ ਸਮਾਗਮ 'ਚ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਲਖਵੀਰ ਸਿੰਘ ਰਾਏ ਵੀ ਉਚੇਚੇ ਤੌਰ 'ਤੇ ਹਾਜ਼ਰੀ ਲਗਵਾਉਣ ਲਈ ਪਹੁੰਚੇ, ਜਿਨ੍ਹਾਂ ਨੂੰ ਗੁਰਦੁਆਰਾ ਕਮੇਟੀ ਵੱਲੋਂ ਸਿਰੋਪਾਓ ਬਖਸ਼ਿਸ਼ ਕੀਤੇ ਗਏ।ਇਸ ਮੌਕੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਬਲਵਿੰਦਰ ਸਿੰਘ ਸੋਹੀ, ਕੈਸ਼ੀਅਰ ਮੁਖਤਿਆਰ ਸਿੰਘ, ਵਾਰਡ ਨੰਬਰ 3 ਦੇ ਐੱਮ.ਸੀ. ਦਵਿੰਦਰ ਕੌਰ, ਆਪ ਦੇ ਬਲਾਕ ਪ੍ਰਧਾਨ ਪ੍ਰਿਤਪਾਲ ਸਿੰਘ ਜੱਸੀ, ਬੀਬੀ ਸੁਰਿੰਦਰ ਕੌਰ, ਪ੍ਰੀਤਮ ਸਿੰਘ ਨਾਗਰਾ, ਐੱਸ. ਐੱਸ. ਬਾਠ, ਅਜੀਤ ਸਿੰਘ ਖਟੜਾ, ਕਿਰਪਾਲ ਸਿੰਘ ਢਿੱਲੋਂ, ਸਵਰਨ ਸਿੰਘ, ਜਰਨੈਲ ਸਿੰਘ, ਪਿਆਰਾ ਸਿੰਘ, ਹਰਵਿੰਦਰ ਸਿੰਘ ਬੱਬਲ ਤੇ ਸਾਬਕਾ ਮੈਨੇਜਰ ਅਮਰਜੀਤ ਸਿੰਘ ਮੌਜੂਦ ਸਨ।

## ਸਹਾਰਾ ਫਾਊਂਡੇਸ਼ਨ ਨੇ ਬਾਬਾ ਸਾਹਿਬ ਨੂੰ ਕੀਤਾ ਨਮਨ



**ਸੰਗਰੂਰ (ਪ੍ਰਵੀਨ ਸਿੰਘ)**-ਸਹਾਰਾ ਫਾਊਂਡੇਸ਼ਨ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਹਾੜੇ ਮੌਕੇ ਦਫਤਰ ਜ਼ਿਲ੍ਹਾ ਭਲਾਈ ਅਫ਼ਸਰ ਵਿਖੇ ਬਣੀ ਬਾਬਾ ਸਾਹਿਬ ਦੀ ਪ੍ਰਤਿਮਾ ਉੱਪਰ ਫੁੱਲਾਂ ਦੀ ਮਾਲਾ ਪਾ ਕੇ ਉਨ੍ਹਾਂ ਨੂੰ ਨਮਨ ਕੀਤਾ ਗਿਆ।ਸਹਾਰਾ ਦੇ ਮੈਂਬਰਾਂ ਨੇ ਗੱਲ ਵਿੱਚ ਤਿਰੰਗੇ ਸਕਾਰਫ ਪਹਿਣ ਕੇ ਅਤੇ ਤਿਰੰਗੇ ਝੰਡੇ ਨੂੰ ਲਹਿਰਾਉਂਦੇ ਹੋਏ ਬਾਬਾ ਸਾਹਿਬ ਅਮਰ ਰਹੇ ਦੇ ਨਾਅਰੇ ਲਗਾਏ ਤੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ ਗਿਆ।ਸਹਾਰਾ ਦੇ ਚੇਅਰਮੈਨ ਸਰਬਜੀਤ ਸਿੰਘ ਰੇਖੀ ਤੇ ਸਹਾਰਾ ਮੈਡੀਕਲ ਵਿੰਗ ਦੇ ਡਾਇਰੈਕਟਰ ਡਾਕਟਰ ਦਿਨੇਸ਼ ਗਰੋਵਰ ਨੇ ਕਿਹਾ ਕਿ ਬਾਬਾ ਸਾਹਿਬ ਇੱਕ ਵਿਦਵਾਨ, ਵਕੀਲ, ਸਮਾਜ ਸੇਵੀ ਤੇ ਸਿਆਸਤਦਾਨ ਸਨ, ਜਿਨ੍ਹਾਂ ਨੇ ਆਪਣਾ ਜੀਵਨ ਸਮਾਜਿਕ ਨਿਆਂ ਤੇ ਸਮਾਨਤਾ ਲਈ ਸਮਰਪਤ ਕਰ ਦਿੱਤਾ।ਵਰਿੰਦਰਜੀਤ ਸਿੰਘ ਬਜਾਜ ਜਨਰਲ ਸਕੱਤਰ ਤੇ ਸੁਰਿੰਦਰ ਪਾਲ ਸਿੰਘ ਸਿਦਕੀ ਕੋਆਰਡੀਨੇਟਰ ਨੇ ਕਿਹਾ ਕਿ ਬਾਬਾ ਸਾਹਿਬ ਇਕੱਲੇ ਦਲਿਤ ਸਮਾਜ ਦੇ ਨਹੀਂ, ਬਲਕਿ ਉਹ ਸਮਾਜ ਦੇ ਹਰ ਵਰਗ ਵਿੱਚ ਸਨਮਾਨ ਯੋਗ ਸ਼ਖ਼ਸੀਅਤ ਸਨ ਤੇ ਉਨ੍ਹਾਂ ਨੇ ਆਪਣਾ ਪੂਰਾ ਜੀਵਨ ਦੇਸ਼ ਦੀ ਆਜ਼ਾਦੀ ਤੇ ਮਨੁੱਖਤਾ ਦੀ ਸੇਵਾ ਲਈ ਨਿਸ਼ਾਵਰ ਕਰ ਦਿੱਤਾ।ਸਹਾਰਾ ਦੇ ਡਾਇਰੈਕਟਰ ਡਾ. ਸੁਮਿੰਦਰ ਸਿੰਘ, ਸੁਭਾਸ਼ ਕਰਾੜੀਆਂ ਡਾਇਰੈਕਟਰ ਬਲੱਡ ਡੋਨੇਟਰ ਵਿੰਗ ਤੇ ਅਭਿਨੰਦਨ ਚੌਹਾਨ ਸਲਾਹਕਾਰ ਨੇ ਕਿਹਾ ਕਿ ਬਾਬਾ ਸਾਹਿਬ ਦੁਆਰਾ ਬਣਾਏ ਗਏ ਸੰਵਿਧਾਨ ਦੀ ਬਦੌਲਤ ਸਾਡੇ ਭਾਰਤ ਦੇਸ਼ ਦਾ ਕਾਨੂੰਨੀ ਸਿਸਟਮ ਚੱਲ ਰਿਹਾ ਹੈ, ਜਿਸ ਕਰਕੇ ਅਸੀਂ ਅੱਜ ਅਜ਼ਾਦੀ ਦਾ ਆਨੰਦ ਮਾਣ ਰਹੇ ਹਾਂ।ਸਾਨੂੰ ਆਪਣੇ ਬੱਚਿਆਂ ਨੂੰ ਵੀ ਬਾਬਾ ਸਾਹਿਬ ਦੁਆਰਾ ਦੱਸੇ ਗਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।ਇਸ ਮੌਕੇ ਹਰੀਸ਼ ਕੁਮਾਰ ਏ ਐੱਸ ਆਈ ਨੇ ਸਹਾਰਾ ਫਾਊਂਡੇਸ਼ਨ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

...ਸ.ਫਾ 1 ਦੇ ਬਾਕੀ

## ਫਿਰਕਾਪ੍ਰਸਤ ਤਾਕਤਾਂ ਨੂੰ...

ਵਿਰੁੱਧ ਲੜਨਾ ਸੀ। ਉਹਨਾ ਕਿਹਾ ਕਿ ਇਹ ਕੰਮ ਹੁਣ ਸਾਨੂੰ ਕਰਨਾ ਹੋਵੇਗਾ। ਉਹਨਾ ਕਿਹਾ ਕਿ ਲੋਕਾਂ ਨੂੰ ਆਪਸ ਵਿੱਚ ਪਾੜ ਕੇ ਪਹਿਲਾਂ ਅੰਗਰੇਜ਼ ਰਾਜ ਕਰਦੇ ਸਨ, ਹੁਣ ਭਾਰਤੀ ਜਨਤਾ ਪਾਰਟੀ ਉਸੇ ਲੀਹ 'ਤੇ ਚੱਲ ਰਹੀ ਹੈ।

ਮਾੜੀਮੇਘਾ ਨੇ ਵਕਫ ਸੋਧ ਕਨੂੰਨ ਦਾ ਸਖਤ ਵਿਰੋਧ ਕੀਤਾ ਤੇ ਇਸ ਨੂੰ ਘੱਟ ਗਿਣਤੀਆਂ ਦੇ ਧਾਰਮਕ ਮਾਮਲਿਆਂ ਵਿੱਚ ਸਿੱਧੀ ਦਖਲਅੰਦਾਜ਼ੀ ਆਖਿਆ। ਬੁਲਾਰਿਆਂ ਨੇ ਪੰਜਾਬ ਦੀ ਮਾਨ ਤੇ ਕੇਂਦਰ ਦੀ ਮੋਦੀ ਸਰਕਾਰ ਦੀ ਮਜ਼ਦੂਰ, ਕਿਸਾਨ ਤੇ ਲੋਕ ਵਿਰੋਧੀ ਨੀਤੀ ਦੀ ਸਖਤ ਆਲੋਚਨਾ ਕਰਦਿਆਂ ਇੱਕਮੁੱਠ ਹੋ ਕੇ ਇਸ ਵਿਰੁੱਧ ਲੜਨ ਦਾ ਅਹਿਦ ਕੀਤਾ। ਰਾਣਾ ਸੋਢੀ ਕਲਾ ਮੰਚ ਲਾਂਬੜਾ ਵੱਲੋਂ ਇਨਕਲਾਬੀ ਨਾਟਕ ਪੇਸ਼ ਕੀਤੇ ਗਏ। ਲੰਗਰ ਵੀ ਅਤੁੱਟ ਵਰਤਿਆ ਤੇ ਬਾਅਦ ਵਿੱਚ ਕਬੱਡੀ ਮੈਚ ਵੀ ਹੋਏ। ਸਟੇਜ ਦੀ ਕਾਰਵਾਈ ਬਲਬੀਰ ਸਿੰਘ ਬਾਜਵਾ ਨੇ ਬਾਖੂਬੀ ਨਿਭਾਈ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

Sr. DEN/-IV/FZR ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਦਿਤੀਆਂ ਗਈਆਂ ਈ-ਨਿਵਿਦਾਵਾਂ, ਦੇ ਲਈ ਖੁਲ੍ਹੀਆਂ ਨਿਵਿਦਾਵਾਂ (ਈ-ਨਿਵਿਦਾਵਾਂ) ਮੰਗ ਕਰਦੇ ਹਨ ਅਤੇ ਸਮਾਪਨ ਮਿਤੀ ਦੇ ਨਾਲ www.ireps.gov.in 'ਤੇ ਉਪਲਬਧ ਹਨ 02.05.2025 ਤਕ 15:00 ਘੰਟੇ ਬੋਲੀਦਾਤਾ ਆਪਣੀ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਜਮ੍ਹਾ ਕਰ ਸਕਦੇ ਹਨ। ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਆਫਰ ਨੂੰ ਅਣਦੇਖਾ ਕਰ ਦਿਤਾ ਜਾਵੇਗਾ।।ਠੇਕੇਦਾਰ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਦਸਤਾਵੇਜ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਤੇ ਭੁਗਤਾਨ ਮੋਡ ਦੇ ਨਾਲ ਕਰਨ ਦੀ ਇਜਾਜਤ ਹੈ। ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਜਿਵੇਂ ਪੋਰਟਲ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ ਲਾਗ ਆਨ ਕਰੋ www.ireps.gov.in

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਨਿਵਿਦਾ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਨਿਵਿਦਾ ਸ਼ੁਰੂ ਹੋਣ ਦੀ ਮਿਤੀ | ਨਿਵਿਦਾ ਬੰਦ ਕਰਨ ਦੀ ਮਿਤੀ/ਸਮਾਂ |
| 11.04.2025 | 18.04.2025 | 02.05.2025 15:00 |

| ਲ. ਨੰ. | ਨਿਵਿਦਾ ਨੰ. | ਨਿਵਿਦਾ ਦਾ ਵੇਰਵਾ | | |
|---|---|---|---|---|
| 1. | 01-2025-26-BDGM-DRM-JAT | ADEN/BDGM ਦੇ ਤਹਿਤ SDUA, KAPE, PMPE, MZMA, PTTN ਅਤੇ HME ਰੇਲਵੇ ਸਟੇਸ਼ਨ ਤੇ ਸ਼ੌਚਾਲਯਾਂ ਦਾ ਨਵੀਨੀਕਰਨ ਅਤੇ ADEN/MCTM ਦੇ ਤਹਿਤ SVDK ਰੇਲਵੇ ਸਟੇਸ਼ਨ ਤੇ ਸ਼ੌਚਾਲਯ ਦਾ ਨਵੀਨੀਕਰਨ | | |
| | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੋਡਿਟੀ | ਸਮਾਪਨ ਦੀ ਅਵਧੀ |
| | 4499466.19/- | 90000 | 60 ਦਿਨ | 06 ਮਹੀਨੇ |
| | ਸਮਾਨ ਨੇਚਰ ਦਾ ਕੰਮ - "ਕੋਈ ਕੰਮ ਨਹੀਂ" | | | |

ਨੋਟ : 1. ਬੋਲੀ ਲਗਾਉਣ ਤੋਂ ਪਹਿਲਾਂ ਬੋਲੀ ਲਗਾਉਣ ਵਾਲਿਆਂ ਨੂੰ ਜਾਂਚ ਕਰਨੀ ਹਵੇਗੀ ਨਿਵਿਦਾ ਦੇ ਵਿਰੁਧ ਜਾਰੀ ਕਿਸੇ ਵੀ ਸ਼ੁਧੀਪੱਤਰ ਦੇ ਲਈ।

ਨਿਵਿਦਾ ਸੂਚਨਾ ਕ੍ਰਮਾਂਕ :- 770-W/169/WA/FZR/2024-25 ਤਾਰੀਕ : 13.04.2025 1107/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

15-April-PAGE-3.qxd 4/14/2025 10:25 PM Page 1



# ਵਪਾਰਕ ਸਥਾਨਾਂ 'ਤੇ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਨਾ ਕਰੋ : ਸੁਖਜਿੰਦਰ ਸਿੰਘ

**ਗੁਰਦਾਸਪੁਰ, (ਜਨਕ ਮਹਾਜਨ)**

ਸ੍ਰੀ ਸੁਖਜਿੰਦਰ ਸਿੰਘ ਜ਼ਿਲ੍ਹਾ ਕੰਟਰੋਲਰ, ਖ਼ੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ, ਗੁਰਦਾਸਪੁਰ ਨੇ ਕਿਹਾ ਹੈ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅਧੀਨ ਆਉਂਦੇ ਬਜ਼ਾਰਾਂ ਵਿੱਚ ਆਮ ਵੇਖਣ ਵਿੱਚ ਆਉਂਦਾ ਹੈ ਕਿ ਹੋਟਲਾਂ, ਰੈਸਟੋਰੈਂਟਾਂ, ਰੇੜੀਆਂ, ਢਾਬਿਆਂ, ਪੈਲੇਸਾਂ ਆਦਿ ਵਿੱਚ ਵਪਾਰਕ ਗੈਸ ਸਿਲੰਡਰਾਂ ਦੀ ਜਗ੍ਹਾ 'ਤੇ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਕੀਤੀ ਜਾ ਰਾਹੀਂ ਜੋ ਕਿ ਲਿਕਊਫਾਈਡ ਪੈਟਰੋਲੀਅਮ ਗੈਸ (ਰੈਗੂਲੇਸ਼ਨ ਆਫ਼ ਸਪਲਾਈ ਐਂਡ ਡਿਸਟ੍ਰੀਬਿਊਸ਼ਨ) ਆਰਡਰ, 2000/ ਮਾਰਕੀਟਿੰਗ ਡਸਿਪਲਿਨ ਗਾਈਡਲਾਈਨਸ ਦੇ ਨਿਯਮਾਂ ਦੀ ਉਲੰਘਣਾ ਹੈ।ਇਸ ਸੰਬੰਧੀ ਜ਼ਿਲ੍ਹਾ ਕੰਟਰੋਲਰ, ਗੁਰਦਾਸਪੁਰ ਸੁਖਜਿੰਦਰ ਸਿੰਘ ਨੇ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅਧੀਨ ਆਉਂਦੇ ਹੋਟਲਾਂ, ਰੈਸਟੋਰੈਂਟਾਂ, ਰੇੜੀਆਂ, ਢਾਬਿਆਂ, ਪੈਲੇਸ ਮਾਲਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਵਪਾਰਕ ਸਥਾਨਾਂ ਉੱਪਰ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਬਿਲਕੁੱਲ ਨਾ ਕਰਨ ਅਤੇ ਕੇਵਲ ਵਪਾਰਕ ਗੈਸ ਸਿਲੰਡਰਾਂ ਦੀ ਵਰਤੋਂ ਕਰਨੀ ਯਕੀਨੀ ਬਣਾਈ ਜਾਵੇ।ਇਸ ਤੋਂ ਇਲਾਵਾ ਉਨ੍ਹਾਂ ਗੈਸ ਏਜੰਸੀ ਮਾਲਕਾ ਨੂੰ ਵੀ ਅਪੀਲ ਕੀਤੀ ਹੈ ਕਿ ਖਪਤਕਾਰਾਂ ਨੂੰ ਗੈਸ (ਭਰਿਆ ਸਿਲੰਡਰ) ਵਜ਼ਨ ਕਰਕੇ ਦਿੱਤਾ ਜਾਵੇ ਅਤੇ ਡਲਿਵਰੀ ਮੈਨ ਭਾਰ ਤੋਲਣ ਵਾਲੀ ਮਸ਼ੀਨ ਹਮੇਸ਼ਾ ਨਾਲ ਰੱਖਣਗੇ। ਉਨ੍ਹਾਂ ਗੈਸ ਏਜੰਸੀ ਮਾਲਕਾ ਨੂੰ ਇਹ ਵੀ ਹਦਾਇਤ ਕੀਤੀ ਕਿ ਜੇਕਰ ਉਨ੍ਹਾਂ ਦਾ ਡਲਿਵਰੀ ਮੈਨ ਹੋਟਲਾਂ, ਰੈਸਟੋਰੈਂਟਾਂ, ਰੇੜੀਆਂ, ਢਾਬਿਆਂ, ਪੈਲੇਸਾਂ ਆਦਿ ਤੇ ਘਰੇਲੂ ਗੈਸ ਸਿਲੰਡਰ ਦਿੰਦਾ ਫੜਿਆ ਗਿਆ ਤਾਂ ਉਸਦੇ ਖ਼ਿਲਾਫ਼ ਤੁਰੰਤ ਕਾਨੂੰਨੀ ਕਾਰਵਾਈ (ਸਮੇਤ ਗੈਸ ਏਜੰਸੀ ਮਾਲਕ) ਅਮਲ ਵਿੱਚ ਲਿਆਂਦੀ ਜਾਵੇਗੀ।

# ਅੱਜ ਜਾਂ ਕੱਲ੍ਹ ਤੱਕ ਸਟਾਫ ਨੂੰ ਤਨਖ਼ਾਹ ਮਿਲਣ ਦੀ ਬੱਝੀ ਆਸ

**ਵੇਰਕਾ (ਰਾਣਾ)**

ਜ਼ਿਲਾ ਸਿੱਖਿਆ ਅਫਸਰ (ਐਲੀ:) ਅੰਮ੍ਰਿਤਸਰ ਨੇ ਸਰਕਾਰ ਦੀਆਂ ਹਿਦਾਇਤਾਂ/ਨਿਯਮਾਂ ਨੂੰ ਨਜ਼ਰ-ਅੰਦਾਜ ਕਰਦੇ ਹੋਏ ਬੀਤੇ ਮਿਤੀ 3 ਅਪ੍ਰੈਲ ਨੂੰ ਇੱਕ ਪੱਤਰ ਜਾਰੀ ਕਰਕੇ ਦਫਤਰ ਲੇਖਾ-1 ਨੂੰ ਹੁਕਮ ਦਿੱਤਾ ਕਿ ਸਮੂਹ ਸਟਾਫ (ਟੀਚਿੰਗ ਅਤੇ ਨਾਨ ਟੀਚਿੰਗ) ਨੂੰ ਤਨਖਾਹ ਸਾਲ 2025-2026 ਬਜਟ ਇਨ੍ਹਾਂ ਨੂੰ ਅਲਾਟ ਨਾ ਕੀਤਾ ਜਾਵੇ। ਜਿਸ ਕਾਰਨ ਸਿੱਖਿਆ ਮਹਿਕਮੇ 'ਚ ਕੰਮ ਕਰਨ ਵਾਲੇ ਸਮੂਹ ਟੀਚਰ ਅਤੇ ਨਾਨ ਟੀਚਿੰਗ ਸਟਾਫ ਨੂੰ ਸਾਲ ਦੇ ਬਾਕੀ ਮਹੀਨਿਆਂ ਦੀ ਬਜਾਏ ਸਭ ਤੋਂ ਵੱਧ ਖਰਚ-ਖਰਚਾਅ ਵਾਲੇ ਮੰਨੇ ਜਾਂਦੇ ਅਪ੍ਰੈਲ ਮਹੀਨੇ ਵਿੱਚ ਮਿਲਣਯੋਗ ਤਨਖਾਹ ਨਸੀਬ ਨਹੀਂ ਹੋ ਸਕੀ।ਜਿਸ ਨਾਲ ਉਹ ਭਾਰੀ ਸਮੱਸਿਆ ਦਾ ਸਾਹਮਣਾ ਕਰਨ ਵਾਸਤੇ ਮਜਬੂਰ ਤੇ ਬੇਵੱਸ ਹੋਏ ਪਏ ਹਨ।ਪ੍ਰੰਤੂ ਬੀਤੇ ਕੱਲ੍ਹ 13 ਅਪ੍ਰੈਲ ਨੂੰ 'ਨਵਾਂ ਜਮਾਨਾ' ਅਖ਼ਬਾਰ ਵਿੱਚ 'ਡੀ ਈ ਓ (ਐਲੀ.) ਨੇ ਰੋਕਿਆ ਬਜਟ, ਸਟਾਫ ਤੰਗ' ਸਿਰਲੇਖ ਹੇਠ ਲੱਗੀ ਖਬਰ ਦਾ ਅਸਰ ਉਦੋਂ ਵੇਖਣ ਨੂੰ ਮਿਲਿਆ, ਜਦੋਂ ਸਿੱਖਿਆ ਵਿਭਾਗ ਪੰਜਾਬ ਦੇ ਡਾਇਰੈਕਟਰ ਸਿੱਖਿਆ (ਐਲੀ:) ਐਸ.ਸ.ਨਗਰ ਹਰਕੀਰਤ ਕੌਰ ਚਾਨੇ ਨੇ ਫੌਰੀ ਕਾਰਵਾਈ ਅਮਲ 'ਚ ਲਿਆਉਂਦੇ ਹੋਏ, ਉਕਤ ਆਪਹੁਦਰੇ 'ਤੇ ਆਪਣੇ ਕਰਤੱਵਾਂ ਦੀ ਆਯੋਗ ਵਰਤੋਂ ਕਰਨ ਵਾਲੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਦੀ ਜਵਾਬ-ਤਲਬੀ ਕਰਨ ਉਪਰੰਤ ਸਮੂਹ ਟੀਚਰ ਅਤੇ ਨਾਨ ਟੀਚਿੰਗ ਸਟਾਫ ਦੀ ਬੰਦ ਕੀਤੀ ਹੋਈ ਤਨਖ਼ਾਹ ਉਨ੍ਹਾਂ ਨੂੰ ਤੁਰੰਤ ਦਿੱਤੇ ਜਾਣ ਦਾ ਆਦੇਸ਼ ਦਿੱਤਾ।ਜਿਸ ਨਾਲ ਜਿਲ੍ਹੇ ਭਰ ਦੇ ਸਮੂਹ ਸਟਾਫ ਨੂੰ ਅੱਜ ਜਾਂ ਕੱਲ੍ਹ ਤੱਕ ਹੁਣ ਮਾਰਚ ਮਹੀਨੇ ਦੀ ਤਨਖ਼ਾਹ ਮਿਲਣ ਦੀ ਆਸ/ ਉਮੀਦ ਬੱਝ ਜਾਣ ਕਾਰਨ ਉਨ੍ਹਾਂ ਅੰਦਰ ਅਥਾਹ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਸੰਬੰਧ ਵਿੱਚ ਉਨ੍ਹਾਂ ਨੇ 'ਅਦਾਰਾ ਨਵਾਂ ਜਮਾਨਾ' ਦਾ ਤਹਿ ਦਿਲੋਂ ਧੰਨਵਾਦ ਵੀ ਕੀਤਾ।ਇੱਥੇ ਇਸ ਸੰਬੰਧੀ ਦੱਸਣਯੋਗ ਵੀ ਹੈ ਕਿ ਪੰਜਾਬ ਸਰਕਾਰ ਵਿੱਤ ਵਿਭਾਗ (ਵਿੱਤ ਬਜਟ-2ਸ਼ਾਖਾ) ਵੱਲੋਂ 30 ਜੁਲਾਈ 2023 ਨੂੰ ਪੱਤਰ ਜਾਰੀ ਕਰਦੇ ਹੋਏ ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਆਪਣੇ ਮੁਲਾਜ਼ਮਾਂ ਨੂੰ ਸਮੇਂ ਸਿਰ ਤਨਖਾਹ ਅਦਾਇਗੀ ਕਰਨ ਦੀ ਹਿਦਾਇਤ ਦਿੱਤੀ ਗਈ ਸੀ।ਇਸ ਬਾਬਤ ਪੱਤਰ 'ਚ ਲਿਖਿਆ ਗਿਆ ਸੀ ਕਿ ਵਿੱਤ ਵਿਭਾਗ ਵੱਲੋਂ ਵੱਖ-ਵੱਖ ਵਸੀਲਿਆਂ ਤੋਂ ਤਨਖਾਹਾਂ ਦੇਣ ਸੰਬੰਧੀ ਆਪਣੇ ਮੁਲਾਜ਼ਮਾਂ ਨੂੰ ਦੇਣ ਵਾਸਤੇ ਰਾਸ਼ੀ ਦਾ ਪ੍ਰਬੰਧ ਕਰਕੇ ਰੱਖਿਆ ਜਾਂਦਾ ਹੈ।ਪਰ ਇਹ ਅਕਸਰ ਵੇਖਿਆ ਜਾਂਦਾ ਹੈ ਕਿ ਵਿਭਾਗਾਂ ਦੇ ਡੀ ਡੀ ਓਜ ਵੱਲੋਂ ਆਪਣੇ ਮੁਲਾਜ਼ਮਾਂ ਨੂੰ ਤਨਖ਼ਾਹ ਦਿਵਾਉਣ ਲਈ ਸਮੇਂ ਸਿਰ ਖਜ਼ਾਨਾ ਦਫਤਰ 'ਚ ਬਿੱਲ ਪੇਸ਼ ਨਹੀਂ ਕੀਤੇ ਜਾਂਦੇ ਹਨ। ਇਸ ਤਰ੍ਹਾਂ ਮੁਲਾਜ਼ਮਾਂ ਨੂੰ ਵਕਤ ਸਿਰ ਤਨਖ਼ਾਹਾਂ ਨਾ ਮਿਲਣ ਕਰਕੇ ਸਰਕਾਰ ਦਾ ਅਕਸ/ਰੁਤਬਾ ਖਰਾਬ ਹੁੰਦਾ ਹੈ।ਸੰਬੰਧਿਤ ਮੁਲਾਜ਼ਮਾਂ ਨੂੰ ਜਾਪਦਾ ਹੈ ਕਿ ਸਾਇਦ ਵਿੱਤ ਵਿਭਾਗ ਵੱਲੋਂ ਤਨਖ਼ਾਹ ਜਾਰੀ ਨਹੀਂ ਕੀਤੀ ਗਈ। ਉਨ੍ਹਾਂ ਵਿਭਾਗਾਂ ਦੇ ਸਮੂਹ ਡੀ ਡੀ ਓਜ ਨੂੰ ਸਖ਼ਤ ਹਿਦਾਇਤ ਕਰਨ ਦੇ ਆਦੇਸ਼ ਦਿੱਤੇ ਸਨ ਕਿ ਮੁਲਾਜ਼ਮਾਂ ਦੇ ਤਨਖ਼ਾਹ ਸੰਬੰਧੀ ਬਿੱਲ ਖਜ਼ਾਨ ਦਫਤਰ ਵਿੱਚ ਹਰ ਮਹੀਨੇ ਦੀ 7 ਤਰੀਕ ਤੱਕ ਲਗਾਉਣਾ ਯਕੀਨੀ ਬਨਾਉਣ ਤਾਂ ਜੋ ਸਰਕਾਰ ਵੱਲੋਂ ਮੁਲਾਜ਼ਮਾਂ ਨੂੰ ਤਨਖ਼ਾਹਾਂ ਸਮੇਂ ਸਿਰ ਅਦਾ ਕੀਤੀਆਂ ਜਾਣ। ਜੇਕਰ ਫਿਰ ਵੀ ਕਿਸੇ ਡੀ ਡੀ ਓਜ ਵੱਲੋਂ ਕੋਈ ਅਣਗਹਿਲੀ ਕੀਤੀ ਗਈ ਤਾਂ ਸੰਬੰਧਿਤ ਡੀ ਡੀ ਓਜ ਵਿਰੁੱਧ ਸਖ਼ਤ ਕਾਰਵਾਈ ਆਰੰਭ ਦਿੱਤੀ ਜਾਵੇਗੀ।

# ਬਲਬੀਰ ਸਿੰਘ ਪਨੂੰ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਕੀਤੀਆਂ ਹੱਲ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**

ਬਲਬੀਰ ਸਿੰਘ ਪੰਨੂ, ਚੇਅਰਮੈਨ ਪਨਸਪ ਪੰਜਾਬ ਵੱਲੋਂ ਸ਼ਹਿਰ ਫਤਿਹਗੜ੍ਹ ਚੂੜੀਆਂ ਦੇ ਪਾਰਟੀ ਦਫਤਰ ਵਿੱਚ ਲੋਕ ਮਿਲਣੀ ਕੀਤੀ ਗਈ।ਜਿਸ ਵਿੱਚ ਉਨ੍ਹਾਂ ਨੇ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਮੌਕੇ 'ਤੇ ਹੀ ਮੁਸ਼ਕਲਾਂ ਨੂੰ ਹੱਲ ਕੀਤਾ ਗਿਆ।ਚੇਅਰਮੈਨ ਬਲਬੀਰ ਸਿੰਘ ਪਨੂੰ ਨੇ ਲੋਕਾਂ ਨੂੰ ਪੂਰਾ ਵਿਸ਼ਵਾਸ ਦਿਵਾਇਆ ਕਿ ਹਰੇਕ ਵਿਅਕਤੀ ਦਾ ਕੰਮ ਪਹਿਲ ਦੇ ਆਧਾਰ 'ਤੇ ਕੀਤਾ ਜਾ ਰਿਹਾ ਹੈ ਅਤੇ ਬਿਨਾਂ ਭੇਦਭਾਵ ਦੇ ਹਰ ਇੱਕ ਦੀ ਮੁਸ਼ਕਿਲ ਸੁਣਕੇ ਉਸ ਦਾ ਹੱਲ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡਾਂ ਅਤੇ ਸ਼ਹਿਰਾਂ ਦਾ ਸਰਬਪੱਖੀ ਵਿਕਾਸ ਕਾਰਜ ਕਰਵਾਇਆ ਜਾ ਰਿਹਾ ਹੈ ਅਤੇ ਹਲਕਾ ਵਾਸੀਆਂ ਨੂੰ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਪੁੱਜਦਾ ਕਰਨ ਨੂੰ ਯਕੀਨੀ ਬਣਾਇਆ ਗਿਆ ਹੈ।ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਰਜੀਵ ਸ਼ਰਮਾ, ਪ੍ਰਧਾਨ ਤੇਜਵਿੰਦਰ ਸਿੰਘ, ਯੂਥ ਪ੍ਰਧਾਨ ਮਾਧਵ ਬੇਦੀ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਨਵੀਸ਼ ਨੰਦਾ , ਡਾਕਟਰ ਮੰਗਲ ਸਿੰਘ, ਰਾਮ ਸਿੰਘ ਮੁਖਵਿੰਦਰ ਸਿੰਘ, ਸਰਬਜੀਤ ਸਿੰਘ ਖਾਲਸਾ ਘਣੀਏ ਕੇ ਬਾਂਗਰ, ਗੁਰਪ੍ਰੀਤ ਸਿੰਘ ਖੋਦੇ ਬਾਂਗਰ, ਜੱਗਾ ਰੰਧਾਵਾ ਵੀਲਾ, ਸਰਪੰਚ ਰਾਜਬੀਰ ਬੱਦੋਵਾਲ, ਹਰਬੀਤ ਸਿੰਘ ਢਾਂਡੇ ਸਰਪੰਚ ਬਖਸ਼ੀਸ਼ ਸਿੰਘ, ਜਗਦੀਪ ਸਿੰਘ, ਕੈਪਟਨ ਸੁਰਜਨ ਸਿੰਘ, ਕੁਲਦੀਪ ਸਿੰਘ, ਰਾਜ ਸਿੰਘ, ਕੁਲਵਿੰਦਰ ਸਿੰਘ, ਸਰਪੰਚ ਬਲਵਿੰਦਰ ਸਿੰਘ ਮਲਕਵਾਲ, ਗੁਰਮੀਤ ਸਿੰਘ ਦਾਦੂਯੋਧ, ਪਰਮਜੋਤ ਸਿੰਘ ਰੁਪੋਵਾਲੀ, ਕਮਲਜੀਤ ਸਿੰਘ ਕਿਲਾ ਦੇਸਾ ਸਿੰਘ, ਅਮਨਦੀਪ ਸਿੰਘ ਗੋਪੀ ਝੰਜੀਆਂ ਕਲਾਂ, ਸੁਖਦੇਵ ਸਿੰਘ ਝੰਜੀਆਂ ਖੁਰਦ, ਸਰਪੰਚ ਹਰਦੀਪ ਸਿੰਘ, ਸਰਪੰਚ ਗੁਰਵਿੰਦਰ ਸਿੰਘ, ਕੁਲਬੀਰ ਸਿੰਘ, ਗੁਰਦੇਵ ਔਜਲਾ, ਮਲਜਿੰਦਰ ਸਿੰਘ ਪੁਰੀਆ, ਰਘਬੀਰ ਸਿੰਘ ਅਠਵਾਲ, ਡਾ. ਸੋਨੀ, ਗਗਨਦੀਪ ਸਿੰਘ ਕੋਟਲਾ ਬਾਮਾ ਹਰਪ੍ਰੀਤ ਸਿੰਘ, ਜਗਜੀਤ ਸਿੰਘ ਜੱਗਾ, ਗੁਰ ਪ੍ਰਤਾਪ ਸਿੰਘ ਅਤੇ ਹੋਰ ਵੀ ਬਹੁਤ ਸਾਰੇ ਸੀਨੀਅਰ ਵਰਕਰ ਹਾਜ਼ਰ ਸਨ।

# ਮੈਲਬੌਰਨ ਦੀ ਵਿਕਟੋਰੀਆ ਪਾਰਲੀਮੈਂਟ 'ਚ ਸੰਤ ਬਾਬਾ ਸੁੱਖਾ ਸਿੰਘ ਦਾ ਸਨਮਾਨ

**ਚੋਹਲਾ ਸਾਹਿਬ ( ਰਮਨ ਚੱਡਾ)**

ਸੰਪਰਦਾਇ ਕਾਰ ਸੇਵਾ ਸੰਤ ਬਾਬਾ ਤਾਰਾ ਸਿੰਘ, ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਨੂੰ ਆਸਟ੍ਰੇਲੀਆ ਵਿਚ ਮੈਲਬੌਰਨ ਦੀ ਵਿਕਟੋਰੀਆ ਪਾਰਲੀਮੈਂਟ 'ਚ ਬੁਲਾ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪੁਆਇੰਟ ਕੁੱਕ ਇਲਾਕੇ ਤੋਂ ਐਮ ਪੀ ਮੈਥਿਊ ਹਿਲਾਕਰੀ ਨੇ ਆਖਿਆ ਮਹਾਨ ਸੰਤ ਅਤੇ ਸਮਾਜ ਸੇਵਕ ਸੰਤ ਬਾਬਾ ਸੁੱਖਾ ਸਿੰਘ ਵੱਲੋਂ ਸਮਾਜ ਭਲਾਈ ਹਿੱਤ ਕੀਤੇ ਜਾਂਦੇ ਸੇਵਾ ਕਾਰਜ ਬਹੁਤ ਪ੍ਰਸੰਸਾਯੋਗ ਹਨ।ਅਸੀਂ ਉਹਨਾਂ ਦਾ ਵਿਕਟੋਰੀਆ ਪਾਰਲੀਮੈਂਟ ਵਿੱਚ ਸਵਾਗਤ ਕਰਦੇ ਹਾਂ ਅਤੇ ਇਕ ਸਨਮਾਨ ਪੱਤਰ ਭੇਟ ਕਰਦੇ ਹਾਂ।ਜ਼ਿਕਰਯੋਗ ਹੈ ਕਿ ਮਹਾਂਪੁਰਖ ਸੰਤ ਬਾਬਾ ਸੁੱਖਾ ਸਿੰਘ ਵੱਲੋਂ ਪੰਜਾਬ ਦੇ ਹੜ੍ਹਾਂ ਦੌਰਾਨ ਸਾਲ 2023 ਵਿਚ ਨਿਭਾਈਆਂ ਗਈਆਂ ਸੇਵਾਵਾਂ, ਸਿੱਖ ਇਤਿਹਾਸ ਦੇ ਸੁਨਹਿਰੀ ਪੰਨਿਆਂ 'ਤੇ ਦਰਜ ਹੋਈਆਂ ਹਨ।ਆਉਣ ਵਾਲੀਆਂ ਨਸਲਾਂ ਜਦੋਂ ਵੀ ਸਾਲ 2023 ਦੇ ਹੜ੍ਹਾਂ ਬਾਬਤ ਪੜ੍ਹਿਆ ਕਰਨਗੀਆਂ, ਸੰਤ ਬਾਬਾ ਸੁੱਖਾ ਸਿੰਘ ਵਲੋਂ ਬੰਨ੍ਹੇ ਗਏ ਬੰਨ੍ਹਾਂ ਦੀ ਦਾਸਤਾਨ ਉਹਨਾਂ ਦੇ ਸਾਹਮਣੇ ਆ ਜਾਇਆ ਕਰੇਗੀ।ਸੰਤ ਬਾਬਾ ਸੁੱਖਾ ਸਿੰਘ ਦਾ ਵਿਕਟੋਰੀਆ ਪਾਰਲੀਮੈਂਟ ਵਿਚ ਸਨਮਾਨ ਹੋਣ ਨਾਲ ਗੁਰੂ ਨਾਨਕ ਸਾਹਿਬ ਦੇ ਘਰ ਦਾ ਸੇਵਾ ਸਿਧਾਂਤ ਦਾ ਅਮਲ ਪੂਰੀ ਦੁਨੀਆਂ ਵਿਚ ਸਲਾਹਿਆ ਜਾ ਰਿਹਾ ਹੈ।ਉਹਨਾਂ ਵੱਲੋਂ ਨਿਰੰਤਰ ਕੀਤੇ ਜਾ ਰਹੇ ਸੇਵਾ ਕਾਰਜ ਜਿਵੇਂ ਵਾਤਾਵਰਣ ਸੰਭਾਲ ਹਿੱਤ ਵੱਡੇ ਪੱਧਰ 'ਤੇ ਰੁੱਖ ਲਗਾਉਣੇ, ਗਰੀਬ ਪਰਵਾਰਾਂ ਦੀ ਲੜਕੀਆਂ ਦੇ ਸਮੂਹਕ ਅਨੰਦ ਕਾਰਜ ਕਰਾਉਣੇ, ਖ਼ੂਨਦਾਨ ਅਤੇ ਮੈਡੀਕਲ ਕੈਂਪ ਲਗਾਉਣੇ, ਗਰੀਬ ਵਿਦਿਆਰਥੀਆਂ ਲਈ ਮੁਫ਼ਤ ਵਿੱਦਿਆ ਦੇ ਪ੍ਰਬੰਧ ਕਰਨੇ ਆਦਿ ਸਮਾਜ ਸੇਵਾ ਦੇ ਅਤਿ ਸ਼ਾਲਾਘਾਯੋਗ ਉੱਦਮ ਹਨ।ਇਸ ਮੌਕੇ ਵਿਧਾਨ ਸਭਾ ਵਿਚ ਐਮ.ਪੀ. ਮੈਥਿਊ ਹਿਲਾਕਰੀ ਸਮੇਤ ਪ੍ਰੀਤਮ ਸਿੰਘ ਗਿੱਲ, ਸੰਦੀਪ ਸਿੰਘ, ?ਸੁਖਪਾਲ ਕੌਰ ਸੰਧੂ, ਜਥੇਦਾਰ ਬਾਬਾ ਬੀਰਾ ਸਿੰਘ, ਅਮਰੀਕ ਸਿੰਘ, ਗੁਰਦਿਆਲ ਸਿੰਘ, ਹਰਪਾਲ ਸਿੰਘ, ਪਿਆਰਾ ਸਿੰਘ, ਗੁਰਸੇਵਕ ਸਿੰਘ (ਲਾਂਗਰੀ), ਅਰਵਿੰਦਰ ਸਿੰਘ (ਲਾਂਗਰੀ), ਹਰਮਨਪ੍ਰੀਤ ਸਿੰਘ, ਗੁਰਸੇਵਕ ਸਿੰਘ, ਹਰਪ੍ਰੀਤ ਸਿੰਘ, ਯਾਦਵਿੰਦਰ ਸਿੰਘ, ਪ੍ਰਭਜੋਤ ਸਿੰਘ, ਕੁਲਜੀਤ ਕੌਰ ਅਤੇ ਹੋਰ ਕਈ ਪਤਵੰਤੇ ਹਾਜ਼ਰ ਸਨ।



# ਤਿੰਨ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਸਦਰ ਗੁਰਦਾਸਪੁਰ ਪੁਲਸ ਦੇ ਏ ਐਸ ਆਈ ਬਿਕਰਮ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਿਸ ਪਾਰਟੀ ਪੁੱਲੀ ਅਮੀਪੁਰ ਤੋਂ ਕਸ਼ਮੀਰ ਮਸੀਹ ਲਾਡੀ ਪੁੱਤਰ ਗੀਬਾ ਮਸੀਹ ਵਾਸੀ ਅਮੀਪੁਰ ਨੂੰ 15000 ਐਮ.ਐਲ. ਨਜਾਇਜ਼ ਸਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਤਿੱਬੜ ਪੁਲਿਸ ਦੇ ਏ.ਐਸ.ਆਈ. ਪ੍ਰਗਟ ਸਿੰਘ ਨੇ ਸਮੇਤ ਪੁਲਿਸ ਪਾਰਟੀ ਸਿੱਧਵਾਂ ਭੱਠੇ ਤੋਂ ਬਿੱਟੂ ਮਸੀਹ ਪੁੱਤਰ ਸਰਦਾਰ ਮਸੀਹ ਵਾਸੀ ਤਿੱਬੜ ਨੂੰ 7500 ਐਮ.ਐਲ. ਨਜਾਇਜ ਸ਼ਰਾਬ ਸਮੇਤ ਕਾਬੂ ਕੀਤਾ ਹੈ। ਇਸੇ ਤਰ੍ਹਾਂ ਥਾਣਾ ਦੀਨਾਨਗਰ ਪੁਲਿਸ ਦੇ ਏ.ਐਸ.ਆਈ. ਨਰੇਸ਼ ਕੁਮਾਰ ਨੇ ਸਮੇਤ ਪੁਲਿਸ ਪਾਰਟੀ ਮੁੱਖਬਰ ਦੀ ਇਤਲਾਹ 'ਤੇ ਸੋਨਾ ਪੁੱਤਰ ਬਿਸ਼ਨ ਦਾਸ ਵਾਸੀ ਡੀਡਾ ਸਾਸੀਆ ਦੇ ਘਰ ਰੇਡ ਕਰਕੇ ਉਸ ਨੂੰ 7500 ਐਮ.ਐਲ. ਨਜਾਇਜ ਸ਼ਰਾਬ ਸਮੇਤ ਕਾਬੂ ਕੀਤਾ ਹੈ।

# ਇਸ ਵਿਸਾਖੀ, ਓਰਾ ਦੀ ਖ਼ੂਬਸੂਰਤ ਡਾਇਮੰਡ ਜਿਊਲਰੀ ਦੇ ਨਾਲ

**ਲੁਧਿਆਣਾ** : ਓਰਾ ਦੇ ਡਿਜਾਇਨ ਵਿਸਾਖੀ ਦੇ ਸੰਸਕ੍ਰਿਤਕ ਮਹੱਤਵ ਨਾਲ ਪ੍ਰੇਰਿਤ ਹਨ, ਜਿਹੜੇ ਸਥਾਈ ਕਦਰਾਂ ਕੀਮਤਾਂ ਅਤੇ ਵਚਨਬੱਧਤਾ ਦੀ ਖੁਸ਼ੀ ਮਨਾਉਂਦੇ ਹਨ। ਵਿਸਾਖੀ ਦੇ ਮੌਕੇ ਜਿਊਲਰੀ ਖਰੀਦਣ ਅਤੇ ਪਹਿਨਣ ਦਾ ਗਹਿਰਾ ਮਹੱਤਵ ਹੈ। ਓਰਾ ਦਾ ਵਿਸਾਖੀ ਕਲੈਕਸ਼ਨ ਆਪਣੇ ਖ਼ੂਬਸੂਰਤ ਡਾਇਮੰਡ ਡਿਜਾਇੰਸ ਦੇ ਨਾਲ ਇਸੇ ਭਾਵਨਾ ਨੂੰ ਪ੍ਰਤੀਬਿੰਬਿਤ ਕਰਦਾ ਹੈ। ਮੈਚਿੰਗ ਈਅਰਿੰਗਸ ਦੇ ਨਾਲ ਇਹ ਖ਼ੂਬਸੂਰਤ ਡਿਜਾਇਨ ਦੇ ਨੇਕਲੇਸ ਸੈੱਟ ਕਲਾਸਿਕ ਪਟਿਆਲਾ ਸੂਟ ਦੇ ਨਾਲ ਬਹੁਤ ਆਕਰਸ਼ਕ ਲੱਗਦੇ ਹਨ। ਓਰਾ ਫਾਈਨ ਜਿਊਲਰੀ ਦੇ ਮੈਨੇਜਿੰਗ ਡਾਇਰੈਕਟਰ, ਸ੍ਰੀ ਦੀਪੂ ਮਹਿਤਾ ਨੇ ਕਿਹਾ, ਓਰਾ 'ਚ ਸਾਡਾ ਮੰਨਣਾ ਹੈ ਕਿ ਵਿਸਾਖੀ ਸਹਿਤ ਹਰ ਤਿਉਹਾਰ ਹੀਰਿਆਂ ਦੀ ਖ਼ੂਬਸੂਰਤੀ ਦੇ ਨਾਲ ਮਨਾਇਆ ਜਾਣਾ ਚਾਹੀਦਾ ਹੈ।

# ਵਾਈਸ ਆਫ਼ ਅੰਮ੍ਰਿਤਸਰ ਨੇ ਕੰਬੋ ਸਕੂਲ ਦੇ ਵਿਦਿਆਰਥੀਆਂ ਨੂੰ ਬੈਗ ਤੇ ਸਟੇਸ਼ਨਰੀ ਵੰਡੀ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਸਰਕਾਰੀ ਸਕੂਲਾਂ ਵਿੱਚ ਪੜ੍ਹਨ ਵਾਲੇ ਵਿਦਿਆਰਥੀਆਂ ਦੀ ਮਦਦ ਲਈ ਹਮੇਸ਼ਾ ਤਿਆਰ ਰਹਿਣ ਵਾਲੀ ਅੰਮ੍ਰਿਤਸਰ ਦੀ ਨਾਮਵਰ ਸਮਾਜ ਸੇਵੀ ਸੰਸਥਾ ਵਾਇਸ ਆਫ਼ ਅੰਮ੍ਰਿਤਸਰ ਵੱਲੋਂ ਅੱਜ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਸਰਕਾਰੀ ਐਲੀਮੈਂਟਰੀ ਸਕੂਲ ਕੰਬੋ ਦੇ ਕਰੀਬ 100 ਵਿਦਿਆਰਥੀਆਂ ਨੂੰ ਸਕੂਲ ਬੈਗ, ਸਟੇਸ਼ਨਰੀ ਤੇ ਖਾਣ-ਪੀਣ ਦਾ ਸਮਾਨ ਵੰਡਿਆ ਗਿਆ। ਇਸ ਸਮੇਂ ਮੈਂਬਰ ਪਾਰਲੀਮੈਂਟ ਅੰਮ੍ਰਿਤਸਰ ਗੁਰਜੀਤ ਸਿੰਘ ਔਜਲਾ ਵੀ ਉਚੇਚੇ ਤੌਰ 'ਤੇ ਪਹੁੰਚੇ। ਇਸ ਮੌਕੇ ਸੰਸਥਾ ਦੀ ਪ੍ਰਧਾਨ ਇੰਦੂ ਅਰੋੜਾ ਦੀ ਪ੍ਰਧਾਨਗੀ ਅਤੇ ਸਕੂਲ ਦੇ ਮੁੱਖ ਅਧਿਆਪਕ ਮਨਪ੍ਰੀਤ ਸਿੰਘ ਸੰਧੂ ਦੀ ਅਗਵਾਈ ਹੇਠ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਵਾਇਸ ਆਫ਼ ਅੰਮ੍ਰਿਤਸਰ ਵੱਲੋਂ ਹਮੇਸ਼ਾ ਹੀ ਮਿਸਾਲੀ ਸੇਵਾ ਕਾਰਜ ਨਿਭਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਸਾਡਾ ਸਾਰਿਆਂ ਦਾ ਵੀ ਫਰਜ਼ ਬਣਦਾ ਹੈ ਕਿ ਅਸੀਂ ਵੀ ਅਜਿਹੀਆਂ ਸੰਸਥਾਵਾਂ ਤੋਂ ਪ੍ਰੇਰਿਤ ਹੋ ਕੇ ਲੋੜਵੰਦ ਵਿਦਿਆਰਥੀਆਂ ਦੀ ਵੱਧ ਤੋਂ ਵੱਧ ਮਦਦ ਕਰੀਏ ਤਾਂ ਜੋ ਇਹ ਵਿਦਿਆਰਥੀ ਵੀ ਆਪਣੇ ਜੀਵਨ ਵਿੱਚ ਇੱਕ ਚੰਗਾ ਮੁਕਾਮ ਹਾਸਲ ਕਰ ਸਕਣ। ਪ੍ਰਧਾਨ ਇੰਦੂ ਅਰੋੜਾ ਨੇ ਵਿਦਿਆਰਥੀਆਂ ਨੂੰ ਚੰਗੇਰੇ ਭਵਿੱਖ ਦੀਆਂ ਸ਼ੁੱਭਕਾਮਨਾਵਾਂ ਦਿੰਤੀਆਂ।ਇਸ ਦੌਰਾਨ ਔਜਲਾ ਸਮੇਤ ਵਾਇਸ ਆਫ਼ ਅੰਮ੍ਰਿਤਸਰ ਸੰਸਥਾ ਦੇ ਸਮੂਹ ਅਹੁਦੇਦਾਰਾਂ ਵੱਲੋਂ ਆਪਣੇ ਹੱਥੀਂ ਵਿਦਿਆਰਥੀਆਂ ਨੂੰ ਸਕੂਲ ਬੈਗ, ਸਟੇਸ਼ਨਰੀ ਅਤੇ ਖਾਣ ਪੀਣ ਦਾ ਸਮਾਨ ਵੰਡਿਆ। ਸਮਾਗਮ ਦੇ ਅਖੀਰ 'ਚ ਸਕੂਲ ਵੱਲੋਂ ਐਮ.ਪੀ. ਗੁਰਜੀਤ ਸਿੰਘ ਔਜਲਾ ਅਤੇ ਪ੍ਰਧਾਨ ਇੰਦੂ ਅਰੋੜਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਸਾਬਕਾ ਸਰਪੰਚ ਹਰਇਕਬਾਲ ਸਿੰਘ ਕੰਬੋ, ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਲਾਲੀ ਮੀਰਾਂਕੋਟ ਬ੍ਰਦਰਜ਼, ਸੰਸਥਾ ਦੇ ਉਪ ਪ੍ਰਧਾਨ ਮਨਦੀਪ ਸਿੰਘ, ਸੈਕਟਰੀ ਰਾਜਾ ਇਕਬਾਲ ਸਿੰਘ, ਯੂਥ ਪ੍ਰਧਾਨ ਅਮਨਦੀਪ ਸਿੰਘ, ਮਾਨਵਦੀਪ ਸਿੰਘ, ਸੀਨੂੰ ਅਰੋੜਾ, ਸਰਪੰਚ ਮਨਜੀਤ ਕੌਰ, ਮੈਂਬਰ ਕੰਵਲਜੀਤ ਸਿੰਘ, ਸਾਰਿਕਾ ਮਲਹੋਤਰਾ ਆਦਿ ਵੀ ਮੌਜੂਦ ਸਨ।




# ਅਣਗਿਣਤ ਬੱਚਿਆਂ ਨੂੰ ਆਤਮ ਨਿਰਭਰ ਬਣਾਉਣ ਵਾਲੇ ਕਿਸ਼ਨ ਗੋਪਾਲ ਪ੍ਰਭਾਕਰ ਨੂੰ ਸ਼ਰਧਾਂਜਲੀ

**ਅੰਮ੍ਰਿਤਸਰ (ਅਰੋੜਾ)**- ਪ੍ਰਭਾਕਰ ਐਜੂਕੇਸ਼ਨ ਸੋਸਾਇਟੀ ਦੇ ਸੰਸਥਾਪਕ ਕਿਸ਼ਨ ਗੋਪਾਲ ਪ੍ਰਭਾਕਰ ਦੀ ਛੇਵੀਂ ਬਰਸੀ 'ਤੇ ਬੜੇ ਹੀ ਭਾਵਪੂਰਨ ਢੰਗ ਨਾਲ ਸ਼ਰਧਾਂਜਲੀ ਦਿੱਤੀ ਗਈ। ਇਸ ਮੌਕੇ ਪ੍ਰਭਾਕਰ ਐਜੂਕੇਸ਼ਨ ਸੋਸਾਇਟੀ ਦੇ ਮੈਦਾਨ ਵਿੱਚ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿੱਚ ਅੰਮ੍ਰਿਤਵਾਣੀ ਪ੍ਰਚਾਰ ਸੋਸਾਇਟੀ ਦੇ ਪ੍ਰਮੁੱਖ ਸੇਵਕ ਬ੍ਰਿਜੇਸ਼ ਬੇਦੀ ਖਾਸ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ ਕਿਸ਼ਨ ਗੋਪਾਲ ਪ੍ਰਭਾਕਰ ਨੇ ਆਪਣਾ ਸਾਰਾ ਜੀਵਨ ਸਮਾਜ ਸੇਵਾ ਵਿੱਚ ਲਗਾਇਆ। ਪ੍ਰਭੂ ਰਾਮ ਦਾ ਸਿਮਰਨ ਵੀ ਸਵਾਸ ਸਵਾਸ ਨਾਲ ਕੀਤਾ ਅਤੇ ਅੰਤ ਵਿੱਚ ਉਸੇ ਦਾ ਨਾਮ ਲੈਂਦੇ ਲੈਂਦੇ ਬ੍ਰਹਮ ਲੀਨ ਹੋ ਗਏ। ਉਨ੍ਹਾਂ ਦੱਸਿਆ ਕਿ ਬਹੁਤ ਸਾਰੇ ਲੋੜਵੰਦ ਪਰਵਾਰਾਂ ਦੇ ਵਿਦਿਆਰਥੀਆਂ ਨੂੰ ਉਨ੍ਹਾਂ ਨੇ ਆਪਣੇ ਖਰਚ 'ਤੇ ਸਿੱਖਿਆ ਦੇ ਕੇ ਉਨ੍ਹਾਂ ਨੂੰ ਆਤਮ ਨਿਰਭਰ ਬਣਾਇਆ। ਉਹ ਵਿਦਿਆਰਥੀ ਅੱਜ ਬੁਲੰਦੀਆਂ 'ਤੇ ਦੇਸ਼ ਅਤੇ ਸਮਾਜ ਦਾ ਨਾਂਅ ਰੋਸ਼ਨ ਕਰ ਰਹੇ ਹਨ। ਅੱਜ ਉਨ੍ਹਾਂ ਦੇ ਪਦਚਿੰਨ੍ਹਾਂ 'ਤੇ ਚੱਲਣ ਵਾਲੇ ਅਧਿਆਪਕਾਂ ਨੇ ਇਹ ਪ੍ਰਣ ਲਿਆ ਕਿ ਉਹ ਲੋੜਵੰਦ ਪਰਵਾਰ ਦੇ ਕਿਸੇ ਨਾ ਕਿਸੇ ਵਿਦਿਆਰਥੀ ਨੂੰ ਸਿੱਖਿਆ ਸੰਬੰਧੀ ਹਰ ਤਰ੍ਹਾਂ ਦੀ ਸਹਾਇਤਾ ਦੇ ਕੇ ਉਨ੍ਹਾਂ ਨੂੰ ਆਤਮ ਨਿਰਭਰ ਬਣਾਉਣਗੇ। ਇਸ ਮੌਕੇ ਪ੍ਰਿੰਸੀਪਲ ਮੈਡਮ ਰਚਨਾ, ਇੰਦੂ ਕਾਲੀਆ, ਗਗਨਦੀਪ ਕੌਰ, ਪ੍ਰਿਆ ਕਾਲੀਆ, ਨਵਨੀਤ ਕੌਰ, ਸੰਦੀਪ ਕੌਰ, ਰਿੰਪੀ ਸ਼ਰਮਾ, ਅਮੀਸ਼ਾ ਸ਼ਰਮਾ ਸਹਿਤ ਸਿੱਖਿਆ ਜਗਤ ਨਾਲ ਸੰਬੰਧ ਰੱਖਣ ਵਾਲੇ ਬਹੁਤ ਸਾਰੇ ਪਤਵੰਤੇ ਮੌਜੂਦ ਸਨ।

# ਡਿਪਟੀ ਕਮਿਸ਼ਨਰ ਤੇ ਐੱਸ ਐੱਸ ਪੀ ਨੇ ਨਸ਼ਾ ਛੁਡਾਊ ਕੇਂਦਰ ਦਾ ਕੀਤਾ ਦੌਰਾ




**ਗੁਰਦਾਸਪੁਰ, (ਜਨਕ ਮਹਾਜਨ)**

ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਦਲਵਿੰਦਰਜੀਤ ਸਿੰਘ ਅਤੇ ਐੱਸ ਐੱਸ ਪੀ ਆਦਿੱਤਯ ਵਲੋਂ ਜ਼ਿਲ੍ਹਾ ਹਸਪਤਾਲ ਬੱਬਰੀ (ਗੁਰਦਾਸਪੁਰ) ਵਿਖੇ ਚੱਲ ਰਹੇ ਨਸ਼ਾ ਛੁਡਾਓ ਅਤੇ ਪੁਨਰਵਾਸ ਕੇਂਦਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ ਅਤੇ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ। ਨਸ਼ਾ ਛੁਡਾਓ ਅਤੇ ਪੁਨਰਵਾਸ ਕੇਂਦਰ ਦੇ ਦੌਰੇ ਦੌਰਾਨ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਅਤੇ ਐੱਸ ਐੱਸ ਪੀ ਆਦਿੱਤਯ ਨੇ ਨਸ਼ੇ ਛੱਡਣ ਦਾ ਇਲਾਜ ਕਰਵਾ ਰਹੇ ਵਿਅਕਤੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਨਸ਼ੇ ਛੱਡ ਕੇ ਜ਼ਿੰਦਗੀ ਨੂੰ ਚੁਣਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਨਸ਼ੇ ਜਿੱਥੇ ਮਨੁੱਖੀ ਸਿਹਤ ਲਈ ਬੇਹੱਦ ਘਾਤਕ ਹਨ ਉਥੇ ਇਸ ਨਾਲ ਪਰਿਵਾਰਕ ਰਿਸ਼ਤੇ ਅਤੇ ਸਮਾਜਿਕ ਤਾਣਾ-ਬਾਣਾ ਵੀ ਖਰਾਬ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ੇ ਛੱਡਣ ਲਈ ਦ੍ਰਿੜ ਇੱਛਾ-ਸ਼ਕਤੀ ਦਿਖਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨਸ਼ੇ ਛੱਡ ਰਹੇ ਨੌਜਵਾਨ ਮੁੜ ਆਪਣੇ ਪੈਰਾਂ ਉੱਪਰ ਖੜ੍ਹੇ ਹੋਣ ਇਸ ਲਈ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਅਜਿਹੇ ਨੌਜਵਾਨਾਂ ਨੂੰ ਮੁਫ਼ਤ ਕਿੱਤਾਮੁਖੀ ਸਿਖਲਾਈ ਵੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਵਚਨਬੱਧ ਹੈ। ਇਸ ਮੌਕੇ ਐੱਸ.ਐੱਸ.ਪੀ. ਗੁਰਦਾਸਪੁਰ ਆਦਿੱਤਯ ਨੇ ਕਿਹਾ ਕਿ ਜ਼ਿਲ੍ਹਾ ਪੁਲਿਸ ਨਸ਼ੇ ਦੀ ਰੋਕਥਾਮ ਲਈ ਪੂਰੀ ਸਖਤੀ ਨਾਲ ਕੰਮ ਕਰ ਰਹੀ ਹੈ ਅਤੇ ਬੀਤੇ ਸਮੇਂ ਵਿੱਚ ਨਸ਼ਾ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਗਈ ਹੈ। ਉਨ੍ਹਾਂ ਸਮੂਹ ਨਾਗਰਿਕਾਂ ਨੂੰ ਆਪਣੇ ਇਲਾਕਿਆਂ 'ਚ ਨਸ਼ਿਆਂ ਨਾਲ ਸੰਬੰਧਤ ਗਤੀਵਿਧੀਆਂ ਦੀ ਸੂਚਨਾ ਦੇ ਕੇ ਸਹਿਯੋਗ ਕਰਨ ਦੀ ਕੀਤੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਾਰਿਆਂ ਨੂੰ ਇੱਕਜੁਟ ਹੋਣਾ ਚਾਹੀਦਾ ਹੈ। ਇਸ ਮੌਕੇ ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ ਨੇ ਸਿਹਤ ਵਿਭਾਗ ਵਲੋਂ ਨਸ਼ਾ ਛੁਡਾਊ ਅਤੇ ਪੁਨਰਵਾਸ ਕੇਂਦਰ ਵਿੱਚ ਮਰੀਜ਼ਾਂ ਦੇ ਕੀਤੇ ਜਾ ਰਹੇ ਇਲਾਜ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਇਸ ਕੇਂਦਰ ਤੋਂ ਇਲਾਵਾ ਜ਼ਿਲ੍ਹੇ ਦੀਆਂ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਓਟ ਕੇਂਦਰ ਵੀ ਚਲਾਏ ਜਾ ਰਹੇ ਹਨ ਜਿੱਥੇ ਨਸ਼ਾ ਛੱਡਣ ਵਾਲੇ ਮਰੀਜ਼ਾਂ ਦਾ ਇਲਾਜ ਕੀਤਾ ਜਾ ਰਿਹਾ ਹੈ।

# ਡੇਰਾ ਬਾਬਾ ਨਾਨਕ ਵਿਖੇ ਸੀਨੀਅਰ ਸਿਟੀਜ਼ਨ ਨੇ ਵਿਸਾਖੀ ਧੂਮਧਾਮ ਨਾਲ ਮਨਾਈ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਕਸਬਾ ਡੇਰਾ ਬਾਬਾ ਨਾਨਕ ਵਿਖੇ ਕਸਬੇ ਦੇ ਸੀਨੀਅਰ ਸਿਟੀਜਨਾ ਨੇ ਵਿਸਾਖੀ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ।ਇਸ ਮੌਕੇ ਰੋਜ਼ਾਨਾ ਦੀ ਤਰ੍ਹਾਂ ਸਵੇਰ ਦੀ ਸੈਰ ਕਰਨ ਲਈ ਜਾਂਦੇ ਕਸਬੇ ਦੇ ਸੀਨੀਅਰ ਸਿਟੀਜਨ ਬਾਬਾ ਅਜਿੱਤਾਂ ਰੰਧਾਵਾ ਪਾਰਕ ਵਿੱਚ ਇਕੱਠੇ ਹੋਏ ਜਿੱਥੇ ਉਨ੍ਹਾਂ ਵੱਲੋਂ ਢੋਲ ਦੇ ਡੱਗੇ 'ਤੇ ਭੰਗੜਾ ਪਾਇਆ ਗਿਆ।ਉਨ੍ਹਾਂ ਵੱਲੋਂ ਆਪਸੀ ਪਿਆਰ ਅਤੇ ਮੁਹੱਬਤ ਦਾ ਸਬੂਤ ਦਿੰਦੇ ਹੋਏ ਇੱਕ ਦੂਜੇ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਇਆ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਕਸਬੇ ਦੇ ਨਾਮਵਰ ਡਾਕਟਰ ਤੇ ਸਾਬਕਾ ਕੌਂਸਲਰ ਅਸ਼ੋਕ ਸੋਨੀ ਦਾ ਜਨਮ ਦਿਨ ਮਨਾਇਆ ਗਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੇਰਾ ਬਾਬਾ ਨਾਨਕ ਦੇ ਸਾਬਕਾ ਕੌਂਸਲਰ ਹੀਰਾ ਲਾਲ ਜੰਡਿਆਲ ਅਤੇ ਸਾਬਕਾ ਜੇ ਈ ਜਸਪਾਲ ਸਿੰਘ ਬੇਦੀ ਨੇ ਕਿਹਾ ਕਿ ਅੱਜ ਅਸੀ ਕਸਬੇ ਦੇ ਸਮੂਹ ਸੀਨੀਅਰ ਸਿਟੀਜਨ ਵਿਸਾਖੀ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾ ਰਹੇ ਹਾਂ, ਜਿਸ ਦੀ ਸਾਨੂੰ ਸਾਰਿਆਂ ਨੂੰ ਬਹੁਤ ਖੁਸ਼ੀ ਮਹਿਸੂਸ ਹੋ ਰਹੀ ਹੈ।ਉਨ੍ਹਾਂ ਕਿਹਾ ਕਿ ਅੱਜ ਦੇ ਦਿਨ ਦਸਵੇਂ ਗੁਰੂ ਗੋਬਿੰਦ ਸਿੰਘ ਜੀ ਪਾਤਸ਼ਾਹ ਵੱਲੋਂ ਖਾਲਸਾ ਪੰਥ ਦੀ ਸਾਜਨਾ ਕੀਤੀ ਗਈ ਸੀ।ਇਸ ਮੌਕੇ ਡਾਕਟਰ ਅਸ਼ੋਕ ਸੋਨੀ, ਅਸ਼ੋਕ ਕੁਮਾਰ ਮਰਵਾਹਾ, ਸਾਬਕਾ ਪ੍ਰਿੰਸੀਪਲ ਬਲਦੇਵ ਸਿੰਘ ਰੰਧਾਵਾ, ਡਾਕਟਰ ਸਵਾਮੀ, ਸਾਬਕਾ ਮੈਨੇਜਰ ਰਤਨ ਪਾਲ, ਸੁਧੀਰ ਬੇਦੀ, ਪਵਨ ਕੁਮਾਰ ਪੰਮਾ, ਰੋਹਿਤ ਸਰਨਾ, ਰਾਮ ਗੈਂਦ, ਅੰਮ੍ਰਿਤ ਮਹਾਜਨ, ਲਿਟਲ ਸੋਨੀ ਆਦਿ ਹਾਜ਼ਰ ਸਨ।

# ਗੁ: ਭਗਤ ਜੱਲਣ ਦਾਸ ਵਿਖੇ ਸਾਲਾਨਾ ਜੋੜ ਮੇਲਾ ਵਿਸਾਖੀ ਧਾਰਮਕ ਰੀਤਾਂ ਨਾਲ ਸ਼ੁਰੂ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਕੰਡਿਆਲੀ ਤਾਰ ਦੇ ਕੋਲ ਵੱਸੇ ਪਿੰਡ ਨੌਸ਼ਿਹਰਾ ਢਾਲਾ ਵਿਖੇ ਸਥਿਤ ਭਗਤ ਜੱਲਣ ਦਾਸ ਦੇ ਤਪ ਅਸਥਾਨ ਗੁਰਦੁਆਰਾ ਬਾਬਾ ਜੱਲਣ ਦਾਸ ਵਿਖੇ ਮੁੱਖ ਸੇਵਾਦਾਰ ਬਾਬਾ ਨਿਰਮਲ ਸਿੰਘ ਸੰਧੂ ਮੈਂਬਰ ਐਸ ਜੀ ਪੀ ਸੀ ਦੀ ਅਗਵਾਈ ਹੇਠ ਅਤੇ ਉੱਘੇ ਸਮਾਜ ਸੇਵਕ ਪਹਿਲਵਾਨ ਕੰਵਰ ਸੰਧੂ, ਦਵਿੰਦਰ ਸਿੰਘ ਸੰਧੂ ਲਾਲੀ ਢਾਲਾ, ਜਸਮਿੰਦਰ ਸਿੰਘ ਸੰਧੂ, ਮਨਜਿੰਦਰ ਸਿੰਘ ਮੰਨਾ ਬਾਵਾ ਤੇ ਸਮੂਹ ਨਗਰ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਦੋ ਰੋਜ਼ਾ ਵਿਸਾਖੀ ਜੋੜ ਮੇਲਾ ਧਾਰਮਿਕ ਰੀਤਾਂ ਨਾਲ ਸ਼ੁਰੂ ਹੋ ਗਿਆ।ਸਵੇਰੇ ਅਨੇਕਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰਖਾਏ ਗਏ ਪਾਠ ਦੇ ਭੋਗ ਪਾਏ ਜਾਣ ਉਪਰੰਤ ਸਜਾਏ ਗਏ ਧਾਰਮਿਕ ਦੀਵਾਨਾਂ ਵਿੱਚ ਪੰਥ ਦੇ ਪ੍ਰਸਿੱਧ ਰਾਗੀ ਢਾਡੀ ਤੇ ਕਵੀਸ਼ਰੀ ਜਥਿਆਂ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਲੱਖਾਂ ਦੀ ਗਿਣਤੀ ਵਿਚ ਸੰਗਤਾਂ ਨਤਮਸਤਕ ਹੋਈਆਂ।ਜਦ ਕਿ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ ਬਲਦਾਂ ਦੀਆਂ ਦੌੜਾਂ ਦੌਰਾਨ ਜੈਤੂ ਬਲਦਾਂ ਦੀਆ ਜੋੜੀਆਂ ਵਾਲੇ ਕਿਸਾਨਾਂ ਨੂੰ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।ਜਦਕਿ ਇਸ ਮੌਕੇ ਪੁੱਜੇ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ, ਚੈਅਰਮੈਨ ਰਮਨ ਕੁਮਾਰ ਝਬਾਲ, ਰਾਜਬੀਰ ਸਿੰਘ ਭੁੱਲਰ, ਸਮੇਤ ਨਤਮਸਤਕ ਹੋਈਆਂ ਰਾਜਸੀ, ਧਾਰਮਿਕ ਸਖਸ਼ੀਅਤਾਂ ਹੋਈਆਂ ਜਿੰਨ੍ਹਾ ਨੂੰ ਮੁੱਖ ਸੇਵਾਦਾਰ ਬਾਬਾ ਨਿਰਮਲ ਸਿੰਘ ਸੰਧੂ, ਦਵਿੰਦਰ ਸਿੰਘ ਸੰਧੂ ਲਾਲੀ ਢਾਲਾ, ਭਾਈ ਜਸਮਿੰਦਰ ਸਿੰਘ ਸੰਧੂ ਤੇ ਪ੍ਰੰਬਧਕਾ ਆਦਿ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹਰਦੇਵ ਸਿੰਘ ਸਾਹ, ਸਾਬਕਾ ਸਰਪੰਚ ਗੁਰਭੇਜ ਸਿੰਘ, ਸਰਪੰਚ ਕੇਹਰ ਸਿੰਘ ਆਧੀ, ਸਾਬਕਾ ਸਰਪੰਚ ਗੁਰਭੇਜ ਸਿੰਘ, ਆੜ੍ਹਤੀ ਗੁਰਬੀਰ ਸਿੰਘ ਲਾਡੀ, ਹਰਮਨ ਸਿੰਘ ਹੰਮਾ, ਭਗਵਾਨ ਸਿੰਘ ਭਾਗਾ ਨੌਸ਼ਹਿਰਾ, ਸੁਲਤਾਨ ਸਿੰਘ ਨੌਸ਼ਹਿਰਾ, ਦਵਿੰਦਰ ਸਿੰਘ ਆੜ੍ਹਤੀ, ਰਾਣਾ ਆਧੀ, ਸ਼ੈਲੀ ਸੋਹਲ, ਗੁਰਭਾਗ ਸਿੰਘ ਭਾਗਾ ਸੋਹਲ, ਸੋਨੂੰ ਝਬਾਲ ਮੋਦੀ ਕਰਿਆਨਾ ਸਟੋਰ, ਕਰਮਨ ਹਵੇਲੀਆਂ, ਰਾਣਾ ਹਵੇਲੀਆਂ, ਦਵਿੰਦਰ ਸਿੰਘ ਹਵੇਲੀਆਂ, ਮੁਖ਼ਤਾਰ ਸਿੰਘ ਹਵੇਲੀਆਂ, ਸੁਖਮਨ ਸਿੰਘ, ਬਲਦੇਵ ਸਿੰਘ, ਬਲਕਾਰ ਸਿੰਘ, ਸੋਨੂੰ ਬਾਵਾ, ਗੁਰਜੰਟ ਢਾਲਾ, ਅਰਸ਼ ਢਾਲਾ, ਸੁਖਜੀਤ ਸਿੰਘ ਬਾਵਾ, ਸੁਲਤਾਨ ਸੰਧੂ, ਗੋਰਾ ਬਾਵਾ, ਗੋਪੀ, ਸੁਖਜੀਤ ਸਿੰਘ ਬਾਵਾ, ਯੋਧਾ ਬਾਵਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਵੀ ਮੌਜੂਦ ਸਨ।



# ਸ਼ਿਪਸ ਗਰੁੱਪ ਆਫ਼ ਇੰਸਟੀਟਿਊਟ 'ਚ ਮਨਾਇਆ ਖਾਲਸਾ ਸਾਜਨਾ ਦਿਵਸ



**ਚੋਹਲਾ ਸਾਹਿਬ (ਰਮਨ ਚੱਡਾ)**

ਵਿਸਾਖੀ ਪ੍ਰੋਗਰਾਮ ਨੂੰ ਵੱਖੋ ਵੱਖਰੇ ਰੰਗਾਂ ਵਿੱਚ ਪੇਸ਼ ਕਰਦਿਆਂ ਚਾਰੇ ਹਾਊਸ ਦੀ ਵੰਡ ਕਰਦਿਆਂ ਹਾਊਸ ਏ ਅਤੇ ਹਾਊਸ ਸੀ ਵਲੋਂ ਵਿਰਾਸਤ -ਏ -ਖਾਲਸਾ ਸੰਬੰਧੀ ਵਿਰਾਸਤ ਨੂੰ ਪੇਸ਼ ਕੀਤਾ ਗਿਆ ਹਾਊਸ ਬੀ ਅਤੇ ਹਾਊਸ ਡੀ ਵਲੋਂ ਸੱਭਿਆਚਾਰਕ ਪੱਖੋਂ ਵਿਸਾਖੀ ਮੇਲਾ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸਰਦਾਰ ਗੁਰਵਿੰਦਰ ਸਿੰਘ ਸੰਧੂ ਵੱਲੋਂ ਸਿਰਕਤ ਕੀਤੀ ਗਈ।ਸਾਰੇ ਪ੍ਰੋਗਰਾਮ ਵਿਚ ਵਿਸਾਖੀ ਦੇ ਧਾਰਮਿਕ, ਇਤਿਹਾਸਕ ਅਤੇ ਸੱਭਿਆਚਾਰਕ ਪੱਖਾਂ ਨੂੰ ਪੇਸ਼ ਕਰਦਿਆਂ ਜਿੱਥੇ ਵਿਦਿਆਰਥੀਆਂ ਵਲੋਂ ਖਾਲਸਾ ਪੰਥ ਸਥਾਪਨਾ ਦਿਵਸ ਨੂੰ ਸਮਰਪਿਤ ਖ਼ਾਲਸਾਈ ਵਿਰਾਸਤ ਦੀ ਪ੍ਰਦਰਸ਼ਨੀ ਅਤੇ ਗਤਕਾ ਅਖਾੜਾ ਲਗਾ ਕੇ ਗਤਕੇਬਾਜ਼ੀ ਦੇ ਜੌਹਰ ਦਿਖਾਏ ਗਏ।ਉੱਥੇ ਹੀ ਸੱਭਿਆਚਾਰਕ ਪੱਖੋਂ ਬੱਚਿਆਂ ਨੇ ਸੱਭਿਆਚਾਰਕ ਪਹਿਰਾਵੇ ਵਿੱਚ ਵਿਸਾਖੀ ਮੇਲੇ ਦਾ ਆਯੋਜਨ ਕੀਤਾ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਗੁਲਵਿੰਦਰ ਸਿੰਘ ਸੰਧੂ, ਐਜੂਕੇਸ਼ਨਲ ਡਾਇਰੈਕਟਰ ਸ਼੍ਰੀਮਤੀ ਨਵਦੀਪ ਕੌਰ ਸੰਧੂ, ਮਦਨ ਪਠਾਣੀਆਂ ਪ੍ਰਿੰਸੀਪਲ ਨਿਰਭੈ ਸਿੰਘ ਸੰਧੂ ਵੱਲੋਂ ਵਿਦਿਆਰਥੀਆਂ, ਮਾਪਿਆਂ ਅਤੇ ਸਮੂਹ ਸੰਗਤਾਂ ਨੂੰ ਵਿਸਾਖੀ ਅਤੇ ਖਾਲਸਾ ਪੰਥ ਦੇ ਸਾਜਨਾ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ।

# ਮਨਜਿੰਦਰ ਸਿੰਘ ਲਾਲਪੁਰਾ ਪਿੰਡ ਮਾਣਕ ਦੇ ਕੇ ਪੰਚਾਇਤ ਨਾਲ ਹੋਏ ਰੂ-ਬ-ਰੂ

**ਪੱਟੀ (ਬਲਦੇਵ ਸਿੰਘ ਸੰਧੂ)**

ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਪਿੰਡ ਮਾਣਕ ਦੇ ਕੇ ਦਾ ਦੌਰਾ ਕੀਤਾ।ਇਸ ਦੌਰਾਨ ਉਹ ਪਿੰਡ ਦੀ ਪੰਚਾਇਤ ਅਤੇ ਨਿਵਾਸੀਆਂ ਨਾਲ ਰੂਬਰੂ ਹੋਏ।ਪਿੰਡ ਵਾਸੀਆਂ ਨੇ ਆਪਣੀਆਂ ਮੁੱਖ ਸਮੱਸਿਆਵਾਂ ਜਿਵੇਂ ਕਿ ਛੱਪੜਾਂ ਦੀ ਸਫਾਈ, ਪੀਣ ਵਾਲੇ ਪਾਣੀ ਦੀ ਸਹੂਲਤ, ਸੜਕਾਂ ਦੀ ਮੁਰੰਮਤ, ਨੌਜਵਾਨਾਂ ਲਈ ਰੋਜ਼ਗਾਰ ਅਤੇ ਖੇਤੀਬਾੜੀ ਸੰਬੰਧੀ ਮੁੱਦਿਆਂ ਬਾਰੇ ਜਾਣਕਾਰੀ ਦਿੱਤੀ।ਪਿੰਡ ਵਾਸੀਆਂ ਨੇ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਕੋਲ ਦਰਿਆ ਦੇ ਬੰਨ੍ਹ ਉੱਪਰ ਨੋਚਾ ਲਾਉਣ ਦੀ ਵੀ ਮੰਗ ਰੱਖੀ ਮਨਜਿੰਦਰ ਸਿੰਘ ਲਾਲਪੁਰਾ ਨੇ ਪਿੰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਛੇਤੀ ਪਿੰਡ ਵਾਸੀਆਂ ਦੀ ਇਸ ਮੰਗ ਨੂੰ ਵੀ ਪੂਰਾ ਕਰਨਗੇ। ਉਹਨਾਂ ਕਿਹਾ ਕਿ ਮੈਂ ਤਾਂ ਪਹਿਲਾਂ ਵੀ ਕਈ ਵਾਰ ਵਿਧਾਨ ਸਭਾ ਦੇ ਵਿੱਚ ਇਸ ਮਸਲੇ 'ਤੇ ਹਲਕੇ ਦੀ ਸੰਗਤ ਦੀ ਆਵਾਜ਼ ਉਠਾ ਚੁੱਕਾ ਹਾਂ।ਸ੍ਰੀ ਲਾਲਪੁਰਾ ਨੇ ਯਕੀਨ ਦਿਵਾਇਆ ਕਿ ਪਿੰਡ ਦੀਆਂ ਸਮੱਸਿਆਵਾਂ ਨੂੰ ਤੁਰੰਤ ਸਰਕਾਰੀ ਪੱਧਰ 'ਤੇ ਰੱਖ ਕੇ ਹੱਲ ਕੀਤਾ ਜਾਵੇਗਾ।ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਪਿੰਡਾਂ ਦੀ ਤਰੱਕੀ ਲਈ ਲਗਾਤਾਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਇਸ ਮੌਕੇ ਉਹਨਾਂ ਦੇ ਨਾਲ ਕੈਪਟਨ ਤਜਿੰਦਰ ਸਿੰਘ, ਸਰਪੰਚ ਬੂਟਾ ਸਿੰਘ, ਸਾਬਕਾ ਸਰਪੰਚ ਹਰਵਿੰਦਰ ਸਿੰਘ, ਸਾਬਕਾ ਸਰਪੰਚ ਰਾਜਬੀਰ ਸਿੰਘ, ਸਾਬਕਾ ਸਰਪੰਚ ਸਲਵਿੰਦਰ ਸਿੰਘ, ਸਰਪੰਚ ਦਵਿੰਦਰ ਸਿੰਘ, ਕਿਸਾਨ ਪ੍ਰਧਾਨ ਸਤਨਾਮ ਸਿੰਘ, ਪ੍ਰਧਾਨ ਖੜਕ ਸਿੰਘ, ਪ੍ਰਧਾਨ ਜਸਬੀਰ ਸਿੰਘ, ਮੈਂਬਰ ਸਕੱਤਰ ਸਿੰਘ, ਮੈਂਬਰ ਬਲਦੇਵ ਸਿੰਘ, ਮੈਂਬਰ ਮਨਜਿੰਦਰ ਸਿੰਘ, ਮੈਂਬਰ ਅਜੀਤ ਸਿੰਘ, ਮੈਂਬਰ ਦੀ ਨਰਿੰਦਰ ਸਿੰਘ, ਆਦਿ ਪਿੰਡ ਦੇ ਮੋਹਤਵਾਰ ਮੌਜੂਦ ਸਨ।



# ਸਮੀਰ ਚੌਹਾਨ ਕਬੱਡੀ 'ਚ ਕਰ ਰਿਹਾ ਕਾਦੀਆਂ ਦਾ ਨਾਂਅ ਰੌਸ਼ਨ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)** ਤਾਲੀਮ ਉਲ ਇਸਲਾਮ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦਾ ਵਿਦਿਆਰਥੀ ਸਮੀਰ ਚੌਹਾਨ ਜੋ ਕਿ ਪਲਸ ਟੂ ਦਾ ਵਿਦਿਆਰਥੀ ਹੈ ਉਹ ਕਬੱਡੀ ਵਿੱਚ ਕਾਦੀਆਂ ਸ਼ਹਿਰ ਅਤੇ ਆਪਣੇ ਸਕੂਲ ਦਾ ਨਾਂਅ ਰੋਸ਼ਨ ਕਰ ਰਿਹਾ ਹੈ।ਹਾਲ ਵਿੱਚ ਹੀ ਉਸ ਨੂੰ ਪੰਜ ਫ਼ੁਟ ਅਤੇ ਛੇ ਫ਼ੁਟ ਦੀਆਂ ਟਰਾਫ਼ੀਆਂ ਦੇ ਕੇ ਸਨਮਾਨਿਤ ਕੀਤਾ ਗਿਆ ਹੈ।ਸਮੀਰ ਨੇ ਦੱਸਿਆ ਕਿ ਉਸ ਨੂੰ ਬਚਪਨ ਤੋਂ ਹੀ ਕਬੱਡੀ ਖੇਡਣ ਦਾ ਸ਼ੌਕ ਸੀ ਅਤੇ ਉਹ ਯੂ ਟਿਊਬ ਵੇਖ ਕੇ ਕਬਡੀ ਦੀ ਕੋਚਿੰਗ ਲੈਂਦਾ ਸੀ।ਇਸ ਤੋਂ ਬਾਅਦ ਉਸ ਨੂੰ ਸਥਾਨਕ ਆਈ ਟੀ ਆਈ ਦੇ ਸੰਦੀਪ ਨਾਮਕ ਕੋਚ ਮਿਲੇ।ਜਿਨ੍ਹਾਂ ਨੇ ਉਸ ਨੂੰ ਕੋਚਿੰਗ ਦਿੱਤੀ।ਸਮੀਰ ਦਾ ਕਹਿਣਾ ਹੈ ਕਿ ਪੰਜਾਬ ਵਿੱਚ ਕਬੱਡੀ ਦੀ ਕੋਚਿੰਗ ਦੇਣ ਲਈ ਕਈ ਪ੍ਰਾਈਵੇਟ ਕਲੱਬਾਂ ਹਨ।ਪਰ ਸਰਕਾਰੀ ਤੌਰ 'ਤੇ ਕੋਈ ਕਲੱਬ ਨਹੀਂ ਹੈ।ਸਮੀਰ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਸਰਕਾਰੀ ਤੌਰ 'ਤੇ ਕਬੱਡੀ ਨੂੰ ਪ੍ਰੋਤਸਾਹਨ ਦੇਣ ਦੇ ਮਕਸਦ ਨਾਲ ਹਰ ਜ਼ਿਲ੍ਹੇ ਵਿੱਚ ਕਬਡੀ ਅਕੈਡਮੀਆਂ ਦਾ ਗੱਠਨ ਕੀਤਾ ਜਾਵੇ।



# ਗੁਰਵੰਸ਼ਬੀਰ ਸਿੰਘ ਧੂੰਦਾ ਨੇ ਐਨ ਡੀ ਏ ਦਾ ਟੈਸਟ ਪਾਸ ਕਰਕੇ ਮਾਪਿਆਂ ਤੇ ਇਲਾਕੇ ਦਾ ਨਾਂਅ ਕੀਤਾ ਰੌਸ਼ਨ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** ਗੁਰਪ੍ਰੀਤ ਸਿੰਘ ਰੰਧਾਵਾ ਵਾਸੀ ਧੂੰਦਾ ਦੇ ਹੋਣਹਾਰ ਸਪੁੱਤਰ ਗੁਰਵੰਸ਼ਬੀਰ ਸਿੰਘ ਨੇ ਐਨ ਡੀ ਏ ਦਾ ਟੈਸਟ ਕਲੀਅਰ ਕਰਕੇ ਆਪਣੇ ਮਾਪਿਆਂ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਬੇਟੇ ਨੇ ਦਸਵੀ ਤੱਕ ਦੀ ਪੜ੍ਹਾਈ ਕੈਂਬਰਿਜ ਇੰਟਰਨੈਸ਼ਨਲ ਸਕੂਲ ਕਪੂਰਥਲਾ ਤੋਂ ਕੀਤੀ ਤੇ ਬਾਰ੍ਹਵੀਂ ਅਤੇ ਐਨ ਡੀ ਏ ਦੀ ਕੋਚਿੰਗ ਮਹਾਰਾਜਾ ਰਣਜੀਤ ਸਿੰਘ ਆਰਮ ਫੋਰਸਿਜ ਪਰੈਪਰੇਟਰੀ ਇੰਸਟੀਚਿਊਟ ਮੁਹਾਲੀ ਤੋ ਕੀਤੀ।ਸ੍ਰੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਸਪੁੱਤਰ ਗੁਰਵੰਸ਼ਬੀਰ ਸਿੰਘ ਨੇ ਵਾਹਿਗੁਰੂ ਦੀ ਕਿਰਪਾ ਨਾਲ 6ਵੀਂ ਜਮਾਤ ਵਿਚ ਹੀ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ।ਉਹ ਪ੍ਰਮਾਤਮਾ ਦੀ ਮਿਹਰ ਅਤੇ ਆਪਣੀ ਸਖਤ ਮਿਹਨਤ ਨਾਲ ਅੱਜ ਇਥੇ ਪਹੁੰਚਿਆ ਹੈ ਉਨ੍ਹਾਂ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ ਕਿ ਉਨ੍ਹਾਂ ਨੇ ਬੱਚੇ ਦੀ ਮਿਹਨਤ ਨੂੰ ਫਲ ਲਾਇਆ ਹੈ।ਇਸ ਮੌਕੇ ਕੁੱਲ ਹਿੰਦ ਕਿਸਾਨ ਦੇ ਜਿਲ੍ਹਾ ਕਨਵੀਨਰ ਬਲਦੇਵ ਸਿੰਘ ਧੂੰਦਾ ਨੇ ਗੁਰਪ੍ਰੀਤ ਸਿੰਘ ਨੂੰ ਉਨ੍ਹਾਂ ਦੇ ਸਪੁੱਤਰ ਦੀ ਕਾਮਯਾਬੀ ਤੇ ਮੁਬਾਰਕਬਾਦ ਦਿੱਤੀ।ਕਾਮਰੇਡ ਧੂੰਦਾ ਨੇ ਗੁਰਵੰਸ਼ਬੀਰ ਸਿੰਘ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਸ੍ਰੀ ਧੂੰਦਾ ਨੇ ਪੰਜਾਬ ਸਰਕਾਰ ਪਾਸੋਂ ਮੰਗ ਕਰਦਿਆਂ ਕਿਹਾ ਕਿ ਸਰਕਾਰ ਤਰਨ ਤਾਰਨ ਜਿਲੇ ਨੂੰ ਅਜਿਹਾ ਐਨ ਡੀ ਏ ਦਾ ਕੋਚਿੰਗ ਵਾਲਾ ਇੰਸਟੀਚਿਊਟ ਦੇਵੇ ਜਿਥੇ ਗੁਰਵੰਸ਼ਬੀਰ ਸਿੰਘ ਵਰਗੇ ਹੋਰ ਵੀ ਨੌਜਵਾਨ ਕੋਚਿੰਗ ਲੈ ਕੇ ਦੇਸ਼ ਦੀ ਸੇਵਾ ਕਰ ਸਕਣ।



# ਡਿਪਟੀ ਕਮਿਸ਼ਨਰ ਨੇ ਜਲ੍ਹਿਆਂਵਾਲਾ ਬਾਗ ਪਹੁੰਚ ਕੇ ਕੀਤਾ ਸ਼ਹੀਦਾਂ ਨੂੰ ਯਾਦ



**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**- ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਨੇ ਜਲਿਆਂਵਾਲਾ ਬਾਗ ਸਾਕੇ ਦੀ 106ਵੀਂ ਵਰੇਗੰਡ ਮੌਕੇ ਜਲ੍ਹਿਆਂਵਾਲਾ ਬਾਗ ਪਹੁੰਚ ਕੇ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਸ਼ਰਧਾ ਦੇ ਫੁੱਲ ਭੇਟ ਕੀਤੇ।ਉਹਨਾਂ ਨੇ ਸ਼ਹੀਦਾਂ ਦੀ ਯਾਦ ਵਿੱਚ ਬਣੀ ਯਾਦਗਾਰ ਅਤੇ ਖੂਹ ਜਿਸ ਵਿੱਚ ਕਈ ਲੋਕ ਜ਼ਿੰਦਾ ਮਾਰੇ ਗਏ ਸਨ, ਵਿਖੇ ਫੁੱਲ ਮਾਲਾ ਚੜ੍ਹਾ ਕੇ ਸ਼ਹੀਦਾਂ ਨੂੰ ਯਾਦ ਕੀਤਾ।ਉਸ ਦਿਨ ਨੂੰ ਯਾਦ ਕਰਕੇ ਭਾਵੁਕ ਹੋਏ ਡਿਪਟੀ ਕਮਿਸ਼ਨਰ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਇਹ ਮਨੁੱਖਤਾ ਦੇ ਇਤਿਹਾਸ ਦਾ ਘਿਨਾਉਣਾ ਸਾਕਾ ਸੀ, ਜਦੋਂ ਮੌਕੇ ਦੀ ਅੰਗਰੇਜ਼ ਹਕੂਮਤ ਨੇ ਨਿਹੱਥੇ ਲੋਕਾਂ 'ਤੇ ਗੋਲੀਆਂ ਚਲਾ ਕੇ ਅਨੇਕਾਂ ਲੋਕਾਂ ਨੂੰ ਮੌਤ ਤੇ ਘਾਟ ਉਤਾਰ ਦਿੱਤਾ।

# ਦੇਸ਼ 'ਚ ਸਾਮਰਾਜੀ ਲੁੱਟ, ਫ਼ਿਰਕੂ ਜਬਰ ਤੇ ਅਣ-ਐਲਾਨੀ ਐਮਰਜੈਂਸੀ ਦੇ ਹਾਲਾਤ : ਡਾ. ਪਰਮਿੰਦਰ

**ਅੰਮ੍ਰਿਤਸਰ (ਜਸਵੀਰ ਸਿੰਘ ਪੱਟੀ)**

ਤਰਕਸ਼ੀਲ ਸੁਸਾਇਟੀ ਪੰਜਾਬ ਅਤੇ ਜਮਹੂਰੀ ਅਧਿਕਾਰ ਸਭਾ ਪੰਜਾਬ ਵੱਲੋਂ ਲੋਕ ਪੱਖੀ ਜਮਹੂਰੀ ਜਨਤਕ ਜਥੇਬੰਦੀਆਂ ਦੇ ਸਹਿਯੋਗ ਨਾਲ ਜਲ੍ਹਿਆਂਵਾਲਾ ਬਾਗ਼ ਦੇ ਸ਼ਹੀਦਾਂ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਪੰਜਾਬ ਸਮੇਤ ਸਮੁੱਚੇ ਦੇਸ਼ ਵਿੱਚ ਮੋਦੀ ਹਕੂਮਤ ਦੀ ਸਰਪ੍ਰਸਤੀ ਹੇਠ ਵੱਧ ਰਹੀ ਸਾਮਰਾਜੀ ਲੁੱਟ, ਫ਼ਿਰਕੂ ਹਿੰਸਾ ਅਤੇ ਫਾਸ਼ੀਵਾਦੀ ਜ਼ਬਰ ਦੇ ਹਾਲਾਤ ਸੰਬੰਧੀ ਸਥਾਨਕ ਕੰਪਨੀ ਬਾਗ਼ ਵਿਖੇ ਇਕ ਗੰਭੀਰ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਜਲ੍ਹਿਆਂਵਾਲਾ ਬਾਗ਼ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਨਾਮਵਰ ਜਮਹੂਰੀ ਚਿੰਤਕ ਡਾ.ਪਰਮਿੰਦਰ ਨੇ ਕਿਹਾ ਕਿ ਬਰਤਾਨਵੀਂ ਹਕੂਮਤ ਵੱਲੋਂ ਤਾਨਾਸ਼ਾਹੀ ਨਿਜ਼ਾਮ ਰਾਹੀਂ ਜਿਸ ਤਰ੍ਹਾਂ ਹਿੰਦੋਸਤਾਨ ਦੇ ਲੋਕਾਂ ਦੀ ਲੁੱਟ, ਕਾਲੇ ਪਾਣੀ ਦੀ ਕੈਦ ਅਤੇ ਜ਼ਬਰ ਨਾਲ ਗੁਲਾਮ ਬਣਾ ਕੇ ਰੱਖਿਆ ਜਾਂਦਾ ਸੀ ਉਸ ਤੋਂ ਵੀ ਵੱਧ ਖ਼ਤਰਨਾਕ ਬਸਤੀਵਾਦੀ ਕਾਲੇ ਕਾਨੂੰਨਾਂ ਅਤੇ ਸਾਮਰਾਜ ਪੱਖੀ ਨੀਤੀਆਂ ਰਾਹੀਂ ਮੋਦੀ ਸਰਕਾਰ, ਆਮ ਲੋਕਾਂ ਨੂੰ ਗੁਲਾਮ ਬਣਾ ਕੇ ਉਨ੍ਹਾਂ ਦੀ ਲੁੱਟ ਅਤੇ ਜ਼ਬਰ ਕਰ ਰਹੀ ਹੈ ਅਤੇ ਵਿਰੋਧ ਕਰਨ ਵਾਲੇ ਕਿਸਾਨਾਂ ,ਮਜ਼ਦੂਰਾਂ, ਆਦਿਵਾਸੀਆਂ, ਦਲਿਤਾਂ, ਬੁੱਧੀਜੀਵੀਆਂ, ਵਕੀਲਾਂ, ਲੇਖਕਾਂ, ਪੱਤਰਕਾਰਾਂ ਅਤੇ ਸਮਾਜਿਕ ਕਾਰਕੁਨਾਂ ਨੂੰ ਯੂ ਏ ਪੀ ਏ ਅਤੇ ਐਨ ਐਸ ਏ ਦੇ ਕਾਲੇ ਕਾਨੂੰਨਾਂ ਹੇਠ ਜੇਲ੍ਹਾਂ ਵਿੱਚ ਅਣਮਿੱਥੇ ਸਮੇਂ ਲਈ ਨਜ਼ਰਬੰਦ ਕੀਤਾ ਜਾ ਰਿਹਾ ਹੈ।ਇਸ ਮੌਕੇ ਤਰਕਸ਼ੀਲ ਆਗੂਆਂ ਸੁਮੀਤ ਅੰਮ੍ਰਿਤਸਰ ਅਤੇ ਜਸਪਾਲ ਬਾਸਰਕੇ ਨੇ ਕਿਹਾ ਕਿ ਮੋਦੀ ਹਕੂਮਤ ਵੱਲੋਂ ਛੱਤੀਸਗੜ੍ਹ ਵਿੱਚ 'ਓਪਰੇਸ਼ਨ ਕਗਾਰ' ਅਤੇ ਝਾਰਖੰਡ ਵਿੱਚ 'ਓਪਰੇਸ਼ਨ ਕਲੀਨ' ਤਹਿਤ ਆਪਣੇ ਹੀ ਦੇਸ਼ ਦੇ ਨਾਗਰਿਕ ਆਦਿਵਾਸੀਆਂ ਵਿਰੁੱਧ ਇਕ ਤਰ੍ਹਾਂ ਨਾਲ ਜੰਗ ਦਾ ਐਲਾਨ ਕਰ ਦਿੱਤਾ ਗਿਆ ਹੈ ਅਤੇ ਉਨ੍ਹਾਂ ਨੂੰ ਉਥੋਂ ਉਜਾੜਨ ਲਈ ਬਸਤਰ ਸਮੇਤ ਹੋਰਨਾਂ ਆਦਿਵਾਸੀ ਇਲਾਕਿਆਂ ਵਿੱਚ ਲਗਾਤਾਰ ਝੂਠੇ ਪੁਲਸ ਮੁਕਾਬਲਿਆਂ ਰਾਹੀਂ ਨਿਰਦੋਸ਼ ਆਦਿਵਾਸੀਆਂ ਦਾ ਕਤਲੇਆਮ ਕੀਤਾ ਜਾ ਰਿਹਾ ਹੈ। ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਆਗੂ ਗੁਰਬਚਨ ਸਿੰਘ ਨੇ ਕਿਹਾ ਕਿ ਮੋਦੀ ਹਕੂਮਤ ਖੇਤੀ ਮੰਡੀਕਰਨ ਖਰੜੇ, ਭਾਰਤ ਮਾਲਾ ਪ੍ਰੋਜੈਕਟ ਅਤੇ ਗ਼ੈਰ ਹਕੀਕੀ ਅਦਾਲਤੀ ਫੈਸਲਿਆਂ ਰਾਹੀਂ ਸਰਕਾਰੀ ਮੰਡੀਆਂ ਖ਼ਤਮ ਕਰਨ ਦੇ ਇਲਾਵਾ ਕਿਸਾਨਾਂ ਦੀਆਂ ਜ਼ਮੀਨਾਂ ਜ਼ਬਰਦਸਤੀ ਖੋਹਣ ਅਤੇ ਕਿਸਾਨਾਂ ਨੂੰ ਜ਼ਮੀਨਾਂ ਤੋਂ ਬੇਦਖ਼ਲ ਕਰਨ ਦੀਆਂ ਸਾਮਰਾਜੀ ਨੀਤੀਆਂ ਤਹਿਤ ਸ਼ਰੇਆਮ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਭੁਗਤ ਰਹੀ ਹੈ ਜਿਸਨੂੰ ਕਿਸਾਨ ਜਥੇਬੰਦੀਆਂ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦੇਣਗੀਆਂ।ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਸੂਬਾਈ ਆਗੂ ਅਸ਼ਵਨੀ ਅਵਸਥੀ ਨੇ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਨੂੰ ਨਿੱਜੀ ਹੱਥਾਂ ਵਿੱਚ ਵੇਚਣ ਦੀ ਨੀਤੀ ਦਾ ਸਖ਼ਤ ਵਿਰੋਧ ਕਰਦਿਆਂ ਨਵੀਂ ਕੌਮੀ ਸਿੱਖਿਆ ਨੀਤੀ- 2020 ਨੂੰ ਰੱਦ ਕਰਨ ਅਤੇ ਅਧਿਆਪਕਾਂ ਦੀ ਨਿਯਮਤ ਭਰਤੀ ਕਰਨ ਦੀ ਮੰਗ ਕੀਤੀ।

ਜਮਹੂਰੀ ਅਧਿਕਾਰ ਸਭਾ ਦੇ ਸਕੱਤਰ ਯਸ਼ਪਾਲ ਝਬਾਲ ਨੇ ਕਿਹਾ ਕਿ ਪੰਜਾਬ ਸਰਕਾਰ ਯੋਗੀ ਦੇ ਤਾਨਾਸ਼ਾਹੀ ਮਾਡਲ ਤਹਿਤ ਕਾਨੂੰਨੀ ਤੇ ਅਦਾਲਤੀ ਪ੍ਰਕਿਰਿਆ ਅਪਣਾਏ ਬਗੈਰ ਬੁਲਡੋਜ਼ਰ ਅਤੇ ਪੁਲਸ ਮੁਕਾਬਲਿਆਂ ਰਾਹੀਂ ਪੰਜਾਬ ਦੇ ਸੰਘਰਸ਼ਸ਼ੀਲ ਤਬਕਿਆਂ ਵਿੱਚ ਦਹਿਸ਼ਤ ਫੈਲਾ ਰਹੀ ਹੈ ਅਤੇ ਵੱਡੇ ਨਸ਼ਾ ਤਸਕਰਾਂ ਅਤੇ ਗੈਂਗਸਟਰਾਂ ਦਾ ਬਚਾਅ ਕੀਤਾ ਜਾ ਰਿਹਾ ਹੈ।ਇਸ ਮੌਕੇ ਪੀ ਐਸ ਯੂ (ਲਲਕਾਰ) ਦੇ ਗੁਰਪ੍ਰੀਤ, ਤਰਕਸ਼ੀਲ ਆਗੂ ਪ੍ਰਿੰ.ਮੇਲਾ ਰਾਮ ਅਤੇ ਡਾ.ਕੁਲਦੀਪ ਸਿੰਘ ਨੇ ਵੀ ਵਿਚਾਰ ਸਾਂਝੇ ਕੀਤੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀ ਐੱਸ ਯੂ (ਸ਼ਹੀਦ ਰੰਧਾਵਾ) ਦੇ ਗੁਰਪਾਲ ਗੁਰੀ,ਇਪਟਾ ਆਗੂ ਹਰੀਸ਼ ਕੈਲੇ,ਕਿਸਾਨ ਆਗੂ ਡਾ. ਕੁਲਦੀਪ ਸਿੰਘ,ਹਰਚਰਨ ਮੱਦੀਪੁਰ, ਮਾਸਟਰ ਬਲਦੇਵ ਰਾਜ ਵੇਰਕਾ, ਰਾਜ ਕੁਮਾਰ ਵੇਰਕਾ, ਮਾਸਟਰ ਕੁਲਜੀਤ ਵੇਰਕਾ, ਡਾ.ਕਸ਼ਮੀਰ ਸਿੰਘ,ਸੁਖਦੇਵ ਸਿੰਘ,ਰਮੇਸ਼ ਜੈਨ, ਸੁਖਮੀਤ ਸਿੰਘ, ਹਰੀ ਕ੍ਰਿਸ਼ਨ, ਕੈਪਟਨ ਕੁਲਵਿੰਦਰ ਸਿੰਘ, ਜਸ਼ਨਪ੍ਰੀਤ ਸਿੰਘ,ਗੁਰਮੀਤ ਸਿੰਘ ਅਤੇ ਬਲਜੀਤ ਸਿੰਘ ਹਾਜ਼ਰ ਸਨ।



# ਗਮਗੀਨ ਮਾਹੌਲ 'ਚ ਹੋਇਆ ਸ਼ਹੀਦ ਚਰਨਜੀਤ ਸਿੰਘ ਅੰਤਮ ਸਸਕਾਰ

**ਪੱਟੀ (ਬਲਦੇਵ ਸਿੰਘ)**

ਪਿੰਡ ਥੇਹ ਸਰਹਾਲੀ ਵਿਖੇ ਸ਼ਹੀਦ ਸਬ-ਇੰਸਪੈਕਟਰ (ਐਸ ਆਈ) ਚਰਨਜੀਤ ਸਿੰਘ ਦੇ ਸਸਕਾਰ ਮੌਕੇ ਡਿਊਟੀ ਦੌਰਾਨ ਜਾਨ ਗੁਆਉਣ ਵਾਲੇ ਅਧਿਕਾਰੀ ਨੂੰ ਡੀ ਜੀ ਪੀ ਗੌਰਵ ਯਾਦਵ ਵੱਲੋਂ ਸ਼ਰਧਾਂਜਲੀ ਭੇਟ ਕੀਤੀ।ਐਸ ਆਈ ਚਰਨਜੀਤ ਸਿੰਘ (57) ਜੋ 1989 'ਚ ਪੁਲਸ ਬਲ 'ਚ ਕਾਂਸਟੇਬਲ ਵਜੋਂ ਭਰਤੀ ਹੋਏ ਸਨ ਅਤੇ ਇਸ ਸਮੇਂ ਥਾਣਾ ਗੋਇੰਦਵਾਲ ਸਾਹਿਬ ਵਿਖੇ ਤਾਇਨਾਤ ਸਨ, 9 ਅਪ੍ਰੈਲ, 2025 ਨੂੰ ਡਿਊਟੀ ਦੌਰਾਨ ਸ਼ਹੀਦ ਹੋ ਗਏ ਸਨ।ਉਹ ਆਪਣੇ ਪਿੱਛੇ ਪਤਨੀ, ਇੱਕ ਪੁੱਤਰ ਅਤੇ ਦੋ ਧੀਆਂ ਛੱਡ ਗਏ ਹਨ।ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਹਿਲਾਂ ਹੀ ਸ਼ਹੀਦ ਐਸ ਆਈ ਚਰਨਜੀਤ ਸਿੰਘ ਦੇ ਪਰਵਾਰ ਨੂੰ ਸਨਮਾਨ ਚਿੰਨ੍ਹ ਵਜੋਂ 2 ਕਰੋੜ ਰੁਪਏ ਦੇਣ ਦਾ ਐਲਾਨ ਕੀਤਾ ਸੀ। ਇਸ 2 ਕਰੋੜ ਰੁਪਏ ਦੀ ਰਾਸ਼ੀ ਵਿੱਚ ਸੂਬਾ ਸਰਕਾਰ ਵੱਲੋਂ ਐਕਸ-ਗ੍ਰੇਸ਼ੀਆ ਵਜੋਂ 1 ਕਰੋੜ ਰੁਪਏ ਦਿੱਤੇ ਜਾਣਗੇ, ਜਦੋਂ ਕਿ ਬਾਕੀ 1 ਕਰੋੜ ਰੁਪਏ ਦੀ ਰਾਸ਼ੀ ਬੀਮਾ ਕਵਰ ਵਜੋਂ ਐਚ ਡੀ ਐਫ ਸੀ ਬੈਂਕ ਵੱਲੋਂ ਦਿੱਤੀ ਜਾਵੇਗੀ।ਇਸ ਮੌਕੇ ਦਿਲੀ ਹਮਦਰਦੀ ਜ਼ਾਹਰ ਕਰਦਿਆਂ ਡੀ ਜੀ ਪੀ ਗੌਰਵ ਯਾਦਵ ਨੇ ਸ਼ਹੀਦ ਐਸ ਆਈ ਚਰਨਜੀਤ ਸਿੰਘ ਦੇ ਪਰਵਾਰ ਨੂੰ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਪੂਰਨ ਸਹਿਯੋਗ ਅਤੇ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ।



ਨਵਾਂ ਜ਼ਮਾਨਾ
ਮੰਗਲਵਾਰ, 15 ਅਪ੍ਰੈਲ 2025

# ਫਿਲਮ 'ਫੂਲੇ' ਦਾ ਵਿਰੋਧ ਕਿਉਂ?

ਬ੍ਰਾਹਮਣ ਜਥੇਬੰਦੀਆਂ ਦੇ ਤਿੱਖੇ ਵਿਰੋਧ ਕਾਰਨ ਮਹਾਨ ਸਮਾਜ ਸੁਧਾਰਕ ਜੋਤੀਬਾ ਫੂਲੇ ਦੀ ਜ਼ਿੰਦਗੀ 'ਤੇ ਬਣੀ ਫਿਲਮ 'ਫੂਲੇ' ਉਨ੍ਹਾ ਦੇ ਜਨਮ ਦਿਨ 11 ਅਪ੍ਰੈਲ ਨੂੰ ਤੈਅ ਤਰੀਕ 'ਤੇ ਰਿਲੀਜ਼ ਨਹੀਂ ਹੋ ਸਕੀ। ਫਿਲਮ ਵਿੱਚ ਪ੍ਰਸਿੱਧ ਅਭਿਨੇਤਾ ਪ੍ਰਤੀਕ ਗਾਂਧੀ ਮਹਾਤਮਾ ਫੂਲੇ ਤੇ ਅਭਿਨੇਤਰੀ ਪੱਤ੍ਰਲੇਖਾ ਸਾਵਿਤਰੀ ਬਾਈ ਫੂਲੇ ਦੀ ਭੂਮਿਕਾ ਵਿੱਚ ਹਨ। ਟਰੇਲਰ ਰਿਲੀਜ਼ ਹੋਣ ਦੇ ਬਾਅਦ ਹੀ ਇਸ ਦਾ ਵਿਰੋਧ ਸ਼ੁਰੂ ਹੋ ਗਿਆ। ਸੈਂਸਰ ਬੋਰਡ ਨੇ ਰੌਲਾ ਪੈਣ ਤੋਂ ਬਾਅਦ ਫਿਲਮ ਵਿੱਚ ਕਈ ਬਦਲਾਅ ਸੁਝਾਏ, ਜਿਸ ਦੇ ਬਾਅਦ ਵਿਵਾਦ ਨੇ ਤੂਲ ਫੜ ਲਿਆ। ਸੈਂਸਰ ਬੋਰਡ ਨੂੰ ਇਹ ਡਾਇਲਾਗ ਤੇ ਸੀਨ ਪਸੰਦ ਨਹੀਂ—ਤਿੰਨ ਹਜ਼ਾਰ ਸਾਲ ਦੀ ਗੁਲਾਮੀ, ਜਾਤੀ ਵਿਵਸਥਾ ਤੇ ਸ਼ੂਦਰਾਂ ਦੀ ਦੁਰਦਸ਼ਾ ਨਾਲ ਸੰਬੰਧਤ ਵਾਇਸਓਵਰ, ਮਹਾਰ, ਮਾਂਗ, ਪੇਸ਼ਵਾਈ, ਮਨੂੰਸਿਮਰਤੀ ਤੇ ਜਾਤ ਵਿਵਸਥਾ ਵਰਗੇ ਸ਼ਬਦਾਂ ਦੀ ਵਰਤੋਂ ਅਤੇ ਬ੍ਰਾਹਮਣ ਬੱਚੇ ਵੱਲੋਂ ਫੂਲੇ ਜੋੜੇ 'ਤੇ ਕੂੜਾ ਸੁੱਟਣਾ।

ਮਹਾਰਾਸ਼ਟਰ ਦੇ ਅਖਿਲ ਭਾਰਤੀ ਬ੍ਰਾਹਮਣ ਮਹਾਂ ਸੰਘ, ਪੁਣੇ ਦੇ ਕਰਾਡ ਬ੍ਰਾਹਮਣ ਮਹਾਂ ਸੰਘ ਤੇ ਹਿੰਦੂ ਮਹਾਂ ਸਭਾ ਨੇ ਦਾਅਵਾ ਕੀਤਾ ਕਿ ਫਿਲਮ ਬ੍ਰਾਹਮਣਾਂ ਨੂੰ ਨਾਂਹ-ਪੱਖੀ ਰੂਪ ਵਿੱਚ ਦਿਖਾਉਂਦੀ ਹੈ ਤੇ ਜਾਤੀਵਾਦ ਨੂੰ ਬੜ੍ਹਾਵਾ ਦਿੰਦੀ ਹੈ। ਇਨ੍ਹਾਂ ਜਥੇਬੰਦੀਆਂ ਨੇ ਸੜਕਾਂ 'ਤੇ ਪ੍ਰਦਰਸ਼ਨ ਕੀਤੇ ਅਤੇ ਸੈਂਸਰ ਬੋਰਡ ਨੂੰ ਇਤਰਾਜ਼ਯੋਗ ਦ੍ਰਿਸ਼ ਹਟਾਉਣ ਲਈ ਪੱਤਰ ਲਿਖੇ, ਪਰ ਮਹਾਰਾਸ਼ਟਰ, ਜਿਹੜੀ ਫੂਲੇ ਤੇ ਅੰਬੇਡਕਰ ਦੀ ਭੂਮੀ ਹੈ, ਵਿੱਚ ਵਿਰੋਧ ਕਰਨ ਵਾਲਿਆਂ ਦਾ ਵਿਰੋਧ ਵੀ ਓਨਾ ਹੀ ਤਿੱਖਾ ਹੈ। ਵੰਚਿਤ ਬਹੁਜਨ ਅਘਾੜੀ ਦੇ ਆਗੂ ਤੇ ਡਾ. ਅੰਬੇਡਕਰ ਦੇ ਪੋਤਰੇ ਪ੍ਰਕਾਸ਼ ਅੰਬੇਡਕਰ ਦੇ ਹਮਾਇਤੀਆਂ ਨੇ ਸੜਕਾਂ 'ਤੇ ਉੱਤਰ ਕੇ ਫਿਲਮ ਦਾ ਵਿਰੋਧ ਕਰਨ ਵਾਲਿਆਂ ਦਾ ਵਿਰੋਧ ਕੀਤਾ। ਪ੍ਰਕਾਸ਼ ਅੰਬੇਡਕਰ ਨੇ ਕਿਹਾ ਕਿ ਫੂਲੇ ਨੂੰ ਦਬਾਉਣ ਦੀ ਸਾਜ਼ਿਸ਼ ਚੱਲ ਰਹੀ ਹੈ। ਇਹ ਫਿਲਮ ਬਹੁਜਨ ਸਮਾਜ ਦੀ ਪ੍ਰੇਰਨਾ ਹੈ।

ਹੈਰਾਨੀ ਦੀ ਗੱਲ ਹੈ ਕਿ ਜਿਸ ਦਿਨ ਫਿਲਮ ਰਿਲੀਜ਼ ਹੋਣੀ ਸੀ, ਉਸੇ ਦਿਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐੱਕਸ' ਉੱਤ ਮਹਾਤਮਾ ਫੂਲੇ ਦੇ ਜਨਮ ਦਿਨ 'ਤੇ ਉਨ੍ਹਾ ਨੂੰ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਮਾਨਵਤਾ ਦੇ ਸੱਚੇ ਸੇਵਕ ਮਹਾਤਮਾ ਫੂਲੇ ਨੇ ਸਮਾਜ ਦੇ ਸ਼ੋਸ਼ਤ ਤੇ ਵੰਚਿਤ ਵਰਗਾਂ ਦੀ ਭਲਾਈ ਲਈ ਆਪਣਾ ਜੀਵਨ ਸਮਰਪਤ ਕਰ ਦਿੱਤਾ ਸੀ, ਪਰ ਸੈਂਸਰ ਬੋਰਡ ਦੇ ਰਵੱਈਏ ਤੋਂ ਲੱਗ ਰਿਹਾ ਹੈ ਕਿ ਫੂਲੇ ਦੀ ਪ੍ਰੇਰਣਾ ਨੂੰ ਲੋਕਾਂ ਤੱਕ ਪਹੁੰਚਾਉਣ ਤੋਂ ਰੋਕਿਆ ਜਾ ਰਿਹਾ ਹੈ। ਫਿਲਮ ਸੈਂਸਰ ਬੋਰਡ ਦੇ ਚੇਅਰਮੈਨ ਗੀਤਕਾਰ ਪ੍ਰਸੂਨ ਜੋਸ਼ੀ ਹਨ, ਜਿਨ੍ਹਾ ਭਾਜਪਾ ਲਈ ਚੋਣ ਗੀਤ ਵੀ ਲਿਖੇ ਹਨ।

ਜੋਤੀਬਾ ਫੂਲੇ (1827–1890) ਤੇ ਸਾਵਿਤਰੀ ਬਾਈ ਫੂਲੇ ਉੱਨੀਵੀਂ ਸਦੀ ਵਿੱਚ ਸਮਾਜ ਸੁਧਾਰ ਦੀ ਮਸ਼ਾਲ ਸਨ। ਪੁਣੇ ਦੇ ਇੱਕ ਮਾਲੀ ਪਰਵਾਰ ਵਿੱਚ ਜਨਮੇ ਫੂਲੇ ਨੇ ਜਾਤੀ ਪ੍ਰਥਾ ਤੇ ਸ਼ੂਦਰਾਂ ਦੇ ਸ਼ੋਸ਼ਣ ਖਿਲਾਫ ਆਵਾਜ਼ ਬੁਲੰਦ ਕੀਤੀ ਸੀ। 1848 ਵਿੱਚ ਉਨ੍ਹਾ ਸਾਵਿਤਰੀ ਬਾਈ ਨਾਲ ਮਿਲ ਕੇ ਕੁੜੀਆਂ ਲਈ ਦੇਸ਼ ਦਾ ਪਹਿਲਾ ਸਕੂਲ ਖੋਲ੍ਹਿਆ। ਬਾਲ ਵਿਆਹ ਦਾ ਵਿਰੋਧ ਕੀਤਾ, ਵਿਧਵਾ ਪੁਨਰ-ਵਿਆਹ ਦੀ ਹਮਾਇਤ ਕੀਤੀ। ਉਨ੍ਹਾ ਦੀ ਕਿਤਾਬ 'ਗੁਲਾਮਗਿਰੀ' (1873) ਨੇ ਬ੍ਰਾਹਮਣਵਾਦ ਤੇ ਵਰਣ ਵਿਵਸਥਾ 'ਤੇ ਤਿੱਖਾ ਹਮਲਾ ਕੀਤਾ। ਉਨ੍ਹਾ ਲਿਖਿਆ—ਬ੍ਰਾਹਮਣ ਕਹਿੰਦੇ ਹਨ ਕਿ ਉਹ ਬ੍ਰਹਮਾ ਦੇ ਮੁੱਖ ਤੋਂ ਪੈਦਾ ਹੋਏ, ਤਾਂ ਕੀ ਬ੍ਰਹਮਾ ਦੇ ਮੁੱਖ ਵਿੱਚ ਗਰਭ ਸੀ?

ਦਿਲਚਸਪ ਗੱਲ ਹੈ ਕਿ ਫਿਲਮ ਦੇ ਡਾਇਰੈਕਟਰ ਅਨੰਤ ਮਹਾਦੇਵਨ ਖੁਦ ਬ੍ਰਾਹਮਣ ਹਨ। ਉਨ੍ਹਾ ਕਿਹਾ ਹੈ ਕਿ ਉਨ੍ਹਾ ਫਿਲਮ ਵਿੱਚ ਸਿਰਫ ਤੱਥ ਦਿਖਾਏ ਹਨ। ਇਹ ਵੀ ਦਿਖਾਇਆ ਹੈ ਕਿ ਬ੍ਰਾਹਮਣਾਂ ਨੇ ਕਿਵੇਂ ਫੂਲੇ ਨੂੰ ਹਸਪਤਾਲ ਖੋਲ੍ਹਣ ਵਿੱਚ ਮਦਦ ਕੀਤੀ। ਉਹ ਆਪਣੇ ਭਾਈਚਾਰੇ ਨੂੰ ਕਿਉਂ ਬਦਨਾਮ ਕਰਨਗੇ? ਇਹ ਕੋਈ ਏਜੰਡਾ ਫਿਲਮ ਨਹੀਂ ਹੈ।

ਫਿਲਮ ਦਾ ਵਿਰੋਧ ਕਰਨ ਵਾਲੇ ਅਕਸਰ ਬ੍ਰਾਹਮਣ ਤੇ ਬ੍ਰਾਹਮਣਵਾਦ ਦੇ ਫਰਕ ਨੂੰ ਨਹੀਂ ਸਮਝਦੇ। ਬ੍ਰਾਹਮਣ ਇੱਕ ਭਾਈਚਾਰਾ ਹੈ, ਜਦਕਿ ਬ੍ਰਾਹਮਣਵਾਦ ਇੱਕ ਵਿਚਾਰਧਾਰਾ ਹੈ, ਜੋ ਵਰਣ ਵਿਵਸਥਾ ਕਾਇਮ ਰੱਖਣਾ ਚਾਹੁੰਦੀ ਹੈ। ਫਿਲਮ ਦੇ ਵਿਰੋਧ ਤੋਂ ਸਾਫ ਲੱਗਦਾ ਹੈ ਕਿ ਸਮਾਜ ਦਾ ਇੱਕ ਪ੍ਰਭਾਵਸ਼ਾਲੀ ਵਰਗ ਜਾਤ ਵਿਵਸਥਾ ਨੂੰ ਬਰਕਰਾਰ ਰੱਖਣਾ ਚਾਹੁੰਦਾ ਹੈ। ਡਾ. ਅੰਬੇਡਕਰ ਨੇ ਕਿਹਾ ਸੀ ਕਿ ਜਦੋਂ ਤੱਕ ਜਾਤ ਰਹੇਗੀ, ਭਾਰਤ ਇੱਕ ਰਾਸ਼ਟਰ ਨਹੀਂ ਬਣ ਸਕਦਾ। ਇਸ ਤਰ੍ਹਾਂ ਇਹ ਫਿਲਮ ਦਾ ਵਿਰੋਧ ਨਹੀਂ, ਸਗੋਂ ਰਾਸ਼ਟਰ ਨਿਰਮਾਣ ਦੀ ਪ੍ਰਕਿਰਿਆ ਦਾ ਵਿਰੋਧ ਹੈ। ਫਿਲਮ ਵਿੱਚ ਕੱਟ-ਵੱਢ ਕਰਨ ਵਾਲੀ ਕੈਂਚੀ ਸੈਂਸਰ ਬੋਰਡ ਦੀ ਹੈ, ਪਰ ਇਸ ਨੂੰ ਚਲਾ ਬ੍ਰਾਹਮਣਵਾਦ ਰਿਹਾ ਹੈ।

## ਰੋਈ ਰੂਹ ਸਮੁੰਦਰੀ ਦੀ!

'ਦੋ ਦਸੰਬਰ' ਦੇ ਹੋਏ ਜੋ 'ਹੁਕਮਨਾਮੇ',
ਮੱਥਾ ਲਾ ਕੇ ਬਣ ਗਏ 'ਹੈਵਾਨ' ਯਾਰੋ।
ਤਿੰਨ ਤਖ਼ਤਾਂ 'ਤੇ ਚਾੜ੍ਹ ਕੇ 'ਹੁਕਮ' ਜਿਨ੍ਹਾਂ,
ਜਥੇਦਾਰ ਹੀ ਕਰ ਤੇ 'ਕੁਰਬਾਨ' ਯਾਰੋ।
ਧਨ-ਧੌਂਸ ਦੇ ਕਾਰੇ ਕਰ 'ਕਪਟ' ਵਾਲੇ,
ਚਾਹੁੰਦੇ ਪੰਥ ਵਿੱਚ ਹੋਣਾ 'ਪ੍ਰਵਾਨ' ਯਾਰੋ।
ਦਿਸਦਾ ਜਰਾ ਵੀ ਨਹੀਂ 'ਹੰਕਾਰਿਆਂ' ਨੂੰ,
ਕੀਤਾ ਵਿਰਸੇ ਦਾ ਕਿੰਨਾ ਨੁਕਸਾਨ ਯਾਰੋ।
ਕਾਹਲੀ ਭਰਤੀ ਤੇ 'ਕਾ.ਗਜ਼ੀ' ਕਾਰਵਾਈ,
ਚਮਚੇ-ਕੜਛਿਆਂ ਕਰਤਾ ਐਲਾਨ ਯਾਰੋ।
ਰੂਹ 'ਕੁਰਲਾ' ਰਹੀ ਹੋਊ 'ਸਮੁੰਦਰੀ' ਦੀ,
ਬਣਿਆ ਦੇਖ ਕੇ ਆਕੀ 'ਭਰਦਾਨ' ਯਾਰੋ!

-ਤਰਲੋਚਨ ਸਿੰਘ ਦੁਪਾਲਪੁਰ, 001-408-915-1268

# ਸੰਵਿਧਾਨ 'ਚ ਦਰਜ ਭਾਈਚਾਰੇ ਨੂੰ ਫਿਰਕਾਪ੍ਰਸਤੀ ਦਾ ਖਤਰਾ



ਰਮੇਸ਼ ਰਤਨ

ਬਸਤੀਵਾਦੀ ਸਾਮਰਾਜੀ ਤਾਕਤਾਂ ਪਹਿਲੀ ਸੰਸਾਰ ਜੰਗ ਸਮੇਂ ਆਪਸ ਵਿੱਚ ਉਲਝਣ ਲੱਗੀਆਂ ਤਾਂ ਦੇਸ਼ ਤੋਂ ਬਾਹਰ ਕੈਨੇਡਾ, ਅਮਰੀਕਾ ਵਿੱਚ ਗਏ ਭਾਰਤੀਆਂ ਨੇ 1913 ਵਿੱਚ ਗਦਰ ਪਾਰਟੀ ਦੀ ਸਥਾਪਨਾ ਕਰ ਲਈ ।ਅਸੂਲ ਇਹ ਬਣਾਇਆ ਕਿ ਪਾਰਟੀ ਕਿਸੇ ਖਾਸ ਧਾਰਮਿਕ ਫਿਰਕੇ ਦੀ ਨੁਮਾਇੰਦਗੀ ਕਰਨ ਦੀ ਬਜਾਏ ਪੂਰੇ ਭਾਰਤੀਆਂ ਦੀ ਪਾਰਟੀ ਹੋਵੇਗੀ ।ਬੇਸ਼ੱਕ ਇਸ ਵਿੱਚ ਪੰਜਾਬੀ ਸਿੱਖਾਂ ਦੀ ਬਹੁ-ਗਿਣਤੀ ਸੀ । 1913-14 ਵਿੱਚ ਉਨ੍ਹਾਂ ਭਾਰਤ ਵੱਲ ਕੂਚ ਕਰਨ ਦਾ ਸੱਦਾ ਦਿੱਤਾ । ਅੰਗਰੇਜ਼ੀ ਸਾਮਰਾਜ ਵੱਲੋਂ ਉਹਨਾਂ ਵਿੱਚੋਂ ਬਹੁਤ ਸਾਰੇ ਗਦਰੀਆਂ ਨੂੰ ਸ਼ਹੀਦ ਕਰ ਦਿੱਤਾ ਅਤੇ ਅਨੇਕਾਂ ਨੂੰ ਕਾਲੇ ਪਾਣੀ ਦੀਆਂ ਜੇਲ੍ਹਾਂ ਵਿੱਚ ਤੁੰਨ ਦਿੱਤਾ ।

ਪਰ ਭਾਰਤ ਦੀ ਆਜ਼ਾਦੀ ਦਾ ਅੰਦੋਲਨ ਹੋਰ ਵੀ ਜ਼ੋਰ ਫੜ ਗਿਆ। ਅਪ੍ਰੈਲ 1919 ਦੇ ਮਹੀਨੇ ਰਾਮ-ਨੌਮੀ ਅਤੇ ਈਦ ਦਾ ਤਿਉਹਾਰ ਲਗਭਗ ਬਰਾਬਰ ਦੀ ਤਰੀਕ ਵਿੱਚ ਆ ਗਿਆ । ਅੰਮ੍ਰਿਤਸਰ ਵਿੱਚ ਹਿੰਦੂ, ਸਿੱਖ ਅਤੇ ਮੁਸਲਮਾਨ ਸਭ ਨੇ ਰਲ ਕੇ ਸ਼ਹਿਰ ਅੰਦਰ ਡਾਕਟਰ ਸੈਫੂਦੀਨ ਕਿਚਲੂ ਅਤੇ ਡਾਕਟਰ ਸਤਪਾਲ ਦੀ ਅਗਵਾਈ ਹੇਠ ਤਿਉਹਾਰ ਮਨਾਉਣ ਲਈ ਜਲੂਸ ਕੱਢਿਆ । ਇਸ ਸਮੇਂ ਛਬੀਲਾਂ ਮੁਸਲਮਾਨ ਭਰਾਵਾਂ ਵੱਲੋਂ ਲਗਾਈਆਂ ਗਈਆਂ । ਸਭ ਨੇ ਸ਼ਰਬਤ ਪੀਤਾ। ਭਾਰਤ ਦੇ ਲੋਕਾਂ ਵੱਲੋਂ ਅਪਣਾਈ ਇਸ ਏਕਤਾ ਤੋਂ ਅੰਗਰੇਜ਼ ਘਬਰਾ ਗਏ। ਘਬਰਾਈ ਹੋਈ ਬਰਤਾਨਵੀ ਹਕੂਮਤ ਦੇ ਫੌਜੀ ਅਫਸਰਾਂ ਵੱਲੋਂ ਜਲਿਆਂਵਾਲੇ ਬਾਗ ਦਾ ਸਾਕਾ ਵਰਤਾ ਦਿੱਤਾ ।

ਇਸ ਤੋਂ ਬਾਅਦ ਆਜ਼ਾਦੀ ਸੰਘਰਸ਼ ਠੱਲ੍ਹਣ ਦੀ ਬਜਾਏ ਹੋਰ ਜੋਸ਼ੀਲਾ ਹੋ ਗਿਆ । ਹਾਕਮਾਂ ਨੇ ਦੇਸ਼ ਅੰਦਰ 'ਪਾੜੋ ਅਤੇ ਰਾਜ ਕਰਨ' ਦੀ ਨੀਤੀ ਨੂੰ ਅਪਣਾਇਆ। ਦਮੋਦਰ ਸਾਵਰਕਰ ਤੇ ਜਿਨਾਹ ਵੱਲੋਂ ਦੋ-ਕੌਮਾਂ ਵਾਲੇ ਸਿਧਾਂਤ ਪੇਸ਼ ਕੀਤੇ ਗਏ।

ਦੇਸ਼ ਦੇ ਮੁੱਖ ਫਿਰਕਿਆਂ, ਹਿੰਦੂ ਅਤੇ ਮੁਸਲਮਾਨਾਂ ਦਰਮਿਆਨ ਪਾੜ ਪਾਉਣ ਲਈ ਰੇਲਵੇ ਸਟੇਸ਼ਨਾਂ ਉੱਪਰ ਹਿੰਦੂ ਪਾਣੀ ਅਤੇ ਮੁਸਲਮਾਨ ਪਾਣੀ ਵੰਡ ਕਰਨ ਵਾਲੇ ਤਸੱਵਰ ਹੇਠ ਵੱਖ-ਵੱਖ ਪਿਆਓ ਬਣਵਾਏ ਗਏ ।

ਦੇਸ਼ ਭਗਤ ਆਜ਼ਾਦੀ ਘੁਲਾਟੀਆਂ ਵੱਲੋਂ ਇਸ ਦਾ ਵਿਰੋਧ ਕੀਤਾ ਗਿਆ । ਲੁਧਿਆਣੇ ਦੇ ਸ਼ਾਹੀ ਇਮਾਮ ਮੌਲਾਨਾ ਹਬੀਬ ਉਰ ਰਹਿਮਾਨ ਵੱਲੋਂ ਇਸ ਦੇ ਵਿਰੋਧ ਕਰਨ ਕਾਰਨ ਕਈ ਸਾਲ ਲਈ ਉਸ ਨੂੰ ਜੇਲ੍ਹ ਭੇਜਿਆ ਗਿਆ, ਪਰ ਭਾਰੀ ਵਿਰੋਧ ਕਾਰਨ ਪਾਣੀਆਂ ਦੀ ਵੰਡ ਵਾਲਾ ਫੈਸਲਾ ਵਾਪਸ ਲੈਣਾ ਪਿਆ ।

ਧਰਮ ਦੇ ਆਧਾਰ ਉੱਪਰ ਮੁਸਲਿਮ ਲੀਗ ਅਤੇ ਹਿੰਦੂ ਮਹਾਂਸਭਾ ਵੱਲੋਂ ਫਿਰਕਾਪ੍ਰਸਤੀ ਆਧਾਰਤ ਵੱਖਰੀਆਂ-ਵੱਖਰੀਆਂ ਲਹਿਰਾਂ ਚਲਾਉਣ ਦੀ ਕੋਸ਼ਿਸ਼ ਨੂੰ ਖੁੱਲ੍ਹ ਦਿੱਤੀ ਗਈ। ਨਤੀਜੇ ਵਜੋਂ ਧਰਮ ਦੇ ਆਧਾਰ ਉੱਪਰ1905 ਵਿਚ ਬੰਗਾਲ ਦੀ ਵੰਡ ਕਰਨ ਦਾ ਸਾਂਝੇ ਤੌਰ 'ਤੇ ਵਿਰੋਧ ਕਰਨ ਵਾਲੇ ਹਿੰਦੂ ਅਤੇ ਮੁਸਲਮਾਨ ਫਿਰਕੂ ਆਧਾਰ ਤੇ ਧੜੇ ਬਣਾਉਣ ਲੱਗ ਪਏ।

ਫਿਰਕੂ ਵੰਡ ਦੇ ਆਧਾਰ 'ਤੇ ਆਬਾਦੀ ਦੇ ਤਬਾਦਲੇ ਸਮੇਂ ਲੱਖਾਂ ਲੋਕਾਂ ਨੂੰ ਆਪਣੀਆਂ ਜਾਨਾਂ, ਇੱਜ਼ਤਾਂ ਅਤੇ ਜਾਇਦਾਦ ਤੋਂ ਹੱਥ ਧੋਣੇ ਪਏ। ਆਜ਼ਾਦੀ ਅੰਦੋਲਨ ਅਤੇ ਫਿਰਕੂ ਸਦਭਾਵਨਾ ਦੇ ਮਹਾਨ ਨਾਇਕ ਮਹਾਤਮਾ ਗਾਂਧੀ ਨੂੰ ਹਿੰਦੂ ਫਿਰਕਾਪ੍ਰਸਤੀ ਤੋਂ ਪ੍ਰਭਾਵਤ ਨੱਥੂਰਾਮ ਨੇ ਸ਼ਹੀਦ ਕਰ ਦਿੱਤਾ।

ਜਾਤ ਪਾਤ ਵਿੱਚ ਵੰਡੇ ਭਾਰਤੀ ਸਮਾਜ ਨੂੰ ਫਿਰਕਾਪ੍ਰਸਤੀ ਨੇ ਹੋਰ ਵੀ ਕਮਜ਼ੋਰ ਕਰ ਦਿੱਤਾ।

ਇਹ ਹੀ ਕਾਰਨ ਸੀ ਕਿ ਜੂਨ 1947 ਵਿੱਚ ਬਰਤਾਨੀਆ ਦੀ ਲੇਬਰ ਪਾਰਟੀ ਦੀ ਕਾਨਫਰੰਸ ਵਿੱਚ ਵਿਦੇਸ਼ ਸਕੱਤਰ ਅਰਨੈਸਟ ਬੇਬਿਨ ਨੇ ਬੜੇ ਜੋਸ਼ ਨਾਲ ਆਖਿਆ ਸੀ ਕਿ ਭਾਰਤੀ ਵੰਡ ਨਾਲ ਇਹ ਖਿੱਤਾ ਸਾਡੇ ਹੱਥੋਂ ਨਹੀਂ ਜਾਣ ਲੱਗਾ, ਸਗੋਂ ਪੂਰੇ ਮਿਡਲ ਈਸਟ ਵਿੱਚ ਬਰਤਾਨੀਆ ਹਕੂਮਤ ਹੋਰ ਵੀ ਮਜ਼ਬੂਤ ਹੋ ਜਾਵੇਗੀ।

ਬਰਤਾਨਵੀ ਸਾਮਰਾਜ ਤੋਂ ਆਜ਼ਾਦੀ ਹਾਸਲ ਕਰਨਾ, ਦੇਸ਼ ਦੇ ਵੱਖੋ-ਵੱਖ ਭਾਗਾਂ ਨੂੰ ਇਕ ਲੜੀ ਵਿੱਚ ਪਰੋਣਾ ਅਤੇ ਅੰਗ੍ਰੇਜ਼ੀ ਪਨਾਹ ਹੇਠ ਰਾਜਿਆਂ ਨੂੰ ਇਸ ਮਹਾਨ ਦੇਸ਼ ਦੇ ਹਿੱਸੇ ਵਜੋਂ ਨਾਲ ਜੋੜਨਾ ਭਾਵੇਂ ਬਹੁਤ ਹੀ ਔਕੜਾਂ ਭਰਿਆ ਅਤੇ ਕੁਰਬਾਨੀਆਂ ਦੀ ਮੰਗ ਕਰਦਾ ਵੱਡਾ ਨਿਸ਼ਾਨਾ ਸੀ, ਪ੍ਰੰਤੂ ਦੇਸ਼ ਅੰਦਰਲੀ ਭੂਗੋਲਿਕ, ਆਰਥਿਕ ਵਿਕਾਸ, ਸੱਭਿਆਚਾਰ, ਭਾਸ਼ਾ, ਬੋਲੀ, ਧਰਮ, ਜਾਤਪਾਤ, ਰਸਮਾਂ-ਰਿਵਾਜ ਆਦਿ ਦੀਆਂ ਭਿੰਨਤਾਵਾਂ ਦੇ ਸਨਮੁੱਖ ਇੱਕ ਭਾਰਤੀ ਭਾਈਚਾਰਾ ਕਾਇਮ ਕਰਨਾ ਉਸ ਤੋਂ ਕਿਤੇ ਵੱਧ ਔਖਾ ਅਤੇ ਪੇਚੀਦਾ ਕੰਮ ਸੀ ਅਤੇ ਹੈ।

ਦੇਸ਼ ਪ੍ਰੇਮ ਅਤੇ ਇਨਸਾਨੀਅਤ ਨਾਲ ਓਤ-ਪਰੋਤ ਹੋਏ ਸਾਡੇ ਦੇਸ਼ ਦੇ ਆਜ਼ਾਦੀ ਘੁਲਾਟੀਆਂ ਅਤੇ ਸੰਵਿਧਾਨ ਘੜਨ ਵਾਲੇ ਬੁੱਧੀਜੀਵੀਆਂ ਨੂੰ ਸ਼ਾਇਦ ਇਹ ਭਰਮ ਸੀ ਕਿ ਦੇਸ਼ ਅੰਦਰ ਫਿਰਕਾਪ੍ਰਸਤੀ ਦਾ ਜ਼ਹਿਰ ਬਰਤਾਨਵੀ ਸਾਮਰਾਜ ਦੀ ਸਾਜ਼ਿਸ਼ ਕਾਰਨ ਹੀ ਫੈਲਿਆ ਹੈ । ਆਜ਼ਾਦੀ ਮਿਲਣ ਤੋਂ ਬਾਅਦ ਇਸ ਉੱਪਰ ਕਾਬੂ ਪੈ ਜਾਵੇਗਾ । ਦੇਸ਼ ਵਿੱਚ ਇੱਕ ਰਾਸ਼ਟਰੀ ਭਾਵਨਾ ਨੂੰ ਪੈਦਾ ਕਰਨ ਲਈ ਸਹਿਜੇ ਕਦਮਾਂ ਨਾਲ ਵਧਿਆ ਜਾ ਸਕਦਾ ਹੈ।

ਸ਼ਾਇਦ, ਇਸੇ ਕਾਰਨ ਦੇਸ਼ ਅੰਦਰ ਫਿਰਕੂ ਸਦਭਾਵਨਾ ਨੂੰ ਕਾਇਮ ਕਰਨਾ, ਵਧਾਉਣਾ ਅਤੇ ਲੋਕਾਂ ਵਿੱਚ ਵਿਗਿਆਨਕ ਵਿਚਾਰਧਾਰਾ ਪੈਦਾ ਕਰਨਾ ਆਦਿ ਨੂੰ ਸਿੱਧੇ ਤੌਰ 'ਤੇ ਸਰਕਾਰ ਦੀ ਜ਼ਿੰਮੇਵਾਰੀ ਤੋਂ ਹਟਾ ਕੇ ਨਾਗਰਿਕਾਂ ਦੇ ਮੁੱਖ ਕਰਤੱਵਾਂ ਵਿੱਚ ਸ਼ਾਮਲ ਕੀਤਾ ਗਿਆ ਹੈ।ਸੰਵਿਧਾਨ ਦੇ ਅਨੁਛੇਦ 51- ਏ, (ਭਾਗ ਈ ਅਤੇ ਐਫ) ਅਨੁਸਾਰ ਹਰ ਭਾਰਤੀ ਦਾ ਫਰਜ਼ ਹੈ ਕਿ ਉਹ ਆਪਣੇ ਧਰਮ, ਭਾਸ਼ਾ, ਇਲਾਕੇ ਜਾਂ ਹੋਰ ਤਬਕੇ ਆਦਿ ਅਧਾਰਤ ਵਖਰੇਵਿਆ ਨੂੰ ਇੱਕ ਪਾਸੇ ਰੱਖਦੇ ਹੋਏ ਦੇਸ਼ ਅੰਦਰ ਸਮਾਜਿਕ ਭਾਈਚਾਰੇ ਅਤੇ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕਰੇ।

ਆਜ਼ਾਦੀ ਦੇ 75 ਸਾਲ ਪੂਰੇ ਹੋਣ ਬਾਅਦ ਵੀ ਦੇਸ਼ ਦੇ ਨਾਗਰਿਕਾਂ ਦਰਮਿਆਨ ਭਾਰਤੀ ਹੋਣ ਦੀ ਸਾਂਝੀ ਭਾਵਨਾ ਪ੍ਰਫੁੱਲਤ ਹੋਣ ਦੀ ਬਜਾਏ ਹੋਰ ਵੀ ਨਿਘਾਰ ਵਾਲੇ ਪਾਸੇ ਨੂੰ ਚਲੀ ਗਈ ਹੈ।

ਬਚਪਨ ਤੋਂ ਲੈ ਕੇ ਸਾਡੇ ਮਨਾਂ ਵਿੱਚ ਧਾਰਮਿਕ ਅਸੂਲਾਂ ਅਤੇ ਵਿਅਕਤੀਆਂ ਬਾਰੇ ਬਹੁਤ ਹੀ ਸਤਿਕਾਰਯੋਗ ਤਸਵੀਰ ਉਭਰਦੀ ਰਹੀ ਹੈ। ਅਨੇਕਾਂ ਲੋਕਾਂ ਨੇ ਧਰੂ ਭਗਤ, ਮਹਾਂਵੀਰ ਜੈਨ, ਮਹਾਤਮਾ ਬੁੱਧ, ਭਗਤ ਕਬੀਰ, ਗੁਰੂ ਨਾਨਕ ਦੇਵ ਜੀ ਤੇ ਵਿਵੇਕਾਨੰਦ ਆਦਿ ਬਾਰੇ ਜੋ ਪੜ੍ਹਿਆ-ਸੁਣਿਆ ਸੀ, ਉਸ ਵਿੱਚੋਂ ਤਾਂ ਦੂਜਿਆਂ ਦੀ ਭਲਾਈ, ਆਪਸੀ ਪਿਆਰ, ਸੇਵਾ ਦੀ ਭਾਵਨਾ ਅਤੇ ਆਪਣੇ ਆਪ ਨੂੰ ਹੰਕਾਰ ਰਹਿਤ ਕਰਨ ਦੀ ਸਮਝ ਆਉਂਦੀ ਸੀ।

ਇਹੋ ਭਾਵਨਾ ਸਾਡੇ ਮਨਾਂ ਅੰਦਰ ਈਸਾ ਮਸੀਹ ਦੀ ਤਸਵੀਰ ਵੇਖਿਆਂ ਪੈਦਾ ਹੁੰਦੀ ਸੀ। ਇੰਜ ਹੀ ਕਾਬਲੀ ਵਾਲੇ ਦੀਆਂ ਕਹਾਣੀਆਂ ਪੜ੍ਹਨ ਸਮੇਂ ਮੁਹੰਮਦ ਸਾਹਿਬ ਬਾਰੇ ਮਨਾਂ ਵਿੱਚ ਸਤਿਕਾਰ ਬਣਨ ਲੱਗ ਪੈਂਦਾ ਸੀ, ਪਰੰਤੂ ਇਹ ਵੀ ਸੱਚ ਹੈ ਕਿ ਸਾਡੇ ਸਮਾਜ ਵਿੱਚ ਸਾਡਾ ਧਰਮ ਅਤੇ ਜਾਤ ਸਾਡੇ ਜਨਮ ਤੋਂ ਹੀ ਤੈਅ ਹੋ ਜਾਂਦੇ ਹਨ। ਹਿੰਦੂਆਂ ਦੇ ਘਰ ਜਨਮ ਲੈਣ ਵਾਲੇ ਵਿਅਕਤੀ ਨੇ ਜੇਕਰ ਕਿਸੇ ਵੀ ਹਿੰਦੂ ਗ੍ਰੰਥ ਦੇ ਇੱਕ ਵੀ ਸ਼ਲੋਕ ਨੂੰ ਪੜ੍ਹਿਆ ਜਾਂ ਸੁਣਿਆ ਨਾ ਵੀ ਹੋਵੇ ਤਾਂ ਵੀ ਉਹ ਜਨਮ ਤੋਂ ਹਿੰਦੂ ਹੋ ਜਾਂਦਾ ਹੈ। ਜਿਸ ਦਾ ਬ੍ਰਾਹਮਣ ਘਰ ਵਿੱਚ ਜਨਮ ਹੋ ਗਿਆ ਤਾਂ ਉਸ ਦੀ ਜਾਤ ਬ੍ਰਾਹਮਣ ਹੋ ਜਾਂਦੀ ਹੈ, ਬੇਸ਼ੱਕ ਉਸ ਨੂੰ ਮੰਦਰ ਜਾਣ ਅਤੇ ਪੂਜਾ-ਪਾਠ ਦੀ ਇੱਕ ਵੀ ਰਵਾਇਤ ਦਾ ਪਤਾ ਨਾ ਹੋਵੇ। ਇੰਜ ਹੀ ਜੇਕਰ ਕੁਰਾਨ ਦੀ ਇੱਕ ਵੀ ਆਇਤ ਪੜ੍ਹੀ-ਸੁਣੀ ਜਾਂ ਯਾਦ ਨਾ ਹੋਵੇ ਤਾਂ ਵੀ ਮੁਸਲਮਾਨਾਂ ਦੇ ਘਰ ਜਨਮ ਲੈਣ ਵਾਲਾ ਬੰਦਾ ਮੁਸਲਮਾਨ ਬਣ ਜਾਂਦਾ ਹੈ। ਇਹੀ ਹਾਲ ਬਾਕੀ ਧਰਮਾਂ ਵਿੱਚ ਸਾਨੂੰ ਦਿਖਾਈ ਦਿੰਦਾ ਹੈ।ਇਸ ਲਈ ਸਾਡੇ ਵਰਗੇ ਦੇਸ਼ ਅੰਦਰ ਧਾਰਮਿਕ ਤੌਰ 'ਤੇ ਜਨੂੰਨੀ ਅਤੇ ਅੰਧ ਭਗਤ ਪੈਦਾ ਕਰਨੇ ਕੋਈ ਔਖਾ ਕੰਮ ਨਹੀਂ ।

ਹੁਣ ਜਦੋਂ ਰਾਮਨੌਮੀ ਅਤੇ ਈਦ ਵਰਗੇ ਤਿਉਹਾਰ ਆਉਂਦੇ ਹਨ ਤਾਂ ਫਿਰਕਾਪ੍ਰਸਤੀ, ਹਿੰਸਾ ਨਾਲ ਗੜੁੱਚ ਨਾਅਰੇ ਤੇ ਭਾਸ਼ਣ, ਚਲਾਕੀ ਨਾਲ ਤੈਅ ਕੀਤੇ ਰਾਜਨੀਤਕ ਏਜੰਡੇ ਅਤੇ ਮੀਡੀਆ ਵੱਲੋਂ ਚਲਾਈਆਂ ਗਈਆਂ ਬਹਿਸਾਂ ਨਾਲ ਜ਼ਹਿਰ ਭਿੱਜਿਆ ਵਾਤਾਵਰਨ ਸਾਡੇ ਸਾਹਮਣੇ ਪੇਸ਼ ਕੀਤਾ ਜਾਂਦਾ ਹੈ।

ਆਮ ਲੋਕਾਂ ਨੂੰ ਸਮਝਾਉਣ ਅਤੇ ਸਿੱਧੇ ਰਸਤੇ ਪਾਉਣ ਦੀ ਬਜਾਏ ਅਜੋਕੇ ਸਮੇਂ ਦੇ ਹਕੂਮਤੀ ਗਲਿਆਰੇ ਵਿਚ ਬੈਠੇ ਅਨੇਕ ਰਾਜਨੀਤਕ ਲੀਡਰ ਜਿਹਨਾਂ ਨੇ ਸੰਵਿਧਾਨ ਅਨੁਸਾਰ ਚੱਲਣ ਦੀ ਕਸਮ ਖਾਧੀ ਸੀ ਅਤੇ ਮੀਡੀਆ ਚਲਾਉਣ ਵਾਲੇ ਜੋ ਆਪਣੇ ਆਪ ਨੂੰ ਇਨਸਾਨੀਅਤ ਦੇ ਰਖਵਾਲੇ ਦੱਸ ਰਹੇ ਹਨ, ਜਦੋਂ ਉਹ ਨਫਰਤ ਭਰੇ ਭਾਸ਼ਣਾਂ, ਇੱਕ ਦੂਜੇ ਨੂੰ ਚੁੱਭਣ ਤੇ ਉਕਸਾਉਣ ਵਾਲੇ ਪ੍ਰਗਟਾਵੇ ਕਰਨ ਨਾਲ ਦੂਜਿਆਂ ਪ੍ਰਤੀ ਨਫਰਤ ਪੈਦਾ ਕਰਨ ਤਾਂ ਲੱਗਦਾ ਹੈ ਕਿ ਇਹ ਧਾਰਮਿਕ ਨਹੀਂ, ਸਗੋਂ ਕੋਈ ਸ਼ੈਤਾਨੀ ਟੋਲਾ ਹੈ, ਜੋ ਇਸ ਦੇਸ਼ ਨੂੰ ਮੁੜ ਪਾੜਨ ਅਤੇ ਇਨਸਾਨੀਅਤ ਦਾ ਘਾਣ ਕਰਨ ਵੱਲ ਤੁਰਿਆ ਹੋਇਆ ਹੈ।

ਰਾਜ-ਸੱਤਾ 'ਤੇ ਕਾਬਜ਼ ਬੀ ਜੇ ਪੀ ਦੀਆਂ ਨੀਤੀਆਂ ਦੇਸ਼ ਅੰਦਰ ਫਿਰਕੂ ਮਾਹੌਲ ਨੂੰ ਵਿਗਾੜਨ ਵਲ ਲੈ ਜਾਣ ਲਈ ਮੁੱਖ ਕਾਰਕ ਬਣਦੀਆਂ ਜਾ ਰਹੀਆਂ ਹਨ। ਬਹੁਤ ਸਾਰੇ ਆਗੂ ਜਦੋਂ ਮੂੰਹ ਖੋਲ੍ਹਦੇ ਹਨ ਤਾਂ ਉਹਨਾਂ ਅੰਦਰੋਂ ਸਮਾਜਿਕ ਵਾਤਾਵਰਨ ਨੂੰ ਖਰਾਬ ਕਰਨ ਵਾਲੀ ਫਿਰਕਾਪ੍ਰਸਤ ਨਫਰਤ ਦੇ ਅੰਗਾਰੇ ਵਰਸਦੇ ਹਨ। ਦੂਜੇ ਧਰਮਾਂ, ਖਾਸ ਕਰਕੇ ਮੁਸਲਮਾਨ ਧਰਮ ਨੂੰ ਮੰਨਣ ਵਾਲੇ ਆਗੂ ਪ੍ਰਤੀਕਰਮ ਦਿੰਦੇ ਹੋਏ ਇਸ ਵਾਤਾਵਰਨ ਨੂੰ ਹੋਰ ਜ਼ਿਆਦਾ ਵਿਗਾੜ ਰਹੇ ਹਨ।

ਭਾਰਤੀ ਆਜ਼ਾਦੀ ਦੇ ਸੰਘਰਸ਼ ਨੇ ਭਾਈਚਾਰਕ ਸਾਂਝ ਦੇ ਆਧਾਰ ਨੂੰ ਵਿਸਥਾਰਨ ਅਤੇ ਉਭਾਰਨ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਸੀ।

ਬਰਾਬਰੀ ਅਤੇ ਭਾਈਚਾਰੇ ਦੀ ਭਾਵਨਾ ਤੋਂ ਸੱਖਣੇ ਸਮਾਜ ਵਿੱਚ ਲੋਕਤੰਤਰ ਮਹਿਜ਼ ਇੱਕ ਅਰਥਹੀਨ ਵਿਖਾਵਾ ਬਣ ਕੇ ਰਹਿ ਜਾਵੇਗਾ । ਇਸੇ ਲਈ ਭਾਰਤ ਦੇ ਸੰਵਿਧਾਨ ਘਾੜਿਆਂ ਨੇ ਸੰਵਿਧਾਨ ਦੀ ਪ੍ਰਸਤਾਵਨਾ ਵਿੱਚ ਦਰਜ ਕੀਤੇ ਮੁੱਖ ਨਿਸ਼ਾਨਿਆ ਇਨਸਾਫ, ਆਜ਼ਾਦੀ ਅਤੇ ਬਰਾਬਰੀ ਦਾ ਅਸਲੀ ਮਕਸਦ ਭਾਰਤੀਆਂ ਨੂੰ ਇਕ ਭਾਈਚਾਰੇ ਵਜੋਂ ਸਥਾਪਤ ਕਰਨਾ ਮਿਥਿਆ ਸੀ।

ਯੂ ਐੱਨ ਓ ਵਿੱਚ ਵੀ ਮਨੁੱਖੀ ਅਧਿਕਾਰਾਂ ਸਬੰਧੀ ਅਪਣਾਏ ਗਏ ਅਸੂਲਾਂ ਵਿੱਚ ਇਹ ਦਰਜ ਹੈ ਕਿ ਸਭ ਵਿਅਕਤੀ ਆਪਣੇ ਜਨਮ ਤੋਂ ਆਜ਼ਾਦ ਹਨ ਅਤੇ ਸਭ ਦੀ ਇੱਜ਼ਤ ਅਤੇ ਅਧਿਕਾਰ ਬਰਾਬਰ ਹੁੰਦੇ ਹਨ। ਸਭਨਾਂ ਦੇ ਪਾਸ ਸੋਚਣ ਦੀ ਸ਼ਕਤੀ ਹੈ ਅਤੇ ਉਹਨਾਂ ਦੀ ਆਤਮਾ ਵਿੱਚ ਦੂਜੇ ਇਨਸਾਨਾਂ ਪ੍ਰਤੀ ਇੱਕ ਭਰਾਤਰੀ ਭਾਵ ਵੀ ਹੁੰਦਾ ਹੈ।

ਭਾਰਤ ਅੰਦਰ ਅਨੇਕਾਂ ਹੀ ਰਾਜਨੀਤਕ ਨਫਰਤ ਤੇ ਹਿੰਸਾ ਫੈਲਾਉਣ ਵਾਲੇ ਆਗੂਆਂ ਦੇ ਬੋਲ ਬਾਲੇ ਦੇ ਸਨਮੁੱਖ, ਮੀਡੀਆ ਦੇ ਵੱਡੇ ਹਿੱਸੇ ਵੱਲੋਂ ਦੇਸ਼ ਅੰਦਰ ਦੁਰਭਾਵਨਾ ਫੈਲਾਏ ਜਾਣ ਨੂੰ ਧਿਆਨ ਵਿੱਚ ਰੱਖਦੇ ਹੋਏ ਅਤੇ ਅੰਤਰਰਾਸ਼ਟਰੀ ਤੌਰ 'ਤੇ ਇਨਸਾਨੀਅਤ ਬਾਰੇ ਸਮਝ ਨੂੰ ਸਨਮੁੱਖ ਅੱਜ ਸਾਡੇ ਦੇਸ਼ ਦੇ ਆਮ ਲੋਕਾਂ, ਅਗਾਂਹਵਧੂ ਬੁੱਧੀਜੀਵੀਆਂ ਅਤੇ ਸਿਵਲ ਸੁਸਾਇਟੀ ਨੂੰ ਚਲਾਉਣ ਵਾਲੇ ਲੋਕਾਂ ਸਾਹਮਣੇ ਦੇਸ਼ ਦੀ ਏਕਤਾ, ਅਖੰਡਤਾ, ਇਨਸਾਨੀਅਤ ਅਤੇ ਭਾਈਚਾਰੇ ਨੂੰ ਬਚਾਉਣ ਦੀ ਵੱਡੀ ਜ਼ਿੰਮੇਵਾਰੀ ਬਣ ਗਈ ਹੈ। ਜੇਕਰ ਉਹ ਹੁਣ ਅਵੇਸਲੇ ਬਣੇ ਰਹੇ ਤਾਂ ਦੇਸ਼ ਅੰਦਰ ਕੀ ਕੁਝ ਵਾਪਰ ਸਕਦਾ ਹੈ, ਉਸ ਦਾ ਅੰਦਾਜ਼ਾ ਵੀ ਨਹੀਂ ਲਗਾਇਆ ਜਾ ਸਕਦਾ।

# ਸੰਪਰਕ : 98142-73870

# ਨਸ਼ਿਆਂ ਵਿਰੁੱਧ ਯੁੱਧ 'ਚ ਪੰਚਾਂ-ਸਰਪੰਚਾਂ 'ਤੇ ਨਿਗਾਹ ਰੱਖੀ ਜਾਵੇ

ਬਲਬੀਰ ਸਿੰਘ ਬੱਬੀ

ਪੰਜਾਬ ਸਰਕਾਰ ਵੱਲੋਂ ਪੰਜਾਬ ਪੁਲਸ ਨੂੰ ਸਖਤ ਹਦਾਇਤਾਂ ਦੇ ਕੇ ਸਮੁੱਚੇ ਪੰਜਾਬ ਵਿੱਚ ਯੁੱਧ ਨਸ਼ੇ ਵਿਰੁੱਧ ਲੜਿਆ ਜਾ ਰਿਹਾ ਹੈ। ਕੋਈ ਨਸ਼ੇ ਦੀ ਓਵਰਡੋਜ਼ ਨਾਲ ਮਰਦਾ, ਕੋਈ ਨਸ਼ਾ ਨਾ ਮਿਲਣ ਕਾਰਨ ਮਰਦਾ, ਹੈ ਤੇ ਕਈ ਲੋਕ ਨਸ਼ੇ ਦਾ ਵਿਰੋਧ ਕਰ ਰਹੇ ਹਨ ਤਾਂ ਨਸ਼ੇ ਦੇ ਸੌਦਾਗਰ ਤੇ ਉਹਨਾਂ ਦੇ ਕਰਿੰਦੇ ਉਹਨਾਂ ਨੂੰ ਮਾਰ ਰਹੇ ਹਨ।

ਖੈਰ, ਦੇਰ ਆਏ ਦਰੁਸਤ ਆਏ ਜੇਕਰ ਪੰਜਾਬ ਸਰਕਾਰ ਤੇ ਪੰਜਾਬ ਪੁਲਸ ਦੀ ਅੱਖ ਹੁਣ ਵੀ ਖੁੱਲ੍ਹੀ ਹੈ ਤਾਂ ਵੀ ਅਸੀਂ ਸਵਾਗਤ ਕਰੀਏ ਤੇ ਯੁੱਧ ਨਸ਼ੇ ਵਿਰੁੱਧ ਨਿੱਤਰੀਏ। ਪੰਜਾਬ ਦੇ ਹਰ ਘਰ ਦਾ ਮੈਂਬਰ ਯੁੱਧ ਨਸ਼ੇ ਵਿਰੁੱਧ ਲੜੇ ਤਾਂ ਸ਼ਾਇਦ ਠੱਲ੍ਹ ਪੈ ਸਕਦੀ ਹੈ।

ਹੁਣ ਜਿਹੜਾ ਯੁੱਧ ਨਸ਼ਿਆਂ ਵਿਰੁੱਧ ਲੜਿਆ ਜਾ ਰਿਹਾ ਹੈ, ਚੰਗਾ ਹੋਵੇ ਜੇਕਰ ਸਰਕਾਰ ਤੇ ਪੁਲਸ ਇਕ ਨੇਕ ਨੀਅਤ ਦੇ ਨਾਲ ਕੰਮ ਕਰੇ। ਇਸ ਸਮੇਂ ਇਹ ਗੱਲ ਪ੍ਰਮੁਖਤਾ ਰੱਖਦੀ ਹੈ ਕਿ ਨਸ਼ੇ ਦੇ ਕੋਹੜ ਨੂੰ ਕੱਢਣ ਲਈ ਪੰਜਾਬ ਦੇ ਪਿੰਡਾਂ ਦੇ ਲੋਕ ਖੁਦ ਹੀ ਨਿੱਡਰ ਹੋ ਕੇ ਅੱਗੇ ਆਉਣ ਤੇ ਨਸ਼ੇ ਵਾਲਿਆਂ ਦੀ ਖੁੰਬ ਠੱਪੀ,ਅਜੇ ਵੀ ਇਹ ਮਾਮਲਾ ਕਾਫੀ ਖਤਰਨਾਕ ਹੈ, ਪਰ ਚਲੋ ਫਿਰ ਵੀ ਜਿੰਦ ਤਲੀ ਉੱਤੇ ਧਰਨੀ ਪੈਂਦੀ ਹੈ। ਯੁੱਧ ਨਸ਼ੇ ਵਿਰੁੱਧ ਤਹਿਤ ਪੰਜਾਬ ਦੀਆਂ ਅਨੇਕਾਂ ਪੰਚਾਇਤਾਂ ਨੇ ਆਪੋ ਆਪਣੇ ਪਿੰਡਾਂ ਵਿੱਚ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਮਤੇ ਪਾਏ ਹਨ। ਇਹਨਾਂ ਮਤਿਆਂ ਵਿੱਚ ਸਿੱਧੇ ਤੌਰ 'ਤੇ ਕਿਹਾ ਗਿਆ ਹੈ ਕਿ ਸਾਡੇ ਪਿੰਡ ਦਾ ਕੋਈ ਵੀ ਵਿਅਕਤੀ ਜੇਕਰ ਨਸ਼ਾ ਵੇਚਦਾ ਫੜਿਆ ਗਿਆ ਜਾਂ ਇਹਨਾਂ ਦੀ ਮਦਦ ਕਰਦਾ ਫੜਿਆ ਗਿਆ ਤਾਂ ਬਾਈਕਾਟ ਕੀਤਾ ਜਾਵੇਗਾ।

ਇਸੇ ਤਰ੍ਹਾਂ ਹੀ ਮਾਛੀਵਾੜਾ ਇਲਾਕੇ ਨਾਲ ਸੰਬੰਧਤ ਅਨੇਕਾਂ ਪੰਚਾਇਤਾਂ ਨੇ ਮਤੇ ਪਾਏ ਹਨ ਤੇ ਪਿੰਡਾਂ ਵਿੱਚ ਬਹੁਤ ਵਧੀਆ ਤਰੀਕੇ ਨਾਲ ਬੋਰਡ ਆਦਿ ਲਗਾਏ ਗਏ ਹਨ, ਜਿਸ ਤੋਂ ਇਹ ਸਾਫ ਪਤਾ ਲੱਗਦਾ ਹੈ ਕਿ ਲੋਕ ਸੱਚਮੁੱਚ ਹੀ ਨਸ਼ਿਆਂ ਵਿਰੁੱਧ ਨਿੱਤਰ ਚੁੱਕੇ ਹਨ। ਇਹ ਨਹੀਂ ਹੋਣਾ ਚਾਹੀਦਾ ਕਿ ਜੇ ਹੁਣ ਨਸ਼ਿਆਂ ਵਿਰੁੱਧ ਯੁੱਧ ਲੜਿਆ ਜਾ ਰਿਹਾ ਹੈ ਤਾਂ ਹੀ ਇਹ ਸਭ ਕੁਝ ਹੋਵੇ, ਇਹ ਤਾਂ ਹੁਣ ਸਦਾ ਹੀ ਚੱਲਣਾ ਚਾਹੀਦਾ ਹੈ। ਇਹ ਤਾਂ ਸੀ ਉਹਨਾਂ ਪਿੰਡਾਂ ਦੀਆਂ ਪੰਚਾਇਤਾਂ ਦੀ ਗੱਲ, ਜੋ ਨਸ਼ੇ ਵਿਰੁੱਧ ਨਿਤਰੀਆਂ ਹਨ, ਜਿਹੜੀਆਂ ਬੀਤੇ ਸਮੇਂ ਪਿੰਡਾਂ ਦੀਆਂ ਪੰਚਾਇਤ ਚੋਣਾਂ ਹੋਈਆਂ ਹਨ, ਪੰਜਾਬ ਵਿੱਚ ਅਨੇਕਾਂ ਥਾਵਾਂ ਉੱਤੇ ਅਜਿਹੇ ਵਿਅਕਤੀਆਂ, ਅਜਿਹੇ ਪੰਚਾਂ-ਸਰਪੰਚਾਂ ਦੀਆਂ ਗੱਲਾਂ ਸਾਹਮਣੇ ਆਈਆਂ ਹਨ, ਜੋ ਖੁਦ ਨਸ਼ੇ ਦਾ ਕੰਮਕਾਰ ਕਰਦੇ ਰਹੇ ਹਨ। ਨਸ਼ਿਆਂ ਦੇ ਮਾਮਲੇ ਵਿੱਚ ਜੇਲ੍ਹ ਯਾਤਰਾ ਵੀ ਕਰ ਚੁੱਕੇ ਹਨ ਤੇ ਹੋਰ ਕੋਈ ਪਾਸਿਓਂ ਉਹਨਾਂ ਦਾ ਨਾਂਅ ਨਸ਼ਿਆਂ ਨਾਲ ਜੁੜਦਾ ਹੈ। ਇਹ ਉਹ ਵਿਅਕਤੀ ਹਨ, ਜਿਨ੍ਹਾਂ ਨੇ ਆਪਣੇ ਪਿੰਡ ਦੀ ਪੰਚਾਇਤ ਚੁਣਨ ਵਿੱਚ ਨਸ਼ਿਆਂ ਨੂੰ ਵੇਚ ਕੇ ਬਣਾਈ ਹੋਈ ਮਾਇਆ ਵੀ ਵਰਤੀ ਹੈ, ਲੋਕਾਂ ਵਿੱਚ ਸ਼ਰਾਬ ਤੋਂ ਲੈ ਕੇ ਅਨੇਕਾਂ ਤਰ੍ਹਾਂ ਦੇ ਨਸ਼ੇ ਵੀ ਵਰਤਾਏ ਹਨ। ਨਸ਼ਿਆਂ ਦੇ ਨਾਲ ਜੁੜੇ ਹੋਏ ਬੰਦੇ ਜਦੋਂ ਪੰਚ-ਸਰਪੰਚ ਬਣ ਗਏ ਤਾਂ ਫਿਰ ਉਹ ਕਦੋਂ ਆਪਣੇ ਪਿੰਡਾਂ ਨੂੰ ਨਸ਼ਿਆਂ ਤੋਂ ਬਚਾ ਸਕਦੇ ਹਨ। ਮੈਂ ਦਾਅਵੇ ਨਾਲ ਕਹਿੰਦਾ ਹਾਂ ਕਿ ਜਿਹੜੇ ਪੰਚ-ਸਰਪੰਚ ਅਜਿਹੇ ਹਨ ਉਹ ਕਦੇ ਵੀ ਆਪਣੇ ਪਿੰਡ ਵਿੱਚ ਮਤਾ ਪਾ ਕੇ ਨਸ਼ਿਆਂ ਵਿਰੁੱਧ ਕੰਮ ਨਹੀਂ ਕਰ ਸਕਦੇ ਕਿਉਂਕਿ ਇਹਨਾਂ ਇਹ ਉਹ ਵਿਅਕਤੀ ਹਨ, ਜਿਹੜੇ ਨਸ਼ੇ ਵਾਲਿਆਂ ਦੀ ਮੱਦਦ ਕਰਦੇ ਹੀ ਹਨ ਨਸ਼ੇ ਵਾਲਿਆਂ ਦੀਆਂ ਜਮਾਨਤਾਂ ਦਿੰਦੇ ਹਨ, ਨਸ਼ੇ ਵਾਲਿਆਂ ਨੂੰ ਥਾਣੇ ਵਿੱਚ ਛਡਾ ਕੇ ਵੀ ਲਿਆਂਦੇ ਹਨ । ਫਿਰ ਇਹ ਕਦੋਂ ਕਹਿਣਗੇ ਕਿ ਨਸ਼ੇ ਬੰਦ ਹੋਣ, ਕਿਉਂਕਿ ਇਹਨਾਂ ਦਾ ਧੰਦਾ ਅਨੇਕਾਂ ਤਰੀਕਿਆਂ ਨਾਲ ਨਸ਼ੇ ਨਾਲ ਜੁੜਿਆ ਹੋਇਆ ਹੈ। ਇਸ ਮਾਮਲੇ ਵਿੱਚ ਅਸੀਂ ਪੰਜਾਬ ਸਰਕਾਰ ਤੇ ਪੰਜਾਬ ਪੁਲਸ ਨੂੰ ਬੇਨਤੀ ਕਰਦੇ ਹਾਂ ਕਿ ਅਜਿਹੇ ਪੰਚ-ਸਰਪੰਚ ਜਿਹਨਾਂ ਦੇ ਨਾਲ ਨਸ਼ੇ ਜੁੜੇ ਹੋਏ ਹਨ, ਉਹਨਾਂ ਉੱਤੇ ਸਖਤ ਨਿਗ੍ਹਾ ਰੱਖਣੀ ਚਾਹੀਦੀ ਹੈ, ਤਾਂ ਹੀ ਨਸ਼ਿਆਂ ਵਿਰੁੱਧ ਲੜਿਆ ਜਾ ਰਿਹਾ ਯੁੱਧ ਕਾਮਯਾਬ ਹੋ ਸਕਦਾ ਹੈ।

# ਸੰਪਰਕ : 70091-07300

# ਆਵਾਰਾ ਪਸ਼ੂ ਬਨਾਮ ਸੜਕਾਂ 'ਤੇ ਭਟਕਦੀ ਮੌਤ

ਰਾਜਿੰਦਰ ਸਿੰਘ ਰਾਜਨ

ਅਵਾਰਾ ਪਸ਼ੂ ਕੇਵਲ ਖੇਤੀਬਾੜੀ ਲਈ ਹੀ ਨਹੀਂ, ਸਗੋਂ ਸੜਕਾਂ 'ਤੇ ਚੱਲ ਰਹੀਆਂ ਜ਼ਿੰਦਗੀਆਂ ਲਈ ਵੀ ਲਗਾਤਾਰ ਖਤਰਾ ਬਣੇ ਹੋਏ ਹਨ। ਇਹ ਮਾਮਲਾ ਹੁਣ ਕਿਸਾਨੀ ਦੀ ਹੱਦ ਤੱਕ ਸੀਮਤ ਨਹੀਂ ਰਿਹਾ, ਬਲਕਿ ਸਾਰਿਆਂ ਦੀ ਸੁਰੱਖਿਆ ਨਾਲ ਜੁੜੀ ਗੰਭੀਰ ਚੁਣੌਤੀ ਬਣ ਚੁੱਕਾ ਹੈ। ਰੋਜ਼ਾਨਾ ਹਾਦਸੇ, ਜਾਨਾਂ ਦਾ ਨੁਕਸਾਨ ਅਤੇ ਆਵਾਜਾਈ ਵਿੱਚ ਰੁਕਾਵਟਾਂ ਦੀ ਇਹ ਦਾਸਤਾਨ ਹੁਣ ਪੰਜਾਬ ਤੋਂ ਇਲਾਵਾ ਬਾਹਰ ਗੁਆਂਢੀ ਸੂਬਿਆਂ ਤੱਕ ਫੈਲ ਚੁੱਕੀ ਹੈ। ਜਿੱਥੇ ਵੀ ਜਾਓ ਗਾਵਾਂ, ਭੈਸਾਂ, ਸਾਂਢ, ਵੱਛੇ ਮੌਤ ਵਾਂਗ ਰਸਤੇ ਰੋਕਦੇ ਮਿਲਦੇ ਹਨ। ਅਵਾਰਾ ਪਸ਼ੂਆਂ ਦੀ ਭਰਮਾਰ ਨਾ ਸਿਰਫ ਪਿੰਡਾਂ ਅਤੇ ਸ਼ਹਿਰਾਂ ਦੀਆਂ ਗਲੀਆਂ ਵਿੱਚ ਹੀ ਵਧ ਰਹੀ ਹੈ, ਬਲਕਿ ਨੈਸ਼ਨਲ ਹਾਈਵੇਅ ਅਤੇ ਪਹਾੜੀ ਰਾਜਾਂ ਦੀਆਂ ਮੁੱਖ ਸੜਕਾਂ 'ਤੇ ਵੀ ਵੱਡਾ ਖਤਰਾ ਬਣ ਚੁੱਕੀ ਹੈ। ਕਈ ਪਸ਼ੂ-ਪਾਲਕ ਤਾਂ ਆਪਣੇ ਦੁਧਾਰੂ ਪਸ਼ੂਆਂ ਨੂੰ ਦਿਨ ਭਰ ਆਵਾਰਾ ਛੱਡਣ ਦੀ ਆਦਤ ਪਾ ਚੁੱਕੇ ਹਨ। ਇਹ ਪਸ਼ੂ ਕਿਸਾਨਾਂ ਦੇ ਖੇਤਾਂ, ਸ਼ਹਿਰੀ ਬਾਜ਼ਾਰਾਂ ਅਤੇ ਨਵੇਂ ਵਿਕਾਸ ਅਧੀਨ ਖਾਲੀ ਪਲਾਟਾਂ ਵਿੱਚ ਵਿਨਾਸ਼ ਮਚਾਉਂਦੇ ਨਜ਼ਰ ਆਉਂਦੇ ਹਨ।

ਸ਼ਹਿਰੀ ਇਲਾਕਿਆਂ ਵਿੱਚ ਇਹ ਪਸ਼ੂ ਗੰਦਗੀ ਅਤੇ ਰੋਗਾਂ ਦੇ ਫੈਲਾਅ ਦਾ ਕਾਰਨ ਬਣ ਰਹੇ ਹਨ। ਕੂੜੇ ਵਿੱਚੋਂ ਖਾਣ ਦੀ ਆਦਤ ਕਰਕੇ ਇਹ ਅਕਸਰ ਬੀਮਾਰ ਹੋ ਜਾਂਦੇ ਹਨ, ਜਿਸ ਨਾਲ ਉਨ੍ਹਾਂ ਦੀ ਬਿਮਾਰੀ ਹੋਰ ਪਸ਼ੂਆਂ ਅਤੇ ਇਨਸਾਨਾਂ ਤੱਕ ਵੀ ਪਹੁੰਚ ਸਕਦੀ ਹੈ। ਕਈ ਵਾਰ ਗੁੱਸੇ ਵਿੱਚ ਆਏ ਪਸ਼ੂ ਰੋਡ 'ਤੇ ਦੌੜ ਪੈਂਦੇ ਹਨ, ਜਿਸ ਕਰਕੇ ਬੱਚਿਆਂ, ਬਜ਼ੁਰਗਾਂ ਅਤੇ ਆਮ ਰੇੜ੍ਹੀਆਂ-ਫੜ੍ਹੀਆਂ ਵਾਲਿਆਂ ਲਈ ਸੰਕਟ ਪੈਦਾ ਹੋ ਜਾਂਦਾ ਹੈ।

ਇਨ੍ਹਾਂ ਅਵਾਰਾ ਪਸ਼ੂਆਂ ਵਿੱਚ ਖਾਸ ਕਰਕੇ ਮੋਟੇ-ਤਕੜੇ ਸਾਂਢ ਬਹੁਤ ਖਤਰਨਾਕ ਸਾਬਤ ਹੁੰਦੇ ਹਨ। ਇਹ ਅਕਸਰ ਬਿਨਾਂ ਕਿਸੇ ਚੇਤਾਵਨੀ ਦੇ ਹਮਲਾ ਕਰ ਦਿੰਦੇ ਹਨ। ਬਹੁਤ ਵਾਰ ਕਾਰਾਂ, ਥ੍ਰੀ-ਵ੍ਹੀਲਰ ਤੇ ਮੋਟਰਸਾਈਕਲ, ਸਾਈਕਲ ਚਾਲਕ ਤੇ ਸਵਾਰ ਵੀ ਇਹਨਾਂ ਦੇ ਸ਼ਿਕਾਰ ਬਣ ਚੁੱਕੇ ਹਨ। ਜੇਕਰ ਕਿਸੇ ਨੇ ਹੌਲੀ ਜਿਹਾ ਹਾਰਨ ਵਜਾ ਦਿੱਤਾ ਜਾਂ ਉਨ੍ਹਾਂ ਦੇ ਨੇੜੇ ਗੁਜ਼ਰਦੇ ਹੋਏ ਅਣਜਾਣੇ ਹੀ ਨਜ਼ਰ ਮਿਲਾ ਲਈ, ਤਾਂ ਇਹ ਪਸ਼ੂ ਗੁੱਸੇ ਵਿੱਚ ਹਮਲਾ ਕਰ ਦਿੰਦੇ ਹਨ। ਕਿੰਨੇ ਹੀ ਲੋਕ ਇਨ੍ਹਾਂ ਅਵਾਰਾ ਪਸ਼ੂਆਂ ਨਾਲ ਟਕਰਾ ਕੇ ਆਪਣੀ ਜਾਨ ਗੁਆ ਚੁੱਕੇ ਹਨ।



ਇਹ ਵੀ ਸੋਚਣਯੋਗ ਹੈ ਕਿ ਜਦੋਂ ਕੋਈ ਦੁਧਾਰੂ ਪਸ਼ੂ ਵੱਡੇ ਵਾਹਨ ਹੇਠ ਆ ਕੇ ਮਰ ਜਾਂਦਾ ਹੈ, ਤਾਂ ਉਸ ਦਾ ਮਾਲਕ ਤੁਰੰਤ ਆ ਕੇ ਆਪਣੇ ਨੁਕਸਾਨ ਦੀ ਭਰਪਾਈ ਮੰਗਣ ਲੱਗ ਪੈਂਦਾ ਹੈ, ਪਰ ਜੇ ਕੋਈ ਪਸ਼ੂ ਨਾਲ ਟਕਰਾ ਕੇ ਗੰਭੀਰ ਜਖਮੀ ਹੋ ਜਾਂਦਾ ਹੈ ਤਾਂ ਪੁੱਛਿਆ ਜਾਵੇ ਕਿ ਪਸ਼ੂ ਕਿਸਦਾ ਹੈ, ਤਾਂ ਕੋਈ ਵੀ ਜ਼ਿੰਮੇਵਾਰੀ ਲੈਣ ਲਈ ਤਿਆਰ ਨਹੀਂ ਹੁੰਦਾ। ਇਹ ਦੋਹਰੀ ਸੋਚ ਸਮਾਜ ਵਿੱਚ ਨੈਤਿਕਤਾ ਅਤੇ ਜ਼ਿੰਮੇਵਾਰੀ ਦੀ ਘਾਟ ਨੂੰ ਉਜਾਗਰ ਕਰਦੀ ਹੈ।

ਜਿਨ੍ਹਾਂ ਗਊਆਂ ਨੇ ਪੰਜਾਬ ਦੀ ਧਰਤੀ ਨੂੰ ਦੁਧ, ਮੱਖਣ, ਘਿਉ, ਦਹੀਂ, ਲੱਸੀ ਅਤੇ ਹੋਰ ਸੌਖੀ ਜੀਵਨ ਦੇਣ ਵਾਲੀਆਂ ਵਸਤਾਂ ਨਾਲ ਮਾਲਾਮਾਲ ਕੀਤਾ, ਉਹ ਅੱਜ ਨਾ ਸਿਰਫ ਬੇਆਸਰਾ ਹਨ, ਬਲਕਿ ਰੋਜ਼ ਦੀ ਭੁੱਖ ਮਿਟਾਉਣ ਲਈ ਗੰਦਗੀ ਦੇ ਢੇਰਾਂ ਵਿੱਚ ਮੂੰਹ ਮਾਰ ਕੇ ਚਾਰੇ ਦੀ ਤਲਾਸ਼ ਕਰ ਰਹੇ ਹਨ। ਸਵਾਲ ਇਹ ਨਹੀਂ ਕਿ ਇਹਨਾਂ ਪਸ਼ੂਆਂ ਦੀ ਜ਼ਿੰਮੇਵਾਰੀ ਕਿਸ ਦੀ ਸੀ। ਸਵਾਲ ਇਹ ਹੈ ਕਿ ਅਸੀਂ ਇਨਸਾਨ ਹੋਣ ਦੇ ਨਾਤੇ ਆਪਣੀ ਮਨੁੱਖਤਾ ਦੇ ਫਰਜ਼ ਨੂੰ ਕਿਉਂ ਭੁੱਲ ਗਏ ?

ਪੰਜਾਬ ਵਿੱਚ ਤਾਂ ਅਵਾਰਾ ਪਸ਼ੂਆਂ ਦੀ ਭਰਮਾਰ ਲਗਭਗ ਹਰ ਸ਼ਹਿਰ ਅਤੇ ਪਿੰਡ ਵਿੱਚ ਵੇਖਣ ਨੂੰ ਮਿਲਦੀ ਹੈ, ਪਰ ਪਠਾਨਕੋਟ ਜ਼ਿਲ੍ਹੇ ਦੇ ਗੁਆਂਢੀ ਰਾਜ ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੀਆਂ ਮੁੱਖ ਸੜਕਾਂ 'ਤੇ ਇਹ ਸਮੱਸਿਆ ਇੱਕ ਵੱਡੇ ਖਤਰੇ ਵਾਂਗ ਉਭਰੀ ਹੋਈ ਹੈ। ਪਠਾਨਕੋਟ-ਜੰਮੂ ਹਾਈਵੇ, ਪਠਾਨਕੋਟ - ਸ੍ਰੀਨਗਰ ਰੋਡ, ਪਠਾਨਕੋਟ -ਚੰਬਾ-ਡਲਹੌਜ਼ੀ ਰੋਡ, ਪਠਾਨਕੋਟ-ਕੁੱਲੂ-ਮਨਾਲੀ ਸੜਕਾਂ 'ਤੇ ਇਹ ਪਸ਼ੂ ਆਜ਼ਾਦੀ ਨਾਲ ਬੇ-ਰੋਕ ਟੋਕ ਘੁੰਮਦੇ ਦਿਖਾਈ ਦੇਣਗੇ। ਇਹ ਅਵਾਰਾ ਪਸ਼ੂ ਕਈ ਵਾਰ ਅਚਾਨਕ ਗੱਡੀਆਂ ਦੇ ਅੱਗੇ ਆ ਜਾਂਦੇ ਹਨ, ਜਿਸ ਕਰਕੇ ਸੜਕਾਂ 'ਤੇ ਯਾਤਰਾ ਕਰ ਰਹੇ ਲੋਕ ਖਤਰੇ ਵਿੱਚ ਪੈਂਦੇ ਹਨ, ਬਲਕਿ ਇਹ ਹਾਦਸਿਆਂ ਦੀ ਵੀ ਮੁੱਖ ਵਜ੍ਹਾ ਬਣ ਰਹੇ ਹਨ।

ਉਹ ਵੀ ਕਦੇ ਸੁਹਾਵਣੇ ਦਿਨ ਸਨ, ਜਦ ਪਿੰਡ, ਸ਼ਹਿਰਾਂ ਦੀ ਸਵੇਰ ਪਸ਼ੂਆਂ ਦੀ ਰੰਮ-ਝੰਮ ਨਾਲ ਰੋਸ਼ਨ ਹੁੰਦੀ ਸੀ। ਚੌਣਿਆਂ 'ਤੇ ਜਾਣ ਵਾਲੀਆਂ ਗਊਆਂ ਦੇ ਗਲ ਵਿਚ ਟੱਲੀਆਂ ਦੀ ਛਣਕ ਹੁੰਦੀ, ਜਿਵੇਂ ਕੁਦਰਤ ਆਪਣੇ ਸਾਜ ਵਜਾ ਰਿਹਾ ਹੋਵੇ। ਪੁਰਾਣੇ ਸਮੇਂ ਦੀਆਂ ਮਾਵਾਂ ਆਪਣੇ ਹੱਥੀਂ ਰੋਟੀ ਦੇ ਟੁਕੜੇ, ਗੁੜ ਜਾਂ ਚੂਰੀ ਬੰਨ੍ਹ ਕੇ ਗਊਆਂ ਲਈ ਭੇਜਦੀਆਂ ਸਨ। ਇਹ ਇੱਕ ਰਵਾਇਤੀ ਰੂਹਾਨੀ ਰਿਸ਼ਤਾ ਸੀ ਪਸ਼ੂ ਤੇ ਇਨਸਾਨ ਵਿਚਕਾਰ ਪਿਆਰ, ਪਰਵਾਹ ਤੇ ਸੰਵੇਦਨਸ਼ੀਲਤਾ ਦਾ। ਚੌਣੇ ਸਿਰਫ ਚਾਰਾ ਨਹੀਂ, ਇਹ ਇੱਕ ਢੰਗ ਸੀ ਪਸ਼ੂਆਂ ਦੀ ਜ਼ਿੰਦਗੀ ਨੂੰ ਕੁਦਰਤ ਨਾਲ ਜੋੜਨ ਦਾ। ਜਿੱਥੇ ਪਾਣੀ ਚਮਕਦਾ ਹੋਇਆ ਵਹਿੰਦਾ, ਉੱਥੇ ਪਸ਼ੂ ਪਾਣੀ ਪੀਣ ਤੋਂ ਬਾਅਦ ਆਪਣੇ ਮੂੰਹ ਚੱਟਦੇ, ਰੌਣਕ ਵਾਲੀ ਧਰਤੀ ਉੱਤੇ ਲੰਮੇ-ਲੰਮੇ ਸਾਹ ਲੈਂਦੇ। ਕਿਤੇ ਗਊਆਂ ਇਕ-ਦੂਜੀ ਨਾਲ ਮੱਥੇ ਰਗੜਦੀਆਂ, ਤਾਂ ਕਿਤੇ ਛੋਟੀਆਂ ਵਛੜੀਆਂ ਮਾਂ ਦੇ ਪਿੱਛੇ-ਪਿੱਛੇ ਦੌੜਦੀਆਂ। ਇਹ ਦ੍ਰਿਸ਼ ਗਮ ਭੁਲਾਉਂਦਾ ਸੀ, ਮਨ ਨੂੰ ਸ਼ਾਂਤ ਕਰ ਦਿੰਦਾ ਸੀ, ਪ੍ਰੰਤੂ ਅੱਜ ਦੀ ਹਕੀਕਤ ਇਸ ਸਭ ਤੋਂ ਉਲਟ ਹੈ। ਪਸ਼ੂ ਆਜ਼ਾਦੀ ਦੀ ਥਾਂ ਕੈਦ ਵਿਚ ਹਨ। ਗਾਹਕ ਲਈ ਦੁੱਧ ਦੀ ਮਾਤਰਾ ਤਾਂ ਵਧੀ, ਪਰ ਉਸ ਦੀ ਗੁਣਵੱਤਾ ਘਟ ਗਈ। ਗਲੀਆਂ ਵਿਚ ਲੱਗੇ ਗੰਦਗੀ ਦੇ ਢੇਰ, ਪਲਾਸਟਿਕ ਦੇ ਟੁਕੜੇ, ਸੜਨ ਵਾਲੇ ਅੰਨ ਅਤੇ ਫਟੇ ਕੂੜੇ ਵਿਚੋਂ ਚੁਣਦੇ ਇਹ ਪਸ਼ੂ ਸਾਡੇ ਮੂਲ ਸਵਾਲਾਂ ਵਾਂਗ ਹਨ ਅਸੀਂ ਕਿੱਥੇ ਪਹੁੰਚ ਗਏ ਹਾਂ? ਪਸ਼ੂਆਂ ਦੀ ਇਹ ਹਾਲਤ ਸਾਡੀ ਸਮਾਜਕ ਸੰਵੇਦਨਸ਼ੀਲਤਾ ਉੱਤੇ ਸਵਾਲ ਚੁੱਕਦੀ ਹੈ। ਕੀ ਅਸੀਂ ਉਹੀ ਲੋਕ ਹਾਂ, ਜੋ ਪਹਿਲਾਂ ਗਊਆਂ ਦੇ ਮੱਥੇ 'ਤੇ ਹੱਥ ਫੇਰ ਕੇ ਦੁੱਧ ਪੀਣ ਤੋਂ ਪਹਿਲਾਂ ਆਸ਼ੀਰਵਾਦ ਮੰਗਦੇ ਸੀ।

ਸਰਕਾਰ ਨੂੰ ਚਾਹੀਦਾ ਹੈ ਕਿ ਹਰ ਅਵਾਰਾ ਪਸ਼ੂ ਦੇ ਮਾਲਕ ਨੂੰ ਭਾਰੀ ਜੁਰਮਾਨਾ ਦੇਣ ਲਈ ਮਜਬੂਰ ਕੀਤਾ ਜਾਵੇ ਤੇ ਇਸ ਰਕਮ ਤੋਂ ਆਵਾਰਾ ਪਸ਼ੂਆਂ ਲਈ ਵਿਲੱਖਣ ਆਸ਼ਰਮ ਬਣਾਉਣ, ਉਸ ਜੁਰਮਾਨੇ ਤੋਂ ਇਕੱਠਾ ਹੋਇਆ ਪੈਸਾ ਪਸ਼ੂਆਂ ਦੀ ਸੰਭਾਲ, ਖੁਰਾਕ ਅਤੇ ਇਲਾਜ ਦੀ ਵਿਵਸਥਾ ਕਰਨ ਵਿੱਚ ਵਰਤਿਆ ਜਾਵੇ । ਹਾਈਵੇ ਅਤੇ ਸ਼ਹਿਰਾਂ ਵਿੱਚ ਟੀਮਾਂ ਤੈਨਾਤ ਕੀਤੀਆਂ ਜਾਣ, ਜੋ ਅਵਾਰਾ ਪਸ਼ੂਆਂ ਨੂੰ ਕਾਬੂ ਵਿੱਚ ਰੱਖਣ ਲਈ ਕਾਰਵਾਈ ਕਰਨ। ਹਰ ਪਸ਼ੂ ਨੂੰ ਮਾਲਕ ਦੇ ਨਾਂਅ ਨਾਲ ਰਜਿਸਟਰ ਕਰਨਾ ਲਾਜ਼ਮੀ ਹੋਵੇ, ਤਾਂ ਜੋ ਕਿਸੇ ਵੀ ਹਾਦਸੇ ਦੀ ਸੂਰਤ ਵਿੱਚ ਉਸ ਦੀ ਪਛਾਣ ਹੋ ਸਕੇ।

ਜੇਕਰ ਅਸੀਂ ਆਪਣੇ ਬੱਚਿਆਂ, ਨੌਜਵਾਨਾਂ, ਬਜ਼ੁਰਗਾਂ ਅਤੇ ਹੋਰ ਸਾਰਿਆਂ ਦੀ ਸੁਰੱਖਿਆ ਚਾਹੁੰਦੇ ਹਾਂ, ਤਾਂ ਅਸੀਂ ਇਨ੍ਹਾਂ ਦੁਧਾਰੂ ਪਸ਼ੂਆਂ ਨੂੰ ਖੁੱਲ੍ਹਾ ਛੱਡਣ ਵਾਲੇ ਮਾਲਕਾਂ 'ਤੇ ਨਕੇਲ ਪਾਉਣੀ ਪਵੇਗੀ, ਜੋ ਸਮੇਂ ਦੀ ਮੁੱਖ ਲੋੜ ਹੈ । ਸਰਕਾਰ ਨੂੰ ਚਾਹੀਦਾ ਹੈ ਕਿ ਇਹਨਾਂ ਅਵਾਰਾ ਪਸ਼ੂਆਂ ਦੀ ਸੰਭਾਲ ਅਤੇ ਉਨ੍ਹਾਂ ਦੀ ਸੰਭਾਵਿਤ ਆਵਾਜਾਈ 'ਤੇ ਕੋਈ ਉਚਿਤ ਹੱਲ ਕੱਢੇ। ਅਵਾਰਾ ਪਸ਼ੂਆਂ ਉਪਰ ਰਿਫਲੈਕਟਰ ਲਾਏ ਜਾਣ, ਸੜਕਾਂ 'ਤੇ ਚੇਤਾਵਨੀ ਦੇ ਸੰਕੇਤ ਲਗਾਉਣ, ਜਉਸ਼ਲਾਵਾਂ ਦੀਆਂ ਹੋਰ ਵਿਆਪਕ ਵਿਵਸਥਾ ਬਣਾਉਣ ਅਤੇ ਯਾਤਰੀਆਂ ਨੂੰ ਜਾਣਕਾਰੀ ਪ੍ਰਦਾਨ ਕਰਨ ਲਈ ਉਚਿਤ ਉਪਰਾਲੇ ਕਰਵਾਏ ਜਾਣ।

ਵੈਟਰਨਰੀ ਇੰਸਪੈਕਟਰ ਸੰਦੀਪ ਮਹਾਜਨ, ਜੋ ਕਿ ਵੈਟਰਨਰੀ ਇੰਸਪੈਕਟਰ ਯੂਨੀਅਨ ਪਠਾਨਕੋਟ ਪੰਜਾਬ ਦੇ ਬੁਲਾਰੇ ਤੇ ਜ਼ਿਲ੍ਹਾ ਪ੍ਰਧਾਨ ਵੀ ਹਨ ਨੇ ਦੱਸਿਆ ਕਿ ਪੰਜਾਬ ਭਰ ਵਿੱਚ ਹਰ ਜ਼ਿਲ੍ਹੇ ਵਿੱਚ ਕੈਂਟਲ ਪੌਂਡ ਸੈਂਟਰ ਚੱਲ ਰਹੇ ਹਨ। ਜੇਕਰ ਕਿਸੇ ਪਿੰਡ ਜਾਂ ਸ਼ਹਿਰੀ ਵਾਰਡ ਵਿੱਚ ਅਵਾਰਾ ਪਸ਼ੂ ਮਿਲਦੇ ਹਨ, ਤਾਂ ਸਰਪੰਚ ਜਾਂ ਐੱਮ ਸੀ ਵੱਲੋਂ ਲਿਖਤੀ ਰੂਪ ਵਿੱਚ ਜਾਣਕਾਰੀ ਦੇਣ 'ਤੇ ਉਹਨਾਂ ਨੂੰ ਇਨ੍ਹਾਂ ਕੇਂਦਰਾਂ ਵਿੱਚ ਭੇਜਿਆ ਜਾ ਸਕਦਾ ਹੈ। ਇੱਥੇ ਉਹਨਾਂ ਦੀ ਐਂਟਰੀ ਮੁਫਤ ਹੁੰਦੀ ਹੈ, ਇਲਾਜ, ਚਾਰਾ ਅਤੇ ਟੀਕਾਕਰਨ ਵੀ ਮੁਫਤ ਮੁਹੱਈਆ ਕਰਵਾਇਆ ਜਾਂਦਾ ਹੈ। ਉਨ੍ਹਾਂ ਦੀ ਸਮੇਂ-ਸਮੇਂ 'ਤੇ ਦੇਖਭਾਲ ਕੀਤੀ ਜਾਂਦੀ ਹੈ ਤੇ ਰਹਾਇਸ ਦੀ ਵੀ ਸੁਵਿਧਾ ਉਪਲੱਬਧ ਹੁੰਦੀ ਹੈ। ਇਸ ਸਮੇਂ ਕੇਵਲ ਪਠਾਨਕੋਟ ਜ਼ਿਲ੍ਹੇ ਵਿੱਚ 500 ਤੋਂ ਵੱਧ ਪਸ਼ੂ ਕੈਂਟਲ ਪੌਂਡ ਸੈਂਟਰ ਵਿੱਚ ਰਜਿਸਟਰਡ ਹਨ।

# ਸੰਪਰਕ: 94174-27656

# ਡਾ. ਅੰਬੇਡਕਰ ਨੇ ਦੱਬੇ-ਕੁਚਲੇ ਵਰਗਾਂ ਦੀ ਭਲਾਈ ਲਈ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ : ਮੋਹਿੰਦਰ ਭਗਤ



**ਬਠਿੰਡਾ (ਪਰਵਿੰਦਰ ਜੀਤ ਸਿੰਘ)**
ਡਾ. ਭੀਮ ਰਾਓ ਅੰਬੇਡਕਰ ਜੀ ਦਾ ਕਹਿਣਾ ਹੈ ਕਿ ਸਿੱਖਿਆ ਸ਼ੇਰਨੀ ਦਾ ਦੁੱਧ, ਜੋ ਪੀਵੇਗਾ ਉਹੀ ਦਹਾੜੇਗਾ।ਉਨ੍ਹਾਂ ਹਮੇਸ਼ਾ ਦੱਬੇ-ਕੁਚਲੇ ਤੇ ਪੱਛੜੇ ਵਰਗਾਂ ਦੀ ਸਮੁੱਚੀ ਭਲਾਈ ਨੂੰ ਬਿਹਤਰ ਬਣਾਉਣ ਵਿੱਚ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਜਿਨ੍ਹਾਂ ਦੇ ਯਤਨਾਂ ਸਦਕਾ ਕਈ ਵਿਦਿਅਕ ਸੰਸਥਾਵਾਂ ਦੀ ਸਥਾਪਨਾ ਹੋਈ, ਜਿਸ ਨਾਲ ਹਜ਼ਾਰਾਂ ਵਿਦਿਆਰਥੀਆਂ ਨੂੰ ਉੱਚ ਗੁਣਵੱਤਾ ਵਾਲੀ ਸਿੱਖਿਆ ਤੱਕ ਪਹੁੰਚਣ ਦੇ ਮੌਕੇ ਮਿਲੇ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਸਥਾਨਕ ਸਰਕਾਰੀ ਰਜਿੰਦਰਾ ਕਾਲਜ ਵਿਖੇ ਡਾ. ਬੀ. ਆਰ. ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਮੌਕੇ ਉਨ੍ਹਾਂ ਦੀ ਤਸਵੀਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਉਪਰੰਤ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ, ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ, ਐੱਸ ਐੱਸ ਪੀ ਮੈਡਮ ਅਮਨੀਤ ਕੌਂਡਲ ਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਮੌਜੂਦ ਰਹੀਆਂ।

ਇਸ ਮੌਕੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਵਸ ਦੀ ਵਧਾਈ ਦਿੰਦਿਆਂ ਕਿਹਾ ਕਿ ਇੱਕ ਅਜਿਹੀ ਉੱਚੀ ਸ਼ਖ਼ਸੀਅਤ ਨੂੰ ਸ਼ਰਧਾਂਜਲੀ ਭੇਟ ਕਰਦੇ ਹਾਂ, ਜਿਨ੍ਹਾਂ ਦੇ ਦ੍ਰਿਸ਼ਟੀਕੋਣ ਤੇ ਅਣਥੱਕ ਯਤਨਾਂ ਨੇ ਇੱਕ ਸਮਾਵੇਸ਼ੀ ਤੇ ਪ੍ਰਗਤੀਸ਼ੀਲ ਭਾਰਤ ਦੀ ਨੀਂਹ ਰੱਖੀ।ਇਸ ਦੌਰਾਨ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਡਾ. ਅੰਬੇਡਕਰ ਦੇ ਜਾਤੀ-ਅਧਾਰਤ ਵਿਤਕਰੇ ਨੂੰ ਖਤਮ ਕਰਨ ਤੇ ਸਮਾਜਿਕ ਸਮਾਨਤਾ ਨੂੰ ਉਤਸ਼ਾਹਤ ਕਰਨ ਲਈ ਅਣਥੱਕ ਯਤਨ ਸਾਡੇ ਸਾਰਿਆਂ ਲਈ ਪ੍ਰੇਰਨਾ ਦਾ ਸਰੋਤ ਹਨ।

ਇਸ ਤੋਂ ਪਹਿਲਾ ਜਿੱਥੇ ਪੁਲਸ ਦੀ ਟੁਕੜੀ ਨੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੂੰ ਇਥੇ ਪਹੁੰਚਣ 'ਤੇ ਗਾਰਡ ਆਫ ਆਨਰ ਨਾਲ ਸਨਮਾਨਤ ਕੀਤਾ, ਉੱਥੇ ਹੀ ਉਨ੍ਹਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਨਜ਼ਦੀਕ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਦੌਰਾਨ ਕੈਬਨਿਟ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਬਾਬਾ ਸਾਹਿਬ ਦੇ ਜਨਮ ਦਿਵਸ ਤੇ ਵਾਤਾਵਰਣ ਦੀ ਸ਼ੁੱਧਤਾ ਨੂੰ ਬਰਕਰਾਰ ਰੱਖਣ ਲਈ ਇੱਕ ਬੂਟਾ ਵੀ ਲਗਾਇਆ।ਸਮਾਗਮ ਮੌਕੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਆਸ਼ੀਰਵਾਦ ਸਕੀਮ ਤਹਿਤ ਲੋੜਵੰਦ ਯੋਗ ਲਾਭਪਾਤਰੀਆਂ ਨੂੰ ਸਨਮਾਨ ਪੱਤਰਾਂ ਦੀ ਵੀ ਵੰਡ ਕੀਤੀ। ਸਮਾਗਮ ਦੇ ਅਖੀਰ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ ਨੇ ਮੁੱਖ ਮਹਿਮਾਨ ਕੈਬਨਿਟ ਮੰਤਰੀ ਸ਼੍ਰੀ ਮੋਹਿੰਦਰ ਭਗਤ ਤੇ ਹਰ ਪ੍ਰਮੁੱਖ ਸਖਸ਼ੀਅਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਨਗਰ ਨਿਗਮ ਦੇ ਮੇਅਰ ਪਦਮਜੀਤ ਮਹਿਤਾ, ਐੱਸਡੀਐੱਮ ਬਠਿੰਡਾ ਬਲਕਰਨ ਸਿੰਘ ਮਾਹਲ, ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾਂ ਅਫ਼ਸਰ ਬਰਿੰਦਰ ਸਿੰਘ, ਚੇਅਰਮੈਨ ਪੰਜਾਬ ਮੀਡੀਅਮ ਇੰਡਸਟਰੀਜ਼ ਡਿਵੈਲਪਮੈਂਟ ਬੋਰਡ ਡਾਇਰੈਕਟਰ ਪੰਜਾਬ ਜਲ ਸਰੋਤ ਪ੍ਰਬੰਧਨ ਤੇ ਵਿਕਾਸ ਨਿਗਮ ਅਮਰਦੀਪ ਰਾਜਨ, ਪੰਜਾਬ ਖਾਦੀ ਤੇ ਵਿਲਜ ਇੰਡਸਟਰੀਜ਼ ਬੋਰਡ ਦੇ ਡਾਇਰੈਕਟਰ ਤੇ ਕਾਲਜ ਦੇ ਪ੍ਰਿੰਸੀਪਲ ਮੈਡਮ ਜਯੋਤਸਨਾ ਤੋਂ ਇਲਾਵਾ ਕਾਲਜ ਦਾ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

# ਪੰਜਾਬ 'ਚ 10, 20, 50 ਨਵੇਂ ਕਰੰਸੀ ਨੋਟਾਂ ਦੀ ਬਲੈਕ ਜ਼ੋਰਾਂ 'ਤੇ, ਆਮ ਲੋਕ ਪ੍ਰੇਸ਼ਾਨ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**
ਪੰਜਾਬ ਵਿੱਚ ਛੋਟੇ ਗਿਣਤੀ ਦੇ ਕਰੰਸੀ ਨੋਟ ਵਿਸ਼ੇਸ਼ ਤੌਰ 'ਤੇ 10, 20 ਤੇ 50 ਰੁਪਏ ਦੀ ਲਗਾਤਾਰ ਕਮੀ ਆਮ ਲੋਕਾਂ ਲਈ ਗੰਭੀਰ ਸਮੱਸਿਆ ਬਣਦੀ ਜਾ ਰਹੀ ਹੈ।ਰੋਜ਼ਾਨਾ ਦੇ ਲੈਣ ਦੇਣ ਵਿੱਚ ਇਨ੍ਹਾਂ ਨੋਟਾਂ ਦੀ ਅਣਉਪਲਬਧਤਾ ਤੇ ਛੋਟੇ ਦੁਕਾਨਦਾਰ, ਆਟੋ-ਰਿਕਸ਼ਾ ਚਾਲਕ, ਸਬਜ਼ੀ ਵਿਕਰੇਤਾ ਤੇ ਵਿਸ਼ੇਸ਼ ਰੂਪ ਵਿੱਚ ਪਿੰਡਾਂ ਵਾਲੇ ਏਰੀਆ ਦੇ ਨਾਗਰਿਕਾਂ ਨੂੰ ਭਾਰੀ ਅਸੁਵਿਧਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਬਾਜ਼ਾਰ ਵਿੱਚ 100, 200 ਤੇ 500 ਰੁਪਏ ਦੇ ਨੋਟ ਤਾਂ ਪ੍ਰਾਪਤ ਮਾਤਰਾ ਵਿੱਚ ਉਪਲਬਧ ਹਨ, ਪ੍ਰੰਤੂ ਛੋਟੇ ਨੋਟ ਨਾ ਮਿਲਣ ਕਾਰਨ ਗਾਹਕਾਂ ਨੂੰ ਅਣਚਾਹਾ ਖਰਚਾ ਕਰਨਾ ਪੈਂਦਾ ਹੈ।ਇਹਦੇ ਨਾਲ ਜਿੱਥੇ ਗਾਹਕ ਪ੍ਰੇਸ਼ਾਨ ਹੈ, ਉਥੇ ਹੀ ਛੋਟੇ ਦੁਕਾਨਦਾਰ ਵੀ ਬਹੁਤ ਪ੍ਰੇਸ਼ਾਨ ਹਨ।ਛੋਟੀ ਕਰੰਸੀ ਨੋਟ ਨਾ ਹੋਣ ਕਾਰਨ ਮਜਬੂਰੀ ਵਿੱਚ ਉਧਾਰੀ ਤੇ ਸਾਮਾਨ ਦੇਣਾ ਪੈਂਦਾ ਹੈ, ਜਿਸ ਨਾਲ ਆਰਥਿਕ ਅਸੰਤੁਲਨ ਦੀ ਸਥਿਤੀ ਉਤਪੰਨ ਹੋ ਰਹੀ ਹੈ।ਪਿੰਡਾਂ ਤੇ ਸ਼ਹਿਰੀ ਖ਼ੇਤਰਾਂ ਵਿੱਚ ਇਹ ਸਮੱਸਿਆ ਵਿਕਰਾਲ ਰੂਪ ਧਾਰਨ ਕਰ ਚੁੱਕੀ ਹੈ।

ਬੈਂਕਾਂ ਤੇ ਏਟੀਐੱਮ ਤੋਂ ਵੀ ਛੋਟੇ ਮੂਲ ਵਰਗ ਦੇ ਨੋਟਾਂ ਦੀ ਆਪੂਰਤੀ ਲਗਭਗ ਠੱਪ ਹੈ।ਇਸ ਗੰਭੀਰ ਸਥਿਤੀ ਨੂੰ ਦੇਖਦੇ ਹੋਏ ਕੇਂਦਰ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਛੋਟੇ ਨੋਟਾਂ ਦੀ ਕਾਲਾਬਾਜ਼ਾਰੀ ਕਰਨ ਵਾਲਿਆਂ ਖਿਲਾਫ ਸੀਬੀਆਈ ਜਾਂਚ ਕੀਤੀ ਜਾਵੇ।ਛੋਟੇ ਨੋਟਾਂ ਦੀ ਜਮ੍ਹਾਂਖੋਰੀ ਕਰ ਰਹੇ ਲੋਕਾਂ 'ਤੇ ਜੇਕਰ ਸਮਾਂ ਰਹਿੰਦੇ ਕਾਰਵਾਈ ਨਾ ਹੋਈ ਤਾਂ ਆਮਜਨ ਦੀ ਪ੍ਰੇਸ਼ਾਨੀ ਹੋਰ ਵੀ ਵਧ ਸਕਦੀ ਹੈ।ਸਰਕਾਰ ਨੂੰ ਇਸ 'ਤੇ ਜਲਦੀ ਹੀ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ।ਜਿਵੇਂ ਕਿ ਦੇਖਣ ਵਿੱਚ ਆਇਆ ਹੈ ਕਿ ਪੰਜਾਬ ਵਿੱਚ ਨਵੇਂ ਤੇ ਪੁਰਾਣੇ ਛੋਟੇ ਨੋਟਾਂ ਦੀ ਬਲੈਕ ਹੋ ਰਹੀ ਹੈ, ਆਮ ਪਬਲਿਕ ਤੇ ਬੈਂਕਾਂ ਵਿੱਚੋਂ ਨਵੇਂ 10, 20 ਦੇ ਨੋਟ ਨਹੀਂ ਮਿਲ ਰਹੇ, ਜਦਕਿ ਬਾਜ਼ਾਰਾਂ ਵਿੱਚ ਇਹੀ ਨੋਟ ਤਕਰੀਬਨ 500 ਤੋਂ 600 ਰੁਪਏ ਦੀ ਬਲੈਕ ਵਿੱਚ ਆਮ ਮਿਲ ਰਹੇ ਹਨ।

ਇਹ ਨੋਟ ਬਾਜ਼ਾਰ ਵਿੱਚ ਕਿਵੇਂ ਤੇ ਕਿੱਥੋਂ ਆ ਰਹੇ ਹਨ, ਇਹ ਬਹੁਤ ਗਹਿਰਾਈ ਤੋਂ ਜਾਂਚ ਦਾ ਵਿਸ਼ਾ ਹੈ।ਕਈ ਵਾਰ ਪੰਜਾਬ ਪ੍ਰਦੇਸ਼ ਰਿਟੇਲਰ ਤੇ ਹੋਲਸੇਲ ਕਰਿਆਨਾ ਐਸੋਸੀਏਸ਼ਨ ਪੰਜਾਬ ਨੇ ਬੈਂਕ ਵਿੱਚ ਸੰਪਰਕ ਕਰਕੇ ਛੋਟੇ ਨੋਟਾਂ ਦੀ ਕਮੀਂ ਬਾਰੇ ਜਾਣਕਾਰੀ ਪ੍ਰਾਪਤ ਕਰਨੀ ਚਾਹੀ ਤਾਂ ਬੈਂਕ ਇਸ ਵਿਸ਼ੇ 'ਤੇ ਕੁਝ ਵੀ ਦੱਸਣ ਲਈ ਤਿਆਰ ਨਹੀਂ ਹੈ।ਪੰਜਾਬ ਪ੍ਰਦੇਸ਼ ਰਿਟੇਲ ਤੇ ਹੋਲਸੇਲ ਕਰਿਆਨਾ ਐਸੋਸੀਏਸ਼ਨ ਪੰਜਾਬ ਪ੍ਰਧਾਨ ਪ੍ਰਮੋਦ ਗੁਪਤਾ ਵੱਲੋਂ ਮਜਬੂਰ ਹੋ ਕੇ ਆਰ ਬੀ ਆਈ ਲੋਕਪਾਲ ਚੰਡੀਗੜ੍ਹ ਨੂੰ ਪੱਤਰ ਭੇਜਿਆ ਜਾ ਰਿਹਾ ਹੈ, ਜਿਸ ਦੀ ਕਾਪੀ ਸ੍ਰੀਮਤੀ ਸੀਤਾ ਰਮਨ ਵਿੱਤ ਮੰਤਰੀ ਭਾਰਤ ਸਰਕਾਰ ਨਵੀਂ ਦਿੱਲੀ, ਰਿਜ਼ਰਵ ਬੈਂਕ ਆਫ ਇੰਡੀਆ ਗਰਵਨਰ ਸ੍ਰੀ ਸੰਜੇ ਮਲਹੋਤਰਾ ਨਵੀਂ ਦਿੱਲੀ ਨੂੰ ਇਸ ਦੀ ਉੱਚ ਪੱਧਰੀ ਜਾਂਚ ਲਈ ਕਰਵਾਈ ਹਿੱਤ ਭੇਜੀ ਜਾਵੇਗੀ।

# ਐੱਸ ਸੀ/ਐੱਸ ਟੀ/ਓ ਬੀ ਸੀ ਮਹਾਂ-ਸੰਘਰਸ਼ ਕਮੇਟੀ ਨੇ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ



**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੰਗ)**
ਐੱਸਸੀ/ਐੱਸਟੀ/ਓਬੀਸੀ ਮਹਾਂ-ਸੰਘਰਸ਼ ਕਮੇਟੀ ਜਲਾਲਾਬਾਦ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਨ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਇਆ ਗਿਆ। ਸਵੇਰੇ ਸਭ ਤੋਂ ਪਹਿਲਾਂ ਸਥਾਨਕ ਸ਼ਹਿਰ ਵਿੱਚ ਸਥਾਪਤ ਬਾਬਾ ਸਾਹਿਬ ਦੀ ਪ੍ਰਤਿਮਾ ਨੂੰ ਫੁੱਲਾਂ ਦੇ ਹਾਰ ਪਾਏ ਗਏ ਅਤੇ ਇਸ ਦੇ ਬਾਅਦ ਸਥਾਨਕ ਡਰੀਮ ਵਿਲਾ ਪੈਲੇਸ ਵਿੱਚ ਸਮਾਗਮ ਆਰੰਭ ਹੋਇਆ।

ਇਸ ਮੌਕੇ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ, ਫਿਰੋਜ਼ਪੁਰ ਦਿਹਾਤੀ ਵਿਧਾਇਕ ਰਜਨੀਸ਼ ਦਹੀਆ, ਅਕਾਲੀ ਨੇਤਾ ਅਸ਼ੋਕ ਅਨੇਜਾ, ਮਾਰਕਿਟ ਕਮੇਟੀ ਚੇਅਰਮੈਨ ਦੇਵ ਰਾਜ ਸ਼ਰਮਾ, ਭਾਜਪਾ ਨੇਤਾ ਪੂਰਨ ਚੰਦ ਮੁਜੇਦੀਆ, ਕਾਂਗਰਸੀ ਨੇਤਾ ਰਾਜ ਬਖ਼ਸ਼ ਕੰਬੋਜ, ਐਡਵੋਕੇਟ ਪਰਮਜੀਤ ਸਿੰਘ ਢਾਬਾਂ, ਅਕਾਲੀ ਨੇਤਾ ਜਗਸੀਰ ਸਿੰਘ ਜੈਮਲਵਾਲਾ, ਭਾਜਪਾ ਨੇਤਾ ਸੁਖਵਿੰਦਰ ਸਿੰਘ ਕਾਕਾ ਕੰਬੋਜ, ਐਕਸੀਅਨ ਭੂਸ਼ਣ ਸਿੰਘ, ਆੜ੍ਹਤੀਆ ਐਸੋਸੀਏਸ਼ਨ ਜਲਾਲਾਬਾਦ ਦੇ ਪ੍ਰਧਾਨ ਮਨਜੀਤ ਸਿੰਘ ਦਰਗਨ, ਰਾਣਾ ਰਾਏ ਬਤੌਰ ਮੁੱਖ ਮਿਹਮਾਨ ਵਜੋਂ ਪੁੱਜੇ ਅਤੇ ਬਾਬਾ ਸਾਹਿਬ ਜੀ ਦੀ ਪ੍ਰਤਿਮਾ ਨੂੰ ਫੁੱਲ ਭੇਟ ਕੀਤੇ।

ਮੁੱਖ ਬੁਲਾਰੇ ਦੇ ਰੂਪ ਵਿੱਚ ਓਮ ਪ੍ਰਕਾਸ਼ ਸਰੋਏ ਨੈਸ਼ਨਲ ਅਵਾਰਡੀ ਫਿਰੋਜ਼ਪੁਰ ਨੇ ਸ਼ਿਰਕਤ ਕੀਤੀ। ਰਾਏ ਸਿੱਖ ਸਮਾਜ ਵੱਲੋਂ ਅਸ਼ੋਕ ਸਰਾਰੀ, ਬੀ.ਪੀ.ਈ.ਓ. ਜਸਪਾਲ ਸਿੰਘ, ਮਾ. ਜਗਨੰਦਨ ਸਿੰਘ ਹਾਜ਼ਰ ਹੋਏ ਅਤੇ ਸਮਾਗਮ ਵਿੱਚ ਪੂਰਾ ਸਿਹਯੋਗ ਦਿੱਤਾ ਗਿਆ। ਇਸ ਸਮਾਗਮ ਦੌਰਾਨ ਨਾਟਕ ਮੰਡਲੀ ਅਜ਼ਾਦ ਰੰਗ ਮੰਚ ਫਗਵਾੜਾ ਵੱਲੋਂ ਬਾਬਾ ਸਾਹਬ ਡਾ. ਬੀ. ਆਰ. ਅੰਬੇਡਕਰ ਜੀ ਦੇ ਜੀਵਨ 'ਤੇ ਅਧਾਰਤ ਨਾਟਕ ਤੇ ਕੋਰਿਓਗ੍ਰਾਫੀ ਪੇਸ਼ ਕੀਤੀ ਗਈ।

ਇਸ ਸਮਾਗਮ ਵਿੱਚ ਐੱਸਸੀ/ਐੱਸਟੀ/ਓਬੀਸੀ ਮਹਾਂ ਸੰਘਰਸ਼ ਕਮੇਟੀ ਪ੍ਰਧਾਨ ਰੋਹਿਤ ਗੁਡਾਲੀਆ, ਸਲਾਹਕਾਰ ਦੇਸ ਰਾਜ ਗੁਡਾਲੀਆ, ਜਨਰਲ ਸਕੱਤਰ ਜੋਗਿੰਦਰ ਪਾਲ ਸਿੰਘ, ਸੀਨੀਅਰ ਮੀਤ ਪ੍ਰਧਾਨ ਡਾ. ਕੰਡ ਸਿੰਘ, ਬਲਬੀਰ ਸਿੰਘ ਪੁਆਰ, ਕੈਸ਼ੀਅਰ ਗੁਰਮੇਜ ਸਿੰਘ ਸਰਪੰਚ, ਡਾ. ਓਮ ਪ੍ਰਕਾਸ਼ ਹਿਸਾਨਵਾਲਾ, ਸਰਪੰਚ ਤਿਲਕ ਰਾਜ ਬੱਲੂਆਣਾ, ਡਾ. ਜਗਸੀਰ ਸੀਰਾ ਸੋਹੰਕੇ, ਡਾ. ਰਮੇਸ਼ ਕੁਮਾਰ ਲਾਡੀ, ਰਜੀਵ ਤਮੰਲੀਆ, ਮਾ. ਨਿਰਭੈ ਸਿੰਘ, ਸਾਬਕਾ ਐੱਸ.ਡੀ.ਓ. ਗਿਆਨ ਚੰਦ, ਵਾਲਮੀਕ ਪੰਚਾਇਤ ਦੇ ਰਤਨ ਲਾਲ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ। ਸਟੇਜ ਦੀ ਕਾਰਵਾਈ ਮਾ. ਜੋਗਿੰਦਰ ਪਾਲ ਤੇ ਅਸ਼ੋਕ ਸਰਾਰੀ ਵੱਲੋਂ ਬਾਖੂਬੀ ਚਲਾਈ ਗਈ।

## ਕਾਤਰਾਂ

### ਅਣਪਛਾਤੇ ਵਿਅਕਤੀ ਦੀ ਰੇਲ ਗੱਡੀ ਹੇਠਾਂ ਆਉਣ ਕਾਰਨ ਮੌਤ

**ਮਾਨਸਾ (ਰੀਤਵਾਲ)**-ਬੀਤੀ ਐਤਵਾਰ ਦੀ ਸਵੇਰ ਅਣਪਛਾਤੇ ਵਿਅਕਤੀ ਦੀ ਰੇਲ ਗੱਡੀ ਹੇਠਾਂ ਆਉਣ ਕਰਕੇ ਮੌਤ ਹੋ ਗਈ।ਸਥਾਨਕ ਰੇਲਵੇ ਪੁਲਸ ਚੌਕੀ ਦੇ ਇੰਚਾਰਜ ਪਾਖਰ ਸਿੰਘ ਨੇ ਦੱਸਿਆ ਕਿ ਲੰਘੀ ਸਵੇਰ (ਕਰੀਬ 9.30 ਵਜੇ) ਨੂੰ ਬੁਢਲਾਡਾ ਤੋਂ ਮਾਨਸਾ-ਬਠਿੰਡਾ ਜਾ ਰਹੀ ਯਾਤਰੀ ਰੇਲ ਗੱਡੀ ਹੇਠ ਆ ਕੇ ਚਕੇਰੀਆਂ ਪੁਲ ਨਜ਼ਦੀਕ ਅਣਪਛਾਤੇ ਵਿਅਕਤੀ ਨੇ ਖੁਦਕੁਸ਼ੀ ਕਰ ਲਈ, ਜਿਸ ਦੀ ਸ਼ਨਾਖਤ ਨਹੀਂ ਹੋਈ ਹੈ।ਉਨ੍ਹਾਂ ਦੱਸਿਆ ਕਿ ਮ੍ਰਿਤਕ ਵਿਅਕਤੀ ਦੀ ਲਾਸ਼ ਨੂੰ 72 ਘੰਟਿਆਂ ਲਈ ਸਥਾਨਕ ਸਿਵਲ ਹਸਪਤਾਲ ਵਿਖੇ ਸ਼ਨਾਖਤ ਲਈ ਰੱਖ ਦਿੱਤਾ ਹੈ।

### ਮਾਲਵਾ ਰਿਸਰਚ ਸੈਂਟਰ ਸਮਾਰੋਹ 20 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬੀ ਭਾਸ਼ਾ ਦੇ ਵਿਕਾਸ ਲਈ ਨਿਰੰਤਰ ਕਾਰਜਸ਼ੀਲ ਮਾਲਵਾ ਰਿਸਰਚ ਸੈਂਟਰ ਪਟਿਆਲਾ ਵੱਲੋਂ ਅਮਰ ਗਰਗ ਕਲਮਦਾਨ ਦਾ ਕਾਹਣੀ ਸੰਗ੍ਰਹਿ ਲਲੋਚਨਾ ਨੂੰ ਲੋਕ ਅਰਪਣ ਕਰਨ ਲਈ ਇੱਕ ਵਿਸ਼ਾਲ ਸਮਾਰੋਹ 20 ਅਪ੍ਰੈਲ 2025 ਨੂੰ 10.30 ਵਜੇ ਸਵੇਰੇ ਸਰਦਾਰ ਪਟੇਲ ਗਰੀਨਵੁੱਡ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਧੂਰੀ ਵਿਖੇ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸੈਂਟਰ ਦੇ ਜਨਰਲ ਸਕੱਤਰ ਡਾ. ਭਗਵੰਤ ਸਿੰਘ ਨੇ ਦੱਸਿਆ ਕਿ ਪਵਨ ਹਰਚੰਦਪੁਰੀ ਦੀ ਪ੍ਰਧਾਨਗੀ ਹੇਠ ਹੋ ਰਹੇ ਸਮਾਗਮ ਵਿੱਚ ਮੁੱਖ ਮਹਿਮਾਨ ਡਾ. ਸਵਰਾਜ ਸਿੰਘ ਵਿਸ਼ਵ ਚਿੰਤਕ, ਆਸ਼ੀਰਵਾਦ ਡਾ. ਤੇਜਵੰਤ ਮਾਨ ਸਾਹਿਤ ਰਤਨ, ਉਦਘਾਟਨ ਡਾ. ਲਖਵਿੰਦਰ ਸਿੰਘ ਜੌਹਲ, ਵਿਸ਼ੇਸ਼ ਮਹਿਮਾਨ ਸ਼੍ਰੀ ਏ. ਆਰ. ਸ਼ਰਮਾ, ਦਰਸ਼ਨ ਆਸ਼ਟ, ਰਾਜਵੰਤ ਸਿੰਘ ਘੁੱਲੀ ਹੋਣਗੇ।ਪ੍ਰਵਿਸ਼ਟਾ ਵਿਚਾਰ ਸਵਾਮੀ ਰਾਜ ਸ਼ਰਮਾ ਮਹਾਰਾਜ, ਦਾਰਸ਼ਨਿਕ ਵਿਚਾਰ ਡਾ. ਈਸ਼ਵਰਦਾਸ ਸਿੰਘ ਮਹਾਂਮੰਡਲੇਸ਼ਵਰ ਤੇ ਪ੍ਰੋ. ਸੰਧੂ ਵਰਿਆਣਵੀ ਦੇਣਗੇ।ਇਸ ਮੌਕੇ ਸੈਂਟਰ ਵੱਲੋਂ ਪ੍ਰਮੁੱਖ ਸ਼ਖਸੀਅਤਾਂ ਦੇ ਸਨਮਾਨ ਕੀਤੇ ਜਾਣਗੇ।

### 'ਜਾਗੋ ਇੰਟਰਨੈਸ਼ਨਲ' ਲੋਕ ਅਰਪਣ 17 ਨੂੰ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬੀ ਸਾਹਿਤ ਸਭਾ ਸੰਗਰੂਰ ਵੱਲੋਂ ਪ੍ਰੋੜ ਸਾਹਿਤਕਾਰ ਤੇ ਬਹੁਪੱਖੀ ਸ਼ਖ਼ਸੀਅਤ ਜੋਰਾ ਸਿੰਘ ਮੰਡੇਰ ਬਾਰੇ 'ਜਾਗੋ ਇੰਟਰਨੈਸ਼ਨਲ' ਦਾ (ਅਪ੍ਰੈਲ 2025-ਮਾਰਚ 2026) ਡਾ. ਭਗਵੰਤ ਸਿੰਘ ਦੀ ਸੰਪਾਦਨਾ ਹੇਠ ਤਿਆਰ ਕੀਤਾ ਵਿਸ਼ੇਸ਼ ਅੰਕ 17 ਅਪ੍ਰੈਲ 2025 ਨੂੰ 10 ਵਜੇ ਸਵੇਰੇ ਪੰਜਾਬੀ ਵਿਰਸਾ ਰੈਸਟੋਰੈਂਟ ਸੰਗਰੂਰ ਵਿਖੇ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਲੋਕ ਅਰਪਣ ਕੀਤਾ ਜਾਵੇਗਾ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਭਾ ਦੇ ਜਨਰਲ ਸਕੱਤਰ ਗੁਰਨਾਮ ਸਿੰਘ ਨੇ ਦੱਸਿਆ ਕਿ ਜੋਰਾ ਸਿੰਘ ਮੰਡੇਰ ਕੌਮੀ ਤੇ ਕੌਮਾਂਤਰੀ ਮਸਲਿਆਂ 'ਤੇ ਡੂੰਘੀ ਪਕੜ ਰੱਖਦੇ ਹਨ।ਸਭ ਤੋਂ ਭਖਵੇਂ ਮਸਲੇ ਪਰਵਾਸ ਤੇ ਕਿਸਾਨੀ ਘੋਲ ਬਾਰੇ ਮੰਡੇਰ ਦੀਆਂ ਲਿਖਤਾਂ ਯਥਾਰਥਕ ਜਾਣਕਾਰੀ ਪ੍ਰਦਾਨ ਕਰਦੀਆਂ ਹਨ। ਜੋਰਾ ਸਿੰਘ ਮੰਡੇਰ ਨੇ ਨਾਵਲ, ਕਹਾਣੀ, ਕਵਿਤਾ, ਸਫਰਨਾਮੇ ਲਿਖਕੇ ਆਪਣੀ ਵਿਸ਼ੇਸ਼ ਸੂਝ ਦਾ ਪ੍ਰਗਟਾਵਾ ਕੀਤਾ ਹੈ।ਇਸ ਸਮਾਗਮ ਦੀ ਪ੍ਰਧਾਨਗੀ ਡਾ. ਸਵਰਾਜ ਸਿੰਘ ਵਿਸ਼ਵ ਚਿੰਤਕ ਕਰਨਗੇ, ਮੁੱਖ ਮਹਿਮਾਨ ਡਾ. ਤੇਜਵੰਤ ਮਾਨ ਸਾਹਿਤ ਰਤਨ ਹੋਣਗੇ। ਵਿਸ਼ੇਸ਼ ਮਹਿਮਾਨ ਡਾ. ਨਰਵਿੰਦਰ ਸਿੰਘ ਕੌਸ਼ਲ, ਅਨੋਖ ਸਿੰਘ ਵਿਰਕ ਤੇ ਜਗੀਰ ਸਿੰਘ ਰਤਨ ਹੋਣਗੇ, ਜਦਕਿ ਪਵਨ ਹਰਚੰਦਪੁਰੀ ਸਨਮਾਨਤ ਮਹਿਮਾਨ ਹੋਣਗੇ।

# ਪੁੱਤ ਨੇ ਇੱਟਾਂ ਮਾਰ ਕੇ ਕੀਤਾ ਪਿਓ ਦਾ ਕਤਲ

*ਮਾਂ ਨੇ ਵੀ ਭੱਜ ਕੇ ਬਚਾਈ ਜਾਨ*



**ਨਾਭਾ (ਵਰਿੰਦਰ ਵਰਮਾ)**-ਇੱਕ ਕਲਯੁਗੀ ਪੁੱਤ ਨੇ ਆਪਣੇ ਹੀ ਬਾਪ ਨੂੰ ਇੱਟਾਂ ਮਾਰ ਮਾਰ ਕੇ ਮੌਤ ਦੇ ਘਾਟ ਉਤਾਰ ਦਿੱਤਾ।ਇਹ ਘਟਨਾ ਨਾਭਾ ਬਲਾਕ ਦੇ ਪਿੰਡ ਦੁਲੱਦੀ ਸਥਿਤ ਡੇਰਾ ਕਲੋਨੀ ਦੀ ਹੈ ਕਿ ਦੇਰ ਰਾਤ ਪਿਓ-ਪੁੱਤ ਦੇ ਘਰੇਲੂ ਕਲੇਸ਼ ਦੇ ਚਲਦੇ ਪੁੱਤਰ ਕੁਲਦੀਪ ਸਿੰਘ ਨੇ ਆਪਣੇ ਹੀ ਪਿਤਾ ਸਾਹਿਬ ਸਿੰਘ ਉਮਰ 70 ਸਾਲ ਦੇ ਸਿਰ ਉੱਪਰ ਇੱਟਾਂ ਦੇ ਕਈ ਵਾਰ ਕਰਕੇ ਮੌਤ ਦੇ ਘਾਟ ਉਤਾਰ ਦਿੱਤਾ।ਇਸ ਲੜਾਈ ਦੌਰਾਨ ਕਾਤਲ ਪੁੱਤਰ ਕੁਲਦੀਪ ਸਿੰਘ ਵੀ ਜ਼ਖਮੀ ਹੋ ਗਿਆ।ਇਸ ਦੌਰਾਨ ਕੁਲਦੀਪ ਸਿੰਘ ਦੀ ਮਾਤਾ ਨੇ ਵੀ ਆਪਣੀ ਭੱਜ ਕੇ ਜਾਨ ਬਚਾਈ, ਬਜ਼ੁਰਗ ਮਾਤਾ ਨੇ ਦੱਸਿਆ ਕਿ ਮੇਰਾ ਪੁੱਤ ਕਲਦੀਪ ਸਿੰਘ ਮੇਰੇ ਵੀ ਪਿੱਛੇ ਇੱਟ ਲੈ ਕੇ ਭੱਜਣ ਲੱਗਾ ਤਾਂ ਮੈਂ ਭੱਜ ਕੇ ਮਸਾਂ ਹੀ ਜਾਨ ਬਚਾਈ ਅਤੇ ਬਾਅਦ ਵਿੱਚ ਮੇਰੇ ਪੁੱਤ ਨੇ ਮੇਰੇ ਪਤੀ ਦਾ ਹੀ ਕਤਲ ਕਰ ਦਿੱਤਾ।ਇਸ ਘਟਨਾ ਨੂੰ ਲੈ ਕੇ ਨਾਭਾ ਸਦਰ ਥਾਣਾ ਸਦਰ ਦੇ ਇੰਚਾਰਜ ਗੁਰਪ੍ਰੀਤ ਸਿੰਘ ਸਮਰਾਓ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਦੱਸਿਆ ਕਿ ਘਰੇਲੂ ਆਪਸੀ ਕਲੇਸ਼ ਨੂੰ ਲੈ ਕੇ ਪੁੱਤਰ ਨੇ ਆਪਣੇ ਪਿਤਾ ਨੂੰ ਹੀ ਮੌਤ ਦੇ ਘਾਟ ਉਤਾਰ ਦਿੱਤਾ।ਅਸੀਂ ਇਸ ਬਾਬਤ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਲਾਸ਼ ਨੂੰ ਪੋਸਟਮਾਰਟਮ ਲਈ ਰੱਖ ਦਿੱਤਾ ਹੈ ਅਤੇ ਪਰਿਵਾਰ ਮੈਂਬਰਾਂ ਦੇ ਬਿਆਨਾਂ ਦੇ ਅਧਾਰ 'ਤੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ, ਜਿਸ ਵਿੱਚ ਕੁਲਦੀਪ ਸਿੰਘ ਦੇ ਵੀ ਸੱਟਾਂ ਲੱਗੀਆਂ ਹਨ ਤੇ ਉਹ ਵੀ ਹਸਪਤਾਲ ਵਿੱਚ ਇਲਾਜ ਅਧੀਨ ਹੈ।

# ਬਾਬਾ ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕਰਨ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ : ਸੰਧਵਾਂ

## ਸਪੀਕਰ ਨੇ ਡਾ. ਅੰਬੇਡਕਰ ਲਾਇਬ੍ਰੇਰੀ ਲਈ ਦਿੱਤੇ 5 ਲੱਖ ਰੁਪਏ



**ਕੋਟਕਪੂਰਾ (ਰਛਪਾਲ ਭੁੱਲਰ)**
ਡਾ. ਬੀ ਆਰ ਅੰਬੇਡਕਰ ਸੁਸਾਇਟੀ ਕੋਟਕਪੂਰਾ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ, ਮਹਾਨ ਰਾਜਨੀਤੀਵਾਨ ਤੇ ਪ੍ਰਸਿੱਧ ਸਮਾਜ ਸੁਧਾਰਕ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਨੂੰ ਸਮਰਪਤ ਕੋਟਕਪੂਰਾ ਵਿਖੇ ਸਮਾਗਮ ਕੀਤਾ ਗਿਆ, ਜਿਸ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਇੱਕ ਅਜਿਹੇ ਮਹਾਨ ਪੁਰਸ਼ ਸਨ, ਜਿਨ੍ਹਾਂ ਨੇ ਆਪਣਾ ਸਮੁੱਚਾ ਜੀਵਨ ਸਮਾਜਿਕ ਬਰਾਬਰੀ, ਨਿਆਂ ਤੇ ਮਨੁੱਖੀ ਅਧਿਕਾਰਾਂ ਦੀ ਸਥਾਪਨਾ ਲਈ ਸਮਰਪਤ ਕਰ ਦਿੱਤਾ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਕੇਵਲ ਦਲਿਤਾਂ ਤੇ ਪੱਛੜੇ ਵਰਗਾਂ ਦੇ ਮਸੀਹਾ ਹੀ ਨਹੀਂ ਸਗੋਂ ਹਰੇਕ ਵਰਗ ਦੇ ਮਸੀਹਾ ਹਨ, ਜਿਨ੍ਹਾਂ ਨੇ ਭਾਰਤੀ ਸਮਾਜ ਵਿੱਚ ਫੈਲੀਆਂ ਜਾਤੀਵਾਦੀ ਕੁਰੀਤੀਆਂ ਤੇ ਭੇਦਭਾਵ ਵਿਰੁੱਧ ਸਖ਼ਤ ਸੰਘਰਸ਼ ਕੀਤਾ ਅਤੇ ਹਾਸ਼ੀਏ 'ਤੇ ਧੱਕੇ ਗਏ ਲੋਕਾਂ ਨੂੰ ਸਨਮਾਨ ਤੇ ਅਧਿਕਾਰ ਦਿਵਾਉਣ ਲਈ ਅਣਥੱਕ ਯਤਨ ਕੀਤੇ ਅਤੇ ਸੰਵਿਧਾਨ ਰਾਹੀਂ ਹਰੇਕ ਨੂੰ ਬਰਾਬਰਤਾ ਦਾ ਅਧਿਕਾਰ ਦਿਵਾਇਆ।ਸ੍ਰ. ਸੰਧਵਾਂ ਨੇ ਕਿਹਾ ਕਿ ਮੇਰੇ ਆਪਣੇ ਹਲਕੇ ਕੋਟਕਪੂਰਾ ਵਿੱਚ ਬਾਬਾ ਸਾਹਿਬ ਜੀ ਦਾ ਅੱਜ ਜਨਮ ਦਿਹਾੜਾ ਮਨਾਇਆ ਗਿਆ, ਜਿਸ ਵਿੱਚ ਸਾਡੇ ਬੱਚਿਆਂ, ਬੀਬੀਆਂ ਤੇ ਬਜ਼ੁਰਗਾਂ ਨੇ ਭਾਗ ਲਿਆ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਜੀ ਦਾ ਪਹਿਲਾ ਪੈਰਾਮੀਟਰ ਇਹ ਸੀ ਕਿ ਸਾਡਾ ਸਮਾਜ ਤਰੱਕੀ ਦੇ ਰਸਤੇ 'ਤੇ ਚੱਲੇ। ਉਨ੍ਹਾਂ ਕਿਹਾ ਕਿ ਸਾਡਾ ਕੋਟਕਪੂਰਾ ਹਲਕਾ ਤਰੱਕੀ 'ਤੇ ਹੈ ਤੇ ਇਹ ਸਿਲਸਿਲਾ ਇਸੇ ਤਰ੍ਹਾਂ ਜਾਰੀ ਰਹੇਗਾ।ਇਸ ਮੌਕੇ ਉਨ੍ਹਾਂ ਆਪਣੇ ਅਖਤਿਆਰੀ ਕੋਟ ਵਿੱਚੋਂ 5 ਲੱਖ ਰੁਪਏ ਦਾ ਚੈੱਕ ਭੇਟ ਕੀਤਾ ਤੇ ਕਿਹਾ ਕਿ ਇਥੇ ਡਾ. ਭੀਮ ਰਾਓ ਅੰਬੇਡਕਰ ਜੀ ਦੀ ਯਾਦ ਵਿੱਚ ਲਾਇਬ੍ਰੇਰੀ ਬਣਾਈ ਜਾਵੇਗੀ, ਤਾਂ ਜੋ ਸਾਡੇ ਬੱਚੇ ਪੜ੍ਹਾਈ ਕਰਨ ਤੇ ਉਨ੍ਹਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ ਤੇ ਸਫਲਤਾ ਹਾਸਲ ਕਰਨ।ਇਸ ਤੋਂ ਇਲਾਵਾ 10 ਲੱਖ ਰੁਪਏ ਹੋਰ ਦੇਣ ਦਾ ਵੀ ਐਲਾਨ ਕੀਤਾ।

ਇਸ ਮੌਕੇ ਗੁਰਮੀਤ ਸਿੰਘ ਆਰੇਵਾਲਾ ਚੇਅਰਮੈਨ ਮਾਰਕੀਟ ਕਮੇਟੀ ਕੋਟਕਪੂਰਾ, ਨਰਿੰਦਰ ਕੁਮਾਰ ਰਾਠੌਰ, ਮਦਨ ਲਾਲ, ਅਵਤਾਰ ਕ੍ਰਿਸ਼ਨ, ਕੁਲਦੀ ਸਿੰਘ ਜੱਸਲ, ਸੁਭਾਸ਼ ਚੰਦਰ, ਓਮ ਪ੍ਰਕਾਸ਼ ਗੋਠਵਾਲ, ਭਗਵਾਨ ਦਾਸ, ਗੁਰਪ੍ਰੀਤ ਸਿੰਘ ਜੇਈ, ਮਾਸਟਰ ਧਰਮਪਾਲ, ਪਿਆਰੇ ਲਾਲਾ, ਗੁਰਬਿੰਦਰ ਕੌਰ, ਦਵਿੰਦਰ ਕੁਮਾਰ, ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੇ ਹਿੱਤ ਸੁਖਬੀਰ ਬਾਦਲ ਦੇ ਹੱਥਾਂ 'ਚ ਸੁਰੱਖਿਅਤ : ਬਾਲ ਕ੍ਰਿਸ਼ਨ ਬਾਲੀ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਡੈਲੀਗੇਟਾਂ ਵੱਲੋਂ ਹਾਲ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸਰਬ-ਸੰਮਤੀ ਨਾਲ ਪੰਜਾਬ ਦੇ ਵਿਕਾਸ ਕਾਰਜਾਂ ਦੇ ਮਸੀਹਾ ਸੁਖਬੀਰ ਸਿੰਘ ਬਾਦਲ ਨੂੰ ਸਰਬਸੰਮਤੀ ਨਾਲ ਪਾਰਟੀ ਦਾ ਪ੍ਰਧਾਨ ਚੁਣੇ ਜਾਣ 'ਤੇ ਪਾਰਟੀ ਵਰਕਰਾਂ 'ਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਪਾਰਟੀ ਦੇ ਆਗੂਆਂ ਤੇ ਵਰਕਰਾਂ ਵੱਲੋਂ ਸੁਖਬੀਰ ਸਿੰਘ ਬਾਦਲ ਦੇ ਪ੍ਰਧਾਨ ਬਣਨ 'ਤੇ ਵੱਖੋ-ਵੱਖਰੇ ਤੌਰ 'ਤੇ ਜਸ਼ਨ ਮਨਾਏ ਜਾ ਰਹੇ ਹਨ। ਸੁਖਬੀਰ ਸਿੰਘ ਬਾਦਲ ਦੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਚੁਣੇ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਨਗਰ ਕੌਂਸਲ ਬਾਘਾ ਪੁਰਾਣਾ ਦੇ ਸਾਬਕਾ ਪ੍ਰਧਾਨ ਤੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਅਤਿ ਨਜ਼ਦੀਕੀ ਆਗੂ ਬਾਲ ਕ੍ਰਿਸ਼ਨ ਬਾਲੀ ਨੇ ਗੱਲਬਾਤ ਕਰਦਿਆਂ ਹੋਇਆ ਕਿਹਾ ਕਿ ਡੈਲੀਗੇਟਾਂ ਵੱਲੋਂ ਲਏ ਗਏ ਇਸ ਇਤਿਹਾਸਕ ਫੈਸਲੇ ਨਾਲ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਚੋਣ ਦੰਗਲ ਫਤਿਹ ਕਰ ਕੇ ਪੰਜਾਬ ਦੀ ਵਾਂਗਡੋਰ ਪੰਜਾਬ ਦੇ ਵਿਕਾਸ ਕਾਰਜਾਂ ਦੇ ਮਸੀਹਾ ਸੁਖਬੀਰ ਸਿੰਘ ਬਾਦਲ ਨੂੰ ਸੌਂਪੀ ਜਾਵੇਗੀ। ਬਾਲੀ ਨੇ ਕਿਹਾ ਕਿ ਅੱਜ ਪੰਜਾਬ ਵਿਰੋਧੀ ਤਾਕਤਾਂ ਨੂੰ ਮੂੰਹ ਤੋੜਵਾਂ ਜਵਾਬ ਦੇਣ ਲਈ ਸੂਬੇ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਨੂੰ ਮਜ਼ਬੂਤ ਕਰਨ ਲਈ ਇਕ ਝੰਡੇ ਹੇਠ ਇਕੱਤਰ ਹੋਣਾ ਚਾਹੀਦਾ ਹੈ, ਕਿਉਂਕਿ ਸੂਬੇ ਦੇ ਹਿੱਤ ਕੇਵਲ 'ਤੇ ਕੇਵਲ ਇਸ ਪਾਰਟੀ ਦੇ ਹੱਥਾਂ 'ਚ ਹੀ ਸੁਰੱਖਿਅਤ ਹਨ। ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਕੋਲ ਝੂਠੇ ਪ੍ਰਚਾਰ ਤੋਂ ਇਲਾਵਾ ਕੋਈ ਵੀ ਸੂਬੇ ਦੀ ਭਲਾਈ ਲਈ ਕੀਤੇ ਕੰਮਾਂ ਦਾ ਵੇਰਵਾ ਨਹੀਂ ਹੈ, ਪਰ ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਦੇ ਕੀਤੇ ਗਏ ਵਿਕਾਸ ਕਾਰਜਾਂ ਦੀ ਲੰਮੀ ਚੌੜੀ ਲਿਸਟ ਵਿਰੋਧੀ ਪਾਰਟੀਆਂ ਦੇ ਸਾਹਮਣੇ ਹੈ ਅਤੇ ਸੁਖਬੀਰ ਸਿੰਘ ਬਾਦਲ ਦੇ ਪ੍ਰਧਾਨ ਚੁਣੇ ਜਾਣ ਦੇ ਬਾਅਦ ਹਰ ਆਗੂ ਅਤੇ ਵਰਕਰ ਖੁਸ਼ੀ ਵਿੱਚ ਲੱਡੂ ਵੰਡ ਕੇ ਆਪਣੀ ਖੁਸ਼ੀ ਜ਼ਾਹਰ ਕਰ ਰਿਹਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਉਣ ਵਾਲੀਆਂ 2027 ਦੀਆਂ ਚੋਣਾਂ ਵਿਚ ਸੁਖਬੀਰ ਸਿੰਘ ਬਾਦਲ ਨੂੰ ਪੰਜਾਬ ਦਾ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ ਤੇ ਉਹ ਆਪਣਾ ਫਤਵਾ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਦੇਣਗੇ।

# ਪ੍ਰਤਾਪ ਬਾਜਵਾ ਵਿਰੁੱਧ ਪਰਚਾ ਦਰਜ ਕਰਨ 'ਤੇ ਭੜਕੇ ਕਾਂਗਰਸੀ

## ਰੋਸ ਵਜੋਂ ਫੂਕਿਆ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ



**ਸੰਗਰੂਰ (ਪ੍ਰਵੀਨ ਸਿੰਘ)**-ਬੀਤੇ ਦਿਨੀਂ ਵਿਰੋਧੀ ਧਿਰ ਦੇ ਆਗੂ ਸ੍ਰ. ਪ੍ਰਤਾਪ ਸਿੰਘ ਬਾਜਵਾ ਖਿਲਾਫ ਮੁਕੱਦਮਾ ਦਰਜ ਕਰਨ 'ਤੇ ਭੜਕੇ ਕਾਂਗਰਸੀਆਂ ਵੱਲੋਂ ਸ੍ਰ. ਸੁਰਿੰਦਰਪਾਲ ਸਿੰਘ ਸਿਬੀਆ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਸੰਗਰੂਰ ਦੀ ਅਗਵਾਈ ਹੇਠ ਸ਼ਹਿਰ ਦੇ ਬੜੇ ਚੌਕ ਵਿਖੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਪੁਤਲਾ ਫੂਕਿਆ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸ੍ਰ. ਸੁਰਿੰਦਰਪਾਲ ਸਿੰਘ ਸਿਬੀਆ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੇ ਅੰਦਰ ਔਰੰਗਜ਼ੇਬ ਦੀ ਰੂਹ ਪ੍ਰਵੇਸ਼ ਕਰ ਚੁੱਕੀ, ਜੋ ਸੱਚ ਨੂੰ ਦਬਾਉਣ ਲਈ ਧੜਾਧੜ ਝੂਠੇ ਪਰਚੇ ਦਰਜ ਕਰਨ 'ਤੇ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਪ੍ਰਤਾਪ ਸਿੰਘ ਬਾਜਵਾ ਜੋ ਹਮੇਸ਼ਾ ਪੰਜਾਬ ਤੇ ਪੰਜਾਬੀਅਤ ਦੀ ਗੱਲ ਕਰਦੇ ਹਨ, ਜਿਨ੍ਹਾਂ ਵੱਲੋਂ ਪੰਜਾਬ ਦੇ ਹਾਲਾਤਾਂ ਤੇ ਦਿੱਤਾ ਗਿਆ ਬਿਆਨ ਇੱਕ ਕੌੜਾ ਸੱਚ ਹੈ, ਜੋ ਭਗਵੰਤ ਮਾਨ ਦੀ ਸਰਕਾਰ ਕੋਲੋਂ ਬਰਦਾਸ਼ਤ ਨਹੀਂ ਹੋ ਰਿਹਾ। ਸਿਬੀਆ ਨੇ ਕਿਹਾ ਕਿ ਪੰਜਾਬ ਦੇ ਅੰਦਰ ਭਗਵੰਤ ਮਾਨ ਦੀ ਸਰਕਾਰ ਸਮੇਂ ਅਜਿਹੇ ਹਾਲਾਤ ਬਣ ਗਏ ਹਨ ਕਿ ਦਿਨ ਦਿਹਾੜੇ ਲੁੱਟਾਂ, ਖੋਹਾਂ ਤੇ ਕਤਲੇਆਮ ਦੀਆਂ ਘਟਨਾਵਾਂ ਰੋਜ਼ਾਨਾ ਹੀ ਵਾਪਰ ਰਹੀਆਂ ਹਨ, ਜੋ ਭਗਵੰਤ ਮਾਨ ਸਰਕਾਰ ਤੇ ਇੱਕ ਸਵਾਲੀਆ ਨਿਸ਼ਾਨ ਲਗਾਉਂਦੀਆਂ ਹਨ, ਜਿਸ ਸਪੱਸ਼ਟ ਹੁੰਦਾ ਹੈ ਕਿ ਭਗਵੰਤ ਮਾਨ ਵਰਗੇ ਵਿਅਕਤੀ ਸਿਰਫ਼ ਸਟੇਜ ਚਲਾ ਸਕਦੇ ਹਨ, ਸਟੇਟ ਨਹੀਂ। ਉਨ੍ਹਾਂ ਭਗਵੰਤ ਮਾਨ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸ੍ਰ. ਪ੍ਰਤਾਪ ਸਿੰਘ ਬਾਜਵਾ ਤੇ ਦਰਜ ਕੀਤਾ ਝੂਠਾ ਪਰਚਾ ਰੱਦ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਭਗਵੰਤ ਮਾਨ ਸਰਕਾਰ ਦੇ ਖ਼ਿਲਾਫ਼ ਵੱਡੇ ਪੱਧਰ ਤੇ ਮੋਰਚਾ ਖੋਲ੍ਹਿਆ ਜਾਵੇਗਾ। ਇਸ ਮੌਕੇ ਰੋਹ ਵਿੱਚ ਕਾਂਗਰਸੀਆਂ ਵੱਲੋਂ ਭਗਵੰਤ ਮਾਨ ਸਰਕਾਰ ਦੇ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ ਗਈ।ਗੁਰਬਖ਼ਸ਼ ਸਿੰਘ ਗੁੱਡੂ, ਬਲਵੀਰ ਕੌਰ ਸੈਣੀ, ਹੰਸ ਰਾਜ ਗੁਪਤਾ, ਸਤੀਸ਼ ਕਾਂਸਲ, ਦਰਸ਼ਨ ਸਿੰਘ ਕਾਂਗੜਾ, ਪਰਵਿੰਦਰ ਬਜਾਜ, ਵਰਿੰਦਰ ਪੰਨਵਾਂ, ਰਵੀ ਚਾਵਲਾ, ਨਰੇਸ਼ ਗਾਬਾ, ਹਰਦੀਪ ਸਰਪੰਚ ਦੌਲਤਪੁਰ, ਰੌਕੀ ਬਾਂਸਲ ਬਲਾਕ ਪ੍ਰਧਾਨ, ਮੇਸ਼ੀ ਸਿੰਗਲਾ, ਬਿੰਦਰ ਬਾਂਸਲ, ਸੰਦੀਪ ਬਾਂਸਲ, ਰਛਪਾਲ ਸਿੰਘ ਟੀਪੂ, ਚਮਕੌਰ ਸਿੰਘ ਜੱਸੀ, ਮਨੀ ਵੜੈਚ ਸੁਨਾਮ, ਮਨਦੀਪ ਕੌਰ, ਲਖਵੀਰ ਸਿੰਘ ਬਮਾਲ, ਚਰਨਜੀਤ ਕੌਰ ਮਡਾਹਰ, ਅਨਿਲ ਘੀਚਾ, ਹਰਪਾਲ ਸਿੰਘ ਸੋਨੂੰ, ਨਵੀਨ ਬੱਗਾ, ਭੂਪਿੰਦਰ ਸ਼ਰਮਾ, ਰਾਜੀਵ ਜਿੰਦਲ, ਗੁਰਜੰਟ ਸਿੰਘ ਛਾਂਗਾ, ਸੁਰਿੰਦਰ ਸਿੰਘ ਭਿੰਡਰ, ਮਿੱਠੂ ਲੱਡਾ ਆਦਿ ਹਾਜ਼ਰ ਸਨ।

# ਵੇਹੜੀ 'ਚ ਵਿਸਾਖੀ ਦਾ ਸਾਲਾਨਾ ਜੋੜ ਮੇਲਾ ਮਨਾਇਆ

*ਕਬੱਡੀ ਮੈਚ ਦੌਰਾਨ ਜਸ ਭਾਲਾ ਦੀ ਟੀਮ ਰਹੀ ਜੇਤੂ*



**ਮਮਦੋਟ (ਜਸਬੀਰ ਸਿੰਘ ਕੰਬੋਜ)**-ਨਗਰ ਪੰਚਾਇਤ ਮਮਦੋਟ ਦੇ ਅਧੀਨ ਪਿੰਡ ਵੇਹੜੀ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਬਾਬਾ ਮੰਗਲ ਸਿੰਘ ਦੀ ਯਾਦ ਵਿੱਚ ਵਿਸਾਖੀ ਦਾ ਸਾਲਾਨਾ ਜੋੜ ਮੇਲਾ ਨਗਰ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾਪੂਰਵਕ ਮਨਾਇਆ ਗਿਆ। ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਭੋਗ ਉਪਰੰਤ ਇੰਟਰਨੈਸ਼ਨਲ ਢਾਡੀ ਜਥੇ ਭਾਈ ਬਗੀਚਾ ਸਿੰਘ ਬਲੇਰ ਤੇ ਕਵੀਸ਼ਰੀ ਜਥਾ ਭਾਈ ਕੁਲਵੰਤ ਸਿੰਘ ਭਾਈ ਜਗਜੀਤ ਸਿੰਘ ਜੋਧਪੁਰੀ ਨੇ ਮੇਲੇ ਵਿੱਚ ਆਈਆਂ ਸੰਗਤਾਂ ਨੂੰ ਗੁਰੂ ਘਰ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਗੁਰੂ ਗ੍ਰੰਥ ਸਾਹਿਬ ਨਾਲ ਜੁੜਨ ਦੀ ਅਪੀਲ ਕੀਤੀ। ਇਸ ਮੌਕੇ ਹੋਰਨਾਂ ਢਾਡੀ ਜਥਿਆਂ ਨੇ ਵੀ ਆਪਣੀ ਹਾਜ਼ਰੀ ਭਰੀ, ਸ਼ਾਮ ਨੂੰ ਮਾਝਾ ਤੇ ਜੱਸ ਭਾਲਾ ਦੀ ਕਬੱਡੀ ਟੀਮਾਂ ਵਿੱਚ ਫਸਵਾਂ ਮੁਕਾਬਲਾ ਹੋਇਆ ਤੇ ਖੇਡ ਪ੍ਰੇਮੀਆਂ ਨੇ ਕਬੱਡੀ ਦਾ ਖੂਬ ਆਨੰਦ ਮਾਣਿਆ। ਕਬੱਡੀ ਮੈਚ ਦੌਰਾਨ ਜੱਸ ਭਾਲਾ ਟੀਮ ਨੇ ਜਿੱਤ ਪ੍ਰਾਪਤ ਕਰਕੇ ਜਿੱਤ ਦੀ ਝੰਡੀ ਆਪਣੇ ਨਾਮ ਕੀਤੀ। ਕਬੱਡੀ ਮੈਚ ਦੌਰਾਨ ਕੁਮੈਂਟਰੀ ਦੀ ਭੂਮਿਕਾ ਮਨਦੀਪ ਸਿੰਘ ਕਾਲੀਏ ਵਾਲਾ ਨੇ ਬਾਖੂਬੀ ਨਿਭਾਈ। ਇਸ ਮੌਕੇ ਗੁਰੂ ਘਰ ਦੇ ਹੈੱਡ ਗ੍ਰੰਥੀ ਜਥੇਦਾਰ ਸੁਖਦੇਵ ਸਿੰਘ ਵੇਹੜੀ, ਸੁਰਜੀਤ ਸਿੰਘ ਸੰਧੂ ਪ੍ਰਧਾਨ, ਇਕਬਾਲ ਸਿੰਘ ਵੇਹੜੀ, ਠਾਣੇਦਾਰ ਗੁਰਦੇਵ ਸਿੰਘ ਸੰਧੂ, ਵਿਕਰਮਜੀਤ ਸੰਧੂ, ਬਿੱਲਾ ਲੰਗੇਆਣਾ, ਰਣਜੀਤ ਸਿੰਘ ਕਾਲਾ, ਮੱਲ ਸਿੰਘ, ਗੁਰਚਰਨ ਸਿੰਘ ਪੁਰਤਗਾਲ ਆਦਿ ਸੇਵਾਦਾਰ ਹਾਜ਼ਰ ਸਨ। ਮੇਲੇ ਵਿੱਚ ਚਾਹ ਪਕੌੜਿਆਂ ਤੇ ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਗਿਆ।

# ਕਣਕ ਦੀ ਖਰੀਦ 'ਚ ਕਿਸੇ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ : ਕਾਕਾ ਬਰਾੜ

## ਵਿਧਾਇਕ ਕਾਕਾ ਬਰਾੜ, ਏ ਡੀ ਸੀ ਤੇ ਐੱਸ ਡੀ ਐੱਮ ਨੇ ਸ਼ੁਰੂ ਕਰਵਾਈ ਕਣਕ ਦੀ ਸਰਕਾਰੀ ਖਰੀਦ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹੇ ਵਿੱਚ ਕਣਕ ਦੇ ਸੀਜ਼ਨ ਦੌਰਾਨ ਆੜ੍ਹਤੀਆ, ਕਿਸਾਨਾਂ ਤੇ ਮਜ਼ਦੂਰਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਰਕਾਰ ਵੱਲੋਂ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਖਰੀਦ ਦੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ।ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਸ਼ਹਿਰ ਦੀ ਮੁੱਖ ਦਾਣਾ ਮੰਡੀ ਵਿੱਚ ਕਣਕ ਦੀ ਖਰੀਦ ਸ਼ੁਰੂ ਕਰਵਾਉਣ ਮੌਕੇ ਕੀਤਾ।ਇਸ ਮੌਕੇ ਏਡੀਸੀ ਜਨਰਲ ਗੁਰਪ੍ਰੀਤ ਸਿੰਘ ਥਿੰਦ, ਐਸਡੀਐਮ ਮੈਡਮ ਬਲਜੀਤ ਕੌਰ ਤੇ ਮਾਰਕਿਟ ਕਮੇਟੀ ਚੇਅਰਮੈਨ ਸੁਰਜੀਤ ਸਿੰਘ ਸੰਧੂ ਤੋਂ ਇਲਾਵਾ ਵੱਖ ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਹਾਜ਼ਰ ਸਨ।ਇਸ ਦੌਰਾਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਆਖਿਆ ਕਿ ਸਰਕਾਰ ਵੱਲੋਂ ਜ਼ਿਲ੍ਹੇ ਦੇ ਖਰੀਦ ਕੇਂਦਰਾਂ ਵਿੱਚ ਕਿਸਾਨਾਂ, ਮਜ਼ਦੂਰਾਂ ਤੇ ਆੜ੍ਹਤੀਆਂ ਲਈ ਸਾਰੇ ਖਰੀਦ ਪ੍ਰਬੰਧ ਮੁਕੰਮਲ ਹਨ ਅਤੇ ਇਸ ਸੀਜ਼ਨ ਦੌਰਾਨ ਕਿਸਾਨਾਂ ਨੂੰ ਕਣਕ ਦੀ ਖਰੀਦ ਤੇ ਲਿਫਟਿੰਗ ਜਾਂ ਅਦਾਇਗੀ ਸੰਬੰਧੀ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਮੰਡੀ ਵਿੱਚ ਕਿਸਾਨਾਂ ਦੀ ਫਸਲ ਪੂਰੀ ਤਰ੍ਹਾਂ ਸੁੱਕੀ ਆ ਰਹੀ ਹੈ ਤੇ ਖਰੀਦ ਏਜੰਸੀਆਂ ਵੱਲੋਂ ਕਣਕ ਦੀ ਨਮੀ ਚੈੱਕ ਕਰਕੇ ਖਰੀਦ ਕੀਤੀ ਜਾ ਰਹੀ ਹੈ।ਇਸ ਤੋਂ ਇਲਾਵਾ ਏਡੀਸੀ ਗੁਰਪ੍ਰੀਤ ਸਿੰਘ ਥਿੰਦ ਤੇ ਐੱਸਡੀਐੱਮ ਮੈਡਮ ਬਲਜੀਤ ਕੌਰ ਨੇ ਆਖਿਆ ਕਿ ਕਿਸਾਨਾਂ, ਆੜ੍ਹਤੀਆਂ ਤੇ ਮਜ਼ਦੂਰਾਂ ਨੂੰ ਸਹੂਲਤ ਲਈ ਪੀਣ ਵਾਲੇ ਪਾਣੀ, ਛਾਂ, ਸਫਾਈ, ਰੌਸ਼ਨੀ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਤਰ੍ਹਾਂ ਸੁੱਕੀ ਹੋਈ ਫਸਲ ਹੀ ਮੰਡੀ ਵਿੱਚ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਖਰੀਦ ਸੰਬੰਧੀ ਕਿਸੇ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ।ਇਸ ਦੌਰਾਨ ਕੱਚਾ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਡਾ. ਇਕਬਾਲ ਵੜਿੰਗ, ਚੇਅਰਮੈਨ ਰਾਜੀਵ ਕੁਮਾਰ ਕਾਕਾ ਗਾਂਧੀ ਤੇ ਵਾਈਸ ਪ੍ਰਧਾਨ ਸੁਮਿਤ ਗਰਗ ਆਦਿ ਨੇ ਵਿਧਾਇਕ ਕਾਕਾ ਬਰਾੜ ਤੇ ਸਮੂਹ ਪ੍ਰਸ਼ਾਸਨ ਨੂੰ ਵਿਸ਼ਵਾਸ ਦੁਆਇਆ ਕਿ ਉਹ ਸੀਜ਼ਨ ਨੂੰ ਵਧੀਆ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਸਹਿਯੋਗ ਕਰਨਗੇ।ਇਸ ਮੌਕੇ ਪੱਪੂ ਯਾਦਵ, ਹਰਕ੍ਰਿਸ਼ਨ ਮੱਕੜ, ਵਿਜੈ ਰੱਸੇਵੱਟ, ਵਿਪਨ ਵਾਟਸ, ਬਲਦੇਵ ਰਾਜ, ਮੇਘ ਰਾਜ ਦੋਦੇਵਾਲੇ, ਕਾਲਾ ਗਿਰਧਰ, ਅਸ਼ੋਕ ਨਰੂਲਾ ਆਦਿ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਪੰਜਾਬ 'ਚ ਸੰਵਿਧਾਨਕ ਹੱਕਾਂ ਨੂੰ ਇੰਨ-ਬਿੰਨ ਲਾਗੂ ਕਰਵਾਇਆ ਜਾਵੇਗਾ : ਜਸਵੀਰ ਸਿੰਘ ਗੜ੍ਹੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਵਿਸਾਖੀ, ਖ਼ਾਲਸਾ ਸਾਜਨਾ ਦਿਵਸ ਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਜਨਮ ਸਥਾਨ ਪਿੰਡ ਸਰਾਏਨਾਗਾ ਤੇ ਮੁਕਤਸਰ ਦੀ ਧਰਤੀ 'ਤੇ ਬਹੁਜਨ ਕਰਮਚਾਰੀ ਸੰਗਠਨ ਦੇ ਸਹਿਯੋਗ ਨਾਲ ਮਨਾਇਆ ਗਿਆ।ਇਸ ਸਮਾਗਮ ਵਿੱਚ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਖਾਲਸਾ ਪੰਥ ਦੇ ਸਿਰਜਣਹਾਰ ਦਸ਼ਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਛੂਆਛਾਤ ਤੇ ਜਾਤ-ਪਾਤ ਨੂੰ ਜੜ੍ਹ ਤੋਂ ਪੁੱਟਣ ਵਿੱਚ ਅਹਿਮ ਭੂਮਿਕਾ ਨਿਭਾਈ ਅਤੇ 1699 ਦੀ ਵਿਸਾਖੀ ਨੂੰ ਇੱਕੋ ਬਾਟੇ ਵਿੱਚ ਅੰਮ੍ਰਿਤ ਛਕਾ ਕੇ ਮਨੂੰਵਾਦ ਦਾ ਲੱਕ ਤੋੜ ਦਿੱਤਾ ਸੀ।ਉਨ੍ਹਾ ਸਮੂਹ ਦੇਸ਼ ਦੁਨੀਆ ਨੂੰ ਵਧਾਈ ਪੇਸ਼ ਕੀਤੀ। ਉਨ੍ਹਾ ਕਿਹਾ ਕਿ ਸਾਡਾ ਸਮਾਜ ਤੇ ਭਾਰਤ ਦੇਸ਼ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਯੋਗਦਾਨ ਦਾ ਸਦਾ ਰਿਣੀ ਰਹੇਗਾ, ਜਿਨ੍ਹਾਂ ਦੁਨੀਆ ਦਾ ਬਿਹਤਰੀਨ ਸੰਵਿਧਾਨ ਸਾਨੂੰ ਦਿੱਤਾ ਹੈ।ਪੰਜਾਬ 'ਚ ਸੰਵਿਧਾਨਕ ਹੱਕਾਂ ਨੂੰ ਇੰਨ-ਬਿੰਨ ਲਾਗੂ ਕਰਵਾਇਆ ਜਾਵੇਗਾ ਤੇ ਵਿਸ਼ੇਸ਼ ਤੌਰ 'ਤੇ ਗਰੀਬਾਂ ਤੇ ਮਜ਼ਲੂਮਾਂ ਦੇ ਹੱਕਾਂ ਦੀ ਰਾਖੀ ਕੀਤੀ ਜਾਵੇਗੀ। ਇਸ ਮੌਕੇ ਮੰਦਿਰ ਸਿੰਘ ਸਰਾਏਨਾਗਾ ਤੇ ਪਿੰਡ ਦੀ ਸਮੁੱਚੀ ਪੰਚਾਇਤ ਵੱਲੋਂ ਲੋਕਾਂ ਦੀਆਂ ਦੁੱਖਾਂ ਤਕਲੀਫਾਂ ਨੂੰ ਅਨੁਸੂਚਿਤ ਜਾਤੀਆਂ ਕਮਿਸ਼ਨ ਅੱਗੇ ਲਿਖਤੀ ਸ਼ਿਕਾਇਤਾਂ ਵਜੋਂ ਪ੍ਰੋਗਰਾਮ ਵਿੱਚ ਸ਼ਾਮਲ ਹੋਏ ਲੋਕਾਂ ਵੱਲੋਂ ਵੀ ਦੁੱਖਾਂ ਦਰਦਾਂ ਦੀ ਲਿਖਤ ਸ਼ਿਕਾਇਤਾਂ ਨੂੰ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੂੰ ਸੌਂਪਿਆ ਗਿਆ।ਇਸ ਮੌਕੇ ਪਰਮਜੀਤ ਪੰਮਾ, ਡਾ. ਆਸਾ ਸਿੰਘ ਤੇ ਪਾਇਲ ਵਿਧਾਨ ਸਭਾ ਦੇ ਆਮ ਆਦਮੀ ਪਾਰਟੀ ਆਗੂ ਡਾ. ਜਸਪ੍ਰੀਤ ਬੀਜਾ, ਮੁਲਾਜ਼ਮ ਆਗੂ ਮਾ. ਸੁਖਦੇਵ ਸਿੰਘ, ਮਾਂ ਹਰਪ੍ਰੀਤ ਸਿੰਘ, ਬਲਜਿੰਦਰ ਸਿੰਘ, ਮੁਕੰਦ ਸਿੰਘ, ਪਰਮਜੀਤ ਪੰਮਾ, ਤਰਸੇਮ ਸਿੰਘ ਲੱਖੇਵਾਲੀ ਆਦਿ ਹਾਜ਼ਰ ਸਨ।

# ਖ਼ਾਲਸਾ ਸਾਜਨਾ ਦਿਵਸ ਮੌਕੇ ਵੱਖ-ਵੱਖ ਮੁਕਾਬਲੇ ਕਰਵਾਏ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਇਤਿਹਾਸਕ ਗੁਰਦੁਆਰਾ ਪਾਤਸ਼ਾਹੀ ਛੇਵੀਂ ਮਹਿਲ ਕਲਾਂ ਵਿਖੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਦਾ ਦਿਹਾੜਾ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵੱਖ-ਵੱਖ ਕਵੀਸ਼ਰੀ ਤੇ ਢਾਡੀ ਜਥਿਆਂ ਨੇ ਸੰਗਤਾਂ ਨੂੰ ਗੁਰ-ਇਤਿਹਾਸ ਸੁਣਾ ਕੇ ਨਿਹਾਲ ਕੀਤਾ।ਇਸ ਮੌਕੇ ਬੋਲਦਿਆਂ ਪ੍ਰਧਾਨ ਭਾਈ ਸ਼ੇਰ ਸਿੰਘ ਖ਼ਾਲਸਾ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਵਿਸਾਖੀ ਮੌਕੇ ਖ਼ਾਲਸਾ ਪੰਥ ਦੀ ਸਾਜਨਾ ਕੀਤੀ ਸੀ। ਉਨ੍ਹਾਂ ਸਮੂਹ ਲੋਕਾਂ ਨੂੰ ਅੰਮ੍ਰਿਤ ਛਕ ਕੇ ਸਿੱਖ ਪੰਥ ਦੇ ਲੜ ਲੱਗਣ ਲਈ ਪ੍ਰੇਰਿਤ ਕੀਤਾ।ਇਸ ਸਮੇਂ ਗ੍ਰਾਮ ਪੰਚਾਇਤ ਮਹਿਲ ਕਲਾਂ ਤੇ ਗ੍ਰਾਮ ਪੰਚਾਇਤ ਮਹਿਲ ਕਲਾਂ ਸੋਢੇ ਵੱਲੋਂ ਪ੍ਰਧਾਨ ਸ਼ੇਰ ਸਿੰਘ ਖ਼ਾਲਸਾ ਨੂੰ ਧਰਮ ਪ੍ਰਚਾਰ ਤੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਾਂ ਨੂੰ ਚਲਾਉਣ ਲਈ ਨਿਭਾਈਆਂ ਜਾ ਰਹੀਆਂ ਅਣਥੱਕ ਸੇਵਾਵਾਂ ਬਦਲੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਵਰਗਾਂ 'ਚ ਵੰਡ ਕੇ ਵਿਦਿਆਰਥੀਆਂ ਦੇ ਦਸਤਾਰ, ਗੁਰਬਾਣੀ ਕੰਠ, ਕਵੀਸ਼ਰੀ, ਲੰਮੇ ਕੇਸਾਂ ਦੇ ਮੁਕਾਬਲੇ ਕਰਵਾਏ ਗਏ।ਇਨ੍ਹਾਂ ਮੁਕਾਬਲਿਆਂ ਦੇ ਜੇਤੂਆਂ ਨੂੰ ਗੁ: ਪ੍ਰਬੰਧਕ ਕਮੇਟੀ ਵੱਲੋਂ ਨਕਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਸਮੇਂ ਸਰਪੰਚ ਸਰਬਜੀਤ ਸਿੰਘ ਸੰਭੂ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਸਵਰਨ ਸਿੰਘ ਖ਼ਾਲਸਾ, ਕੁਲਦੀਪ ਸਿੰਘ ਮਾਨਕ, ਆਤਮਾ ਸਿੰਘ ਨੰਬਰਦਾਰ, ਸਤਨਾਮ ਸਿੰਘ ਖ਼ਾਲਸਾ, ਮਲਕੀਤ ਸਿੰਘ ਖਾਸਾ, ਭਾਈ ਮਲਕੀਤ ਸਿੰਘ, ਪਰਮਜੀਤ ਸਿੰਘ ਜਗਦੇ, ਰਣਜੀਤ ਸਿੰਘ ਬਿੱਟੂ ਆਦਿ ਹਾਜ਼ਰ ਸਨ।



# ਗੁਰਦੁਆਰਾ ਮੈਹਦੇਆਣਾ ਸਾਹਿਬ ਵਿਖੇ ਖ਼ੂਨਦਾਨ ਕੈਂਪ



**ਹਠੂਰ (ਨਛੱਤਰ ਸੰਧੂ)**
ਵਿਸਾਖੀ ਦੇ ਦਿਹਾੜੇ 'ਤੇ ਇਤਿਹਾਸਕ ਗੁਰਦੁਆਰਾ ਮੈਹਦੇਆਣਾ ਸਹਿਬ ਵਿਖੇ ਵਿਸ਼ੇਸ਼ ਖ਼ੂਨਦਾਨ ਕੈਂਪ ਲਾਇਆ ਗਿਆ, ਜਿਸ ਵਿੱਚ 100 ਤੋਂ ਵੱਧ ਸਮਾਜਸੇਵੀ ਵਿਅਕਤੀਆਂ ਨੇ ਖ਼ੂਨ ਦਾਨ ਕਰਕੇ ਲਾਭ ਪ੍ਰਾਪਤ ਕੀਤਾ।

ਖ਼ੂਨਦਾਨ ਕਰਨ ਵਾਲੇ ਵਿਅਕਤੀਆਂ ਨੂੰ ਸਰਟੀਫਿਕੇਟ, ਮੈਡਲ ਤੇ ਸਨਮਾਨ ਚਿੰਨ੍ਹ ਗੁਰਦੁਆਰਾ ਮੈਹਦੇਆਣਾ ਸਹਿਬ ਦੇ ਮੁੱਖ ਸੇਵਾਦਾਰ ਭਾਈ ਕੁਲਵੰਤ ਸਿੰਘ ਲੱਖਾ, ਇੰਸਪੈਕਟਰ ਕੁਲਜਿੰਦਰ ਸਿੰਘ ਗਰੇਵਾਲ, ਪੰਚ ਅਮਨਦੀਪ ਸਿੰਘ ਦੇਹੜਕਾ ਪ੍ਰਧਾਨ ਏ ਡੀ ਐੱਫ ਬਲਾਕ ਜਗਰਾਉਂ, ਸੰਜੀਵ ਖਾਨ, ਬੇਅੰਤ ਸਿੰਘ ਭੱਟੀ ਆਦਿ ਵੱਲੋਂ ਵੰਡੇ ਗਏ।ਇਸ ਮੌਕੇ ਗੁਰਿੰਦਰ ਸਿੰਘ ਪ੍ਰਧਾਨ, ਦਲਜੀਤ ਸਿੰਘ, ਲਵਪ੍ਰੀਤ ਸਿੰਘ ਹਲਵਾਰਾ, ਧਰਮਵੀਰ ਸਿੰਘ, ਬੇਅੰਤ ਸਿੰਘ, ਗੁਰਮੀਤ ਸਿੰਘ ਪੱਪੂ, ਨੰਬਰਦਾਰ ਜਸਵੀਰ ਸਿੰਘ ਦੇਹੜਕਾ, ਰੂਪਾਂ ਖਹਿਰਾ, ਪ੍ਰਧਾਨ ਹਰਦੀਪ ਸਿੰਘ ਮਾਣੂੰਕੇ, ਨੰਬਰਦਾਰ ਹਰਪ੍ਰੀਤ ਸਿੰਘ ਲੱਖਾ, ਪ੍ਰਧਾਨ ਸੁਰਜੀਤ ਸਿੰਘ ਲੱਖਾ, ਬੇਅੰਤ ਸਿੰਘ ਭੱਟੀ, ਨੰਬਰਦਾਰ ਜਸਮੇਲ ਸਿੰਘ ਲੱਖਾ, ਪ੍ਰਦੀਪ ਸਿੰਘ, ਭੋਲਾ ਮੈਂਬਰ ਆਦਿ ਹਾਜ਼ਰ ਸਨ।ਇਸ ਮੌਕੇ ਭਾਈ ਕੁਲਵੰਤ ਸਿੰਘ ਲੱਖਾ ਤੇ ਮੁੱਖ ਪ੍ਰਬੰਧਕ ਅਮਨਦੀਪ ਸਿੰਘ ਦੇਹੜਕਾ ਨੇ ਕਿਹਾ ਕਿ ਹਰ ਤੰਦਰੁਸਤ ਵਿਅਕਤੀ ਦਾ ਫਰਜ਼ ਬਣਦਾ ਹੈ ਕਿ ਸਾਲ ਵਿੱਚ ਇੱਕ ਵਾਰ ਜ਼ਰੂਰ ਖ਼ੂਨ ਦਾਨ ਕਰੇ।ਭਾਈ ਕੁਲਵੰਤ ਸਿੰਘ ਲੱਖਾ ਵੱਲੋਂ ਸਮੂਹ ਸੇਵਾਦਾਰਾਂ ਨੂੰ ਸਰੋਪੇ ਦੇ ਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।

# ਡਾ. ਬਲਜੀਤ ਕੌਰ ਵਿਸਾਖੀ ਮੌਕੇ ਗੁਰਦੁਆਰਾ ਭੋਰਾ ਸਾਹਿਬ ਵਿਖੇ ਹੋਏ ਨਤਮਸਤਕ



**ਮੁਕਤਸਰ/ਮਲੋਟ (ਸ਼ਮਿੰਦਰਪਾਲ, ਪੂਜਾ)**
ਸਮਾਜਿਕ ਨਿਆਂ ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਪੰਜਾਬ ਸਰਕਾਰ ਡਾ. ਬਲਜੀਤ ਕੌਰ ਗੁਰਦੁਆਰਾ ਸ੍ਰੀ ਚਰਨ ਕਮਲ ਭੋਰਾ ਸਾਹਿਬ ਦਾਨੇਵਾਲਾ ਵਿਖੇ ਖਾਲਸਾ ਸਿਰਜਣਾ ਦਿਵਸ ਵਿਸਾਖੀ ਮੌਕੇ ਨਤਮਸਤਕ ਹੋਏ ਅਤੇ ਉਨ੍ਹਾਂ ਪੰਜਾਬ ਵਾਸੀਆਂ ਨੂੰ ਵਿਸਾਖੀ ਦੀਆਂ ਮੁਬਾਰਕਾਂ ਦਿੱਤੀਆਂ।ਮੰਤਰੀ ਡਾ. ਬਲਜੀਤ ਕੌਰ ਨੇ ਦਾਣਾ ਮੰਡੀ ਮਲੋਟ ਦਾ ਵੀ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਕਣਕ ਦੀ ਖਰੀਦ ਦੀ ਬੋਲੀ ਸ਼ੁਰੂ ਕਰਵਾਈ।ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦਾ ਦਾਣਾ-ਦਾਣਾ ਖ੍ਰੀਦਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਮੰਡੀ 'ਚ ਪੀਣ ਵਾਲੇ ਪਾਣੀ ਦੀ ਸਮੱਸਿਆ ਨੂੰ ਵੀ ਹੱਲ ਕੀਤਾ ਜਾ ਰਿਹਾ ਹੈ।ਕੈਬਨਿਟ ਮੰਤਰੀ ਨੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਹਾੜੇ ਨੂੰ ਸਮਰਪਤ ਡਾ. ਬੀ. ਆਰ. ਅੰਬੇਡਕਰ ਬਲੱਡ ਡੋਨਰ ਕਲੱਬ ਤੇ ਏਕਤਾ ਨਗਰ ਸੰਮਤੀ ਮਲੋਟ ਵੱਲੋਂ ਲਗਵਾਏ ਗਏ ਖ਼ੂਨਦਾਨ ਕੈਂਪ ਵਿੱਚ ਵੀ ਸ਼ਿਰਕਤ ਕੀਤੀ।ਉਨ੍ਹਾਂ ਕੈਂਪ ਆਯੋਜਕਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖ਼ੂਨਦਾਨ ਮਹਾਂਦਾਨ ਹੈ ਤੇ ਇਸ ਲਈ ਕੀਤੇ ਜਾ ਰਹੇ ਉਪਰਾਲੇ ਬਹੁਤ ਹੀ ਸ਼ਲਾਘਾਯੋਗ ਹਨ।ਇਸ ਮੌਕੇ ਕੈਬਨਿਟ ਮੰਤਰੀ ਦੇ ਨਿੱਜੀ ਸਹਾਇਕ ਸ੍ਰੀ ਅਰਸ਼ਦੀਪ ਸਿੰਘ ਨੇ ਵੀ ਆਪਣੇ ਜਨਮ ਦਿਵਸ 'ਤੇ ਖ਼ੂਨਦਾਨ ਕੀਤਾ।

ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਮਾਰਕੀਟ ਕਮੇਟੀ ਮਲੋਟ ਜਸ਼ਨ ਬਰਾੜ, ਚੇਅਰਮੈਨ ਕੋਆਪ੍ਰੇਟਿਵ ਸੋਸਾਇਟੀ ਪੰਜਾਬ ਜਗਦੇਵ ਸਿੰਘ ਬਾਂਮ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਅਫਸਰ ਸੁਖਵਿੰਦਰ ਸਿੰਘ ਗਿੱਲ, ਸੰਤ ਬਾਬਾ ਬਲਜੀਤ ਸਿੰਘ ਮੁਖੀ ਗੁਰਦੁਆਰਾ ਚਰਨ ਕਮਲ ਭੋਰਾ ਸਾਹਿਬ ਦਾਨੇਵਾਲਾ, ਸ਼ੀਂਦਰਪਾਲ ਨਿੱਜੀ ਸਹਾਇਕ, ਦਫ਼ਤਰ ਇੰਚਾਰਜ ਪਰਮਜੀਤ ਗਿੱਲ, ਆੜ੍ਹਤੀਆ ਅਸੋਸੀਏਸ਼ਨ ਦੇ ਪ੍ਰਧਾਨ ਸੁਨੀਸ਼ ਗੋਇਲ, ਸੈਕਟਰੀ ਮਾਰਕੀਟ ਕਮੇਟੀ ਮਨਦੀਪ ਕੁਮਾਰ, ਐਡਵੋਕੇਟ ਅਮਨ ਨਾਇਕ ਤੋਂ ਇਲਾਵਾ ਪਤਵੰਤੇ ਹਾਜ਼ਰ ਸਨ।

## ਡਾ. ਬੀ ਆਰ ਅੰਬੇਡਕਰ ਇੰਸਟੀਚਿਊਟ ਓਲਡ ਸਟੂਡੈਂਟਸ ਵੈੱਲਫੇਅਰ ਸੁਸਾਇਟੀ ਵੱਲੋਂ 11ਵੀਂ ਐਲੂਮਨੀ ਮੀਟ





ਮਹਿਮਾਨ ਮੰਨਣ ਵੱਲੋਂ ਪਿਛਲੇ ਸਾਲ ਦੌਰਾਨ ਇੰਸਟੀਚਿਊਟ ਵਿਖੇ ਹੋਏ ਨਵੀਨੀਕਰਣ ਦੇ ਕੰਮਾਂ 'ਤੇ ਚਾਨਣਾ ਪਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਇੰਸਟਰੱਕਟਰ ...

... ਕਰਵਾਇਆ ਗਿਆ। ਇਸ ਮੌਕੇ ਇੰਸਟੀਚਿਊਟ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਮੰਨਣ ਇਸ ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ ਜਦ ਕਿ ਇੰਸਟਰੱਕਟਰ ਰਾਕੇਸ਼ ਕੁਮਾਰ ਅਰੋੜਾ ਅਤੇ ਸਵਰਨ ਸਿੰਘ, ਸ਼੍ਰੀਮਤੀ ਲਖਬੀਰ ਕੌਰ ਸੁਪਰਡੈਂਟ, ਪ੍ਰੋਫੈਸਰ ਸਰਬਜੀਤ ਕੌਰ, ਸ਼੍ਰੀਮਤੀ ਜੀਵਨ ਜੋਤੀ ਅਤੇ ਪ੍ਰੋਫੈਸਰ ਅਨਿਲ ਕੁਮਾਰ ਨੇ ... ਚਾਨਣਾ ਪਾਇਆ ਗਿਆ ਅਤੇ ਉਹਨਾਂ ਵੱਲੋਂ ਦਿਖਾਏ ਗਏ ਰਸਤੇ ਤੇ ਚੱਲਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ 'ਪੇ ਬੈਕ ਟੂ ਸੁਸਾਇਟੀ' ਵਿਸ਼ੇ 'ਤੇ ਹੋਏ ਸੈਮੀਨਾਰ ਦੌਰਾਨ ਇੰਸਟੀਚਿਊਟ ਦੇ ਪੁਰਾਣੇ ਵਿਦਿਆਰਥੀਆਂ ਵੱਲੋਂ ਨਵੇਂ ਸਿਖਿਆਰਥੀਆਂ ਦੀ ਭਲਾਈ ਲਈ ਹਰ ਸੰਭਵ ਮਦਦ ਦਾ ਭਰੋਸਾ ਦਿਵਾਇਆ ਗਿਆ। ਮੁੱਖ ... ਜਿਹੜੇ ਵੱਖ-ਵੱਖ ਵਿਭਾਗਾਂ ਵਿੱਚੋਂ ਸੇਵਾ ਮੁਕਤ ਹੋਏ ਹਨ, ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ, ਜਿਨ੍ਹਾਂ ਵਿੱਚ ਮਲਕੀਤ ਰਾਮ, ਰੇਸ਼ਮ ਸਿੰਘ, ਤਸਵੀਰ ਲਾਲ, ਸੱਤਿਆ ਰਾਣੀ, ਕਸ਼ਮੀਰ ਕੌਰ, ਕੁਲਵੰਤ ਸਿੰਘ, ਬਲਵੀਰ ਕੁਮਾਰ, ਜੰਗੀਰ ਸਿੰਘ, ਬਲਦੇਵ ਸਿੰਘ, ਨਸੀਬ ਸਿੰਘ, ਤਰਸੇਮ ਕੌਰ ਅਤੇ ਦਲਜੀਤ ਸਿੰਘ ਆਦਿ ਨਾਂਅ ਸ਼ਾਮਲ ਹਨ।

## ਸਫ਼ਲਤਾ ਦੀਆਂ ਉਚਾਈਆਂ ਨੂੰ ਛੂਹੇਗਾ ਕੈਂਬਰਿਜ ਇਨੋਵੇਟਿਵ ਸਕੂਲ-ਪੁਨਮਵਾਲਾ



ਸੀ ਐਫ ਈ ਸੀ ਸੀ ਈ ਦੇ ਨਿਰਦੇਸ਼ਾਂ ਅਨੁਸਾਰ ਐਕਟੀਵਿਟੀ ਬੇਸਡ ਕਰੀਕੁਲਮ ਦੁਬਾਰਾ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰ ਰਿਹਾ ਇਸ ਵਿਦਿਆਲਿਆ ਦੇ ਪ੍ਰਿੰਸੀਪਲ ਅਤੇ ਆਧਾਰਸ਼ਿਲਾ ਗਲੋਬਲ ਐਜੂਕੇਸ਼ਨਲ ...

... ਪ੍ਰਾਇਮਰੀ ਤੱਕ ਦੇ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰ ਰਿਹਾ ਹੈ ਇਸ ਸਕੂਲ ਵਿੱਚ ਕੁਆਲੀਫਾਈਡ, ਡੈਡੀਕੇਟਡ ਤੇ ਮਿਹਨਤੀ ਅਧਿਆਪਕਾਂ ਦੁਆਰਾ ਆਧੁਨਿਕ ਸਿੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ ਤੇ ਇਹ ਇਸ ਇਲਾਕੇ ਦਾ ਇੱਕ ਅਨੋਖਾ ਵਿਦਿਆਲਿਆ ਹੈ ਜੋ ਕਿ ਨੈਸ਼ਨਲ ਐਜੂਕੇਸ਼ਨ ਪੋਲਿਸੀ- 2020 ਅਤੇ ਐਨ ... ਉਹਨਾਂ ਨੇ ਗੱਲਬਾਤ ਕਰਦੇ ਦੱਸਿਆ ਕਿ ਸੈਸ਼ਨ 2025- 26 ਲਈ ਵਿਦਿਆਲਿਆ ਵਿੱਚ ਐਡਮਿਸ਼ਨ ਚੱਲ ਰਹੇ ਹਨ ਅਤੇ ਪੇਰੈਂਟਸ ਆਪਣੇ ਬੱਚਿਆਂ ਦੀ ਐਡਮਿਸ਼ਨ ਕਰਵਾ ਕੇ ਲਾਭ ਪ੍ਰਾਪਤ ਕਰ ਸਕਦੇ ਹਨ! ਉਹਨਾਂ ਨੇ ਦੱਸਿਆ ਕੁਝ ਹੀ ਸਮਾਂ ਵਿੱਚ ਇਹ ਵਿਦਿਆਲਿਆ ਸਫ਼ਲਤਾ ਦੀ ਉਚਾਈਆਂ ਨੂੰ ਛੂਹੇਗਾ।

## ਬਸਪਾ ਦਾ ਮਕਸਦ ਡਾਕਟਰ ਅੰਬੇਡਕਰ ਦੇ ਸੁਪਨਿਆਂ ਦਾ ਭਾਰਤ ਬਣਾਉਣਾ - ਕਰੀਮਪੁਰੀ



ਕੋਸ਼ਿਸ਼ ਕਰ ਰਹੇ ਹਨ ਪਰ ਡਾਕਟਰ ਅੰਬੇਡਕਰ ਸਾਹਿਬ ਦੇ ਸੱਚੇ ਸਪੂਤ ਇਨ੍ਹਾਂ ਪਾਰਟੀਆਂ ਦੀਆਂ ਲੂੰਬੜਚਾਲਾਂ ਤੋਂ ਭਲੀਭਾਂਤ ਜਾਣੂ ਹਨ। ਉਨ੍ਹਾਂ ਕਿਹਾ ਕਿ ਇੱਕ ਪਾਸੇ ਭਾਜਪਾ ਦੇ ਅਮਿਤ ਸ਼ਾਹ ਡਾਕਟਰ ਅੰਬੇਡਕਰ ਸਾਹਿਬ ਦਾ ਅਪਮਾਨ ਕਰਦੇ ਹਨ ਦੂਸਰੇ ਪਾਸੇ ਭਾਜਪਾ ਦੇ ਪੰਜਾਬ ਦੇ ਆਗੂ ਡਾਕਟਰ ਅੰਬੇਡਕਰ ਸਾਹਿਬ ਦੇ ਬੁੱਤਾਂ ਦੀ ਰਾਖੀ ਕਰਨ ਦੀ ਗੱਲ ਆਖ ਰਹੇ ਹਨ ਜਦਕਿ ਆਪਣੇ ਆਕਾ ਕੋਲ ਦਿੱਲੀ ਜਾਂ ਕੇ ਡਾਕਟਰ ਸਾਹਿਬ ਦੇ ਸੰਵਿਧਾਨ ਨੂੰ ਪੂਰਨ ਤੌਰ 'ਤੇ ਲਾਗੂ ਕਰਵਾਉਣ ਦੀ ਇਨ੍ਹਾਂ ਵਿਚ ਰੱਤੀ ਭਰ ਵੀ ਹਿੰਮਤ ਨਹੀਂ। ਉਨ੍ਹਾਂ ਅੰਤ ਵਿੱਚ ਸੂਬੇ ਦੀਆਂ ਸਮੂਹ ਦਲਿਤ ਜਥੇਬੰਦੀਆਂ, ਮੁਲਾਜ਼ਮ ਜਥੇਬੰਦੀਆਂ, ਸਿੱਖ ਜਥੇਬੰਦੀਆਂ, ...

... ਪਾਰਟੀ ਦਾ ਮਕਸਦ ਡਾਕਟਰ ਅੰਬੇਡਕਰ ਸਾਹਿਬ ਦੇ ਸੁਪਨਿਆਂ ਦਾ ਭਾਰਤ ਬਣਾਉਣਾ ਹੈ ਤਾਂ ਜੋ ਪੰਜਾਬ ਸਮੇਤ ਦੇਸ਼ ਭਰ ਅੰਦਰ ਹਰ ਵਰਗ ਖੁਸ਼ਹਾਲ ਤੇ ਉੱਚਾ ਸੁੱਚਾ ਜੀਵਨ ਜਿਉਂ ਸਕੇ। ਉਨ੍ਹਾਂ ਅੱਗੇ ਕਿਹਾ ਕਿ ਕੁਝ ਸਮਾਜ ਵਿਰੋਧੀ ਤਾਕਤਾਂ ਸੂਬੇ ਅੰਦਰ ਭਾਈਚਾਰਕ ਸਾਂਝ ਨੂੰ ਤੋੜਨ ਦਾ ਯਤਨ ਕਰ ਰਹੀਆਂ ਹਨ ਜਿਨ੍ਹਾਂ ਦੇ ਮਨਸੂਬਿਆਂ ਨੂੰ ਬਹੁਜਨ ਸਮਾਜ ਪਾਰਟੀ ਕਦੇ ਵੀ ਪੂਰਾ ਨਹੀਂ ਹੋਣ ਦੇਵੇਗੀ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਕਾਂਗਰਸ, ਭਾਜਪਾ ਅਤੇ ਸੂਬੇ ਅੰਦਰ ਆਮ ਆਦਮੀ ਪਾਰਟੀ ਬਾਬਾ ਸਾਹਿਬ ਦੇ ਨਾਮ 'ਤੇ ਬਾਬਾ ਸਾਹਿਬ ਦੇ ਪੈਰੋਕਾਰਾਂ ਨੂੰ ਗੁੰਮਰਾਹ ਕਰਨ ਦੀ ... ਚੁੰਬਰ, ਇੰਜੀਨੀਅਰ ਜਸਵੰਤ, ਮੈਡਮ ਹਰਜਿੰਦਰ ਕਰੀਮਪੁਰੀ, ਤੀਰਥ ਰਾਜਪੁਰਾ, ਲਾਲ ਚੰਦ ਔਜਲਾ, ਖੁਸ਼ੀ ਰਾਮ ਜ਼ਿਲ੍ਹਾ ਪ੍ਰਭਾਰੀ, ਭਗਵਾਨ ਸਿੰਧੂ, ਹਰਬਜਨ ਬਲਾਲੋਂ, ਸੁਖਵਿੰਦਰ ਬਿੱਟੂ, ਜਗਦੀਸ਼ ਸ਼ੇਰਪੁਰੀ, ਸਰਬਜੀਤ ਹੀਰ, ਲੇਖ ਰਾਜ ਜਮਾਲਪੁਰੀ, ਤੇਜ਼ ਪਾਲ ਬਸਰਾ, ਸੁਸ਼ੀਲ ਬਿਰਦੀ, ਜਸਵਿੰਦਰ ਝੱਲੀ, ਬਾਬੂ ਸੁੰਦਰ ਪਾਲ, ਰਾਮ ਸਰੂਪ ਚੰਬਾ, ਦੇਵ ਰਾਜ ਸੰਧੂ, ਸ਼ਲਿੰਦਰ ਕੁਮਾਰ, ਨਰਿੰਦਰ ਬਿੱਲਾ, ਦੇਵ ਰਾਜ ਸੁਮਨ, ਹੈਪੀ ਰੁੜਕਾ, ਹਰਮਨਜੀਤ ਪ੍ਰਕਾਸ਼, ਮਹਿੰਦਰਪਾਲ ਤੇਹਿੰਗ, ਕੌਂਸਲਰ ਅਮਨਦੀਪ ਕੌਰ, ਚਰੰਜੀ ਲਾਲ ਆਦਿ ਹਾਜ਼ਰ ਸਨ।

## ਪਧਿਆਣਾ ਵਿਖੇ ਖੂਨਦਾਨ ਕੈਂਪ ਲਗਾਇਆ



ਭੋਗਪੁਰ:-(ਗੁਰਪ੍ਰੀਤ ਸਿੰਘ ਭੋਗਲ, ਬਲਵੰਤ ਕਾਹਲੋਂ) ਬਾਬਾ ਸਾਹਿਬ ਡਾ.ਭੀਮ ਰਾਉ ਅੰਬੇਡਕਰ ਚੈਰੀਟੇਬਲ ਸੋਸਾਇਟੀ ਵਲੋਂ ਭਾਰਤ ਰਤਨ, ਸੰਵਿਧਾਨ ਨਿਰਮਾਤਾ, ਗਰੀਬਾਂ ਦੇ ਮਸੀਹਾ ਬਾਬਾ ਸਾਹਿਬ ਡਾ.ਭੀਮ ਰਾਉ ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਨੂੰ ਸਮਰਪਿਤ ਪਿੰਡ ਪਧਿਆਣਾ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਜੀਤ ਲਾਲ ਭੱਟੀ ਹਲਕਾ ਇੰਚਾਰਜ ਆਦਮਪੁਰ/ਡਾਇਰੈਕਟਰ ਪਨਬਸ ਪੰਜਾਬ ਵਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਉਨ੍ਹਾਂ ਨਾਲ ਪਰਮਜੀਤ ਸਿੰਘ ਰਾਜਵੰਸ਼ ਚੇਅਰਮੈਨ ਮਾਰਕੀਟ ਕਮੇਟੀ ਆਦਮਪੁਰ, ਮੰਗਾ ਰਾਮ ਜ਼ਿਲ੍ਹਾ ਜੁਆਇੰਟ ਸਕੱਤਰ ਐਸ.ਸੀ ਵਿੰਗ,ਹਨਿੰਦਰ ਸਿੰਘ ਕੋਆਰਡੀਨੇਟਰ ਬੀ.ਸੀ ਵਿੰਗ, ਕੁਲਵਿੰਦਰ ਸਾਬੀ ਕੋਰਡੀਨੇਟਰ ਐਸ.ਸੀ ਵਿੰਗ,ਮਦਨ ਸਿੰਘ ਬਲਾਕ ਪ੍ਰਧਾਨ, ਦਲਜੀਤ ਮਿਨਹਾਸ,ਲੰਬਰਦਰ ਰਾਕੇਸ਼ ਕਪੂਰ ਪਿੰਕਾ,ਲੰਬਰਦਰ ਬਲਜੀਤ ਸਿੰਘ,ਸਰਪੰਚ ... ਅੰਬੇਡਕਰ ਚੈਰੀਟੇਬਲ ਸੋਸਾਇਟੀ ਦੇ ਪ੍ਰਧਾਨ ਤੇ ਕਮੇਟੀ ਮੈਂਬਰਾਂ ਵਲੋਂ ਖੂਨਦਾਨ ਕਰਨ ਵਾਲੇ ਮੈਂਬਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਮਨੋਜ ਭੱਟੀ, ਸੈਕਟਰੀ ਪ੍ਰਵੀਨ ਸੰਧੂ,ਮੈਂਬਰ ਕਮਲਜੀਤ,ਮੈਂਬਰ ਸੁਖਬੀਰ ਸਿੰਘ, ਮੈਂਬਰ ਗੁਰਮੁਖ ਸਿੰਘ, ਮੈਂਬਰ ਗੁਰਪ੍ਰੀਤ ਸਿੰਘ ਭੋਗਲ, ਮੈਂਬਰ ਸੁਖਦੇਵ ਲਾਲ, ਮੈਂਬਰ ਪ੍ਰਦੀਪ ਸਿੰਘ, ਮੈਂਬਰ ਹਰਮਨ, ਮੈਂਬਰ ਅਕਸ਼ਪ੍ਰੀਤ, ਮੈਂਬਰ ਕਮਲਪ੍ਰੀਤ, ਮੈਂਬਰ ਮਨਜਿੰਦਰ ਸਿੰਘ ਮੌਜੂਦ ਸਨ।

## ਡੇਰਾ ਸੱਚਖੰਡ ਬੱਲਾਂ ਵਿਖੇ ਵਿਸਾਖੀ ਪੁਰਬ ਤੇ ਸੰਗਰਾਂਦ ਦਾ ਦਿਹਾੜਾ ਸ਼ਰਧਾਪੂਰਵਕ ਮਨਾਇਆ



ਕਿਸ਼ਨਗੜ੍ਹ (ਸੁਖਜੀਤ ਕੁਮਾਰ) ਡੇਰਾ ਬ੍ਰਹਮਲੀਨ ਸੰਤ ਸਰਵਣ ਦਾਸ ਜੀ ਸੱਚਖੰਡ ਬੱਲਾਂ ਵਿਖੇ ਸਤਿਗੁਰੂ ਰਵਿਦਾਸ ਜੀ ਵੱਲੋਂ ਬਨਾਰਸ ਵਿਖੇ ਗੰਗਾ ਘਾਟ ... ਚੈਰੀਟੇਬਲ ਟਰੱਸਟ ਵਾਰਾਣਸੀ (ਯੂਪੀ) ਦੀ ਰਹਿਨੁਮਾਈ ਹੇਠ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਇਸ ਮੌਕੇ ਅੰਮ੍ਰਿਤਬਾਣੀ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਪਾਵਨ ਜਾਪ ਕਰਵਾਏ ਗਏ ਅਰਦਾਸ ਉਪਰੰਤ ਸੰਤ ਨਿਰੰਜਨ ਦਾਸ ਮਹਾਰਾਜ ਵੱਲੋਂ ਨਵੇਂ ਮਹੀਨੇ ਵਿਸਾਖ ਦਾ ਨਾਮ ਆਪਣੇ ਮੁਖਾਰਬਿੰਦ ਤੋਂ ਸਰਵਣ ਕਰਵਾਉਂਦੇ ਹੋਏ ਸੰਗਤਾਂ ਨੂੰ ਪ੍ਰਭੂ ਭਗਤੀ, ਸੰਤਾਂ ਦੀ ਸੰਗਤ, ਸਭ ਧਰਮਾਂ ਦਾ ਸਤਿਕਾਰ ਕਰਨ ਅਤੇ ਜਗਤਗੁਰੂ ਰਵਿਦਾਸ ਮਹਾਰਾਜ ਜੀ ਦੇ ਉਪਦੇਸ਼ਾਂ ਤੇ ਚੱਲਣ ਦਾ ਸੰਦੇਸ਼ ਦਿੱਤਾ।ਇਸ ਮੌਕੇ ਤੇ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ਾਂ, ਮਿਸ਼ਨਰੀ ਗਾਇਕਾਂ ਅਤੇ ਕੀਰਤਨੀ ਜਥਿਆਂ ਵੱਲੋਂ ਸੰਤ ਪ੍ਰਵਚਨ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ।

ਇਸ ਮੌਕੇ ਤੇ ਕਾਂਗਰਸੀ ਆਗੂ ਸੇਵਾਮੁਕਤ ਐਸਐਸਪੀ ਰਜਿੰਦਰ ਸਿੰਘ ਹਲਕਾ ਇੰਚਾਰਜ ਕਰਤਾਰਪੁਰ, ਸਾਬਕਾ ਐਮ.ਪੀ ਸੁਸ਼ੀਲ ਰਿੰਕੂ, ਬਸਪਾ ਆਗੂ ਐਡਵੋਕੇਟ ਬਲਵਿੰਦਰ ਕੁਮਾਰ ਆਦਿ ਵੱਖ-ਵੱਖ ਪਾਰਟੀਆਂ ਦੇ ਆਗੂਆਂ ਵੱਲੋਂ ਸੰਤ ਨਿਰੰਜਨ ਦਾਸ ਜੀ ਪਾਸੋਂ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਸੰਤ ਨਿਰੰਜਨ ਦਾਸ ਜੀ ਵੱਲੋਂ ਉਕਤ ਆਗੂਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸੰਤ ਨਿਰੰਜਨ ਦਾਸ ਜੀ ਵੱਲੋਂ 'ਬੇਗਮਪੁਰਾ ਸ਼ਹਿਰ' ਸਪਤਾਹਿਕ ਪੱਤਰਿਕਾ ਦਾ ਵਿਸ਼ੇਸ਼ ਅੰਕ ਰਿਲੀਜ਼ ਕੀਤਾ ਗਿਆ। ਇਸ ਮੌਕੇ 'ਤੇ ਸੰਤ ਲਖਵਿੰਦਰ ਸਿੰਘ ਕਡਿਆਣਾ, ਸੰਤ ਲੇਖ ਰਾਜ ਨੂਰਪੁਰ, ਸੰਤ ਪਤਰਮ ਦਾਸ ਕਠਾਰ, ਸੰਤ ਰਾਜਾ ਰਾਮ ... ਦਾਸ, ਸੇਵਾਦਾਰ ਵਰਿੰਦਰ ਦਾਸ ਬੱਬੂ, ਸੇਵਾਦਾਰ ਦਵਿੰਦਰ ਦਾਸ ,ਟਰੱਸਟ ਦੇ ਜਨਰਲ ਸਕੱਤਰ ਸਤਪਾਲ ਹੀਰ, ਪਰਮਿੰਦਰ ਕੁਮਾਰ ਟਾਂਡਾ,ਮੈਨੇਜਰ ਬਾਬੂ ਧਰਮਪਾਲ ਸਿਮਕ, ਸੇਠ ਦੇਸ ਰਾਜ ਫਗਵਾੜਾ, ਨਿਰੰਜਨ ਦਾਸ ਚੀਮਾ, ਬੀਪੀਈਓ ਬੀ. ਕੇ. ਮਹਿਮੀ, ਪ੍ਰਦੀਪ ਕੁਮਾਰ ਦੀਪਾ ਸਾਬਕਾ ਸਰਪੰਚ ਤੇ ਸਾਬਕਾ ਵਾਇਸ ਚੇਅਰਮੈਨ ਮਾਰਕਿਟ ਕਮੇਟੀ ਜਲੰਧਰ, ਸੇਵਾਮੁਕਤ ਕਾਨੂੰਨਗੋ ਸਾਲਗ ਰਾਮ ਸਰੋਆ, ਸੇਵਾਮੁਕਤ ਕਾਨੂੰਨਗੋ ਮਹਿੰਦਰ ਕੁਮਾਰ ਅਲਾਵਲਪੁਰ, ਰੇਂਜ ਅਫ਼ਸਰ ਸਤਪਾਲ ਬੰਗੜ, ਰੋਸ਼ਨ ਲਾਲ ਸੋਂਧੀ, ਰਾਜੇਸ਼ ਕੁਮਾਰ ਸਰਮਸਤਪੁਰ ਆਦਿ ਤੋਂ ਇਲਾਵਾ ਭਾਰੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਮੰਚ ਸੰਚਾਲਨ ਦੀਆਂ ਸੇਵਾਵਾਂ ਵਰਿੰਦਰ ਦਾਸ ਵੱਲੋਂ ਨਿਭਾਈਆਂ ਗਈਆਂ।

## ਡਾ. ਅੰਬੇਡਕਰ ਵੱਲੋਂ ਭਾਰਤੀ ਸੰਵਿਧਾਨ ਦੀ ਸਿਰਜਣਾ 'ਚ ਪਾਏ ਯੋਗਦਾਨ ਨੂੰ ਭੁਲਾਇਆ ਨਹੀਂ ਜਾ ਸਕਦਾ : ਮਹਿੰਦਰ ਭਗਤ



... ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਨੂੰ ਸਮਰਪਿਤ ਲੋਕ ਭਲਾਈ ਵੈਲਫੇਅਰ ਸੁਸਾਇਟੀ (ਰਜਿ.) ਵਲੋਂ ਬਸਤੀ ਬਾਵਾ ਖੇਲ ਵਿਖੇ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਪੰਜਾਬ ਦੇ ਬਾਗਬਾਨੀ, ਰੱਖਿਆ ਸੇਵਾਵਾਂ ਭਲਾਈ ਅਤੇ ਸੁਤੰਤਰਤਾ ਸੈਨਾਨੀ ਮੰਤਰੀ ਮਹਿੰਦਰ ਭਗਤ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ। ਇਸ ਮੌਕੇ ਮੇਅਰ ਵਨੀਤ ਧੀਰ ਵੀ ਉਨ੍ਹਾਂ ਦੇ ਨਾਲ ਸਨ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਵਲੋਂ ਭਾਰਤੀ ਸੰਵਿਧਾਨ ਦੀ ਰਚਨਾ ਵਿੱਚ ਪਾਏ ਯੋਗਦਾਨ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਨੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਅਣਥੱਕ ਯਤਨ ਕੀਤੇ ਅਤੇ ਇਸ ਤੋਂ ਵੀ ਉਪਰ ਉਨ੍ਹਾਂ ਮਹਿਲਾਵਾਂ ਦੇ ਸਸ਼ਕਤੀਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦੇ ਸੰਜੀਦਾ ਯਤਨਾਂ ਸਦਕਾ ਸਭ ... ਸਦਕਾ ਅੱਜ ਅਸੀਂ ਆਪਣੇ ਮਤਦਾਨ ਦੇ ਅਧਿਕਾਰ ਦੀ ਵਰਤੋਂ ਕਰਕੇ ਆਪਣੀ ਮਨਪਸੰਦ ਦੀ ਸਰਕਾਰ ਬਿਨ੍ਹਾਂ ਕਿਸੇ ਡਰ, ਭੈਅ ਅਤੇ ਪਾਰਦਰਸ਼ੀ ਢੰਗ ਨਾਲ ਚੁਣ ਸਕਦੇ ਹਾਂ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਬੀ.ਆਰ.ਅੰਬੇਡਕਰ ਦੇ ਸੁਪਨਿਆਂ ਵਾਲਾ ਸਮਾਜ ਸਿਰਜਣ ਲਈ ਉਨ੍ਹਾਂ ਵਲੋਂ ਦਰਸਾਏ ਮਾਰਗ ਨੂੰ ਅਪਣਾਕੇ ਦੇਸ਼ ਅਤੇ ਸਮਾਜ ਦੀ ਭਲਾਈ ਲਈ ਅੱਗੇ ਆਉਣ ਅਤੇ ਇਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਇਸ ਮੌਕੇ ਕੈਬਨਿਟ ਮੰਤਰੀ ਵਲੋਂ ਲੋਕ ਭਲਾਈ ਵੈਲਫੇਅਰ ਸੁਸਾਇਟੀ(ਰਜਿ.) ਵਲੋਂ ਲੋਕ ਭਲਾਈ ਦੇ ਕੀਤੇ ਜਾ ਰਹੇ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਨੂੰ ਸਕੂਲ ਕਿੱਟਾਂ ਕਿਤਾਬਾਂ, ਕਾਪੀਆਂ, ਵਰਦੀਆਂ ਅਤੇ ਪੈਨਸਿਲ ਸੈਟ ਵੀ ਵੰਡੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੌਂਸਲਰ ਮੁਕੇਸ਼ ਸੇਠੀ, ਰਾਜੇਸ਼ ਭੱਟੀ, ਸੁਭਾਸ਼ ਸੌਂਧੀ, ਰਾਕੇਸ਼ ਪਦਮ, ਅਜੈ ਗਿੱਲ, ਸੂਰਜ ਗਿੱਲ ਅਤੇ ਹੋਰ ਉਘੀਆਂ ਸ਼ਖ਼ਸੀਅਤਾਂ ਹਾਜ਼ਰ ਸਨ।



ਫਿਲੌਰ ਵਿਖੇ ਡਾ. ਭੀਮ ਰਾਓ ਅੰਬੇਡਕਰ ਦੀ ਜਯੰਤੀ ਮੌਕੇ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਵਿਜੇ ਸਾਂਪਲਾ ਸਾਬਕਾ ਚੇਅਰਮੈਨ ਰਾਸ਼ਟਰੀ ਅਨੁਸੂਚਿਤ ਕਮਿਸ਼ਨਰ। (ਫੋਟੋ ਤੇ ਵੇਰਵਾ ਬੀ ਐਸ ਕੈਨੇਡੀ ਫਿਲੌਰ)



ਡਾ. ਭੀਮ ਰਾਓ ਅੰਬੇਡਕਰ ਦੀ ਜਯੰਤੀ 'ਤੇ ਫਿਲੌਰ ਵਿਖੇ ਜੱਸੀ ਪਰਵਾਰ ਡਾ. ਅੰਬੇਡਕਰ ਦੇ ਬੁੱਤ ਤੇ ਫੁੱਲ ਮਾਲਾਵਾਂ ਭੇਂਟ ਕਰਦਾ ਹੋਇਆ। ਫੋਟੋ ਤੇ ਵੇਰਵਾ - ਨਿਰਮਲ ਫਿਲੌਰ

## ਕੋਰਟ ਵੱਲੋਂ ਸਟੇਅ ਹੋਣ ਕਾਰਨ 1200 ਤੋਂ ਵੱਧ ਅਧਿਆਪਕ ਜੁਆਇੰਨ ਹੋਣੋਂ ਵਾਂਝੇ

ਚੰਡੀਗੜ੍ਹ (ਗੁਰਜੀਤ ਬਿੱਲਾ)- ਪਿਛਲੇ ਲੰਬੇ ਸਮੇਂ ਤੋਂ ਲਟਕ ਰਹੀ 5994 ਈ ਟੀ ਟੀ ਅਧਿਆਪਕਾਂ ਦੀ ਭਰਤੀ, ਜਿਸ ਦੇ ਨਿਯੁਕਤੀ ਪੱਤਰ ਪਿਛਲੇ ਦਿਨੀਂ ਮੁੱਖ ਮੰਤਰੀ ਪੰਜਾਬ ਵੱਲੋਂ ਖੁਦ ਵੰਡੇ ਗਏ ਸਨ, ਵਿੱਚੋਂ ਲਗਪਗ 1228 ਦੇ ਕਰੀਬ ਅਧਿਆਪਕ ਨੂੰ ਕੋਰਟ ਕੇਸ ਦੇ ਹਵਾਲੇ ਨਾਲ ਜੁਆਇੰਨ ਕਰਵਾਉਣ ਤੋਂ ਰੋਕ ਦਿੱਤਾ ਗਿਆ। ਕੋਰਟ ਕੇਸ ਹੋਣ ਤੋਂ ਪਹਿਲਾਂ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ 2460 ਅਧਿਆਪਕਾਂ ਵਿੱਚੋਂ ... ਕਿ 6635 ਈ ਟੀ ਟੀ ਅਧਿਆਪਕਾਂ ਦੀ ਭਰਤੀ ਸਮੇਂ ਜੁਆਇੰਨ ਕਰਨ ਉਪਰੰਤ ਮੈਡੀਕਲ ਕਰਾਉਣ ਲਈ ਇੱਕ ਹਫਤੇ ਦਾ ਸਮਾਂ ਦਿੱਤਾ ਗਿਆ ਸੀ।ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ ਅਤੇ ਸੂਬਾ ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਨੇ ਪਿਛਲੇ ਸਮੇਂ ਦੀਆਂ ਭਰਤੀਆਂ ਦੌਰਾਨ ਪੰਜਾਬ ਸਰਕਾਰ ਦੁਆਰਾ ਬੇਰੁਜ਼ਗਾਰ ਅਧਿਆਪਕਾਂ ਕੀਤੀ ਗਈ ਖੱਜਲ ਖੁਆਰੀ ਅਤੇ ਲੇਟ ਲਤੀਫੀ ਦੀ ਨਿਖੇਧੀ ਕਰਦਿਆਂ ਭਰਤੀਆਂ ਨੂੰ ਜਲਦੀ ਸਿਰੇ ਲਾਉਣ ਦੀ ਮੰਗ ਕੀਤੀ। ਆਗੂਆਂ ਨੇ ਕਿਹਾ ਕਿ ਇਸ ਵਾਰ ਜੁਆਇੰਨ ਹੋਣ ਤੋਂ ਪਹਿਲਾਂ ਮੈਡੀਕਲ ਕਰਾਉਣ ਦੀ ਸ਼ਰਤ ਕਾਰਨ 1228 ਦੇ ਕਰੀਬ ਅਧਿਆਪਕਾਂ ਦੀ ਜੁਆਇੰਨਿੰਗ ਰਹਿ ਜਾਣ ਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੈ। ਉਨ੍ਹਾਂ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸੂਬੇ ਅੰਦਰ 20000 ਤੋਂ ਵੱਧ ਅਧਿਆਪਕ ਭਰਤੀ ਕਰਨ ਦੇ ਲਗਾਤਾਰ ਬਿਆਨ ... ਵਿੱਚ ਅਧਿਆਪਕਾਂ ਦੀ ਘਾਟ ਬਣੀ ਹੋਈ ਹੈ। ਉਨ੍ਹਾਂ ਦੱਸਿਆ ਕਿ 2364 ਭਰਤੀ ਵਿੱਚੋਂ ਕੇਵਲ 950 ਦੇ ਕਰੀਬ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਮਿਲੇ ਸਨ ਜਦਕਿ 5994 ਭਰਤੀ ਵਿੱਚੋਂ ਲਗਪਗ 2460 ਦੇ ਕਰੀਬ ਨਿਯੁਕਤੀ ਪੱਤਰ ਦਿੱਤੇ ਗਏ ਸਨ। 5994 ਭਰਤੀ ਵਿੱਚੋਂ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲੇ 2460 ਵਿੱਚੋਂ ਕੇਵਲ 1230 ਦੇ ਕਰੀਬ ਹੀ ਜੁਆਇੰਨ ਕਰ ਸਕੇ ਜਦਕਿ ਬਾਕੀ ਅਧਿਆਪਕਾਂ ਦੀ ਜੁਆਇੰਨਿੰਗ ਹੋਣ ਤੋਂ ਪਹਿਲਾਂ ਕੋਰਟ ਵਿੱਚ ਸਟੇਅ ਹੋ ਗਿਆ। ਇਸੇ ਭਰਤੀ ਵਿੱਚ 2994 ਦੇ ਕਰੀਬ ਅਧਿਆਪਕਾਂ ਦੀ ਬੈਕਲੌਗ ਭਰਤੀ ਸੀ ਜਿਸ ਬਾਰੇ ਪੰਜਾਬ ਸਰਕਾਰ ਵੱਲੋਂ ਹਾਲੇ ਕੋਈ ਠੋਸ ਕਾਰਵਾਈ ਹੁੰਦੀ ਨਜ਼ਰ ਨਹੀਂ ਆਉਂਦੀ। ਇਸ ਤਰ੍ਹਾਂ ਇਨ੍ਹਾਂ ਦੋਨੋਂ ਭਰਤੀਆਂ ਅੰਦਰ ਕੇਵਲ 3400 ਦੇ ਕਰੀਬ ਅਧਿਆਪਕਾਂ ਨੂੰ ਨਿਯੁਕਤੀ ਪੱਤਰ ਮਿਲੇ ਹਨ ਜਿਨ੍ਹਾਂ ਵਿੱਚੋਂ ਸਿਰਫ 2200 ਕੁ ਅਧਿਆਪਕਾਂ ਨੇ ਜੁਆਇੰਨ ਕੀਤਾ ਹੈ ਜੋ ਸਿੱਖਿਆ ... ਵਾਲਿਆਂ ਦੀ ਗਿਣਤੀ 2000 ਦੇ ਕਰੀਬ ਹੀ ਹੈ।ਆਗੂਆਂ ਨੇ ਪੰਜਾਬ ਸਰਕਾਰ 'ਤੇ ਭਰਤੀਆਂ ਨੂੰ ਲਟਕਾਉਣ ਲਈ ਅੜਿੱਕੇ ਡਾਹੁਣ ਦਾ ਦੋਸ਼ ਲਾਉਂਦਿਆਂ ਕਿਹਾ ਕਿ ਸਰਕਾਰ ਨੂੰ ਸਿੱਖਿਆ ਕ੍ਰਾਂਤੀ ਦੇ ਫੋਕੇ ਦਮਗਜੇ ਮਾਰਨ ਦੀ ਬਜਾਏ ਧਰਾਤਲੀ ਹਾਲਾਤਾਂ ਨੂੰ ਦੇਖ ਕੇ ਬਿਆਨ ਦੇਣੇ ਚਾਹੀਦੇ ਹਨ ਅਤੇ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਦੀ ਸਿੱਖਿਆ ਪ੍ਰਤੀ ਸੰਵੇਦਨਸ਼ੀਲ ਹੋਣਾ ਚਾਹੀਦਾ ਹੈ।

## ਬੀਜ ਡੀਲਰਾਂ ਨੂੰ ਝੋਨੇ ਦੀ ਪੂਸਾ-44 ਤੇ ਹਾਈਬਰਿਡ ਕਿਸਮਾਂ ਦੀ ਵਿਕਰੀ ਨਾ ਕਰਨ ਲਈ ਵਿਸ਼ੇਸ਼ ਮੁਹਿੰਮ



ਮੁਹਾਲੀ, (ਗੁਰਜੀਤ ਬਿੱਲਾ)-ਡਿਪਟੀ ਕਮਿਸ਼ਨਰ, ਐਸ.ਏ.ਐਸ. ਨਗਰ ਸ਼੍ਰੀਮਤੀ ਕੋਮਲ ... ਹਦਾਇਤ ਕੀਤੀ ਗਈ ਹੈ।ਮੁੱਖ ਖੇਤੀਬਾੜੀ ਅਫ਼ਸਰ, ਡਾ. ਗੁਰਮੇਲ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਾਉਣੀ ਸੀਜ਼ਨ-2025 ਲਈ ਝੋਨੇ ਦੀ ਪੂਸਾ-44 ਅਤੇ ਹਾਈਬਰਿਡ ਬੀਜਾਂ ਦੀ ਵਿਕਰੀ 'ਤੇ ਮੁਕੰਮਲ ਤੌਰ 'ਤੇ ਪਾਬੰਦੀ ਲਗਾਈ ਗਈ ਹੈ। ਜਿਸ ਲਈ ਬਕਾਇਦਾ ਤੌਰ 'ਤੇ ਇਹਨਾਂ ਕਿਸਮਾਂ ਦੀ ਬਿਜਾਈ ਨੂੰ ਰੋਕਣ ਦੇ ਮੰਤਵ ਤਹਿਤ ਖੇਤੀਬਾੜੀ ਵਿਭਾਗ ਵੱਲੋਂ ਮੁਹਿੰਮ ਵੀ ਵਿੱਢੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ 'ਤੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਦੇ ਅਧਿਕਾਰੀਆਂ ਵੱਲੋਂ ਬੀਜ ਡੀਲਰਾਂ ਦੀ ਅਚਨਚੇਤ ਚੈਕਿੰਗ ਕੀਤੀ ... ਕਈ ਵੀ ਬੀਜ ਡੀਲਰ ਝੋਨੇ ਦੀਆਂ ਪਾਬੰਦੀਸ਼ੁਦਾ ਕਿਸਮਾਂ ਦੀ ਵਿੱਕਰੀ ਨਾ ਕਰੇ।

## '2004 ਤੋਂ ਬਾਅਦ ਭਰਤੀ ਹੋਏ ਸਰਕਾਰੀ ਮੁਲਾਜ਼ਮਾਂ ਨੂੰ ਪੁਰਾਣੀ ਪੈਨਸ਼ਨ ਸਕੀਮ ਅੰਦਰ ਲਿਆਂਦਾ ਜਾਵੇ'

ਜਲੰਧਰ (ਰਾਜੇਸ਼ ਥਾਪਾ)—ਆਲ ਇੰਡੀਆ ਪ੍ਰਾਇਮਰੀ ਟੀਚਰਜ਼ ਫੈਡਰੇਸ਼ਨ ਦੀ ਪੰਜਾਬ ਇਕਾਈ ਪੰਜਾਬ ਗੌਰਮਿੰਟ ਪ੍ਰਾਇਮਰੀ ਟੀਚਰਜ਼ ਐਸੋਸੀਏਸ਼ਨ ...

## ਡਾ. ਅੰਬੇਡਕਰ ਦੇ ਸੁਪਨਿਆਂ ਦਾ ਭਾਰਤ ਬਣਾਉਣ ਲਈ ਬਸਪਾ ਦੀਆਂ ਸਰਕਾਰਾਂ ਬਣਾਉਣਾ ਜ਼ਰੂਰੀ - ਕਰੀਮਪੁਰੀ



ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ ) ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ... ਨੂੰ ਮਜਬੂਤ ਕਰਨ ਲਈ, ਪਛੜੇ ਸਮਾਜ ਨੂੰ ਉਹਦੀ ਮੰਡਲ ਕਮਿਸ਼ਨ ਰਿਪੋਰਟ ਰਾਹੀਂ ਹਿੱਸੇਦਾਰੀ, ਕਿਸਾਨ ਕਿਰਤੀ ਕਾਮੇ ਦਲਿਤ ਪਛੜੇ ਅਧਿਕਾਰੀ ਕਰਮਚਾਰੀ ਵਪਾਰੀ ਆਓ ਸਭ ਮਿਲ ਕੇ ਨਵੇਂ ਪੰਜਾਬ ਦੀ ਸਿਰਜਣਾ ਕਰੀਏ। ਉਨਾਂ ਕਿਹਾ 2027 ਵਿਚ ਦਿੱਲੀ ਵਾਂਗ ਪੰਜਾਬ ਵਿੱਚ ਵੀ ਆਪ ਪਾਰਟੀ ਦਾ ਸਫ਼ਾਇਆ ਹੋ ਜਾਵੇਗਾ ਕਿਉਂਕਿ ਪੰਜਾਬ ਦੀ ਜਨਤਾ ਦਾ ਆਪ ਪਾਰਟੀ ਦੇ ਬਦਲਾਅ ਤੋਂ ਮੋਹ ਭੰਗ ਹੋ ਚੁੱਕਾ ਹੈ ਅਤੇ ਉਹ ਬਹੁਜਨ ਸਮਾਜ ਪਾਰਟੀ ਨੂੰ ਇਕ ਮੌਕਾ ਜ਼ਰੂਰ ਦੇਣਗੇ।ਇਸ ਮੌਕੇ ਬਸਪਾ ਪੰਜਾਬ ਦੇ ਜਨਰਲ ਸਕੱਤਰ ਭਗਵਾਨ ਸਿੰਘ ਚੌਹਾਨ ਅਤੇ ਠੇਕੇਦਾਰ ਭਗਵਾਨ ਦਾਸ ਸਿੱਧੂ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਅਤੇ ਪੰਜਾਬ ਦੀ ਆਪ ਪਾਰਟੀ ਵਲੋਂ ਬਾਬਾ ਸਾਹਿਬ ਡਾ. ਅੰਬੇਡਕਰ ਦੀ ਮਾਨਵਵਾਦੀ ਸੋਚ ਨੂੰ ਜਿੰਨਾ ਦਵਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਉਹ ਉਸ ਤੋਂ ਕਈ ਗੁਣਾਂ ਜਿਆਦਾ ਮਜਬੂਤ ਹੋ ਕੇ ਉੱਭਰ ਰਹੀ ਹੈ। ਉਨਾਂ ਕਿਹਾ 2027 ਵਿਚ ਪੰਜਾਬ ਅੰਦਰ ਅੰਬੇਡਕਰ ਲਹਿਰ ਦਾ ਰਾਜ ਸਥਾਪਤ ਹੋਵੇਗਾ ਜਿਥੇ ਸਮਾਨਤਾ, ਏਕਤਾ ਤੇ ਭਾਈਚਾਰੇ ਦਾ ਬੋਲਬਾਲਾ ਹੋਵੇਗਾ।ਉਨ੍ਹਾਂ ਡਾ. ਅੰਬੇਡਕਰ ਜਨਮ ਦਿਨ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਚੌਧਰੀ ਗੁਰਨਾਮ ਸਿੰਘ ਜਨਰਲ ਸਕੱਤਰ ਪੰਜਾਬ,ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ, ਇੰਜ.ਮਹਿੰਦਰ ਸੰਧਰਾਂ, ਮਦਨ ਸਿੰਘ ਬੈਂਸ ਇੰਚਾਰਜ ਵਿਧਾਨ ਸਭਾ ਹੁਸ਼ਿਆਰਪੁਰ,ਯਸ਼ ਭੱਟੀ ਪ੍ਰਧਾਨ ਹਲਕਾ ਚੱਬੇਵਾਲ,ਬਖਸ਼ੀਸ਼ ਭੀਮ, ਦਿਨੇਸ਼ ਪੱਪੂ ਵੀ ਹਾਜਰ ਸਨ।

## ਲੁਟੇਰੇ ਔਰਤ ਦਾ ਕਤਲ ਕਰ ਨਕਦੀ ਤੇ ਗਹਿਣੇ ਲੈ ਉਡੇ



ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)- ...


## ANMOL INDIA LIMITED

**CIN NO: L51909PB1998PLC050300**

Regd. Office: 2nd Floor, 2/43, B- Block, Aggar Nagar, Ludhiana, Punjab- 141001
Ph: 9435046554 Website: www.anmolindialtd.com; Email: csprabhjot@anmolindialtd.com

**POSTAL BALLOT NOTICE**

Members are hereby informed that Postal Ballot Notice, seeking approval of the Members on the resolutions set out in the said Notice has been sent electronically to the Members whose e- mail address is registered with the Depositories/ Depository Participant(s), Share Transfer Agent viz. Bigshare Services Private Limited and the Company, as on Friday, 11th April, 2025, i.e. the Cut- Off date. The Company has completed electronic dispatch of the Postal Ballot Notice on 14th April, 2025.

The Postal Ballot Notice is available on the Company's website at www.anmolindialtd.com and on the website of the Stock Exchanges, i.e. BSE Limited and National Stock of Exchange Limited at www.bseindia.com and www.nseindia.com , respectively and on the website of Central Depository Services (India) Limited (CDSL), at www.evotingindia.com . Members who have not received the Postal Ballot Notice may download it from the above- mentioned websites. The documents referred to in the Postal Ballot Notice are available for inspection electronically.

**Instructions for e- voting:**

In accordance with the applicable circulars issued by the Ministry of Corporate Affairs, the Company is providing to its Members, the facility to exercise their right to vote on the resolutions proposed in the said Postal Ballot Notice by electronic means ("e- voting") only and hard copies of Postal Ballot Notice along with Postal Ballot forms and pre- paid business envelope will not be sent to the Members for this Postal Ballot. The communication of the assent or dissent of the Members would take place through remote e-voting process only. The Company has engaged the services of CDSL as the agency for providing e- voting facility. The voting through electronic mode shall commence from Tuesday, 15th April, 2025 (10.00 A.M.) and shall end on Wednesday, 14th May, 2025 (05.00 P.M.).

E- voting will not be allowed beyond the aforesaid date and time and the e- voting module shall be forthwith disabled by CDSL upon expiry of the aforesaid period. Manner of e- voting by Members holding shares in dematerialized mode and Members who have not registered their e- mail address has been provided in the Postal Ballot Notice.

A person whose name is recorded in the Register of Members/ List of Beneficial Owners as on the Cut- off date shall only be considered eligible for the purpose of e- voting. Voting rights shall be in proportion to the paid- up equity share capital of the Company as on Cut- off date. A person who is not a member as on the Cut-off date shall treat this notice for information purpose only.

**Manner of registering/ updating e-mail address :**

For Demat Shareholders- Please update your e- mail id & mobile no. with your respective Depository Participant (DP).

The resolution, if approved shall deemed to have been passed on the last date of e- voting, i.e. Wednesday, 14th May, 2025. The result of e- voting shall be declared on or before 16th May, 2025 and will be displayed along with the Scrutinizer's Report at the Company's website, CDSL and Stock Exchanges where the shares of the Company are listed.

M/s Harsh Goyal & Associates, Practicing Company Secretaries has been appointed as the scrutinizer for conducting the Postal Ballot process through remote e- voting mechanism only in a fair and transparent manner.

If you have any queries or issues regarding e- voting from the CDSL e- voting system, you may write an e- mail to helpdesk.evoting@cdslindia.com or contact at toll free no. 1800 21 09911 or you may contact the following as well.

Contact Person: Ms. Parabhjot Kaur
Designation: Company Secretary
Address: 2/43, B- Block, Aggar Nagar, Ludhiana, Punjab- 141001
E- mail: csprabhjot@anmolindialtd.com
Phone No. 7031127031

**By Order of the Board of Directors**
Sd/-
(Parabhjot Kaur)
Company Secretary & Compliance Officer

Date : 15-04-2025
Place : Ludhiana


## ਕਲਾਸੀਫਾਈਡ ਇਸ਼ਤਿਹਾਰ

### Change of Name

I Neeru W/O Jasbir Singh R/O V.P.O. Mirpur Lakha , Teh. Nawanshahr Distt. S.B.S. Nagar Pin. 144417 I Have changed my name from Neeru to Neeru Neeru (Surname Neeru).

I, Samiksha W/o Ashish Sharma R/o 612, Maulshree Lane, Eldeco Naura, Eldeco Greens, Malko, Jalandhar, have changed my name from Samiksha to Samiksha Sharma. Please note.

I, Simriti D/o Satpal Singh R/o H. No. BX-1041 Chuck Hussaina , Lamba Pind Jalandhar, Punjab declare that I have changed my name from Simriti to Simriti Kamboj. Please Note.

I, Gurdarshan Kaur D/o Charan Singh R/o Village Bombeli, Distt. Hoshiarpur, Punjab declare that I also known by Gurdarshan Saini. So both name are mine and same person. Please note.

I, Komal D/o Satwinder Singh R/o Vill. Sohalpur Distt. Jalandhar, (Pb.) India have Changed my name Komal to Komal Suri. Komal is my given name and Suri is my surname.

I, Harvinder Singh Son of Mehnga Singh, Resident of Village Barchuhi, Post Office Rajpur, District Jalandhar, Punjab have changed my name from HARVINDER SINGH to HARWINDER SINGH. Please note all concerned.

I, Reeta Rani W/o Som Nath, R/O H.No.317 New Model House, Jalandhar,144003 have changed my name from Reeta to Reeta Rani.

I, Veerpal Kaur Bhullar w/o Rachhpal Singh R/o L3/828 New Jaspal Nagar Gurdwara Toot Sahib Sultanwind Road Amritsar have changed my name Veerpal Kaur Bhullar to Veerpal Kaur

I, Rachhpal Singh Bhullar S/o Mukhtar Singh R/o L3/828 New Jaspal Nagar Gurdwara Toot Sahib Sultanwind Road Amritsar have changed my name Rachhpal Singh Bhullar to Rachhpal Singh

I, Manoj Kumar S/o Manohar Lal Sarin R/o H.No.181-1, Jail Gali, Ravi Dass Road Ram Ragh Amritsar have changed my name from Manoj Kumar to Manoj Sarin

I, Shama W/o Manoj Sarin R/o H.No.181-1, Jail Gali, Ravi Dass Road Ram Ragh Amritsar have changed my name from Shama to Shama Sarin

I Abhilash Jain alias Avilash Chander S/o Durga Dass Jain Resident of H No. 289/11, Gali Lamba wali, Chaurasti Attari, Amritsar. I have changed my name from Abhilash Jain alias Avilash Chander to Abhilash Jain. All concerned please note.

I, Sonia D/o Ashok Kumar R/o 3007, Gali No.5, Ward No.57, Hari Pura, Dhapai Road, Amritsar have changed my name from Sonia to Sonia Kaur

I, Resam Singh S/o Baldev Singh R/o Kotli Aulakh, Vanieye PO Vanike District Amritsar have changed my name from Resam Singh to Resham Singh.

I, Rekha Rani alias Darshan Kumari R/o Harbhajan Lal R/o C-2, Gali No.2, Mall Road, Amritsar have changed my name from Rekha Rani alias Darshan Kumari to Rekha Rani.

I , Kavita W/o Hira Lal, R/o H. No . 19, Gali No. 05, Arman Nagar, P.O. Dakoha, Jalandhar declare that I have changed my daughter's name from Smiksha to Smiksha Sharma .

### Change of Name

I Nidhi W/O Sukhdip Singh V.P.O. Rurka Kalan Patti Gauki, Tehsil Phillaur. Distt Jalandhar 144031. have changed my name to Nidhi Kaur.

I, Amritpal Singh Thind S/O Gurdip Singh R/O VPO Rupewali, Tehsil Shahkot, Jalandhar - 144701, Punjab have changed my name from Amritpal Singh Thind to Amritpal Singh. All note.

I, Rupinder Kaur Thind W/O Amritpal Singh Thind R/O VPO Rupewali, Tehsil Shahkot, Jalandhar - 144701, Punjab have changed my name From Rupinder Kaur Thind to Rupinder Kaur.

I, Sandeep Badyal S/o Dharam Pal R/o Shiv Shakti Surgi Works, Kacha Kot, Outside Bhandari Gate, Batala, Tehsil Batala, Distt. Gurdaspur, Punjab-143505 have changed my name from Sandeep to Given Name as Sandeep and Surname as Badyal. Concerned Note.

I, Rama Sharma W/o Ashwani Kumar R/o H.No. B8/298, Mohalla Prem Nagar, Gali Hind Wali, Batala, Distt. Gurdaspur have changed my name from Rama Kumari to Rama Sharma. Concerned Note.

I, Ashru alias Amar Nath s/o Mahinder r/o Village Chak Muglani, Tehsil Nakodar, Jalandhar, Punjab changed my name to Amar Nath. All Please Note.

I, Anuja d/o Sanjeev Kumar Sangar r/o H.No.22/16, Sehgal Colony, Ladowali Road, Jalandhar have changed my name to Anuja Sharma (Surname as Sharma) All Please Note.

I, Aditya s/o Sumit Kumar r/o VPO. Randhawa Masandan, Distt. Jalandhar, Punjab have changed my name from Aditya to Aditya Sharma. All Please Note.

I, Kishan Singh s/o Rattan Lal r/o VPO.Khunda Via Dhariwal,Gurdaspur changed my name to Kishan Singh Bhagat (Surname as Bhagat) All Please Note.

I, Harjit Singh S/o Nanak Singh R/o H.No.44, Back Side Tagore Hospital, Sangat Singh Nagar, Jalandhar- 144008, Punjab have changed my name from Harjit Singh to Harjeet Singh. All Please Note.

I, Amandeep Kaur W/o Arjan Singh R/o Vill. Jhawar, PO. Jiwanwal Babri, Gurdaspur Pin-143520 Punjab, India. Have changed my name from Amandeep Kaur to Balwinder Kaur.

### PUBLIC NOTICE

I, Jarman Singh S/o Joginder Singh resident of Village Panwan, PO. Hakimpur, Tehsil Kalanaur, Distt. Gurdaspur, State Punjab, India, Pin code-143511. I have changed my name from Jarman Singh to Singh Jarman. Surname as Singh and given name as Jarman.

### ਆਮ ਸੂਚਨਾ

ਪਿਆਰਾ ਸਿੰਘ ਪੁੱਤਰ ਸਰਵਣ ਸਿੰਘ ਵਾਸੀ ਪਿੰਡ ਕੁਲਾਰ, ਜ਼ਿਲ੍ਹਾ ਜਲੰਧਰ ਦੇ ਨਾਂਅ ਰਕਬਾ ਪਿੰਡ ਅੱਲਾਦਿੱਤਾ 'ਤੇ ਚਲਦਾ ਹੈ। 12.5 ਹਾਰਸ ਪਾਵਰ ਦਾ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ. ਪੀ. 56/ 926, ਜੋ ਹੁਣ ਪਵਿੱਤਰ ਸਿੰਘ ਕੁਲਾਰੀਆ ਪੁੱਤਰ ਸਰਵਣ ਸਿੰਘ ਵਾਸੀ ਪਿੰਡ ਕੁਲਾਰ ਤਹਿਸੀਲ ਸ਼ਾਹਕੋਟ, ਜਿਲ੍ਹਾ ਜਲੰਧਰ ਨੇ ਆਪਣੇ ਨਾਂਅ ਕਰਵਾਉਣ ਲਈ ਸਹਾਇਕ ਕਾਰਜਕਾਰੀ ਇੰਜੀਨੀਅਰ ਪੰਜਾਬ ਰਾਜ ਪਾਵਰਕਾਮ ਸੁਲਤਾਨਪੁਰ ਲੋਧੀ ਪਾਸ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ ਹੋਵੇ ਤਾਂ 15 ਦਿਨਾਂ ਦੇ ਅੰਦਰ ਇਸ ਦਫਤਰ ਨਾਲ ਸੰਪਰਕ ਕਰ ਸਕਦਾ ਹੈ।

### ਆਮ ਸੂਚਨਾ

...

### ਬੇਦਖਲੀ ਨੋਟਿਸ

...

### ਬੇਦਖਲੀ ਨੋਟਿਸ

...

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

...

## ਵਿਦਿਆਰਥੀਆਂ ਨੂੰ ਵੰਡੀਆਂ ਵਰਦੀਆਂ ਤੇ ਸਕੂਲ ਕਿੱਟਾਂ

ਜਲੰਧਰ -(ਇਕਬਾਲ ਸਿੰਘ ਉਭੀ)- ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਨੂੰ ਸਮਰਪਿਤ ਲੋਕ ਭਲਾਈ ਵੈਲਫੇਅਰ ਸੁਸਾਇਟੀ (ਰਜਿ.) ਵਲੋਂ ਬਸਤੀ ਬਾਵਾ ਖੇਲ ਵਿਖੇ ਸਮਾਗਮ ਕਰਵਾਇਆ ਗਿਆ, ...

## ਐੱਸ ਐੱਚ ਓ ਅਵਤਾਰ ਸਿੰਘ ਨੂੰ ਕੀਤਾ ਸਨਮਾਨਤ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸੰਗਰੂਰ ਵਿਖੇ ਥਾਣਾ ਸਿਟੀ-1 ਦੇ ਐੱਸ ਐੱਚ ਓ ਅਵਤਾਰ ਸਿੰਘ ਨੂੰ ਲੋਕਾਂ ਦੀਆਂ ਭਾਵਨਾਵਾਂ ਨੂੰ ਸਮਝ ਕੇ ਕੰਮ ਕਰਨ ਤੇ ਹਰ ਇੱਕ ਮਸਲੇ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨ ਦੇ ਚਲਦਿਆਂ ਭਾਰਤੀਆ ਅੰਬੇਡਕਰ ਮਿਸ਼ਨ ਭਾਰਤ ਦੇ ਕੌਮੀ ਪ੍ਰਧਾਨ ਦਰਸ਼ਨ ਸਿੰਘ ਕਾਂਗੜਾ, ਮਿਸ਼ਨ ਦੇ ਕੌਮੀ ਜਰਨਲ ਸਕੱਤਰ ਪਾਲੀ ਸਿੰਘ ਕਮਲ ਸਰਪੰਚ ਉਭਾਵਾਲ, ਕੌਮੀ ਸੀਨੀਅਰ ਮੀਤ ਪ੍ਰਧਾਨ ਜਗਸੀਰ ਸਿੰਘ ਖੇੜੀ ਚੰਦਵਾਂ, ਨਿਰਭੈ ਸਿੰਘ ਛੰਨਾਂ ਸਕੱਤਰ ਭਾਰਤੀਆ ਅੰਬੇਡਕਰ ਮਿਸ਼ਨ ਭਾਰਤ, ਸਤਿਗੁਰ ਸਿੰਘ ਖੇੜੀ ਚੰਦਵਾਂ, ਸਤਿਗੁਰ ਸਿੰਘ ਸੰਗਰੂਰ ਤੋਂ ਇਲਾਵਾ ਹੋਰ ਬਹੁਤ ਸਾਰੇ ਵਿਅਕਤੀ ਹਾਜ਼ਰ ਸਨ।

## ਚਰਨਜੀਤ ਸਿੰਘ ਨੂੰ ਖੇਡ ਪ੍ਰਮੋਟਰ ਵਜੋਂ ਕੀਤਾ ਸਨਮਾਨਤ



**ਸੰਗਰੂਰ (ਪ੍ਰਵੀਨ ਸਿੰਘ)**-ਪਿੰਡ ਚੱਠੇ ਸੇਖਵਾਂ (ਸੰਗਰੂਰ) ਵਿਖੇ ਵਿਸਾਖੀ ਦੇ ਸ਼ੁੱਭ ਮੌਕੇ ਮਲਵਈ ਲੋਕਧਾਰਾ ਐਸੋਸੀਏਸ਼ਨ ਪੰਜਾਬ (ਰਜਿ.) ਚੱਠੇ ਸੇਖਵਾਂ (ਸੰਗਰੂਰ) ਦੇ ਪ੍ਰਧਾਨ ਦਲਬਾਰ ਸਿੰਘ ਵੱਲੋਂ ਚਰਨਜੀਤ ਸਿੰਘ ਨੂੰ ਖੇਡ ਪ੍ਰਮੋਟਰ ਵਜੋਂ ਸਨਮਾਨਤ ਕੀਤਾ ਗਿਆ।ਸਨਮਾਨ ਦੀ ਰਸਮ ਵਿੱਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਸ਼ਾਮਲ ਹੋਈ।ਚਰਨਜੀਤ ਸਿੰਘ ਪਿਛਲੇ ਕਈ ਸਾਲਾਂ ਤੋਂ ਪਿੰਡ ਦੇ ਬੱਚਿਆਂ ਤੇ ਖਿਡਾਰੀਆਂ ਨੂੰ ਫੁੱਟਬਾਲ ਤੇ ਅਥਲੈਟਿਕਸ ਦੀ ਤਿਆਰੀ ਕਰਵਾ ਰਿਹਾ ਹੈ।ਉਸ ਨੇ ਖਿਡਾਰੀਆਂ ਨੂੰ ਫੁੱਟਬਾਲ ਦੀ ਕੋਚਿੰਗ ਵਾਸਤੇ ਦੋ ਕੋਚ ਵੀ ਲਗਾਏ ਹੋਏ ਹਨ।ਆਪਣੀ ਪੰਜਾਬ ਪੁਲਸ ਵਿੱਚ ਸਰਵਿਸ ਦੇ ਨਾਲ ਨਾਲ ਉਹ ਆਪਣੇ ਵਿਹਲੇ ਸਮੇਂ ਵਿੱਚ ਖੇਡ ਸਟੇਡੀਅਮ ਦੀ ਦੇਖ-ਰੇਖ ਵਿੱਚ ਵੀ ਪੂਰੀ ਦਿਲਚਸਪੀ ਲੈਂਦਾ ਹੈ।ਇਸ ਸਾਲ ਮਾਰਚ ਮਹੀਨੇ ਦੇ ਅੰਤ ਵਿੱਚ ਫੁੱਟਬਾਲ ਟੂਰਨਾਮੈਂਟ ਦਾ ਵੀ ਪ੍ਰਬੰਧ ਕੀਤਾ।ਇਹ ਮਾਣ ਵਾਲੀ ਗੱਲ ਹੈ ਕਿ ਪਹਿਲੇ ਟੂਰਨਾਮੈਂਟ ਵਿੱਚ ਹੀ ਚੱਠੇ ਸੇਖਵਾਂ ਦੀ ਫੁੱਟਬਾਲ ਟੀਮ ਨੇ ਸੁਨਾਮ ਦੀ ਇੱਕ ਤਕੜੀ ਟੀਮ ਨਾਲ ਆਖਰੀ ਮੈਚ ਖੇਡ ਕੇ ਦੂਸਰਾ ਸਥਾਨ ਪ੍ਰਾਪਤ ਕੀਤਾ।ਇਹ ਜਾਣਕਾਰੀ ਪ੍ਰੈੱਸ ਨੂੰ ਮਲਵਈ ਲੋਕਧਾਰਾ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਦਲਬਾਰ ਸਿੰਘ ਨੇ ਪ੍ਰੈੱਸ ਨੋਟ ਰਾਹੀਂ ਦਿੱਤੀ।

# ਮੇਲਾ ਵਿਸਾਖੀ 'ਤੇ ਤਰਕਸ਼ੀਲ ਬੁਲਾਰਿਆਂ ਨੇ ਦਿੱਤਾ ਸਾਇੰਸੀ ਸਮਝ ਬਣਾਉਣ ਦਾ ਹੋਕਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਜੋਨ ਬਠਿੰਡਾ ਦੀਆਂ ਵੱਖ ਵੱਖ ਇਕਾਈਆਂ ਬਠਿੰਡਾ ਤੋਂ ਕੁਲਵੰਤ ਸਿੰਘ, ਡਬਵਾਲੀ ਤੋਂ ਤਰਸੇਮ ਮਿੱਠੜੀ ਤੇ ਜਗਤਾਰ ਸਿੰਘ, ਇਕਾਈ ਭੰਗੂ (ਸਿਰਸਾ) ਤੋਂ ਹਰਦੇਵ ਸਿੰਘ ਕਾਲਿਆਂ ਵਾਲੀ ਵੱਲੋਂ ਹੈਰਾਨੀਜਨਕ ਤਰਕਸ਼ੀਲ ਮੈਜਿਕ ਸ਼ੋਅ ਵਿਖਾ ਕੇ ਸਿੱਧ ਕੀਤਾ ਕਿ ਦੁਨੀਆ ਉੱਤੇ ਕਾਲੇ ਜਾਦੂ, ਕਾਲੇ ਇਲਮ ਜਾਂ ਜਾਦੂਈ, ਗੈਬੀ ਸ਼ਕਤੀਆਂ ਦੀ ਕਿਤੇ ਕੋਈ ਹੋਂਦ ਨਹੀਂ ਹੈ, ਜਾਦੂ ਇਕ ਕਲਾ ਹੈ ਇਕ ਹੁਨਰ ਹੈ ਤੇ ਦੁਨੀਆ ਦੇ ਕਿਸੇ ਵਿਅਕਤੀ ਕੋਲ ਕੋਈ ਜਾਦੂ ਦੀ ਜਾਂ ਹੋਰ ਕੋਈ ਗੈਬੀ ਸ਼ਕਤੀ ਨਾ ਸੀ ਤੇ ਨਾ ਹੋ ਸਕਦੀ ਹੈ।ਇਸ ਮੌਕੇ ਭਾਨਾ ਸਹਾਰਨਾ ਜਾਦੂਗਰ ਨੇ ਵੀ ਦਿਲਚਸਪ ਮੈਜਿਕ ਸ਼ੋਅ ਪੇਸ਼ ਕੀਤੇ।ਉਨ੍ਹਾਂ ਵੱਲੋਂ ਤੇ ਹੈਰਾਨੀਜਨਕ ਸ਼ੋਅ ਪੇਸ਼ ਕਰਦਿਆਂ ਇਕ ਡੱਬੇ ਦਾ ਇਕ ਚੂਹੇ ਵਰਗਾ ਆਕਾਰ/ਸ਼ਕਲ ਬਣਾਈ, ਫੇਰ ਉਸ ਨੂੰ ਹੱਥ ਦੀ ਸਫਾਈ ਨਾਲ ਗਤੀ ਦੇ ਕੇ ਭਜਾਇਆ, ਦਰਸ਼ਕਾਂ ਨੂੰ ਇਉਂ ਮਹਿਸੂਸ ਹੋ ਰਿਹਾ ਸੀ ਜਿਵੇਂ ਕੱਪੜੇ ਦੇ ਬਣਾਏ ਚੂਹੇ ਵਿੱਚ ਜਾਦੂਗਰ ਨੇ ਜਾਨ ਪਾ ਦਿੱਤੀ ਹੋਵੇ।ਦਰਸ਼ਕਾਂ ਨੇ ਉਸ ਦੀ ਜਾਦੂ ਕਲਾ ਤੋਂ ਪ੍ਰਭਾਵਤ/ਖੁਸ਼ ਹੋ ਕੇ ਉਸ ਦੀ ਆਰਥਿਕ ਸਹਾਇਤਾ ਵੀ ਕੀਤੀ।ਦਰਸ਼ਕਾਂ ਨੂੰ ਬਲਰਾਜ, ਮੌੜ, ਰਾਮ ਸਿੰਘ ਨਿਰਮਾਣ, ਹਰਦੇਵ ਕਾਲਿਆਂ ਵਾਲੀ ਤੇ ਰਮਨ ਮੌੜ ਇਕਾਈ ਦੇ ਜਥੇਬੰਦਕ ਮੁਖੀ ਨੇ ਸੰਬੋਧਨ ਕਰਦਿਆਂ ਆਖਿਆ ਕਿ ਤਰਕਸ਼ੀਲ ਤੇ ਵਿਗਿਆਨਕ ਸਾਹਿਤ ਮਨੁੱਖ ਨੂੰ ਸਮਝਦਾਰ, ਸੂਝਵਾਨ, ਗਿਆਨ ਨਵਾਂ ਤੇ ਵਿਦਵਾਨ ਬਣਾਉਂਦਾ ਹੈ।ਬੁਲਾਰਿਆਂ ਨੇ ਦੇਸ਼ ਦੇ ਅਜੋਕੇ ਹਾਲਾਤਾਂ ਤੇ ਮਨੁੱਖ ਦੇ/ਬੱਚੇ ਦੇ ਜਨਮ ਤੋਂ ਲੈ ਕੇ ਉਸ ਦੇ ਦਿਮਾਗ ਵਿੱਚ ਪਾਏ ਜਾਂਦੇ ਮਾਊਂ, ਕੋਕੋ, ਭੂਤ ਪ੍ਰੇਤਾਂ, ਜਿੰਨ, ਚੁੜੇਲਾਂ, ਭਟਕਦੀਆਂ, ਰੂਹਾਂ, ਬਦਰੂਹਾਂ, ਕਸਰਾਂ, ਅਖੌਤੀ ਧਰਮਰਾਜ, ਦਰਗਾਹ, ਸਵਰਗ ਨਰਕ ਦੇ ਕਲਪਿਤ ਸੰਕਲਪਾਂ ਦੀ ਤਰਕਸ਼ੀਲ ਢੰਗ ਨਾਲ ਵਿਗਿਆਨਕ ਵਿਆਖਿਆ ਕਰਦਿਆਂ ਦੱਸਿਆ ਕਿ ਇਨ੍ਹਾਂ ਚੀਜ਼ਾਂ ਦੀ ਕਿਤੇ ਕੋਈ ਹੋਂਦ ਨਹੀਂ ਉਨ੍ਹਾਂ ਮਨਘੜਤ ਕਲਪਿਤ ਚੀਜ਼ਾਂ ਤੋਂ ਜੰਮਦੇ ਬੱਚਿਆਂ ਨੂੰ ਡਰਾ ਕੇ ਉਨ੍ਹਾਂ ਦੇ ਮਨ ਵਿੱਚ ਅਖੌਤੀ ਕਲਪਿਤ ਚੀਜ਼ਾਂ ਦੇ ਡਰ, ਭੈਅ ਤੇ ਦਹਿਸ਼ਤ ਭਰ ਦਿੱਤੀ ਜਾਂਦੀ ਹੈ, ਭਵਿੱਖ ਵਿੱਚ ਉਹ ਬੱਚੇ ਇਸ ਕਲਪਿਤ ਡਰ, ਭੈਅ ਤੇ ਅੰਧਵਿਸ਼ਵਾਸਾਂ ਕਾਰਨ ਮਾਨਸਿਕ ਤੌਰ 'ਤੇ ਕਮਜ਼ੋਰ ਹੋ ਕੇ ਅਖੌਤੀ ਆਤਮਾ, ਪ੍ਰਮਾਤਮਾ, ਪੁਨਰ ਜਨਮ ਆਦਿ ਮਨੋਰਥ ਉਨ੍ਹਾਂ ਨੂੰ ਚਿੰਬੜੇ ਰਹਿੰਦੇ ਹਨ, ਜੋ ਵੱਡੇ ਹੋਣ ਤੱਕ ਉਹ ਬੱਚਿਆਂ ਦੇ ਬਾਲਗ ਦਿਮਾਗ ਵਿੱਚ ਘਰ ਕਰ ਜਾਂਦੇ ਹਨ ਅਤੇ ਮਨੁੱਖ ਤਾ ਉਮਰ ਉਸੇ ਮਾਨਸਿਕ ਗੁਲਾਮੀ ਕਾਰਨ ਧਾਰਮਿਕ ਅੰਧਵਿਸ਼ਵਾਸ ਵਿੱਚ ਫਸ ਕੇ ਕਰਮਕਾਂਡਾਂ ਵਿੱਚ ਉਲਝਿਆ ਦੁੱਖ ਭੋਗਦਾ ਤੇ ਤਰਕਹੀਣ, ਵੇਲਾ ਵਿਹਾਅ ਚੁੱਕੀਆਂ, ਨਿਰਾਰਥਕ ਰਸਮਾਂ ਤੇ ਅੰਧਵਿਸ਼ਵਾਸਾਂ ਦੀ ਜਹਾਲਤ ਦਾ ਹਨੇਰਾ ਢੋਂਦਾ ਰਹਿੰਦਾ ਹੈ।ਸਮਾਜ ਵੱਲੋਂ ਤੇ ਪੁਜਾਰੀ ਵਰਗ ਰਾਹੀਂ ਬਚਪਨ ਤੋਂ ਸਾਰੀ ਉਮਰ ਮਨੁੱਖੀ ਮਨ ਵਿੱਚ ਭਰੇ ਇਸ ਹਨੇਰੇ ਕਾਰਮ ਮਾਨਸਿਕ ਗੁਲਾਮੀ ਦੇ ਸੰਗਲਾਂ ਨੂੰ ਸਾਨੂੰ ਤੋੜ ਸੁੱਟਣਾ ਚਾਹੀਦਾ ਹੈ।ਇਹ ਤਦ ਹੀ ਸੰਭਵ ਹੈ, ਜੇਕਰ ਅਸੀਂ ਤਰਕਸ਼ੀਲ, ਵਿਗਿਆਨਕ ਵਿਚਾਰਾਂ ਨੂੰ ਗ੍ਰਹਿਣ ਕਰਨ ਲਈ ਵਿਗਿਆਨਕ ਤੇ ਤਰਕਵਾਦੀ ਸਾਹਿਤ/ਕਿਤਾਬਾਂ ਪੜ੍ਹੀਏ ਤੇ ਹੋਰ ਅਜਿਹੇ ਪ੍ਰੋਗਰਾਮ ਲਗਾਤਾਰ ਵੇਖਦੇ, ਸੁਣਦੇ ਰਹੀਏ।ਪ੍ਰਬੰਧਕ ਇਕਾਈ ਦੇ ਤਰਕਸ਼ੀਲ ਆਗੂਆਂ ਮਹਿਮਾ ਸਿੰਘ ਧਿੰਗੜ, ਐਡਵੋਕੇਟ ਅਵਤਾਰ ਸਿੰਘ, ਬਲਦੇਵ ਸਿੰਘ ਗਿੱਲ, ਜਗਦੀਪ ਗਿੱਲ, ਯੋਗਰਾਜ ਭਾਗੀਵਾਂਦਰ ਹੁਰਾਂ ਨੇ ਪ੍ਰਬੰਧ ਵਿੱਚ ਯੋਗਦਾਨ ਪਾਇਆ।

# ਸੁਖਬੀਰ ਬਾਦਲ ਦੇ ਪਾਰਟੀ ਪ੍ਰਧਾਨ ਬਣਨ ਦੀ ਖੁਸ਼ੀ 'ਚ ਲੱਡੂ ਵੰਡੇ



**ਸੰਗਰੂਰ (ਪ੍ਰਵੀਨ ਸਿੰਘ)**-ਤੇਜਾ ਸਿੰਘ ਸਮੁੰਦਰੀ ਹਾਲ ਅੰਮ੍ਰਿਤਸਰ ਵਿਖੇ ਹੋਏ ਡੈਲੀਗੇਟ ਇਜਲਾਸ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਦੁਬਾਰਾ ਪ੍ਰਧਾਨ ਚੁਣੇ ਜਾਣ 'ਤੇ ਸਮੁੱਚੇ ਅਕਾਲੀ ਦਲ ਵਿੱਚ ਖੁਸ਼ੀ ਦੀ ਲਹਿਰ ਹੈ, ਜਿਸ ਤਹਿਤ ਸ਼੍ਰੋਮਣੀ ਅਕਾਲੀ ਦਲ ਸੰਗਰੂਰ ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ ਦੀ ਅਗਵਾਈ ਅਕਾਲੀ ਆਗੂਆਂ ਤੇ ਵਰਕਰਾਂ ਨੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਵਿਨਰਜੀਤ ਸਿੰਘ ਗੋਲਡੀ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਥ ਦੀ ਤੇ ਪੰਜਾਬ ਦੇ ਇੱਕੋ ਇੱਕ ਖੇਤਰੀ ਪਾਰਟੀ ਹੈ ਤੇ ਪਾਰਟੀ ਦੀ ਅਗਵਾਈ ਸੁਖਬੀਰ ਸਿੰਘ ਬਾਦਲ ਦੇ ਹੱਥਾਂ ਵਿੱਚ ਹੀ ਮਹਿਫੂਜ਼ ਹੈ। ਉਨ੍ਹਾ ਕਿਹਾ ਕਿ ਸੁਖਬੀਰ ਦੇ ਪ੍ਰਧਾਨ ਬਣਨ ਨਾਲ ਪਾਰਟੀ ਵਰਕਰਾਂ ਵਿੱਚ ਨਵਾਂ ਉਤਸ਼ਾਹ ਭਰ ਗਿਆ ਤੇ ਆਉਣ ਵਾਲ਼ੀ ਵਿਧਾਨ ਸਭਾ ਚੋਣ ਵਿੱਚ ਪਾਰਟੀ ਸ਼ਾਨਦਾਰ ਪ੍ਰਦਰਸ਼ਨ ਕਰੇਗੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸ੍ਰ. ਤੇਜਿੰਦਰ ਸਿੰਘ ਸੰਘਰੇੜੀ, ਰੁਪਿੰਦਰ ਸਿੰਘ ਰੰਧਾਵਾ, ਹਰਪਾਲ ਸਿੰਘ ਖਡਿਆਲ, ਹਰਵਿੰਦਰ ਸਿੰਘ ਗੋਲਡੀ ਤੂਰ, ਬਿੰਦਰ ਸਿੰਘ ਬੱਟਰਿਆਣਾ, ਜਤਿੰਦਰ ਸਿੰਘ (ਵਿੱਕੀ ਕੋਚ), ਪ੍ਰਿੰਸੀਪਲ ਨਰੇਸ਼ ਕੁਮਾਰ, ਭੁਪਿੰਦਰ ਸਿੰਘ, ਸੁਖਬੀਰ ਸਿੰਘ ਐਡਵੋਕੇਟ, ਰਣਧੀਰ ਸਿੰਘ ਐਡਵੋਕੇਟ, ਪ੍ਰਭਜੀਤ ਸਿੰਘ ਲੱਕੀ, ਬਾਵੀ ਗਰੇਵਾਲ, ਗੁਰਮੀਤ ਸਿੰਘ ਜੈਲਦਾਰ, ਬਲਵਿੰਦਰ ਸਿੰਘ ਵੀਰਕਲਾਂ, ਸੁਖਵਿੰਦਰ ਸਿੰਘ, ਦਲਜੀਤ ਸਿੰਘ ਜੀਤੀ, ਹਰਜਿੰਦਰ ਸਿੰਘ ਜਲਾਨ ਅਮਰੀਕ ਸਿੰਘ, ਸਲੀਮ ਮੁਹੰਮਦ ਗੁਰਦਾਸਪੁਰਾ, ਸੁੰਦਰ ਕ੍ਰਿਸ਼ਨ ਬਿੱਲੂ ਚੰਨੋ, ਜਤਿੰਦਰ ਸਿੰਘ ਜੱਜ, ਅੰਮ੍ਰਿਤਪਾਲ ਸਿੰਘ ਸਰਪੰਚ ਰਾਮਗੜ੍ਹ ਰਿੰਕੂ ਸਿੰਘ ਨੂਰਪੁਰਾ, ਕਾਲਾ ਅਗਰਵਾਲ ਨੂਰਪੁਰਾ, ਗੁਰਮੀਤ ਸਿੰਘ, ਸੁਰਜੀਤ ਸਿੰਘ ਭੱਟੀਵਾਲ ਕਲਾ, ਗੁਰਨੈਬ ਸਿੰਘ ਰੋਹੀ ਘਰਾਚੋਂ, ਜਗਤਾਰ ਸਿੰਘ ਸੋਮਾ ਫਗੂਵਾਲਾ, ਸੁਖਦੇਵ ਸਿੰਘ ਬਰਾੜ ਹਰਕਿਸ਼ਨਪੁਰਾ, ਅਮਨਦੀਪ ਸਿੰਘ ਸੈਣੀ, ਜਗਤਾਰ ਸਿੰਘ ਰੋਸ਼ਨਵਾਲਾ, ਜਗਜੀਤ ਸਿੰਘ ਸੰਗਤਪੁਰਾ, ਗੁਰਮੀਤ ਸਿੰਘ ਜੈਲਦਾਰ, ਹਰਵਿੰਦਰ ਸਿੰਘ ਗੋਲਡੀ ਤੂਰ, ਸਤਿਗੁਰ ਸਿੰਘ ਘੁੰਮਣ, ਗੁਰਦੀਪ ਸਿੰਘ, ਸਤਿਗੁਰੂ ਸਿੰਘ, ਮਿੰਟੂ ਸਿੰਘ, ਨੋਨਾ ਸਿੰਘ ਚੱਠਾ ਆਦੀ ਆਗੂ ਹਾਜ਼ਰ ਸਨ।

## ਤਾਰੀ ਜਲਾਲ ਕਿਸਾਨ ਵਿੰਗ ਦੇ ਜ਼ਿਲ੍ਹਾ ਵਾਈਸ ਪ੍ਰਧਾਨ ਨਿਯੁਕਤ



**ਬਠਿੰਡਾ (ਰਾਜੀਵ ਗੋਇਲ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਜ਼ਿਲ੍ਹੇ ਦੇ ਪਿੰਡ ਜਲਾਲ ਨਾਲ ਸੰਬੰਧਤ ਜਗਤਾਰ ਸਿੰਘ ਤਾਰੀ ਨੂੰ ਕਾਂਗਰਸ ਦੇ ਕਿਸਾਨ ਵਿੰਗ ਦੇ ਸੋਸ਼ਲ ਮੀਡੀਆ ਦਾ ਜ਼ਿਲ੍ਹਾ ਵਾਈਸ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਇਸ ਨਿਯੁਕਤੀ ਨੂੰ ਲੈ ਕੇ ਤਾਰੀ ਜਲਾਲ ਵੱਲੋਂ ਸਮੂਹ ਕਾਂਗਰਸ ਹਾਈਕਮਾਨ ਦਾ ਧੰਨਵਾਦ ਕਰਦੇ ਹੋਏ ਦਿੱਤੀ ਗਈ ਜ਼ੁੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣ ਦਾ ਵਾਅਦਾ ਕੀਤਾ ਗਿਆ ਹੈ।ਤਾਰੀ ਜਲਾਲ ਦੀ ਨਿਯੁਕਤੀ ਨੂੰ ਲੈ ਕੇ ਕਾਂਗਰਸੀ ਵਰਕਰਾਂ ਤੇ ਆਗੂਆਂ ਵਿੱਚ ਖੁਸ਼ੀ ਵੇਖਣ ਨੂੰ ਮਿਲ ਰਹੀ ਹੈ।ਇਸ ਮੌਕੇ ਬੂਟਾ ਸਿੰਘ ਸਿੱਧੂ ਪ੍ਰਧਾਨ ਨਗਰ ਪੰਚਾਇਤ ਭਗਤਾ, ਲੱਕੀ ਜਲਾਲ, ਨਵਦੀਪ ਕੁਮਾਰ ਫੂਲੇਵਾਲਾ, ਪ੍ਰਿੰਸ ਮਹਿਰਾਜ਼, ਸੀਰਾ ਮੱਲੂਆਣਾ ਸਮੇਤ ਹਲਕੇ ਦੇ ਸਮੂਹ ਯੂਥ ਕਾਂਗਰਸੀ ਆਗੂਆਂ ਵੱਲੋਂ ਤਾਰੀ ਜਲਾਲ ਨੂੰ ਵਧਾਈ ਦਿੱਤੀ ਗਈ ਹੈ।

# ਸੰਧਵਾਂ ਵੱਲੋਂ ਨਾਭਾ ਵਿਖੇ ਵਿਸ਼ਵਕਰਮਾ ਭਵਨ ਦਾ ਉਦਘਾਟਨ

### ਰਾਮਗੜ੍ਹੀਆ ਭਾਈਚਾਰੇ ਦਾ ਸੂਬੇ ਦੀ ਤਰੱਕੀ 'ਚ ਅਹਿਮ ਯੋਗਦਾਨ : ਸੰਧਵਾਂ



**ਨਾਭਾ (ਵਰਿੰਦਰ ਵਰਮਾ)**

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਨਾਭਾ ਵਿਖੇ 6 ਕਰੋੜ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਨਿਵੇਕਲੇ ਵਿਸ਼ਵਕਰਮਾ ਭਵਨ ਦਾ ਉਦਘਾਟਨ ਕੀਤਾ।ਉਨ੍ਹਾ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਜੱਸਾ ਰਾਮਗੜ੍ਹੀਆ ਦੇ ਵਾਰਸ ਭਾਈਚਾਰੇ ਵੱਲੋਂ ਲੋਕਾਂ ਲਈ ਦਿੱਤੇ ਗਏ ਇਸ ਤੋਹਫ਼ੇ ਲਈ ਸਮੂਹ ਨਾਭਾ ਨਿਵਾਸੀਆਂ ਨੂੰ ਵਧਾਈ ਦਿੱਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਵਿਸ਼ਵਕਰਮਾ ਭਾਈਚਾਰੇ ਨੂੰ ਇਕ ਲੋਕ ਭਲਾਈ ਦਾ ਕਾਰਜ ਕਰਨ ਲਈ ਵਧਾਈ ਦਿੰਦਿਆਂ ਦੱਸਿਆ ਕਿ ਇਸ ਭਵਨ ਵਿਖੇ ਨਾਮਾਤਰ ਲਾਗਤ 'ਤੇ ਲੋੜਵੰਦ ਤੇ ਗਰੀਬ ਲੋਕ ਆਪਣੇ ਬੱਚਿਆਂ ਦੀਆਂ ਵਿਆਹ ਸ਼ਾਦੀਆਂ ਕਰ ਸਕਣਗੇ ਅਤੇ ਆਮ ਲੋਕ ਇਥੇ ਕੋਈ ਵੀ ਖੁਸ਼ੀ ਗਮੀ ਦੇ ਸਮਾਗਮ ਵੀ ਕਰਵਾ ਸਕਣਗੇ, ਜਿਸ ਕਰਕੇ ਇਲਾਕੇ ਦੇ ਲੋਕਾਂ ਲਈ ਇਸ ਵਿਸ਼ਵਕਰਮਾ ਭਵਨ ਦਾ ਬਹੁਤ ਲਾਭ ਹੋਵੇਗਾ।ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਰਾਮਗੜ੍ਹੀਆ ਭਾਈਚਾਰੇ ਦਾ ਸੂਬੇ ਦੀ ਤਰੱਕੀ ਤੇ ਉਦਯੋਗਿਕ ਵਿਕਾਸ ਸਮੇਤ ਏਕਤਾ ਨੂੰ ਮਜ਼ਬੂਤ ਕਰਨ ਵਿੱਚ ਬਹੁਤ ਵੱਡਾ ਯੋਗਦਾਨ ਹੈ ਤੇ ਇਸ ਭਾਈਚਾਰੇ ਨੇ ਨਾਭਾ ਵਿਖੇ ਸ਼ਾਨਦਾਰ ਵਿਸ਼ਵਕਰਮਾ ਭਵਨ ਦੀ ਉਸਾਰੀ ਕਰਵਾ ਕੇ ਭਾਈਚਾਰਕਤਾ ਦਾ ਪ੍ਰਤੀਕ ਬਣਾਇਆ।ਉਨ੍ਹਾਂ ਸਮੂਹ ਪੰਜਾਬੀਆਂ ਨੂੰ ਵਿਸਾਖੀ ਤੇ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੰਦਿਆਂ ਜਲ੍ਹਿਆਂਵਾਲਾ ਸਾਕੇ ਦੇ ਸਮੂਹ ਸ਼ਹੀਦਾਂ ਨੂੰ ਵੀ ਸ਼ਰਧਾਂਜਲੀ ਦਿੱਤੀ।ਇਸ ਮੌਕੇ ਪ੍ਰਧਾਨ ਚਰਨ ਸਿੰਘ ਤੇ ਸਮੂਹ ਮੈਂਬਰਾਂ ਵੱਲੋਂ ਸਪੀਕਰ ਕਰਤਾਰ ਸਿੰਘ ਸੰਧਵਾਂ ਤੇ ਆਈਆਂ ਸ਼ਖ਼ਸੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੰਤ ਹਰਭਜਨ ਸਿੰਘ, ਵਿਧਾਇਕ ਗੁਰਦੇਵ ਸਿੰਘ ਦੇਵਮਾਨ, ਜ਼ਿਲ੍ਹਾ ਯੋਜਨਾ ਕਮੇਟੀ ਚੇਅਰਮੈਨ ਜੱਸੀ ਸੋਹੀਆਂ ਵਾਲਾ, ਵਿਸ਼ਵਕਰਮਾ ਵੈੱਲਫ਼ੇਅਰ ਸੁਸਾਇਟੀ ਦੇ ਪ੍ਰਧਾਨ ਚਰਨ ਸਿੰਘ ਰਲ੍ਹਣ ਐੱਮ ਡੀ ਮਲਕੀਤ ਕੰਬਾਇਨ, ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ, ਹਰੀ ਸਿੰਘ ਪ੍ਰੀਤ ਕੰਬਾਇਨ, ਆਲ ਇੰਡੀਆ ਕੰਬਾਇਨ ਐਸੋਸੀਏਸ਼ਨ ਪ੍ਰਧਾਨ ਅਵਤਾਰ ਸਿੰਘ ਨੰਨ੍ਹੜੇ, ਭਗਵੰਤ ਸਿੰਘ ਰਾਮਗੜ੍ਹੀਆ, ਕਰਤਾਰ ਕੰਬਾਈਨ ਮਨਪ੍ਰੀਤ ਸਿੰਘ, ਗਹੀਰ ਕੰਬਈਨ ਲਖਵਿੰਦਰ ਸਿੰਘ ਲੱਖੀ, ਗੁਰਦਿਆਲ ਕੰਬਾਈਨ ਅਮਰੀਕ ਸਿੰਘ, ਇੰਪਰੂਵਮੈਂਟ ਟਰੱਸਟ ਚੇਅਰਮੈਨ ਸੁਰਿੰਦਰਪਾਲ ਸ਼ਰਮਾ ਸਮੇਤ ਵੱਡੀ ਗਿਣਤੀ 'ਚ ਹੋਰ ਪਤਵੰਤੇ ਤੇ ਸ਼ਖ਼ਸੀਅਤਾਂ ਮੌਜੂਦ ਸਨ।

## ਸੰਨੀ ਗਿੱਲ ਮੁੜ ਬਣੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਪ੍ਰਧਾਨ



**ਮੋਗਾ (ਇਕਬਾਲ ਸਿੰਘ ਖਹਿਰਾ)**

ਸ਼੍ਰੋਮਣੀ ਅਕਾਲੀ ਦਲ ਦੇ ਮੁੜ ਪ੍ਰਧਾਨ ਬਣਨ 'ਤੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਆਪਣੇ ਹਲਕੇ ਦੇ ਆਗੂਆਂ ਤੇ ਵਰਕਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਸੱਚ ਤੇ ਇਨਸਾਫ ਦੀ ਜਿੱਤ ਹੋਈ ਹੈ।ਇਸ ਮੌਕੇ ਸੰਜੀਤ ਸਿੰਘ ਸੰਨੀ ਗਿੱਲ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਮੁੜ ਸੁਰਜੀਤੀ ਲਈ ਸੁਖਬੀਰ ਸਿੰਘ ਬਾਦਲ ਦਾ ਪ੍ਰਧਾਨ ਬਣਨਾ ਬੇਹੱਦ ਜ਼ਰੂਰੀ ਸੀ ਭਾਵੇਂ ਕਿ ਵਿਰੋਧੀ ਪਾਰਟੀਆਂ ਤੇ ਏਜੰਸੀਆਂ ਨੇ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਕਮਜ਼ੋਰ ਕਰਨ ਲਈ ਘਟੀਆ ਕਿਸਮ ਦੀਆਂ ਚਾਲਾਂ ਤੇ ਬਦਨਾਮ ਕਰਨ ਦੀਆਂ ਸਾਜ਼ਿਸ਼ਾਂ ਰਚੀਆਂ, ਪਰ ਅੱਜ ਸੁਖਬੀਰ ਸਿੰਘ ਬਾਦਲ ਦੇ ਮੁੜ ਪ੍ਰਧਾਨ ਬਣਨ 'ਤੇ ਵਿਰੋਧੀਆਂ ਦੇ ਹੌਸਲੇ ਪਸਤ ਹੋ ਗਏ ਹਨ।

ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਹੀ ਪਾਰਟੀ ਨੂੰ ਚਲਾਉਣ ਦੇ ਸਮਰੱਥ ਹਨ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਆਪਣੀ ਸਰਕਾਰ ਬਣਾਏਗਾ ਤੇ ਸੁਖਬੀਰ ਸਿੰਘ ਬਾਦਲ ਦੀ ਯੋਗ ਅਗਵਾਈ ਵਿੱਚ ਪੰਜਾਬ ਮੁੜ ਤੋਂ ਵਿਕਾਸ ਦੀਆਂ ਲੀਹਾਂ 'ਤੇ ਤੁਰੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਰਟੀ ਆਗੂਆਂ ਤੇ ਵਰਕਰਾਂ ਵਿੱਚ ਗੁਰਬਿੰਦਰ ਸਿੰਘ ਸਿੰਘਾਂ ਵਾਲਾ ਸਰਕਲ ਪ੍ਰਧਾਨ, ਰਵਦੀਪ ਸਿੰਘ ਸੰਘਾ ਸਰਕਲ ਪ੍ਰਧਾਨ ਦਾਰਾਪੁਰ, ਪਵਨਦੀਪ ਸਿੰਘ ਘੱਲ ਕਲਾਂ ਸਰਕਲ ਪ੍ਰਧਾਨ, ਬਿਪਨਪਾਲ ਖੋਸਾ ਸਰਕਲ ਪ੍ਰਧਾਨ, ਕੁਲਦੀਪ ਸਿੰਘ ਦੀਪਾ ਸਰਕਲ ਪ੍ਰਧਾਨ, ਪ੍ਰਿੰਸਪਾਲ ਅਰੋੜਾ ਸਰਕਲ ਪ੍ਰਧਾਨ, ਮਤਵਾਲ ਐੱਮ ਸੀ, ਗੁਰਮੇਲ ਸਿੰਘ ਗੋਲੀ, ਜਗਦੀਸ਼ ਛਾਬੜਾ, ਸੁਖਦੇਵ ਸਿੰਘ ਬਿੱਲੂ, ਅਜਮੇਰ ਸੈਕਟਰੀ, ਕੁਲਦੀਪ ਜੋਗੇਵਾਲਾ, ਬਿੱਟੂ ਗਿੱਲ ਸਾਬਕਾ ਐੱਮ ਸੀ, ਸਾਹਿਲ ਐੱਮ ਸੀ, ਚਰਨਜੀਤ ਝੰਡਿਆਣਾ, ਰਣਜੀਤ ਭਾਊ, ਜਸਵੀਰ ਸਿੰਘ ਖਾਲਸਾ, ਗੁਰਨਾਮ ਸਿੰਘ ਗਿੱਲ, ਸੁਖਚੈਨ ਸਿੰਘ ਛਿੰਦਾ ਸਾਬਕਾ ਚੇਅਰਮੈਨ, ਹਰਮੇਲ ਸਿੰਘ ਸਾਬਕਾ ਚੇਅਰਮੈਨ, ਕੁਲਵਿੰਦਰ ਸਿੰਘ ਵਾਂਦਰ ਸਰਕਲ ਪ੍ਰਧਾਨ, ਪ੍ਰੀਤਮ ਸਿੰਘ ਸੁਖਾਨੰਦ ਤੋਂ ਇਲਾਵਾ ਹੋਰ ਬਹੁਤ ਸਾਰੇ ਆਗੂ ਤੇ ਵਰਕਰ ਹਾਜ਼ਰ ਸਨ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਮੈਡੀਕਲ ਚੈੱਕਅੱਪ ਕੈਂਪ



**ਬੁਢਲਾਡਾ (ਅਸ਼ੋਕ ਲਾਕੜਾ)**-ਬੱਚੇ ਲਈ ਹੁਣ ਹੋਰ ਇੰਤਜ਼ਾਰ ਨਹੀਂ, ਨਿਸੰਤਾਨਤਾ ਦਾ ਹੈ ਸਫਲ ਇਲਾਜ। ਇਹ ਸ਼ਬਦ ਇਥੇ ਬੇ-ਔਲਾਦ ਜੋੜਿਆਂ ਲਈ ਲਗਾਏ ਮੁਫ਼ਤ ਜਾਂਚ ਕੈਂਪ ਦੌਰਾਨ ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਅਮਿਤ ਜਿੰਦਲ ਨੇ ਕਹੇ।ਉਨ੍ਹਾ ਕਿਹਾ ਕਿ ਇਹ ਕੈਂਪ ਭਾਰਤ ਵਿਕਾਸ ਪ੍ਰੀਸ਼ਦ ਬੁਢਲਾਡਾ ਵੱਲੋਂ ਨੰਨ੍ਹੇ ਕਦਮ ਆਈ ਵੀ ਐੱਫ ਸੈਂਟਰ ਦੇ ਸਹਿਯੋਗ ਨਾਲ ਲਗਾਇਆ ਗਿਆ ਹੈ।ਉਨ੍ਹਾ ਕਿਹਾ ਕਿ ਇਸ ਮੌਕੇ ਨੰਨ੍ਹੇ ਕਦਮ ਆਈ ਵੀ ਐੱਫ ਸੈਂਟਰ ਦੇ ਡਾ. ਸੁਮਨ ਭੁੱਲਰ ਤੇ ਡਾ. ਅਮਰ ਸਿੰਘ ਨੇ ਲਗਭਗ 100 ਦੇ ਕਰੀਬ ਬੇ-ਔਲਾਦ ਜੋੜਿਆਂ ਦਾ ਚੈੱਕਅਪ ਕੀਤਾ ਤੇ ਸੰਤਾਨ ਪ੍ਰਾਪਤੀ ਲਈ ਹੋਣ ਵਾਲੇ ਇਲਾਜ ਬਾਰੇ ਜਾਣਕਾਰੀ ਦਿੱਤੀ ਤੇ ਇਲਾਜ ਕਰਵਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਡਾ. ਅਮਰ ਸਿੰਘ ਨੇ ਦੱਸਿਆ ਕਿ ਅੱਜ ਦੇ ਯੁੱਗ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਸੰਭਵ ਹੈ।ਉਨ੍ਹਾਂ ਕਿਹਾ ਕਿ ਅਸੀਂ ਆਈ ਵੀ ਐੱਫ ਤਕਨੀਕ ਰਾਹੀਂ ਇਲਾਜ ਕਰ ਕੇ ਸੰਤਾਨ ਦੀ ਪ੍ਰਾਪਤੀ ਕਰ ਸਕਦੇ ਹਾਂ।ਇਸ ਮੌਕੇ ਪ੍ਰੀਸ਼ਦ ਦੇ ਸਕੱਤਰ ਸੁਨੀਲ ਗਰਗ, ਸ਼ਿਵ ਕਾਂਸਲ, ਸੁਰਿੰਦਰ ਠੇਕੇਦਾਰ, ਸੁਸ਼ੀਲ ਸਰਦਾਨਾ, ਸ਼ਿਵ ਜਿੰਦਲ, ਕ੍ਰਿਸ਼ਨ ਬੱਬੂ, ਡਾ. ਕ੍ਰਿਸ਼ਨ, ਵਿਨੋਦ ਗਰਗ ਆਦਿ ਹਾਜ਼ਰ ਸਨ।

## ਨਗਰ ਕੌਂਸਲ ਨੇ ਸ਼ਹਿਰ ਦੇ ਵੱਖ-ਵੱਖ ਏਰੀਏ 'ਚ ਫੌਗਿੰਗ ਕਰਵਾਈ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮੱਛਰਾਂ ਨਾਲ ਫੈਲਣ ਵਾਲੀਆਂ ਭਿਆਨਕ ਬੀਮਾਰੀਆਂ ਮਲੇਰੀਆ, ਡੇਂਗੂ ਆਦਿ ਦੀ ਰੋਕਥਾਮ ਲਈ ਨਗਰ ਕੌਂਸਲ ਫਿਰੋਜ਼ਪੁਰ ਦੇ ਕਾਰਜਸਾਧਕ ਅਧਿਕਾਰੀ ਪੂਨਮ ਭਟਨਾਗਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਨਗਰ ਕੌਂਸਲ ਫਿਰੋਜ਼ਪੁਰ ਦੀ ਟੀਮ ਵੱਲੋਂ ਸ਼ਹਿਰ ਦੀਆਂ ਵੱਖ ਵੱਖ ਥਾਵਾਂ 'ਤੇ ਫੌਗਿੰਗ ਕੀਤੀ ਗਈ।ਕਾਰਜਸਾਧਕ ਅਫਸਰ ਪੂਨਮ ਭਟਨਾਗਰ ਨੇ ਦੱਸਿਆ ਕਿ ਮੌਸਮ ਦੇ ਮੱਦੇਨਜ਼ਰ ਮੱਖੀ, ਮੱਛਰਾਂ ਦੀ ਰੋਕਥਾਮ ਲਈ ਸ਼ਹਿਰ ਦੇ ਵੱਖ-ਵੱਖ ਹਿੱਸਿਆਂ 'ਚ ਫੌਗਿੰਗ ਕੀਤੀ ਜਾ ਰਹੀ ਹੈ ਤਾਂ ਜੋ ਇਨ੍ਹਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਦੇ ਫੈਲਾਅ ਤੋਂ ਬਚਿਆ ਜਾ ਸਕੇ।ਉਨ੍ਹਾਂ ਦੱਸਿਆ ਕਿ ਫੌਗਿੰਗ ਕਰਨ ਦਾ ਕੰਮ ਲਗਾਤਾਰ ਜਾਰੀ ਰਹੇਗਾ, ਤਾਂ ਜੋ ਕਈ ਭਿਆਨਕ ਬੀਮਾਰੀਆਂ ਦੇ ਕਾਰਨ ਬਣਦੇ ਮੱਖੀ, ਮੱਛਰਾਂ ਦਾ ਖਾਤਮਾ ਕੀਤਾ ਜਾ ਸਕੇ।ਇਸ ਦੇ ਨਾਲ ਹੀ ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ ਦੁਆਲੇ ਸਫਾਈ ਰੱਖਣ ਤੇ ਕੂਲਰਾਂ/ਟਾਇਰਾਂ ਅਤੇ ਆਲੇ ਦੁਆਲੇ ਪਾਣੀ ਨਾ ਖੜਾ ਹੋਣ ਦੇਣ, ਕਿਉਂਕਿ ਖੜੇ ਪਾਣੀ ਵਿੱਚ ਅਕਸਰ ਹੀ ਮੱਛਰਾਂ ਦੀ ਪੈਦਾਵਾਰ ਹੁੰਦੀ ਹੈ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਸ਼ਹਿਰ ਵਿੱਚ ਸਾਫ ਸਫਾਈ ਰੱਖਣ ਤੇ ਡੇਂਗੂ ਮਲੇਰੀਆ ਦੀ ਰੋਕਥਾਮ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ।

# ਡਾਗ ਬਰੀਡਰਾਂ ਵੱਲੋਂ ਪੰਜਾਬ ਸਰਕਾਰ ਨੂੰ ਮੀਟਿੰਗ ਕਰਨ ਦੀ ਮੰਗ

### ਪੰਜਾਬ ਦੇ ਕਰੀਬ ਦੋ ਲੱਖ ਨੌਜਵਾਨ ਹੋਣਗੇ ਬੇਰੋਜ਼ਗਾਰ : ਗੁਰਵਿੰਦਰ ਸਿੰਘ ਫੌਜੀ



**ਦੋਰਾਹਾ, ਪਾਇਲ (ਹਰਮਿੰਦਰ ਸੇਠ)**

ਮੰਜੀ ਸਾਹਿਬ ਕੋਟਾਂ ਵਿਖੇ ਡਾਗ ਬਰੀਡਰਜ਼ ਤੇ ਪੈੱਟਸ਼ਾਪ ਮਾਲਕਾਂ ਵੱਲੋਂ ਇਕ ਵਿਸ਼ੇਸ਼ ਮੀਟਿੰਗ ਸੁਨੀਲ ਜੱਸਲ ਨੈਸ਼ਨਲ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੀਤੀ ਗਈ, ਜਿਸ ਵਿੱਚ ਗੁਰਵਿੰਦਰ ਸਿੰਘ ਫੌਜੀ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਡਾਗ ਰੱਖਣ ਵਾਲਿਆਂ ਵਾਸਤੇ ਜੋ ਸ਼ਰਤਾਂ ਰੱਖੀਆਂ ਨੇ, ਉਹ ਪੂਰੀਆਂ ਕਰਨੀਆਂ ਬਹੁਤ ਔਖੀਆਂ ਹਨ।ਕੋਈ ਵੀ ਵਿਅਕਤੀ ਇਹ ਸ਼ਰਤਾਂ ਪੂਰੀਆਂ ਨਹੀਂ ਕਰ ਸਕਦਾ।ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਸਾਡੇ ਨਾਲ ਬੈਠ ਸਾਡਾ ਪੱਖ ਵੀ ਸੁਣੇ।ਉਨ੍ਹਾਂ ਕਿਹਾ ਕਿ ਇਸ ਕੰਮ ਨਾਲ ਪੰਜਾਬ ਵਿੱਚ ਕਰੀਬ ਦੋ ਲੱਖ ਨੌਜਵਾਨ ਬੇਰੋਜ਼ਗਾਰ ਹੋਣਗੇ, ਜਿਸ ਕਰਕੇ ਪੰਜਾਬ ਸਰਕਾਰ ਸਾਡੇ ਵੱਲ ਧਿਆਨ ਦੇ ਸਾਡੀਆਂ ਸ਼ਰਤਾਂ ਵਿੱਚ ਕੁਝ ਰਿਆਇਤ ਦੇਵੇ।ਇਸ ਮੌਕੇ ਦਿਪਿਕਾ ਸ਼ਰਮਾ, ਚੇਅਰਮੈਨ ਬੇਅੰਤ ਸਿੰਘ, ਹਰਪ੍ਰੀਤ ਸਿੰਘ, ਰਣਜੀਤ ਸਿੰਘ, ਗੁਰਦੀਪ ਸਿੰਘ ਗਿੱਲ, ਬੂਟਾ ਸਿੰਘ, ਗੁਰਪ੍ਰੀਤ ਸਿੰਘ, ਮਨਪ੍ਰੀਤ ਸਿੰਘ, ਅਰਮਾਨਦੀਪ ਸਿੰਘ, ਵਰਿੰਦਰ ਸਿੰਘ, ਸਾਨ ਸਹਿਗਲ, ਗੁਰਸੇਵਕ ਸਿੰਘ, ਜਤਿੰਦਰ ਸਿੰਘ, ਅਵਤਾਰ ਸਿੰਘ, ਜੋਤ ਸਿੰਘ, ਸਿਮਰਨਜੀਤ ਸਿੰਘ, ਸੁਖਦੇਵ ਸਿੰਘ, ਸਨਦੀਪ ਸਿੰਘ, ਜੱਸਾ ਸਿੰਘ, ਪਰਦੀਪ ਸ਼ਰਮਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਨੌਜਵਾਨ ਮੌਜੂਦ ਸਨ।

# ਵਰਲਡ 'ਵਰਸਿਟੀ ਵੱਲੋਂ ਮੱਠੀ 'ਚ ਕਾਨੂੰਨੀ ਸਾਖਰਤਾ ਕੈਂਪ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਨੇ ਫਤਿਹਗੜ੍ਹ ਸਾਹਿਬ ਜ਼ਿਲ੍ਹੇ ਦੇ ਪਿੰਡ ਮੱਠੀ ਵਿੱਚ ਇੱਕ ਕਾਨੂੰਨੀ ਸਾਖਰਤਾ ਕੈਂਪ ਦਾ ਆਯੋਜਨ ਕੀਤਾ, ਜਿਸ ਵਿੱਚ ਬੁਨਿਆਦੀ ਕਾਨੂੰਨੀ ਅਧਿਕਾਰਾਂ, ਨਿਆਂ ਤੱਕ ਪਹੁੰਚ ਤੇ ਸਰਕਾਰੀ ਯੋਜਨਾਵਾਂ 'ਤੇ ਧਿਆਨ ਕੇਂਦਰਤ ਕੀਤਾ ਗਿਆ। ਇਸ ਪਹਿਲਕਦਮੀ ਦਾ ਉਦੇਸ਼ ਪਿੰਡ ਵਾਸੀਆਂ ਨੂੰ ਉਨ੍ਹਾਂ ਦੇ ਬੁਨਿਆਦੀ ਕਾਨੂੰਨੀ ਅਧਿਕਾਰਾਂ ਤੇ ਨਿਆਂ ਪ੍ਰਾਪਤ ਕਰਨ ਦੇ ਮਾਰਗਾਂ ਬਾਰੇ ਜਾਗਰੂਕ ਕਰਨਾ ਸੀ, ਜੋ ਕਿ ਯੂਨੀਵਰਸਿਟੀ ਦੀ ਸਮਾਜਿਕ ਜ਼ਿੰਮੇਵਾਰੀ ਪ੍ਰਤੀ ਵਚਨਬੱਧਤਾ ਨੂੰ ਮਜ਼ਬੂਤ ਕਰਦਾ ਹੈ।ਇਹ ਸਮਾਗਮ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਦੀ ਰਹਿਨੁਮਾਈ ਹੇਠ ਕੀਤਾ ਗਿਆ, ਜਿਨ੍ਹਾਂ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਕਾਨੂੰਨੀ ਜਾਗਰੂਕਤਾ ਇੱਕ ਸਸ਼ਕਤ ਸਮਾਜ ਦੀ ਨੀਂਹ ਹੈ।ਇਹ ਕੈਂਪ ਸਾਡੀ ਯੂਨੀਵਰਸਿਟੀ ਦੇ ਹਾਸ਼ੀਏ 'ਤੇ ਪਏ ਵਰਗਾਂ ਦੀ ਸੇਵਾ ਕਰਨ ਦੇ ਸਮਰਪਣ ਨੂੰ ਦਰਸਾਉਂਦਾ ਹੈ।ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਡੀਨ ਅਕਾਦਮਿਕ ਮਾਮਲੇ ਨੇ ਕੈਂਪ ਦੇ ਆਯੋਜਨ ਵਿੱਚ ਮੁੱਖ ਭੂਮਿਕਾ ਨਿਭਾਈ ਤੇ ਪਿੰਡ ਵਾਸੀਆਂ ਤੋਂ ਮਿਲੇ ਭਾਰੀ ਹੁੰਗਾਰੇ ਲਈ ਆਪਣੀ ਪ੍ਰਸੰਸਾ ਪ੍ਰਗਟ ਕੀਤੀ। ਪ੍ਰੋ. (ਡਾ.) ਅਮਿਤਾ ਕੌਸ਼ਲ ਮੁਖੀ ਤੇ ਡੀਨ ਨੇ ਕਾਨੂੰਨੀ ਸਾਖਰਤਾ ਪਹਿਲਕਦਮੀਆਂ ਦੀ ਮਹੱਤਤਾ 'ਤੇ ਚਾਨਣਾ ਪਾਇਆ।ਉਸ ਨੇ ਕਿਹਾ ਕਿ ਇਸ ਤਰ੍ਹਾਂ ਦੇ ਕੈਂਪ ਨਾ ਸਿਰਫ਼ ਲੋਕਾਂ ਨੂੰ ਸਿੱਖਿਆ ਦਿੰਦੇ ਹਨ, ਸਗੋਂ ਬੇਇਨਸਾਫ਼ੀ ਵਿਰੁੱਧ ਖੜ੍ਹੇ ਹੋਣ ਲਈ ਸਸ਼ਕਤ ਵੀ ਬਣਾਉਂਦੇ ਹਨ।ਯੂਨੀਵਰਸਿਟੀ ਸਕੂਲ ਆਫ਼ ਲਾਅ ਅਜਿਹੀਆਂ ਹੋਰ ਪਹਿਲਕਦਮੀਆਂ ਦਾ ਆਯੋਜਨ ਕਰਨ ਦੀ ਯੋਜਨਾ ਬਣਾ ਰਿਹਾ ਹੈ, ਜੋ ਜ਼ਮੀਨੀ ਪੱਧਰ 'ਤੇ ਨਿਆਂ, ਬਰਾਬਰੀ ਤੇ ਕਾਨੂੰਨੀ ਸਸ਼ਕਤੀਕਰਨ ਨੂੰ ਉਤਸ਼ਾਹਤ ਕਰਨ ਦੇ ਆਪਣੇ ਮਿਸ਼ਨ ਨੂੰ ਹੋਰ ਮਜ਼ਬੂਤ ??ਕਰਦੇ ਹਨ।ਉਨ੍ਹਾਂ ਦੱਸਿਆ ਕਿ ਡਾ. ਨਵਨੀਤ ਕੌਰ, ਇੰਚਾਰਜ, ਲੀਗਲ ਏਡ ਕਲੀਨਿਕ ਨੇ ਵੀ ਇਸ ਸਮਾਗਮ ਦੀ ਸਫਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ।

## ਵਿਸਾਖੀ ਦੇ ਦਿਹਾੜੇ 'ਤੇ ਹੈੱਡ ਗ੍ਰੰਥੀ ਗੁਰਚਰਨ ਸਿੰਘ ਸਨਮਾਨਤ



**ਕੋਟ ਈਸੇ ਖਾਂ (ਅਰੋੜਾ)**-ਬਸਤੀ ਬਾਬਾ ਤੁਲਸੀ ਦਾਸ ਜੀ ਪੰਚਾਇਤ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਗੁਪਤ ਸਰ ਵਿਖੇ ਹਰ ਸਾਲ ਦੀ ਤਰ੍ਹਾਂ ਵਿਸਾਖੀ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਸ੍ਰੀ ਆਖੰਡ ਜਾਪ ਦੇ ਭੋਗ ਉਪਰੰਤ ਗਿਆਨੀ ਮਹਿੰਦਰ ਦੇ ਰਾਗੀ ਜਥੇ ਵੱਲੋਂ ਆਰਤੀ ਕੀਰਤਨ ਕੀਤਾ ਗਿਆ ਤੇ ਖਾਲਸੇ ਦੇ ਸਾਜਨਾ ਦਿਵਸ ਤੇ ਇਤਿਹਾਸ ਤੋਂ ਜਾਣੂ ਕਰਵਾਇਆ।ਹੈੱਡ ਗ੍ਰੰਥੀ ਗਿਆਨੀ ਗੁਰਚਰਨ ਸਿੰਘ ਨੂੰ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਗੁਰਦੁਆਰਾ ਗੁਪਤਸਰ ਵਿਖੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦਾ ਸਰੂਪ ਦੇ ਕੇ ਸਨਮਾਨਤ ਕੀਤਾ ਗਿਆ। ਸੇਵਾਦਾਰਾਂ ਵੱਲੋਂ ਆਈਆਂ ਸੰਗਤਾਂ ਨੂੰ ਲੰਗਰ ਛਕਾਇਆ ਗਿਆ।ਸਵਰਗਵਾਸੀ ਹਰਦੀਪ ਸਿੰਘ ਸੈਦਪੁਰੀਏ ਦੇ ਪਰਿਵਾਰ ਵੱਲੋਂ ਗਰੰਥੀ ਸਿੰਘਾਂ ਨੂੰ ਬਸਤਰ ਦੇ ਕੇ ਨਵਾਜਿਆ ਗਿਆ।ਇਸ ਮੌਕੇ ਸਰਪੰਚ ਇਕਬਾਲ ਸਿੰਘ, ਮੈਂਬਰ ਗੁਰਪ੍ਰੀਤ ਸਿੰਘ, ਕਮੇਟੀ ਪ੍ਰਧਾਨ ਜਸਵੀਰ ਸਿੰਘ ਸਬ ਇੰਸਪੈਕਟਰ (ਰਿਟਾਇਰ), ਗੁਰਨਾਮ ਸਿੰਘ ਰੰਧਾਵਾ, ਗੋਰਾ ਸੰਧੂ ਕਲੱਬ ਮੈਂਬਰ, ਬਲਜਿੰਦਰ ਸਿੰਘ ਸੰਧੂ, ਸਤਨਾਮ ਸੱਤਾ, ਠੇਕੇਦਾਰ ਦਲਜੀਤ ਬਿੱਟੂ, ਸਰਪੰਚ ਬੱਬਨ, ਬਾਦਲ ਸੰਧੂ, ਮਨਪ੍ਰੀਤ ਸੰਧੂ ਖਾਈ ਵਾਲੇ, ਬਾਪੂ ਦਰਸ਼ਨ ਸਿੰਘ ਦਦੇਹਰ, ਅਰਸ਼ ਵਿਰਕ, ਸਾਬਕਾ ਸਰਪੰਚ ਦਲਵਿੰਦਰ ਸਿੰਘ, ਬਾਬਾ ਲੱਖੀ, ਗੁਰਦੀਪ ਸਿੰਘ, ਗੁਰਪ੍ਰੀਤ ਸਿੰਘ ਬੈਂਕ ਅਫਸਰ, ਸੁਖਵਿੰਦਰ ਸਿੰਘ, ਇਕਬਾਲ ਲਹੌਰੀਆਂ, ਗੋਰਾ ਕਮਾਲਗੜ੍ਹੀਆ, ਗੁਰ ਅਵਤਾਰ (ਪੀ ਪੀ) ਕਸ਼ਮੀਰ ਸਿੰਘ, ਪ੍ਰੀਤਮ ਸਿੰਘ ਗਹਿਲੀ ਵਾਲਾ, ਜੁਗਿੰਦਰ ਸਿੰਘ ਸੰਧੂ ਸ਼ਹੀਦ ਭਗਤ ਸਿੰਘ ਵੈੱਲਫੇਅਰ ਸਪੋਰਟਸ ਕਲੱਬ ਦੇ ਸਰਪ੍ਰਸਤ ਗੁਰਦੇਵ ਮਨੇਸ, ਮੀਤ ਪ੍ਰਧਾਨ ਹਰਪ੍ਰੀਤ ਸਿੰਘ ਵਿਰਦੀ ਸੁੱਕਾ ਰੰਧਾਵਾ, ਸੁਖਦੇਵ ਸਿੰਘ ਦਦੇਹਰ, ਅੰਗਰੇਜ ਸਿੰਘ, ਬਲਵੰਤ ਸਿੰਘ ਬਿਜਲੀ ਵਾਲਾ, ਸੁਖਦੇਵ ਸਿੰਘ ਸੁੱਖ ਪ੍ਰੈੱਸ ਸਕੱਤਰ ਆਦਿ ਹਾਜ਼ਰ ਸਨ।

## ਕੁਲਰੀਆਂ ਚ ਫਾਈਰਿੰਗ, ਮਾਮਲਾ ਦਰਜ

**ਬਰੇਟਾ (ਰੀਤਵਾਲ)**-ਸਥਾਨਕ ਪੁਲਸ ਵੱਲੋਂ 2 ਧਿਰਾਂ ਦੇ ਆਪਸੀ ਝਗੜੇ ਦੌਰਾਨ ਦੋਵਾਂ ਧਿਰਾਂ ਦੇ ਕੁਝ ਅਣਪਛਾਤੇ ਵਿਅਕਤੀਆ ਸਮੇਤ 19 ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰਨ ਦਾ ਸਮਾਚਾਰ ਮਿਲਿਆ ਹੈ।ਇਕੱਤਰ ਕੀਤੀ ਜਾਣਕਾਰੀ ਅਨੁਸਾਰ ਪਿੰਡ ਕੁਲਰੀਆਂ ਦੇ ਸੋਨੀ ਰਾਮ ਨੇ ਪੁਲਸ ਨੂੰ ਦਿੱਤੇ ਬਿਆਨ ਅਨੁਸਾਰ ਦੱਸਿਆ ਕਿ ਉਸ ਦੇ ਪਿਤਾ ਵਰਖਾ ਰਾਮ ਘਰ ਤੋਂ ਬਾਹਰ ਆ ਰਹੇ ਸਨ ਤਾਂ ਮੱਖਣ ਚੰਦ ਵਾਸੀ ਕੁਲਰੀਆਂ ਨੇ ਆਪਣੇ ਹੱਥ ਵਿੱਚ ਫੜੇ ਪਿਸਟਲ ਨਾਲ ਸੋਨੀ ਰਾਮ ਨੂੰ ਮਾਰ ਦੇਣ ਦੀ ਨੀਅਤ ਨਾਲ ਫਾਇਰ ਕਰ ਦਿੱਤਾ, ਜਿਸ 'ਤੇ ਸੋਨੀ ਰਾਮ ਥੱਲੇ ਡਿੱਗ ਪਿਆ ਤੇ ਮੇਰੇ ਅਤੇ ਮੇਰੇ ਪਿਤਾ ਵਰਖਾ ਰਾਮ ਦੀ ਕੁੱਟਮਾਰ ਕੀਤੀ ਗਈ।ਪੁਲਸ ਨੇ ਹਰਮੇਸ਼ ਚੰਦ, ਮੱਖਣ ਚੰਦ, ਪਰਵਿੰਦਰ ਪਿੰਦਾ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਗੁਰਲਾਲ ਸਿੰਘ, ਲਛਮਣ ਸਿੰਘ ਵਾਸੀਅਨ ਕੁਲਰੀਆਂ ਤੇ ਪੰਜ-ਛੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।ਦੂਸਰੇ ਪਾਸੇ ਹਰਮੇਸ਼ ਚੰਦ ਦੇ ਬਿਆਨ ਅਨੁਸਾਰ ਦੱਸਿਆ ਕਿ ਵਰਖਾ ਰਾਮ ਉਸ ਦੇ ਘਰ ਪੁੱਜਾ ਤਾਂ ਦੋਸ਼ੀਆਂ ਨੇ ਕਿਰਪਾਨਾਂ ਤੇ ਡਾਂਗਾਂ ਸੋਟੀਆਂ ਨਾਲ ਕੁੱਟਮਾਰ ਕੀਤੀ, ਜਿਸ 'ਤੇ ਪੁਲਸ ਨੇ ਹਰਮੇਸ਼ ਚੰਦ ਦੇ ਬਿਆਨ 'ਤੇ ਵਰਖਾ ਰਾਮ, ਸੋਨੀ ਰਾਮ, ਹੈਪੀ ਸ਼ਰਮਾ, ਕੁਲਦੀਪ ਕੁਮਾਰ, ਬੱਬੂ, ਸੋਨੀ ਵਾਸੀਅਨ ਕੁਲਰੀਆਂ ਖਿਲਾਫ ਮਾਮਲਾ ਕਰਜ ਕਰ ਲਿਆ ਹੈ ਤੇ ਪੁਲਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਡਾ. ਬਲਬੀਰ ਸਿੰਘ ਵੱਲੋਂ ਘੱਗਰ ਬ੍ਰਾਂਚ ਨਹਿਰ 'ਤੇ ਬਣੇ ਪੁਲ ਦਾ ਉਦਘਾਟਨ



**ਨਾਭਾ (ਵਰਿੰਦਰ ਵਰਮਾ)**

ਪੰਜਾਬ ਦੇ ਮੈਡੀਕਲ ਸਿੱਖਿਆ ਤੇ ਖੋਜ ਅਤੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨਾਭਾ ਨੇੜਲੇ ਪਿੰਡ ਰੋਹਟਾ ਸਾਹਿਬ ਵਿਖੇ 9ਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਚਰਨ ਛੋਹ ਗੁਰਦੁਆਰਾ ਰੋਹਟਾ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਇੱਥੇ ਘੱਗਰ ਬ੍ਰਾਂਚ ਨਹਿਰ 'ਤੇ ਪਟਿਆਲਾ-ਨਾਭਾ ਰੋਡ ਤੋਂ ਨਾਭਾ ਗੋਬਿੰਦਗੜ੍ਹ ਰੋਡ ਵਾਇਆ ਰੋਹਟਾ ਸਾਹਿਬ ਆਰ.ਡੀ. 2.80 ਕਿਲੋਮੀਟਰ 'ਤੇ 174.25 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਨਵੇਂ ਪੁਲ ਦਾ ਉਦਘਾਟਨ ਵੀ ਕੀਤਾ।

ਉਨ੍ਹਾਂ ਦੱਸਿਆ ਕਿ ਇਸ ਨਵੇਂ ਪੁਲ ਦਾ ਇੱਥੇ ਇਲਾਕੇ ਦੇ ਵਸਨੀਕਾਂ ਤੇ ਗੁਰਦੁਆਰਾ ਸਾਹਿਬ ਆਉਣ ਵਾਲੀ ਸੰਗਤ ਸਮੇਤ ਹੋਰ ਰਾਹਗੀਰਾਂ ਨੂੰ ਲਾਭ ਹੋਵੇਗਾ।ਉਪਰੰਤ ਉਨ੍ਹਾਂ ਪ੍ਰਾਚੀਨ ਗੁਰਦੁਆਰਾ ਤਪ ਅਸਥਾਨ ਸੰਤ ਬਾਵਾ ਪੂਰਨ ਦਾਸ ਜੀ ਰੋੜੇਵਾਲ ਸਾਹਿਬ ਵਿਖੇ ਮੱਥਾ ਟੇਕਿਆ। ਉਨ੍ਹਾਂ ਪਿੰਡ ਕਿਸ਼ਨਗੜ੍ਹ ਦੇ ਗੁਰਦੁਆਰਾ ਸਾਹਿਬ ਸਮੇਤ ਪਟਿਆਲਾ ਦੀ ਇੰਦਰਾ ਕਲੋਨੀ ਸਥਿਤ ਗੁਰਦੁਆਰਾ ਸਾਹਿਬ ਵਿਖੇ ਵੀ ਸੰਗਤ ਨੂੰ ਖ਼ਾਲਸਾ ਸਾਜਨਾ ਦਿਵਸ ਦੀਆਂ ਮੁਬਾਰਕਾਂ ਦਿੰਦਿਆਂ ਵਿਸਾਖੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।ਸਿਹਤ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਸ਼ੁਰੂ ਕਰਕੇ ਨਸ਼ਿਆਂ ਦੀ ਜੜ੍ਹ ਪੁੱਟਣ ਦਾ ਕੰਮ ਕੀਤਾ ਹੈ, ਇਸ ਲਈ ਹਰ ਪੰਜਾਬੀ ਨੂੰ ਆਪਣੀ ਨੌਜਵਾਨ ਪੀੜ੍ਹੀ ਨੂੰ ਸੰਭਾਲਣ ਲਈ ਪੰਜਾਬ ਸਰਕਾਰ ਦਾ ਸਾਥ ਦੇਣਾ ਚਾਹੀਦਾ ਹੈ।ਇਸ ਦੌਰਾਨ ਗੁਰਦੁਆਰਾ ਰੋੜੇਵਾਲ ਸਾਹਿਬ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਗੁਰਚਰਨ ਸਿੰਘ ਦੀ ਅਗਵਾਈ ਹੇਠ ਸਿਹਤ ਮੰਤਰੀ ਦਾ ਸਨਮਾਨ ਕੀਤਾ ਗਿਆ।ਸਮਾਗਮ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ, ਜਸਬੀਰ ਸਿੰਘ ਗਾਂਧੀ, ਐਡਵੋਕੇਟ ਰਾਹੁਲ ਸੈਣੀ, ਹਰੀ ਚੰਦ ਬਾਂਸਲ, ਐਡਵੋਕੇਟ ਸਤਬੀਰ ਸਿੰਘ ਖਟੜਾ ਸਮੇਤ ਵੱਡੀ ਗਿਣਤੀ ਸੰਗਤ ਤੇ ਹੋਰ ਪਤਵੰਤੇ ਮੌਜੂਦ ਸਨ।

# ਭਾਈ ਘਨੱਈਆ ਸੇਵਾ ਦਲ ਵੱਲੋਂ ਚਾਹ-ਪਕੌੜਿਆਂ ਦਾ ਲੰਗਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਹਰ ਸਾਲ ਦੀ ਤਰ੍ਹਾਂ ਭਾਈ ਘਨੱਈਆ ਸੇਵਾ ਦਲ ਰਾਮਪੁਰਾ ਫੂਲ ਵੱਲੋਂ ਖਾਲਸਾ ਸਾਜਨਾ ਦਿਹਾੜੇ ਵਿਸਾਖੀ ਮੌਕੇ ਰਾਮਪੁਰਾ-ਤਲਵੰਡੀ ਸਾਬੋ ਰੋਡ ਨੇੜੇ ਬੀ ਡੀ ਪੀ ਓ ਬਲਾਕ ਕੋਲ ਚਾਹ-ਪਾਣੀ ਤੇ ਪਕੌੜਿਆਂ ਦਾ ਲੰਗਰ ਲਾਇਆ ਜਾਂਦਾ ਹੈ।ਇਸ ਦੀ ਜਾਣਕਾਰੀ ਦਿੰਦਿਆਂ ਸੇਵਾ ਦਲ ਦੇ ਮੁੱਖ ਸੇਵਾਦਾਰ ਡਾਕਟਰ ਗੁਰਮੇਲ ਸਿੰਘ ਨੇ ਦੱਸਿਆ ਕਿ ਵਿਸਾਖੀ ਮੌਕੇ ਜੋ ਸੰਗਤਾਂ ਦੂਰ ਦੁਰਾਡੇ ਤੋਂ ਸ਼੍ਰੀ ਦਮਦਮਾ ਸਾਹਿਬ ਜਾਂਦੀਆਂ ਹਨ, ਦੀ ਸੇਵਾ ਵਿੱਚ ਇਹ ਲੰਗਰ ਲਾਇਆ ਜਾਂਦਾ ਹੈ।ਉਨ੍ਹਾਂ ਹੋਰ ਦੱਸਿਆ ਕਿ ਚਾਹੇ ਕੋਵਿਡ ਕਾਲ ਹੋਵੇ ਜਾਂ ਕੋਈ ਹੋਰ ਧਾਰਮਿਕ ਸਮਾਗਮ ਹੋਵੇ, ਉਥੇ ਵੀ ਸੇਵਾਦਲ ਵੱਲੋਂ ਅਪਣੀਆਂ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ।ਇਸ ਤੋਂ ਇਲਾਵਾ ਹਰ ਮੰਗਲਵਾਰ ਨੂੰ ਰਾਮਪੁਰਾ ਫੂਲ ਦੇ ਰੇਲਵੇ ਸਟੇਸ਼ਨ ਤੇ ਸਚਖੰਡ ਸ੍ਰੀ ਹਜ਼ੂਰ ਸਾਹਿਬ ਜਾਣ ਵਾਲੀ ਟ੍ਰੇਨ ਦੀਆਂ ਸੰਗਤਾਂ ਲਈ ਸੇਵਾ ਦਲ ਵੱਲੋਂ ਪਿੰਡ ਕਰਾੜਵਾਲਾ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਚਾਹ-ਪਾਣੀ ਤੇ ਲੰਗਰ ਵਰਤਾਇਆ ਜਾਂਦਾ ਹੈ।

ਇਸ ਮੌਕੇ ਬਲਵਿੰਦਰ ਸਿੰਘ ਕੋਰਡਾ ਪ੍ਰਧਾਨ, ਭਗਵਾਨ ਸਿੰਘ ਠੇਕੇਦਾਰ, ਜਗਸੀਰ ਸਿੰਘ, ਅਵਤਾਰ ਸਿੰਘ, ਮਹਿੰਦਰ ਸਿੰਘ ਕਰਾੜਵਾਲਾ, ਤਾਰਾ ਸਿੰਘ, ਲਵਪ੍ਰੀਤ ਸਿੰਘ, ਆਤਮਾ ਸਿੰਘ, ਬਲਵੀਰ ਸਿੰਘ, ਸੋਨੀਆ ਰਾਮ, ਕਾਕਾ ਬਾਹੀਆ, ਸ਼ਿਬੂ ਆਦ ਸੇਵਾ ਵਿੱਚ ਹਾਜ਼ਰ ਸਨ।

## ਸਾਬਕਾ ਫੌਜੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)**-ਮਹਾਂ ਪੰਚਾਇਤ ਵੱਲੋਂ ਸਾਬਕਾ ਫੌਜੀ ਅਫਸਰਾਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਖ ਵੱਖ ਹਾਜ਼ਰ ਹੋਏ ਮੈਂਬਰ ਸਾਹਿਬਾਨ ਦੀਆਂ ਨਿੱਜੀ ਮੁਸ਼ਕਲਾਂ ਵੀ ਸੁਣੀਆਂ ਗਾਈਆਂ ਅਤੇ ਉਨ੍ਹਾਂ ਦੇ ਹੱਲ ਲਈ ਯੋਗ ਵਿਉਂਤਬੰਦੀ ਬਣਾਈ ਗਈ।ਡਾਕਟਰ ਮੁਖਤਿਆਰ ਸਿੰਘ ਭੁੱਲਰ ਨੇ ਆਪਣੇ ਭਾਸ਼ਣ ਦੌਰਾਨ ਕਿਹਾ ਕਿ ਜੈ ਜਵਾਨ ਨੇ ਆਪਣੀ ਡਿਊਟੀ ਦੌਰਾਨ ਜਿੱਥੇ ਦੇਸ਼ ਦੀ ਰੱਖਿਆ ਲਈ ਅਹਿਮ ਭੂਮਿਕਾ ਨਿਭਾਈ ਹੈ, ਉਥੇ ਧਰਮ ਦੀ ਆਨ, ਸ਼ਾਨ ਤੇ ਗੁਰਧਾਮਾਂ ਦੀ ਰੱਖਿਆ ਲਈ ਵੀ ਵੱਡਮੁੱਲਾ ਯੋਗਦਾਨ ਪਾਇਆ ਹੈ।ਚਰਨ ਸਿੰਘ ਕੀਰਤੀ ਚੱਕਰ, ਜਗਦੇਵ ਸਿੰਘ ਘੱਲ ਖੁਰਦ, ਜਰਨੈਲ ਸਿੰਘ ਲਖਮੀਰ ਸਿੰਘ, ਕੈਪਟਨ ਸੁਰਜੀਤ ਸਿੰਘ, ਚਾਨਣ ਸਿੰਘ ਆਲੇ ਵਾਲ਼ਾ, ਜ਼ਬਰ ਸਿੰਘ ਨੇ ਸਮੂਹ ਫੌਜੀ ਅਫਸਰਾਂ ਤੇ ਜਵਾਨਾਂ ਵੱਲੋਂ ਡਾਕਟਰ ਮੁਖਤਿਆਰ ਸਿੰਘ ਭੁੱਲਰ ਤੇ ਪਲਵਿੰਦਰ ਸਿੰਘ ਖੁੱਲਰ ਦਾ ਲੋਕ ਅਤੇ ਧਰਮ ਹਿੱਤ ਸੇਵਾਵਾਂ ਦੀ ਸ਼ਲਾਘਾ ਕਰਦੇ ਹੋਏ ਸਿਰੋਪਾ ਦੇ ਕੇ ਸਨਮਾਨਤ ਕੀਤਾ। ਮੀਟਿੰਗ ਵਿੱਚ ਹਾਜ਼ਰ ਮੈਂਬਰ ਸਾਹਿਬਾਨ ਅਜੀਤ ਸਿੰਘ, ਗੁਰਮੇਜ ਸਿੰਘ, ਸਵਰਨ ਸਿੰਘ, ਸਾਹਿਬ ਸਿੰਘ, ਲਖਮੀਰ ਸਿੰਘ, ਹਿੰਮਤ ਸਿੰਘ, ਕੈਪਟਨ ਬਖਸ਼ੀਸ਼ ਸਿੰਘ ਆਦਿ ਨੇ ਮਹਾਂ ਪੰਚਾਇਤ ਨੂੰ ਪੂਰਨ ਸਹਿਯੋਗ ਦੇਣ ਦਾ ਐਲਾਨ ਕੀਤਾ।ਅਖੀਰ ਵਿੱਚ ਪਲਵਿੰਦਰ ਸਿੰਘ ਖੁੱਲਰ ਨੇ ਸੰਸਥਾ ਵੱਲੋਂ ਕੀਤੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ ਤੇ ਆਏ ਹੋਏ ਮੈਂਬਰ ਸਾਹਿਬਾਨ ਦਾ ਧੰਨਵਾਦ ਕੀਤਾ।

# ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਵਿਸਾਖੀ ਦਿਹਾੜਾ ਮਨਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਵਿਸਾਖੀ ਦਾ ਪਵਿੱਤਰ ਦਿਹਾੜਾ ਸੰਗਤਾਂ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਗੁਰੂ ਘਰ ਵਿਖੇ ਦਰਸ਼ਨਾਂ ਲਈ ਸੰਗਤ ਭਾਰੀ ਗਿਣਤੀ 'ਚ ਪੁੱਜੀ ਤੇ ਇਸ ਮੌਕੇ ਅੰਮ੍ਰਿਤ ਸੰਚਾਰ ਵੀ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਅਨੁਸਾਰ ਸਵੇਰੇ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਤੇ ਅਰਦਾਸ ਕਰਨ ਉਪਰੰਤ ਦੀਵਾਨ ਹਾਲ ਵਿੱਚ ਦੀਵਾਨ ਸਜਾਏ ਗਏ।

ਇਸ ਮੌਕੇ ਪ੍ਰਸਿੱਧ ਰਾਗੀ ਜਥਿਆਂ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਅਤੇ ਢਾਡੀ ਜਥਿਆਂ ਵੱਲੋਂ ਇਤਿਹਾਸਕ ਪ੍ਰਸੰਗ ਸੁਣਾਏ ਗਏ। ਇਸ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਬੱਚਿਆਂ ਵੱਲੋਂ ਵੀ ਕੀਰਤਨ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਕਮੇਟੀ ਮੈਂਬਰ ਹਰਜਤਿੰਦਰ ਸਿੰਘ ਬਾਜਵਾ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਸੰਗਤਾਂ ਨੂੰ ਇਸ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ। ਮਾਛੀਵਾੜਾ ਇਲਾਕੇ ਤੋਂ ਇਲਾਵਾ ਦੂਰ ਦੁਰਾਡੇ ਤੋਂ ਆਈਆਂ ਸੰਗਤਾਂ ਨੇ ਗੁਰਦੁਆਰਾ ਸਾਹਿਬ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ ਤੇ ਇਤਿਹਾਸਕ ਜੰਡ ਸਾਹਿਬ ਤੇ ਖੂਹ ਦੇ ਦਰਸ਼ਨ ਕਰ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਤੋਂ ਇਲਾਵਾ ਸੰਗਤਾਂ ਨੇ ਇਤਿਹਾਸਕ ਗੁਰਦੁਆਰਾ ਸ੍ਰੀ ਗਨੀ ਖਾਂ ਨਬੀ ਖਾਂ ਸਾਹਿਬ, ਗੁਰਦੁਆਰਾ ਸ੍ਰੀ ਚੁਬਾਰਾ ਸਾਹਿਬ ਤੇ ਗੁਰਦੁਆਰਾ ਸ੍ਰੀ ਕ੍ਰਿਪਾਨ ਭੇਟ ਸਾਹਿਬ ਦੇ ਵੀ ਦਰਸ਼ਨ ਕੀਤੇ। ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਆਈਆਂ ਸੰਗਤਾਂ ਤੇ ਸਹਿਯੋਗ ਦੇਣ ਲਈ ਪੰਜਾਬ ਪੁਲਸ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਜਥੇਦਾਰ ਹਰਜੀਤ ਸਿੰਘ ਸ਼ੇਰੀਆਂ, ਜਥੇਦਾਰ ਗੁਰਚਰਨ ਸਿੰਘ ਮੇਹਰਬਾਨ, ਸਰਕਲ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਬਾਬਾ ਮੋਹਣ ਸਿੰਘ, ਜਸਵੀਰ ਸਿੰਘ ਗਿੱਲ, ਬਾਬਾ ਬਲਜੀਤ ਸਿੰਘ ਬੁਰਜ, ਬਲਜਿੰਦਰ ਸਿੰਘ ਤੂਰ, ਹੈੱਡ ਗ੍ਰੰਥੀ ਭਾਈ ਹਰਪਾਲ ਸਿੰਘ ਗੁਰਮੁੱਖ, ਅਕਾਊਂਟੈਂਟ ਸੁਖਦੇਵ ਸਿੰਘ, ਖਜ਼ਾਨਚੀ ਜਸਪਿੰਦਰ ਸਿੰਘ, ਭੁਪਿੰਦਰ ਸਿੰਘ ਰਿਕਾਰਡ ਕੀਪਰ ਮੌਜੂਦ ਸਨ।

# ਪੰਜਾਬੀ ਲਿਖਾਰੀ ਸਭਾ ਰਾਮਪੁਰ ਦੀ ਚੋਣ, ਬਲਦੇਵ ਸਿੰਘ ਪ੍ਰਧਾਨ ਤੇ ਬਲਵੰਤ ਮਾਂਗਟ ਜਨਰਲ ਸਕੱਤਰ ਚੁਣੇ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਲਿਖਾਰੀ ਸਭਾ ਰਾਮਪੁਰ ਦੀ ਮਹੀਨੇਵਾਰ ਮੀਟਿੰਗ ਸਭਾ ਦੇ ਲਾਇਬ੍ਰੇਰੀ ਹਾਲ ਵਿੱਚ ਸਭਾ ਦੇ ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਦੀ ਪ੍ਰਧਾਨਗੀ ਵਿੱਚ ਹੋਈ। ਸਭਾ ਦੀ ਸ਼ੁਰੂਆਤ ਵਿੱਚ ਸਭਾ ਦੇ ਪ੍ਰਧਾਨ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਉਸ ਤੋਂ ਬਾਅਦ ਰਚਨਾਵਾਂ ਦੇ ਦੌਰ ਦੀ ਸ਼ੁਰੂਆਤ ਕਮਲਜੀਤ ਨੀਲੋਂ ਦੇ ਗੀਤ 'ਤੇਰੇ ਜਾਣ ਮਗਰੋਂ' ਨਾਲ ਹੋਈ।ਉਨ੍ਹਾਂ ਤੋਂ ਬਾਅਦ ਦਲਬੀਰ ਕਲੇਰ ਨੇ ਗੀਤ, ਕਰਨੈਲ ਸਿਵੀਆ ਨੇ ਗੀਤ 'ਮੂਰਖ ਸਿਆਣੇ', ਮਨਜੀਤ ਘਣਗਸ ਨੇ ਟੱਪੇ, ਸਵਰਣ ਪੱਲਾ ਨੇ ਕਵਿਤਾ, ਜ਼ੋਰਾਵਰ ਪੰਛੀ ਨੇ ਗ਼ਜ਼ਲ, ਜਗਦੇਵ ਮਕਦੂਸੜਾ ਨੇ ਕਵਿਤਾ, ਦੀਪ ਦਿਲਬਰ ਨੇ ਗੀਤ, ਅਵਤਾਰ ਉਟਾਲ ਨੇ ਗੀਤ, ਗੁਰਸੇਵਕ ਢਿੱਲੋਂ ਨੇ ਗੀਤ, ਸਿਮਰਨਜੀਤ ਕੌਰ ਨੇ ਕਵਿਤਾ, ਗੁਰਦਿਆਲ ਦਲਾਲ ਨੇ ਗ਼ਜ਼ਲ, ਵਿਸ਼ਵਿੰਦਰ ਰਾਮਪੁਰ ਨੇ ਕਵਿਤਾ, ਮਲਕੀਤ ਮਾਲੜਾ ਨੇ ਗੀਤ, ਬਲਬੀਰ ਬੱਬੀ ਨੇ ਕਵਿਤਾ, ਅਵਤਾਰ ਧਮੋਟ ਨੇ ਕਵਿਤਾ, ਜਸਵੀਰ ਕੌਰ ਨੇ ਕਵਿਤਾ, ਇੰਦਰਜੀਤ ਮਲੀਪੁਰ ਨੇ ਗ਼ਜ਼ਲ, ਸੁਖਜੀਵਨ ਰਾਮਪੁਰ ਨੇ ਕਵਿਤਾ, ਅਮਰਿੰਦਰ ਸੋਹਲ ਨੇ ਗ਼ਜ਼ਲ, ਹਰਲੀਨ ਰਾਮਪੁਰ ਨੇ ਕਵਿਤਾ, ਪ੍ਰਭਜੋਤ ਰਾਮਪੁਰ ਨੇ ਕਵਿਤਾ ਅਤੇ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਗੀਤ ਸੁਣਾਇਆ।ਰਚਨਾਵਾਂ ਦੇ ਦੌਰ ਤੋਂ ਬਾਅਦ ਅਨਿਲ ਫ਼ਤਹਿਗੜ੍ਹ ਜੱਟਾਂ ਨੇ ਪਿਛਲੇ ਦੋ ਸਾਲਾਂ ਦੇ ਹਿਸਾਬ ਦੀ ਰਿਪੋਰਟ ਪੜ੍ਹੀ।ਸਭਾ ਦੀ ਅਗਲੇ ਦੋ ਸਾਲ ਲਈ ਸਰਬ ਸੰਮਤੀ ਨਾਲ ਹੋਈ ਚੋਣ ਵਿੱਚ ਸਭਾ ਦੇ ਪ੍ਰਧਾਨ ਸ ਬਲਦੇਵ ਸਿੰਘ ਝੱਜ ਦੋਬੁਰਜੀ ਨੂੰ ਚੁਣਿਆ ਗਿਆ।ਉਨ੍ਹਾਂ ਤੋਂ ਇਲਾਵਾ ਅਨਿਲ ਫ਼ਤਹਿਗੜ੍ਹ ਜੱਟਾਂ ਨੂੰ ਮੀਤ ਪ੍ਰਧਾਨ, ਬਲਵੰਤ ਮਾਂਗਟ ਨੂੰ ਜਨਰਲ ਸਕੱਤਰ, ਪ੍ਰਭਜੋਤ ਰਾਮਪੁਰ ਨੂੰ ਸਕੱਤਰ ਚੁਣਿਆ ਗਿਆ।ਕਾਰਜਕਾਰਨੀ ਵਿੱਚ ਸਰਵ ਗੁਰਦਿਆਲ ਦਲਾਲ, ਕਮਲਜੀਤ ਨੀਲੋਂ, ਸਵਰਣ ਪੱਲਾ, ਜ਼ੋਰਾਵਰ ਪੰਛੀ, ਨੀਤੂ ਰਾਮਪੁਰ, ਹਰਲੀਨ ਕੌਰ, ਅਤੇ ਜਸਵੀਰ ਕੌਰ ਨੂੰ ਲਿਆ ਗਿਆ।ਗ੍ਰਾਮ ਪੰਚਾਇਤ ਪਿੰਡ ਰਾਮਪੁਰ ਦੇ ਮੌਜੂਦਾ ਸਰਪੰਚ ਨੂੰ ਸਭਾ ਦਾ ਸਰਪ੍ਰਸਤ ਬਣਾਇਆ ਗਿਆ।ਇਸ ਮੀਟਿੰਗ ਵਿੱਚ ਹੋਰਾਂ ਤੋਂ ਇਲਾਵਾ ਪ੍ਰੀਤ ਸੰਦਲ, ਅਮਨ ਆਜ਼ਾਦ, ਦੀਪ ਦਿਲਬਰ, ਜਸਵੀਰ ਝੱਜ, ਰਣਜੀਤ ਸਿੰਘ ਭੁੱਟਾਂ, ਬਲਿਹਾਰ ਸਿੰਘ ਗੋਬਿੰਦਗੜ੍ਹੀਆ, ਬੁੱਧ ਸਿੰਘ ਨੀਲੋਂ, ਹਰਪਾਲ ਮਾਂਗਟ, ਨੀਤੂ ਰਾਮਪੁਰ, ਗੁਰਮੀਤ ਆਰਿਫ, ਦਿਲਜੀਤ ਸਿੰਘ ਜੀਤ, ਜਸਮੀਤ ਸਿੰਘ, ਦਰਸ਼ਨ ਸਿੰਘ, ਜੋਗਿੰਦਰ ਸਿੰਘ, ਅਵਤਾਰ ਸਿੰਘ, ਟਹਿਲ ਸਿੰਘ ਜੱਸਲ, ਅਮਰਿੰਦਰ ਸੋਹਲ, ਸ਼ਾਮ ਸਿੰਘ, ਸਰਬਜੀਤ ਸਿੰਘ, ਤਰਨ ਬੱਲ, ਤਰਨ ਰਾਮਪੁਰ, ਸ਼ੇਰ ਸਿੰਘ ਰਾਮਪੁਰ, ਅਮਨਦੀਪ ਮਾਨ, ਦਲਜੀਤ ਸਿੰਘ ਤੇ ਅਲੀ ਮੁਹੰਮਦ ਸ਼ਾਮਲ ਸਨ।

## ਚਮਕੌਰ ਸਾਹਿਬ ਅਨਾਜ ਮੰਡੀ 'ਚ ਕਣਕ ਦੀ ਖਰੀਦ ਸ਼ੁਰੂ ਕਰਵਾਈ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੱਬੀ)** ਅਨਾਜ ਮੰਡੀ ਸ੍ਰੀ ਚਮਕੌਰ ਸਾਹਿਬ ਵਿਖੇ ਮਾਰਕੀਟ ਕਮੇਟੀ ਦੇ ਸਕੱਤਰ ਅਰਵਿੰਦ ਸਿੰਘ ਨੇ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਉਂਦੇ ਹੋਏ ਕਿਹਾ ਕਿ ਇਲਾਕੇ ਦੀਆਂ ਅਨਾਜ ਮੰਡੀਆਂ ਵਿੱਚ ਕਣਕ ਜੋ ਕੇ ਆਏ ਹੋਏ ਕਿਸਾਨ ਦੀ ਫਸਲ ਖਰੀਦੀ ਜਾਵੇਗੀ।ਉਨ੍ਹਾਂ ਕਿਹਾ ਕਿ ਮੀਂਹ ਪੈਣ ਕਾਰਨ ਹੋਏ ਨੁਕਸਾਨ ਦੇ ਬਾਵਜੂਦ ਵੀ ਕਣਕ ਦਾ ਝਾੜ 20 ਕੁਇੰਟਲ ਪ੍ਰਤੀ ਏਕੜ ਤੋਂ ਵੀ ਉਪਰ ਨਿਕਲਿਆ ਹੈ।ਉਨ੍ਹਾਂ ਮੰਡੀ ਵਿਚ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆ ਕਰਮਚਾਰੀਆਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਮੰਡੀਆਂ ਵਿੱਚ ਕਣਕ ਨੂੰ ਸਾਫ ਕਰਕੇ ਲਿਆਉਣ ਤਾਂ ਜੋ ਕਿ ਉਨ੍ਹਾਂ ਨੂੰ ਕਣਕ ਦਾ ਸਹੀ ਭਾਅ ਮਿਲ ਸਕੇ।ਉਨ੍ਹਾਂ ਮੰਡੀ ਦੇ ਆੜ੍ਹਤੀਆਂ ਦੀਆਂ ਸਮੱਸਿਆਵਾਂ ਨੂੰ ਵੀ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ।ਮੰਡੀ ਵਿੱਚ ਅੱਜ ਗੁਰਦੇਵ ਸਿੰਘ ਕੰਗ ਦੀ ਆੜ੍ਹਤ ਤੇ ਕਿਸਾਨ ਗੁਰਜੋਤ ਸਿੰਘ ਪਿੰਡ ਕੰਧੋਲਾ ਦੀ 150 ਕੁਇੰਟਲ ਕਣਕ ਖਰੀਦ ਕੀਤੀ ਗਈ।ਉਕਤ ਅਨਾਜ ਮੰਡੀ ਵਿੱਚ ਚਾਰ ਸਰਕਾਰੀ ਖਰੀਦ ਏਜੰਸੀਆਂ ਕੰਮ ਕਰ ਰਹੀਆਂ ਹਨ, ਜਿਨ੍ਹਾਂ ਵਿੱਚ ਸਰਕਾਰੀ ਖਰੀਦ ਏਜੰਸੀ ਪਨਗ੍ਰੇਨ, ਪਨਸਪ, ਵੇਅਰਹਾਊਸ ਅਤੇ ਮਾਰਕਫੈੱਡ ਸ਼ਾਮਲ ਹਨ।ਇਸ ਮੌਕੇ ਆੜ੍ਹਤੀ ਉਜਲ ਸਿੰਘ, ਮਨਜੀਤ ਸਿੰਘ ਕੰਗ, ਨੈਬ ਸਿੰਘ, ਮੇਜਰ ਸਿੰਘ ਮਾਂਗਟ, ਤਰਲੋਚਨ ਸਿੰਘ ਭੰਗੂ, ਬਹਾਦਰ ਸਿੰਘ ਤੁੰਗ, ਬਲਜੀਤ ਸਿੰਘ ਅਤੇ ਜਸਵੀਰ ਸਿੰਘ ਆਦਿ ਹਾਜ਼ਰ ਸਨ।

## ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਖ਼ਾਲਸਾ ਸਾਜਨਾ ਦਿਵਸ ਪੰਥਕ ਰਵਾਇਤਾਂ ਅਨੁਸਾਰ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਖ਼ਾਲਸਾ ਸਾਜਨਾ ਦਿਵਸ (ਵਿਸਾਖੀ) ਪੰਥਕ ਰਵਾਇਤਾਂ ਅਨੁਸਾਰ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਦੇਸ਼ ਵਿਦੇਸ਼ ਤੋਂ ਲੱਖਾਂ ਸੰਗਤਾਂ ਨੇ ਤਖ਼ਤ ਸਾਹਿਬ 'ਤੇ ਨਤਮਸਤਕ ਹੋ ਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਟ ਕੀਤਾ।ਇਸ ਮੌਕੇ ਤਖ਼ਤ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ।ਗੁਰਮਤਿ ਸਮਾਗਮ ਦੌਰਾਨ ਪੰਥ ਪ੍ਰਸਿੱਧ ਰਾਗੀ, ਕਥਾਵਾਚਕ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤਾਂ ਨੂੰ ਗੁਰਬਾਣੀ ਅਤੇ ਇਤਿਹਾਸ ਨਾਲ ਜੋੜਿਆ। ਇਸੇ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ, ਸਾਬਕਾ ਜਨਰਲ ਸਕੱਤਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਤਖ਼ਤ ਸਾਹਿਬ ਦੇ ਸਮੂਹ ਵਿੱਚ ਪੰਜ ਪਿਆਰੇ ਸਹਿਬਾਨ ਅਤੇ ਮਾਤਾ ਸਾਹਿਬ ਕੌਰ ਜੀ ਨੂੰ ਸਮਰਪਿਤ ਉਸਾਰੀਆਂ ਦਾ ਉਦਘਾਟਨ ਕੀਤਾ। ਸਮਾਗਮ ਦੌਰਾਨ ਸੰਗਤ ਨੂੰ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਮੁੱਚੇ ਸਿੱਖ ਜਗਤ ਨੂੰ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ। ਉਨ੍ਹਾਂ ਆਪਣੇ ਸੰਬੋਧਨ ਵਿੱਚ ਸਿੱਖਾਂ ਨੂੰ ਮਤਭੇਦ ਭੁਲਾ ਕੇ ਕੌਮੀ ਹਿੱਤਾਂ ਲਈ ਇੱਕਜੁੱਟ ਹੋਣ ਦੀ ਅਪੀਲ ਕੀਤੀ। ਉਨ੍ਹਾਂ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਨਾ ਕੀਤੀ। ਇਸੇ ਦੌਰਾਨ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਇਹ ਵੀ ਐਲਾਨ ਕੀਤਾ ਕਿ 15 ਅਪ੍ਰੈਲ ਨੂੰ ਭਾਈ ਜੀਵਨ ਸਿੰਘ ਦੇ ਜਨਮ ਅਸਥਾਨ ਪਿੰਡ ਗੱਗੋਮਾਹਲ (ਅੰਮ੍ਰਿਤਸਰ) ਤੋਂ ਸ੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਰਾਹੀਂ 'ਖੁਆਰ ਹੋਏ ਸਭ ਮਿਲੇਂਗੇ' ਧਰਮ ਪ੍ਰਚਾਰ ਲਹਿਰ ਨੂੰ ਪ੍ਰਚੰਡ ਰੂਪ ਵਿੱਚ ਸ਼ੁਰੂ ਕੀਤਾ ਜਾਵੇਗਾ। ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਸ੍ਰੋਮਣੀ ਕਮੇਟੀ ਦੇ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਵੀ ਸਿੱਖ ਜਗਤ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੁਗਿੰਦਰ ਸਿੰਘ, ਅੰਤ੍ਰਿੰਗ ਮੈਂਬਰ ਦਲਜੀਤ ਸਿੰਘ ਭਿੰਡਰ, ਬਾਬਾ ਲੱਖਾ ਸਿੰਘ ਨਾਨਕਸਰ, ਸਵਾਮੀ ਜੀ ਹੁਸ਼ਿਆਰਪੁਰ ਵਾਲੇ, ਕਥਾਵਾਚਕ ਭਾਈ ਸਰਬਜੀਤ ਸਿੰਘ ਲੁਧਿਆਣਾ, ਮੈਨੇਜਰ ਮਲਕੀਤ ਸਿੰਘ, ਐਡੀਸ਼ਨਲ ਸੁਖਜਿੰਦਰ ਸਿੰਘ, ਇੰਚਾਰਜ ਸਿਮਰਨਜੀਤ ਸਿੰਘ ਕੰਗ, ਵਧੀਕ ਮੈਨੇਜਰ ਹਰਦੇਵ ਸਿੰਘ ਆਦਿ ਹਾਜ਼ਰ ਸਨ।



## ਦੋ ਨੌਜਵਾਨਾਂ ਦਾ ਹਾਲੇ ਵੀ ਨਹੀਂ ਲੱਗਿਆ ਕੋਈ ਥਹੁ ਪਤਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਵਿਸਾਖੀ ਦੇ ਤਿਉਹਾਰ 'ਤੇ ਪਿੰਡ ਪੱਤੀਵਾਲ ਦੇ ਨੌਜਵਾਨ ਬਿਆਸ ਦਰਿਆ ਵਿੱਚ ਨਹਾਉਣ ਗਏ ਸਨ ਇਹ ਚਾਰ ਨੌਜਵਾਨਾਂ ਦੇ ਡੁੱਬਣ ਦਾ ਸਮਾਚਾਰ ਸਾਹਮਣੇ ਆਇਆ ਸੀ। ਸਾਬਕਾ ਸਰਪੰਚ ਹਰਜਿੰਦਰ ਸਿੰਘ ਪੱਤੀਵਾਲ ਨੇ ਦੱਸਿਆ ਕਿ ਪਿੰਡ ਦੇ ਛੇ ਨੌਜਵਾਨ ਦਰਿਆ ਬਿਆਸ ਨਹਾਉਣ ਗਏ ਸਨ, ਜਿਨ੍ਹਾਂ ਵਿਚ ਦੋ ਸਕੇ ਭਰਾ ਉਸ ਦੇ ਵੱਡੇ ਭਰਾ ਦੇ ਪੋਤਰੇ ਹਨ। ਭਾਵੇਂ ਦਰਿਆ ਬਿਆਸ ਵਿੱਚ ਪਾਣੀ ਦਾ ਪੱਧਰ ਬਹੁਤ ਘੱਟ ਹੈ,ਪਰ ਇਕ ਦਮ ਡੂੰਘੇ ਪਾਣੀ ਵਿੱਚ ਵਹਿ ਜਾਣ 'ਤੇ ਇਕ ਦੂਸਰੇ ਨੂੰ ਬਚਾਉਂਦੇ ਹੋਏ ਚਾਰੇ ਨੌਜਵਾਨ ਡੁੱਬ ਗਏ ਤੇ ਬਾਹਰ ਖੜ੍ਹੇ ਇਨ੍ਹਾਂ ਦੇ ਦੋ ਸਾਥੀਆਂ ਨੇ ਤੁਰੰਤ ਰੌਲਾ ਪਾਉਣਾ ਸ਼ੁਰੂ ਕਰ ਦਿੱਤਾ ਤੇ ਪਿੰਡ ਵਾਸੀਆਂ ਨੇ ਇਹਨਾਂ ਵਿੱਚੋਂ ਦੋ ਨੌਜਵਾਨਾਂ ਨੂੰ ਪਾਣੀ ਵਿੱਚੋਂ ਬਾਹਰ ਕੱਢ ਲਿਆ ਗਿਆ ਸੀ ਅਤੇ ਇਹਨਾਂ ਦੋਨਾਂ ਨੌਜਵਾਨਾਂ ਦੀ ਮੌਤ ਹੋ ਗਈ, ਘਟਨਾ ਦੀ ਸੂਚਨਾ ਮਿਲਣ ਤੇ ਬਾਅਦ ਫੱਤੂਢੀਂਗਾ ਪੁਲਿਸ ਮੌਕੇ 'ਤੇ ਪਹੁੰਚ ਗਈ ਸੀ ਅਤੇ ਗੋਤਾਖੋਰਾਂ ਦੀ ਮਦਦ ਨਾਲ ਬਚਾਅ ਕਾਰਜ ਚਲਾਇਆ ਜਾ ਰਿਹਾ ਹੈ। ਇਸਦੀ ਪੁਸ਼ਟੀ ਥਾਣਾ ਫੱਤੂਢੀਂਗਾ ਦੀ ਐਸਐਚਓ ਸੋਨਮਦੀਪ ਕੌਰ ਨੇ ਅਤੇ ਤਹਿਸੀਲਦਾਰ ਗੁਰਚਰਨ ਸਿੰਘ ਨੇ ਕੀਤੀ ਹੈ ਅਤੇ ਉਨ੍ਹਾਂ ਕਿਹਾ ਕਿ ਦੋ ਨੌਜਵਾਨਾਂ ਨੂੰ ਬਚਾਇਆ ਗਿਆ ਅਤੇ ਸਿਵਲ ਹਸਪਤਾਲ, ਕਪੂਰਥਲਾ ਭੇਜਿਆ ਗਿਆ ਜਿੱਥੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ ਸੀ। ਜਦੋਂ ਕਿ ਗੋਤਾਖੋਰਾਂ ਦੁਆਰਾ ਦੋ ਹੋਰ ਨੌਜਵਾਨਾਂ ਦੀ ਭਾਲ ਜਾਰੀ ਹੈ।ਮ੍ਰਿਤਕਾਂ ਦੀ ਪਛਾਣ 17 ਸਾਲਾ ਅਰਸ਼ਦੀਪ ਸਿੰਘ ਅਤੇ ਜਸਪਾਲ ਸਿੰਘ ਵਜੋਂ ਹੋਈ ਹੈ, ਦੋਵੇਂ ਪੱਤੀਵਾਲ ਪਿੰਡ ਦੇ ਰਹਿਣ ਵਾਲੇ ਸਨ। ਜਦੋਂ ਕਿ ਵਿਸ਼ਾਲ ਅਤੇ ਗੁਰਪ੍ਰੀਤ ਸਿੰਘ, ਦੋਵੇਂ ਪਿੰਡ ਪੱਤੀਵਾਲ ਦੇ ਵਸਨੀਕ, ਦੀ ਭਾਲ ਕੀਤੀ ਜਾ ਰਹੀ ਹੈ।



## ਨਿਰਮਾਣ ਮਜ਼ਦੂਰਾਂ (ਸੀਟੂ) ਵੱਲੋਂ ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ



ਖਰੜ (ਹਰਨਾਮ ਸਿੰਘ ਡੱਲਾ)

ਸਥਾਨਕ ਨਗਰ ਕੌਂਸਲ ਖਰੜ ਦੇ ਪਾਰਕ ਨਜ਼ਦੀਕ ਬਣੇ ਲੇਬਰ ਚੌਕ ਵਿਖੇ ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ (ਸੀਟੂ) ਖਰੜ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ ਦਾ 134ਵਾਂ ਜਨਮ ਦਿਹਾੜਾ ਮਜ਼ਦੂਰ ਆਗੂ ਸੁਰਿੰਦਰ ਸਿੰਘ ਵਡਾਲਾ ਤੇ ਬਜ਼ੁਰਗ ਕਮਿਊਨਿਸਟ ਆਗੂ ਸਾਥੀ ਯੋਗ ਰਾਜ ਦੀ ਅਗਵਾਈ ਹੇਠ ਮਨਾਇਆ ਗਿਆ।ਜਿਸ ਵਿੱਚ ਸਾਥੀ ਸੇਵਾ ਸਿੰਘ ਖਾਨਪੁਰ, ਡਾਕਟਰ ਬਲਜੀਤ ਸਿੰਘ, ਹਰਜਿੰਦਰ ਪਾਲ ਸਿੰਘ ਡੱਲਾ, ਅਮਰਜੀਤ ਸਿੰਘ ਭਾਗੋ ਮਾਜਰ, ਨਿਰਮਲ ਸਿੰਘ ਕਸੁੰਬੜੀ, ਪ੍ਰਕਾਸ਼ ਸਿੰਘ ਰੰਗੀ, ਸਤਨਾਮ ਸਿੰਘ, ਜੰਗ ਸਿੰਘ ਭੱਟੀ, ਸੋਹਣ ਸਿੰਘ, ਜਸਪਾਲ ਸਿੰਘ, ਸਵਰਨ ਸਿੰਘ ਸ਼ਾਨ, ਮੇਜਰ ਸਿੰਘ, ਜਸਵੰਤ ਸਿੰਘ, ਗੁਰਦੇਵ ਸਿੰਘ ਆਨੀਵਾਲਾ, ਜੈਮਲ ਸਿੰਘ, ਰਾਜੇਸ਼ ਕੁਮਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਜ਼ਦੂਰਾਂ ਨੇ ਭਾਗ ਲਿਆ।ਇਸ ਪਵਿੱਤਰ ਦਿਹਾੜੇ 'ਤੇ ਮਜ਼ਦੂਰਾਂ ਵੱਲੋਂ ਬਾਬਾ ਸਾਹਿਬ ਨੂੰ 'ਬਾਬਾ ਸਾਹਿਬ ਅਮਰ ਰਹੇ' ਦੇ ਆਕਾਸ਼ ਗੁੰਜਾਊ ਨਾਅਰੇ ਲਗਾਏ ਗਏ ਅਤੇ ਉਨ੍ਹਾਂ ਦੇ ਜਨਮਦਿਨ ਦੀ ਖੁਸ਼ੀ ਵਿੱਚ ਲੱਡੂ ਵੰਡੇ ਗਏ।ਇਸ ਮੌਕੇ ਬਜ਼ੁਰਗ ਮਜ਼ਦੂਰ ਆਗੂ ਸਾਥੀ ਯੋਗਰਾਜ ਰਾਜ ਨੇ ਹੋਏ ਮਜ਼ਦੂਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਜ਼ਦੂਰਾਂ ਨੂੰ ਬਾਬਾ ਜੀ ਵੱਲੋਂ ਦਿੱਤੇ ਤਿੰਨ ਨਾਹਰਿਆਂ 'ਪੜ੍ਹੋ' 'ਜੁੜੋ' ਅਤੇ 'ਸੰਘਰਸ਼ ਕਰੋ' ਨੂੰ ਕਦੇ ਵੀ ਭੁੱਲਣਾ ਨਹੀਂ ਚਾਹੀਦਾ।ਸ਼ਾਹੀ ਚਿੰਤਾ ਨਾਲ ਕਿਹਾ ਜਾਂਦਾ ਹੈ ਕਿ ਬਾਬਾ ਸਾਹਿਬ ਦੇ ਬਣਾਏ ਸੰਵਿਧਾਨ ਵਿੱਚ ਅੰਕਿਤ ਕੀਤੇ 46 ਕਾਨੂੰਨਾਂ ਨੂੰ ਬਦਲ ਕੇ ਤਿੰਨ ਕੋਡ ਲਾਗੂ ਕੀਤੇ ਜਾ ਰਹੇ ਹਨ।ਜਿਹਨਾਂ ਤਹਿਤ ਕੰਮ ਦੇ ਘੰਟੇ ਵਧਾਉਣਾ, ਮਜ਼ਦੂਰਾਂ ਦੇ ਯੂਨੀਅਨ ਬਣਾਉਣ ਦੇ ਹੱਕ ਨੂੰ ਕਮਜ਼ੋਰ ਕਰਨਾ ਸ਼ਾਮਲ ਹੈ।ਮੰਚ ਦੇ ਦਿਨ ਅਸੀਂ ਬਾਬਾ ਸਾਹਿਬ ਵੱਲੋਂ ਬਣਾਏ ਕਾਨੂੰਨਾਂ ਨੂੰ ਮੁੜ ਲਾਗੂ ਕਰਨ ਦੀ ਮੰਗ ਕਰ ਰਹੇ ਹਨ।ਇਸ ਮੌਕੇ ਸਾਥੀ ਜੰਗ ਸਿੰਘ ਅਨਰੀਵਾਲਾ ਨੇ ਸੰਤ ਰਾਮ ਉਦਾਸੀ ਦੇ ਗੀਤ ਵੀ ਸੁਣਾਏ ਅਤੇ ਮਜ਼ਦੂਰਾਂ ਨੂੰ ਆਪਣੇ ਹੱਕਾਂ ਲਈ ਇੱਕ ਜੁੱਟ ਹੋ ਕੇ ਸੰਘਰਸ਼ ਕਰਨ ਦੀ ਵੀ ਅਪੀਲ ਕੀਤੀ।ਉਕਤ ਬੁਲਾਰਿਆਂ ਤੋਂ ਬਿਨਾਂ ਯੂਨੀਅਨ ਦੇ ਸਕੱਤਰ ਅਤੇ ਪੁਆਧੀ ਲੇਖਕ ਹਰਨਾਮ ਸਿੰਘ ਡੱਲਾ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ।ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਸੁਰਿੰਦਰ ਸਿੰਘ ਵਡਾਲਾ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਦੀ ਰੈਲੀ ਵਿੱਚ ਇਕੱਤਰ ਹੋਏ ਮਜ਼ਦੂਰਾਂ ਨੂੰ ਵਧਾਈ ਦਿੱਤੀ ਅਤੇ 1 ਮਈ ਦੇ ਮਜ਼ਦੂਰ ਦੇਣ ਲਈ ਹੁਮ ਹੁਮਾ ਕੇ ਪਹੁੰਚਣ ਦੀ ਅਪੀਲ ਵੀ ਕੀਤੀ।

## ਖ਼ਾਲਸਾ ਪੰਥ ਦੀ ਸਥਾਪਨਾ ਨੇ ਲੋਕਾਂ 'ਚ ਹਿੰਮਤ 'ਤੇ ਬਲਿਦਾਨ ਦੀ ਭਾਵਨਾ ਪੈਦਾ ਕੀਤੀ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)** - ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 13 ਅਪ੍ਰੈਲ, 1699 ਨੂੰ ਖ਼ਾਲਸਾ ਪੰਥ ਦੀ ਸਥਾਪਨਾ ਕਰ ਕੇ ਲੋਕਾਂ ਵਿੱਚ ਹਿੰਮਤ ਅਤੇ ਬਲਿਦਾਨ ਦੇ ਨਾਲ ਜੀਣ ਦੀ ਭਾਵਨਾ ਪੈਦਾ ਕੀਤੀ। ਉਨ੍ਹਾਂ ਨੇ ਵੀਰਤਾ ਅਤੇ ਵੀਰ ਭਾਵਨਾ ਨੂੰ ਅਧਿਆਤਮਕ ਸੋਚ ਦੇ ਨਾਲ ਜੋੜ ਕੇ ਸਮਾਜ ਨੂੰ ਇੱਕ ਨਵੀਂ ਦਿਸ਼ਾ ਦਿੱਤੀ। ਮੁੱਖ ਮੰਤਰੀ ਅੱਜ ਵਿਸਾਖੀ ਦੇ ਮੌਕੇ 'ਤੇ ਗੁਰੂਗ੍ਰਾਮ ਦੇ ਸਾਊਥ ਸਿਟੀ-1 ਸਥਿਤ ਗੁਰਦੁਆਰਾ ਵਿੱਚ ਸਾਧ ਸੰਗਤ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਮੁੱਖ ਮੰਤਰੀ ਨੇ ਗੁਰਦੁਆਰੇ ਵਿੱਚ ਮੱਥਾ ਟੇਕਿਆ ਅਤੇ ਸਾਰਿਆਂ ਨੂੰ ਪਵਿੱਤਰ ਦਿਨ ਦੀ ਵਧਾਈ ਦਿੱਤੀ।ਉਨ੍ਹਾਂ ਨੇ ਕਿਹਾ ਕਿ ਵਿਸਾਖੀ ਇੱਕ ਬਹੁਤ ਹੀ ਸੁੰਦਰ ਤਿਉਹਾਰ ਹੈ, ਜਿਸ ਨੂੰ ਪੂਰੇ ਉੱਤਰ ਭਾਰਤ ਵਿੱਚ ਬਹੁਤ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਵਿਸਾਖੀ ਦਾ ਤਿਉਹਾਰ ਵੱਖ-ਵੱਖ ਸੂਬਿਆਂ ਵਿੱਚ ਵੱਖ-ਵੱਖ ਨਾਮਾਂ ਨਾਲ ਜਾਣਿਆ ਜਾਂਦਾ ਹੈ।

## ਸੰਵਿਧਾਨ ਨੂੰ ਬਚਾਉਣ ਲਈ ਡਾ. ਅੰਬੇਡਕਰ ਤੇ ਭਗਤ ਸਿੰਘ ਦੇ ਵਿਚਾਰਾਂ ਦੀ ਲੋੜ : ਦਰਸ਼ਨ ਨਾਹਰ



**ਸ਼ਾਹਕੋਟ (ਗਿਆਨ ਸੈਦਪੁਰੀ)** ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਤੇ ਦਿਹਾਤੀ ਮਜਦੂਰ ਸਭਾ ਦੇ ਦਫਤਰ ਨੂਰਮਹਿਲ ਰੋਡ ਨਕੋਦਰ ਵਿਖੇ ਸਰਗਰਮ ਵਰਕਰਾਂ ਦਾ ਇਕੱਠ ਹੋਇਆ ਜਿਸ ਵਿੱਚ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਬਾਬਾ ਸਾਹਿਬ ਦੀ ਤਸਵੀਰ ਤੇ ਪ੍ਰਮੁੱਖ ਆਗੂਆਂ ਵਲੋਂ ਫੁੱਲ ਮਾਲਾਵਾਂ ਭੇਟ ਕੀਤੀਆ ਗਈਆਂ। ਇਸ ਮੌਕੇ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਨੇ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਅਤੇ ਸ਼ਹੀਦ ਏ ਆਜ਼ਮ ਭਗਤ ਸਿੰਘ ਦੇ ਵਿਚਾਰਾਂ ਦੀ ਸਾਂਝ ਦਾ ਸਮੇਲ ਕਰਨਾ ਸਮੇਂ ਦੀ ਅਹਿਮ ਲੋੜ ਹੈ ਤਾਂ ਜੋ ਦੇਸ਼ ਵਿੱਚ ਮੋਦੀ ਦੀ ਫਾਸ਼ੀਵਾਦੀ ਹਕੂਮਤ ਅਤੇ ਆਰ ਐਸ ਐਸ ਦੇ ਨਾਪਾਕ ਗਠਜੋੜ ਨੂੰ ਭਾਂਜ ਦਿੱਤੀ ਜਾ ਸਕੇ।ਆਗੂਆਂ ਨੇ ਅੱਗੇ ਕਿਹਾ ਕਿ ਜਿਥੇ ਮੋਦੀ ਸਰਕਾਰ ਸੰਵਿਧਾਨ ਨੂੰ ਤੋੜਕੇ ਦੇਸ਼ ਵਿਚ ਮਨੂੰਵਾਦੀ ਹਕੂਮਤ ਨੂੰ ਸਥਾਪਤ ਕਰਨਾ ਚਾਹੁੰਦੀ ਹੈ ਉਥੇ ਦੇਸ਼ ਦੇ ਘੱਟ ਗਿਣਤੀ ਵਿਰਕਿਆਂ ਨੂੰ ਦੂਜੇ ਦਰਜੇ ਦੇ ਸਹਿਰੀ ਬਣਾਉਣਾ ਵੀ ਚਾਹੁੰਦੀ ਹੈ।ਆਗੂਆਂ ਨੇ ਕਿਹਾ ਕਿ ਸਾਨੂੰ ਅਜ ਦੇ ਦਿਨ ਤੇ ਅਹਿਦ ਕਰਨਾ ਚਾਹੀਦਾ ਹੈ ਕਿ ਕਿਰਤੀ, ਕਿਸਾਨਾ, ਦਲਿਤਾਂ, ਮਜਦੂਰਾਂ ਨੂੰ ਇਕ ਲੜੀ ਚ ਪਰੋਕੇ ਮੋਦੀ ਦੀ ਫਾਸ਼ੀਵਾਦੀ ਹਕੂਮਤ ਨਾਲ ਲੜਕੇ ਹੀ ਸੰਵਿਧਾਨ ਅਤੇ ਦੇਸ਼ ਦੇ ਘੱਟ ਗਿਣਤੀਆਂ ਦੀ ਰਾਖੀ ਕੀਤੀ ਜਾ ਸਕਦੀ ਹੈ।

## ਹੈਰੋਇਨ ਸਮੇਤ ਇੱਕ ਵਿਅਕਤੀ ਕਾਬੂ

**ਕਾਲਾ ਸੰਘਿਆਂ (ਮਨਜੀਤ ਮਾਨ)** ਢਿਲਵਾਂ ਪੁਲਸ ਵੱਲੋਂ 6 ਗ੍ਰਾਮ ਹੈਰੋਇਨ ਸਮੇਤ 1 ਵਿਅਕਤੀ ਨੂੰ ਕਾਬੂ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਥਾਣਾ ਮੁਖੀ ਇੰਸ: ਮਨਜੀਤ ਸਿੰਘ ਨੇ ਦੱਸਿਆ ਕਿ ਸਮਾਜ ਵਿਰੋਧੀ ਅਨਸਰਾਂ ਦੀ ਤਲਾਸ਼ ਵਿੱਚ ਏ ਐਸ ਆਈ ਪਰਮਜੀਤ ਸਿੰਘ ਦੀ ਅਗਵਾਈ ਵਿੱਚ ਪਿੰਡ ਮਿਆਣੀ ਬਾਕਰਪੁਰ, ਫੱਤੂਢੀਂਗਾ ਆਦਿ ਨੂੰ ਪੁਲਸ ਪਾਰਟੀ ਵੱਲੋਂ ਗਸ਼ਤ ਕੀਤੀ ਜਾ ਰਹੀ ਸੀ ਕਿ ਜਦੋਂ ਪੁਲਸ ਪਾਰਟੀ ਮੰਡੀ ਢਿਲਵਾਂ ਦੇ ਸਾਹਮਣੇ ਪੁੱਜੀ ਤਾਂ ਉਥੇ ਇਕ ਵਿਅਕਤੀ ਖੜ੍ਹਾ ਦਿਖਾਈ ਦਿੱਤਾ, ਜਿਸ ਨੇ ਸਰਕਾਰੀ ਗੱਡੀ ਦੇਖ ਕਿ ਅੱਖ ਬਚਾ ਕਿ ਆਪਣੇ ਸੱਜੇ ਹੱਥ ਵਿੱਚ ਫੜ੍ਹਿਆ ਇਕ ਵਜਨਦਾਰ ਲਿਫਾਫਾ ਘਾਹ 'ਤੇ ਸੁੱਟ ਦਿੱਤਾ।ਥਾਣਾ ਮੁਖੀ ਨੇ ਦੱਸਿਆ ਕਿ ਪੁਲਸ ਪਾਰਟੀ ਨੇ ਤੁਰੰਤ ਉਸ ਨੂੰ ਕਾਬੂ ਕਰਕੇ ਉਸ ਵੱਲੋਂ ਸੁੱਟੇ ਲਿਫਾਫੇ ਨੂੰ ਜਦੋਂ ਚੈਕ ਕੀਤਾ ਤਾਂ ਲਿਫਾਫੇ 'ਚੋਂ 06 ਗ੍ਰਾਮ ਹੈਰੋਇਨ ਬਰਾਮਦ ਹੋਈ।ਜਿਸ 'ਤੇ ਉਕਤ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਮੁਕੱਦਮਾ ਦਰਜ ਕਰ ਲਿਆ ਗਿਆ।ਪੁੱਛ-ਗਿੱਛ ਦੌਰਾਨ ਉਕਤ ਵਿਅਕਤੀ ਨੇ ਆਪਣਾ ਨਾਂਅ ਕਰਮਿੰਦਰ ਸਿੰਘ ਵਾਸੀ ਲੱਖਣ ਖੋਲੇ, ਥਾਣਾ ਸੁਭਾਨਪੁਰ, ਜ਼ਿਲ੍ਹਾ ਕਪੂਰਥਲਾ ਦੱਸਿਆ।



## ਬਾਬਾ ਸਾਹਿਬ ਡਾ. ਅੰਬੇਡਕਰ ਦੇ ਪਵਿੱਤਰ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਭਲਕੇ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਪਵਿੱਤਰ ਪਾਵਨ ਦਿਹਾੜੇ ਨੂੰ ਸਮਰਪਿਤ 16 ਅਪ੍ਰੈਲ ਨੂੰ ਲਗਾਏ ਜਾ ਰਹੇ ਵਿਸ਼ਾਲ ਖ਼ੂਨਦਾਨ ਕੈਂਪ ਦੀਆਂ ਤਿਆਰੀਆਂ ਸੰਬੰਧੀ ਭਗਵਾਨ ਵਾਲਮੀਕਿ ਯੂਥ ਕਮੇਟੀ ਪੰਜਾਬ ਦੇ ਪ੍ਰਧਾਨ ਰਾਜਨ ਮਲਹੋਤਰਾ ਅਤੇ ਵਾਲਮੀਕਿ ਸੰਘਰਸ਼ ਮੋਰਚਾ ਭਾਰਤ ਦੇ ਪ੍ਰਧਾਨ ਮੋਨੂੰ ਤੇਜੀ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਭਾਗ ਲਿਆ।ਮੀਟਿੰਗ 'ਚ ਸ਼ਾਮਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਰਾਜਨ ਮਲਹੋਤਰਾ ਨੇ ਕਿਹਾ ਕਿ ਹਸਪਤਾਲਾਂ ਵਿੱਚ ਦਾਖਲ ਜਰੂਰਤਮੰਦ ਮਰੀਜ਼ਾਂ ਨੂੰ ਖ਼ੂਨਦਾਨ ਮੁਹੱਈਆ ਕਰਵਾਉਣ ਲਈ 16 ਅਪ੍ਰੈਲ ਨੂੰ ਸ਼ਿਮਲਾ ਪਹਾੜੀ ਉੜਮੁੜ ਵਿਖੇ ਸਾਈ ਬਲੱਡ ਸੇਵਾ ਟਾਂਡਾ ਅਤੇ ਸੰਤ ਬਾਬਾ ਰੰਗੀ ਰਾਮ ਬਲੱਡ ਬੈਂਕ ਜਾਜਾ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਮੌਕੇ ਪੰਜਾਬ ਵਾਈਸ ਪ੍ਰਧਾਨ ਕੀਮਤੀ ਲਾਲ, ਸਤਪਾਲ ਸੰਧੂ, ਪੰਜਾਬ ਸਕੱਤਰ ਵਿਜੇ ਮੱਟੂ, ਪੰਜਾਬ ਕੈਸ਼ੀਅਰ ਮੋਹਿਤ ਧੀਰ, ਪੰਜਾਬ ਚੇਅਰਮੈਨ ਗੁਰਦੀਪ ਦੀਪਾ, ਡਾ ਭੱਟੀ, ਹਰਪ੍ਰੀਤ ਹੈਪੀ ਸੱਭਰਵਾਲ, ਬੰਟੀ ਚੌਹਾਨ, ਬੇਟ ਏਰੀਆ ਪ੍ਰਧਾਨ ਕਾਕਾ ਮਾਨਪੁਰ, ਸੱਲਾਂ ਬਲਾਕ ਪ੍ਰਧਾਨ ਮੋਹਨ ਲਾਲ, ਦਮਨ ਸੱਭਰਵਾਲ, ਕਰਨ ਸੱਭਰਵਾਲ, ਰਜਤ ਢਡਿਆਲਾ ਅਤੇ ਹੋਰ ਹਾਜ਼ਰ ਸਨ।

## ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ 'ਚ ਡਾ. ਬਸੁੰਧਰਾ ਨੇ ਸੰਭਾਲਿਆ ਪ੍ਰਿੰਸੀਪਲ ਦਾ ਅਹੁਦਾ



ਡੇਰਾ ਬੱਸੀ (ਵਿਨੈ ਕੁਮਾਰ ਜੈਨ)

ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ, ਡੇਰਾਬੱਸੀ ਆਪਣੇ ਨਵੇਂ ਪ੍ਰਿੰਸੀਪਲ, ਡਾ. ਬਸੁੰਧਰਾ ਦੀ ਨਿਯੁਕਤੀ ਦਾ ਐਲਾਨ ਕਰਦੇ ਹੋਏ ਮਾਣ ਮਹਿਸੂਸ ਕਰ ਰਿਹਾ ਹੈ।ਲਗਭਗ 25 ਸਾਲਾਂ ਦੇ ਸਿੱਖਿਆ ਖੇਤਰ 'ਚ ਇੱਕ ਸ਼ਾਨਦਾਰ ਕਰੀਅਰ ਦੇ ਨਾਲ ਉਹ ਸਕੂਲ ਨੂੰ ਨਿਰੰਤਰ ਉੱਤਮਤਾ ਵੱਲ ਲੈ ਜਾਣ ਲਈ ਗਿਆਨ, ਅਨੁਭਵ ਅਤੇ ਦ੍ਰਿਸ਼ਟੀ ਦਾ ਭੰਡਾਰ ਲੈ ਕੇ ਆਏ ਹਨ।ਪੇਸ਼ੇਵਰ ਸਿਖਲਾਈ ਵਿੱਚ ਇੱਕ ਮਜ਼ਬੂਤ ਨੀਂਹ ਰੱਖਣ ਵਾਲੀ, ਡਾ. ਬਸੁੰਧਰਾ ਇੱਕ ਮਾਨਤਾ ਪ੍ਰਾਪਤ ਮਾਈਕ੍ਰੋਸਾਫਟ ਇਨੋਵੇਟਿਵ ਐਜੂਕੇਟਰ ਹੈ।ਨਿਰੰਤਰ ਸਿੱਖਣ ਵਿੱਚ ਉਹਨਾਂ ਦੀ ਸ਼ਮੂਲੀਅਤ 'ਦਿ ਜੋਏ ਆਫ਼ ਮੇਕਿੰਗ (ਐਂਡ ਬ੍ਰੇਕਿੰਗ) ਟੌਇਜ਼' ਅਤੇ ਆਈ ਆਈ ਟੀ ਗਾਂਧੀਨਗਰ (2025) ਵਿਖੇ ਕਿਊਰੀਓਸਿਟੀ ਕਨਕਲੇਵ ਵਰਗੇ ਮਾਣਮੱਤੇ ਪ੍ਰੋਗਰਾਮਾਂ ਵਿੱਚ ਉਹਨਾਂ ਦੀ ਭਾਗੀਦਾਰੀ ਸਪੱਸ਼ਟ ਹੈ।ਡਾ. ਬਸੁੰਧਰਾ ਨੇ ਪੁਣੇ ਵਿੱਚ 50ਵੀਂ ਰਾਸ਼ਟਰੀ ਬਾਲ ਵਿਗਿਆਨਿਕ ਪ੍ਰਦਰਸ਼ਨੀ (2023) ਵਿੱਚ ਰਾਸ਼ਟਰੀ ਪੱਧਰ ਦੀ ਗਾਈਡ ਟੀਚਰ ਵਜੋਂ ਸੇਵਾ ਨਿਭਾਈ ਹੈ।ਉਹ ਭੂਪਾਲ ਵਿਖੇ 31ਵੀਂ ਰਾਸ਼ਟਰੀ ਬਾਲ ਵਿਗਿਆਨ ਕਾਂਗਰਸ (2024) ਲਈ ਇੱਕ ਮੁਲਾਂਕਣਕਾਰ ਸੀ। ਰਾਸ਼ਟਰੀ ਅਤੇ ਅੰਤਰਰਾਸ਼ਟਰੀ ਵਿਗਿਆਨ ਸਿੱਖਿਆ ਪਲੇਟਫਾਰਮਾਂ ਵਿੱਚ ਉਹਨਾਂ ਦੀ ਸ਼ਮੂਲੀਅਤ, ਜਿਸ ਵਿੱਚ ਆਈ ਆਈ ਐਸ ਐਫ (2023) ਵਿਖੇ ਐਜੂਕੇਸ਼ਨ ਫਾਰ ਐਸਪਾਇਰਿੰਗ ਇੰਡੀਆ - ਨੈਸ਼ਨਲ ਸਾਇੰਸ ਟੀਚਰ ਵਰਕਸ਼ਾਪ ਅਤੇ ਆਈ ਆਈ ਐਸ ਐਫ (2024) ਵਿਖੇ ਵਿਗਿਆਨਿਕਾ - ਸਾਇੰਸ ਲਿਟਰੇਚਰ ਫੈਸਟੀਵਲ ਸ਼ਾਮਲ ਹਨ। ਨਵੇਂ ਪ੍ਰਿੰਸੀਪਲ ਦਾ ਸਵਾਗਤ ਕਰਨ ਲਈ ਸਕੂਲ ਦੇ ਵਿਹੜੇ ਵਿੱਚ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ, ਜਿੱਥੇ ਸਕੂਲ ਦੇ ਚੇਅਰਮੈਨ, ਗੁਰਦੀਪ ਸਿੰਘ ਚਹਿਲ, ਮੈਨੇਜਮੈਂਟ ਦੇ ਮੈਂਬਰਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਸਟਾਫ ਨੇ ਆਪਣੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ।

## ਜਸਵਿੰਦਰ ਢੱਡਾ ਨੂੰ ਡੂੰਘਾ ਸਦਮਾ, ਸਹੁਰੇ ਦਾ ਦਿਹਾਂਤ

**ਫਗਵਾੜਾ (ਡਾ. ਰਮਨ)**- ਸਮਾਜ ਸੇਵਕ, ਪੈਰਾ ਲੀਗਲ ਵਲੰਟੀਅਰ ਡਿਸਟ੍ਰਿਕਟ ਲੀਗਲ ਸਰਵਿਸ ਅਥਾਰਟੀ ( ਪੰਜਾਬ ਸਰਕਾਰ), ਪੱਤਰਕਾਰ ਤੇ ਲੇਖਕ ਜਸਵਿੰਦਰ ਢੱਡਾ ਨੂੰ ਉਦੋਂ ਡੂੰਘਾ ਸਦਮਾ ਪਹੁੰਚਿਆ ਜਦੋਂ ਉਹਨਾਂ ਦੇ



ਸਤਿਕਾਰਯੋਗ ਸਹੁਰਾ ਲਛਮਣ ਦਾਸ ਪੰਜ ਤੱਤਾਂ ਵਿੱਚ ਲੀਨ ਹੋ ਗਏ। ਉਹ ਪਿਛਲੇ ਕੁਝ ਸਾਲਾਂ ਤੋਂ ਗੁਰਦਿਆਂ ਦੀ ਨਾਮੁਰਾਦ ਬਿਮਾਰੀ ਤੋਂ ਪੀੜਤ ਸਨ। ਉਹਨਾਂ ਦਾ ਅੰਤਿਮ ਸੰਸਕਾਰ ਉਹਨਾਂ ਦੇ ਜੱਦੀ ਪਿੰਡ ਸਫੀ ਪੁਰ ( ਜਲੰਧਰ ) ਵਿਖੇ ਕਰ ਦਿੱਤਾ ਗਿਆ। ਅੰਤਿਮ ਸੰਸਕਾਰ ਮੌਕੇ ਰਿਸ਼ਤੇਦਾਰ ਸੱਜਣ ਮਿੱਤਰ, ਧਾਰਮਿਕ ਤੇ ਰਾਜਨੀਤਕ ਪਾਰਟੀਆਂ ਦੇ ਆਗੂ ਹਾਜ਼ਰ ਸਨ। ਜਸਵਿੰਦਰ ਢੱਡਾ ਦੇ ਪਰਵਾਰ ਨਾਲ ਪੱਤਰਕਾਰ ਅਸ਼ੋਕ ਸ਼ਰਮਾ, ਪੱਤਰਕਾਰ ਬੀ ਕੇ ਰੱਤੂ, ਪੱਤਰਕਾਰ ਰਮਨ ਸ਼ਰਮਾ, ਪੱਤਰਕਾਰ ਰਾਮ ਮੂਰਤੀ ਲਾਲੀ, ਪੱਤਰਕਾਰ ਆਰ ਡੀ ਰਾਮਾ, ਪੱਤਰਕਾਰ ਗੁਰਦਿਆਲ ਸਿੰਘ ਮਾਨਾਂਵਾਲੀ, ਪੱਤਰਕਾਰ ਉਕਾਰ ਸੂਦ, ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ, ਸੁਨੀਤਾ ਬਸਰਾ, ਐਸ ਕੇ ਅਗਰਵਾਲ ਐਡਵੋਕੇਟ, ਜੋਗਿੰਦਰ ਪਾਲ ਕੈਂਥ ਐਡਵੋਕੇਟ, ਰਜਨੀ ਬਾਲਾ ਐਡਵੋਕੇਟ, ਇੰਦਰਜੀਤ ਐਮ ਸੀ, ਬਹਾਦਰ ਸਿੰਘ ਸੰਗਤਪੁਰ ਸਾਬਕਾ ਸਰਪੰਚ, ਗੁਰਪ੍ਰਸਾਦ ਬੱਗਾ ਲੰਬੜਦਾਰ, ਸੁਰਿੰਦਰ ਵਿਰਕਾ, ਪਿਆਰਾ ਸੰਧੂ ਕੋਟਰਾਣੀ, ਜਸਕਰਨ ਜੱਸੀ ਚਾਚੋਕੀ, ਰਜੀਵ ਵਰਮਾ, ਲਵਲੀ ਸ਼ਰਮਾਂ, ਨਰੇਸ਼ ਗਾਂਧੀ, ਲਖਵੀਰ ਮਾਹੀ, ਰਾਜਾ ਵਿਰਕਾ, ਕਪਲ ਦੇਵ ਮਾਹੀ, ਲੰਬੜਦਾਰ ਦਰਸ਼ਨ ਸਿੰਘ ਚਾਚੋਕੀ, ਜਸਵੀਰ ਮਾਹੀ, ਨਰਿੰਦਰ ਸੰਧੂ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ।ਉਹਨਾਂ ਦੀ ਅੰਤਿਮ ਅਰਦਾਸ ਤੇ ਰਸਮ ਕਿਰਿਆ ਮਿਤੀ 18 ਅਪ੍ਰੈਲ ਦਿਨ ਸ਼ੁੱਕਰਵਾਰ ਨੂੰ ਬਾਅਦ ਦੁਪਹਿਰ ਉਹਨਾਂ ਦੇ ਜੱਦੀ ਪਿੰਡ ਸਫੀ ਪੁਰ ਵਿਖੇ ਹੋਵੇਗੀ।

## ਖਲਵਾੜਾ ਕਲੋਨੀ 'ਚ ਮਨਾਇਆ ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਵਸ




**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਸ਼੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਖਲਵਾੜਾ ਕਲੋਨੀ ਵਿਖੇ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦਾ ਜਨਮ ਦਿਵਸ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵਲੋਂ ਸਮੂਹ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਮਨਾਇਆ ਗਿਆ।ਇਸ ਮੌਕੇ ਸਵੇਰੇ ਸ਼੍ਰੀ ਨਿਸ਼ਾਨ ਸਾਹਿਬ ਦੀ ਰਸਮ ਉਪਰੰਤ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਦਾ ਭੋਗ ਪਾਇਆ ਗਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਹੋਈ।ਉਪਰੰਤ ਆਯੋਜਿਤ ਸਮਾਗਮ ਦੌਰਾਨ ਸਰਪੰਚ ਸੁਰਿੰਦਰ ਸਿੰਘ ਨੇ ਸਮੂਹ ਸੰਗਤਾਂ ਨੂੰ ਬਾਬਾ ਸਾਹਿਬ ਡਾ. ਅੰਬੇਡਕਰ ਦੇ ਜਨਮ ਦਿਵਸ ਅਤੇ ਵਿਸਾਖੀ ਦੇ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ।ਉਹਨਾਂ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਦਾ ਜੀਵਨ ਸਾਨੂੰ ਇਹ ਪ੍ਰੇਰਨਾ ਦਿੰਦਾ ਹੈ ਕਿ ਜੀਵਨ ਦੇ ਸੰਘਰਸ਼ਾਂ ਤੋਂ ਕਦੇ ਵੀ ਹਾਰ ਨਹੀਂ ਮੰਨਣੀ ਚਾਹੀਦੀ। ਪਰ ਇਹ ਸੰਘਰਸ਼ ਤਾਂ ਹੀ ਸਫਲ ਹੋ ਸਕਦੇ ਹਨ ਜੇਕਰ ਅਸੀਂ ਪੜ੍ਹ ਲਿਖ ਕੇ ਗਿਆਨ ਹਾਸਲ ਕਰਾਂਗੇ।ਅਜੋਕੀ ਨੌਜਵਾਨ ਪੀੜ੍ਹੀ ਨੂੰ ਉਹਨਾਂ ਦੇ ਜੀਵਨ ਬਾਰੇ ਲਿਖੇ ਸਾਹਿਤ ਨੂੰ ਜਰੂਰ ਪੜ੍ਹਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਬਾਬਾ ਸਾਹਿਬ ਨੇ ਪੜ੍ਹੋ-ਜੁੜੋ ਅਤੇ ਸੰਘਰਸ਼ ਕਰੋ ਦਾ ਜੋ ਨਾਅਰਾ ਦਿੱਤਾ ਹੈ, ਉਸ ਤੇ ਅਮਲ ਕਰਦਿਆਂ ਸਾਨੂੰ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਉਣਾ ਚਾਹੀਦਾ ਹੈ ਤਾਂ ਜੋ ਉਹ ਆਪਣੇ ਅਧਿਕਾਰਾਂ ਦੇ ਪ੍ਰਤੀ ਜਾਗਰੂਕ ਬਣ ਸਕਣ। ਇਸ ਦੌਰਾਨ ਉਹਨਾਂ ਨੇ ਵਿਸਾਖੀ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਇਹ ਦਿਨ ਕਿਸਾਨਾਂ ਲਈ ਵੀ ਬਹੁਤ ਭਾਗਾਂ ਵਾਲਾ ਹੁੰਦਾ ਹੈ। ਸਮਾਗਮ ਦੌਰਾਨ ਸਕੂਲੀ ਵਿਦਿਆਰਥੀਆਂ ਨੂੰ ਕਾਪੀਆਂ, ਪੈਨ ਤੇ ਪੈਨਸਿਲਾਂ ਦੇ ਲੱਡੂ ਵੰਡੇ ਗਏ। ਇਸ ਮੌਕੇ ਦਵਿੰਦਰ ਕੌਰ ਪੰਚ, ਗੁਰਮੇਜ ਕੌਰ ਪੰਚ, ਸਰੂਪ ਸਿੰਘ, ਰੇਸ਼ਮ ਲਾਲ, ਗਿਆਨ ਚੰਦ, ਗੁਰਮੀਤ ਸਿੰਘ, ਲਾਡੀ, ਵਿਪਨ ਕੁਮਾਰ, ਦਲੀਪ ਸਿੰਘ, ਕਰਨ ਢੰਡਾ, ਬੀਰਬਲ, ਵਿਜੇ ਕੁਮਾਰ, ਨਛੱਤਰ ਸਿੰਘ ਆਦਿ ਹਾਜ਼ਰ ਸਨ।

## ਮਾਂ ਸ਼ਾਰਦਾ ਮੰਦਰ 'ਚ ਹੋਇਆ ਵਿਸ਼ਾਲ ਧਾਰਮਿਕ ਸਮਾਗਮ


**ਡੇਰਾ ਬੱਸੀ (ਵਿਨੈ ਕੁਮਾਰ ਜੈਨ)** ਸਾਧੂ ਨਗਰ ਸਥਿਤ ਮਾਂ ਸ਼ਾਰਦਾ ਮੰਦਰ ਵਿੱਚ ਚੌਦਸ ਨਵਰਾਤਰੇ ਦੇ ਪਵਿੱਤਰ ਤਿਉਹਾਰ ਨੂੰ ਸਮਰਪਿਤ ਵਿਸ਼ਾਲ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸਥਾਨਕ ਸੰਸਥਾ ਵੱਲੋਂ ਕੀਰਤਨ, ਭੰਡਾਰੇ ਅਤੇ ਨਿਸ਼ੁਲਕ ਸਿਹਤ ਜਾਂਚ ਕੈਂਪ ਦਾ ਵੀ ਪ੍ਰਬੰਧ ਕੀਤਾ ਗਿਆ ਸੀ, ਜਿਸ ਵਿੱਚ ਇਲਾਕੇ ਦੇ ਸੈਂਕੜੇ ਭਗਤਜਨ, ਬਜ਼ੁਰਗ ਅਤੇ ਨੌਜਵਾਨਾਂ ਨੇ ਭਾਗ ਲਿਆ।ਸਮਾਗਮ ਵਿੱਚ ਮੁੱਖ ਮਹਿਮਾਨ



ਵਜੋਂ ਪਹੁੰਚੇ ਦੀਪਿੰਦਰ ਸਿੰਘ ਢਿੱਲੋਂ ਇੰਚਾਰਜ ਨੇ ਮਾਂ ਸ਼ਾਰਦਾ ਦੇ ਦਰਸ਼ਨ ਕਰਕੇ ਅਸ਼ੀਰਵਾਦ ਲਿਆ। ਉਨ੍ਹਾਂ ਨੇ ਮੰਦਰ ਪ੍ਰਬੰਧਨ, ਆਯੋਜਕ ਟੀਮ ਅਤੇ ਸਮੂਹ ਕਲੱਬ ਦੇ ਪ੍ਰਧਾਨ ਅਤੇ ਮੈਂਬਰ ਸਾਹਿਬਾਨ ਦਾ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸਮੂਹ ਕਾਂਗਰਸ ਟੀਮ ਵੀ ਹਾਜ਼ਰ ਸੀ, ਜਿਸ ਨੇ ਧਾਰਮਿਕ ਸਮਾਗਮ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਈ। ਕੀਰਤਨ ਸਮਾਗਮ ਵਿੱਚ ਰਾਗੀ ਜਥਿਆਂ ਨੇ ਮਾਂ ਭਗਵਤੀ ਦੀ ਮਹਿਮਾ ਗਾਈ, ਜਿਸ ਨਾਲ ਪੂਰਾ ਮੰਦਰ ਪਰਿਸਰ ਸ਼੍ਰਧਾ ਅਤੇ ਭਗਤੀ ਦੇ ਰੰਗ ਵਿੱਚ ਰੰਗਿਆ ਹੋਇਆ ਦਿੱਸ ਰਿਹਾ ਸੀ।ਸ੍ਰੀ ਢਿੱਲੋਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇੰਝ ਦੇ ਸਮਾਗਮ ਸਾਡੀ ਸੰਸਕ੍ਰਿਤੀ ਅਤੇ ਰਿਵਾਇਤਾਂ ਨੂੰ ਜਿੰਦਾਂ ਰੱਖਣ ਵਿੱਚ ਅਹੰਕਾਰਪੂਰਕ ਭੂਮਿਕਾ ਅਦਾ ਕਰਦੇ ਹਨ।ਸਮਾਗਮ ਦੀ ਸਫਲਤਾ ਲਈ ਸਾਰੇ ਆਯੋਜਕ, ਸੇਵਾਦਾਰ, ਸੱਭਿਆਚਾਰਕ ਟੀਮ ਅਤੇ ਸਥਾਨਕ ਨਿਵਾਸੀਆਂ ਦੀ ਸ਼ਲਾਘਾ ਕੀਤੀ ਗਈ।

## ਬੰਗਾ ਵਿਖੇ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ

**ਬੰਗਾ (ਅਵਤਾਰ ਕਲੇਰ)**- ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ 134ਵੇਂ ਜਨਮ ਦਿਨ ਮੌਕੇ ਮਸੰਦਾਂ ਪੱਟੀ ਬੰਗਾ ਵਿਖੇ ਬਾਬਾ ਸਾਹਿਬ ਦੇ ਸਟੈਚੂ 'ਤੇ ਡਾ ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਆਪਣੇ ਸਾਥੀਆਂ ਸਮੇਤ ਫੁੱਲ ਅਰਪਣ ਕੀਤੇ ਅਤੇ ਸਾਰੇ ਹਲਕਾ ਨਿਵਾਸੀਆਂ ਨੂੰ ਬਾਬਾ ਸਾਹਿਬ ਦੇ ਜਨਮ ਦਿਹਾੜੇ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਲੱਡੂ ਵੰਡੇ ਗਏ।ਉਹਨਾਂ ਸੰਬੋਧਨ ਕਰਦਿਆਂ ਕਿਹਾ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈਏ ਤਾਂ ਹੀ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਪੂਰਾ ਕੀਤਾ ਜਾ ਸਕਦਾ ਹੈ।ਇਸ ਮੌਕੇ ਉਨ੍ਹਾਂ ਦੇ ਨਾਲ ਸੋਹਣ ਲਾਲ ਢੰਡਾ, ਵੰਦਨਾ ਐਮ ਸੀ, ਨਰਿੰਦਰ ਰੱਤੂ ਐਮ ਸੀ ,ਸੁਰਿੰਦਰ ਕੁਮਾਰ ਐਮ ਸੀ, ਰਜੀਵ ਸਰੀਨ ਈ.ਓ, ਵਰਿੰਦਰ ਕੁਮਾਰ ਐਸ ਐਚ ਓ ਬੰਗਾ,ਅਜੈ ਵਰਮਾ ਐਸ ਓ, ਮਨਜੀਤ ਕੁਮਾਰ, ਰਮਨ ਕੁਮਾਰ, ਇੰਦਰਜੀਤ ਮਾਨ, ਅਮਰੀਕ ਸਿੰਘ ਸੋਨੀ, ਗੁਰਿੰਦਰ ਸਰਪੰਚ ਹਪੋਵਾਲ, ਤਰਸੇਮ ਲਾਲ ਹੀਓ, ਦੀਪਾ ਜੀਂਦੋਵਾਲ, ਅਮਨੀ ਮਾਨ, ਹਰਮੇਸ਼ ਲਾਲ, ਮਦਨ ਲਾਲ, ਕਮਲ ਦੁੱਗ, ਮਨਜੀਤ ਕੁਮਾਰ ਰਿੰਕੂ, ਜਗਤ ਸਿੰਘ ਪਠਲਾਵਾ, ਸਤਪਾਲ ਲੌਂਗੀਆ ਸਰਪੰਚ ਗੋਬਿੰਦਪੁਰ, ਪ੍ਰਭਜੋਤ ਸਿੰਘ, ਅਮਰਜੀਤ ਸਿੰਘ ਗੋਰਾ ਆਦਿ ਹਾਜ਼ਰ ਸਨ।



## ਪੁਲਸ ਵੱਲੋਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਤੰਗ ਪ੍ਰੇਸ਼ਾਨ ਕਰਨ ਦੀ ਪੇਂਡੂ ਮਜ਼ਦੂਰ ਯੂਨੀਅਨ ਨੇ ਕੀਤੀ ਨਿੰਦਾ

**ਜਲੰਧਰ (ਪੱਤਰ ਪ੍ਰੇਰਕ)** ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੀ ਸੂਬਾ ਕਮੇਟੀ ਨੇ ਪੁਲਸ ਦੀ ਸਪੈਸ਼ਲ ਬ੍ਰਾਂਚ ਵੱਲੋਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਤੰਗ ਪ੍ਰੇਸ਼ਾਨ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ।ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਜਨਰਲ ਸਕੱਤਰ ਅਵਤਾਰ ਸਿੰਘ ਰਸੂਲਪੁਰ ਅਤੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਸੂਬਾ ਸਰਕਾਰ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਤੋਂ ਬਾਅਦ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਝੰਡੇ ਹੇਠ ਜ਼ਮੀਨਾਂ 'ਚੋਂ ਆਪਣੇ ਹਿੱਸੇ ਉੱਪਰ ਹੱਕ ਜਤਾਉਂਦੇ ਦਲਿਤਾਂ ਨੂੰ ਆਪਣਾ ਚੋਣਵਾਂ ਨਿਸ਼ਾਨਾ ਬਣਾਉਂਦੇ ਹੋਏ ਕਾਰਪੋਰੇਟ ਅਤੇ ਜਗੀਰਦਾਰਾਂ ਦੀ ਦਲਾਲ ਹੋਣ ਦਾ ਸਬੂਤ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਹੱਕੀ ਆਵਾਜ਼ ਨੂੰ ਕੁਚਲਣ ਲਈ ਸੂਬਾ ਸਰਕਾਰ ਕੇਂਦਰ ਦੀ ਫਾਸ਼ੀਵਾਦੀ ਹਕੂਮਤ ਦੇ ਨਕਸ਼ੇ ਕਦਮਾਂ ਉੱਪਰ ਚੱਲਦੀ ਹੋਈ ਪੰਜਾਬ ਨੂੰ ਪੁਲਸ ਰਾਜ 'ਚ ਤਬਦੀਲ ਕਰ ਰਹੀ ਹੈ।ਜਿਸਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੁਲਸ ਦੀ ਸਪੈਸ਼ਲ ਬ੍ਰਾਂਚ ਵਲੋਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਤੋਂ ਉਹਨਾਂ ਦੇ ਆਧਾਰ ਕਾਰਡ ਮੰਗਣ, ਉਹਨਾਂ ਦੇ ਬੈਂਕ ਖਾਤਿਆਂ ਦੀ ਡਿਟੇਲ ਮੰਗਣ, ਉਹਨਾਂ ਦੇ ਰਿਸ਼ਤੇਦਾਰਾਂ ਦੀ ਡਿਟੇਲ ਮੰਗਣ ਅਤੇ ਉਨ੍ਹਾਂ ਦੀ ਲਗਾਤਾਰ ਨਿਗਰਾਨੀ ਕਰਨ ਦੀ ਜਥੇਬੰਦੀ ਵੱਲੋਂ ਜ਼ੋਰਦਾਰ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ।ਉਨ੍ਹਾਂ ਪੰਜਾਬ ਸਰਕਾਰ ਅਤੇ ਪੁਲਸ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਉਹਨਾਂ ਨੇ ਕਿਰਤੀ ਲੋਕਾਂ ਦੇ ਲੀਡਰਾਂ ਨੂੰ ਤੰਗ ਪਰੇਸ਼ਾਨ ਕਰਨਾ ਬੰਦ ਨਾ ਕੀਤਾ ਜਾਂ ਕਿਸੇ ਨੂੰ ਵੀ ਗ੍ਰਿਫ਼ਤਾਰ ਕੀਤਾ ਤਾਂ ਉਸ ਨੂੰ ਲੋਕ ਰੋਹ ਦਾ ਸਾਹਮਣਾ ਕਰਨਾ ਪਵੇਗਾ।



## ਫੈਸ਼ਨ ਡਿਜ਼ਾਈਨਿੰਗ ਵਿਭਾਗ ਵੱਲੋਂ ਦੋ ਦਿਨਾਂ ਵਰਕਸ਼ਾਪ

**ਮਾਹਿਲਪੁਰ, (ਸ਼ਫ਼ਰੀ)**- ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਦੇ ਪੋਸਟ ਗਰੈਜੂਏਟ ਫੈਸ਼ਨ ਡਿਜ਼ਾਈਨਿੰਗ ਵਿਭਾਗ ਦੇ ਸਟਾਫ ਅਤੇ ਵਿਦਿਆਰਥੀਆ ਵੱਲੋਂ 'ਆਰਟ ਆਫ਼ ਦ ਹੁੱਕ' ਵਿਸ਼ੇ 'ਤੇ ਦੋ ਦਿਨਾਂ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਰਕਸ਼ਾਪ ਦੇ ਰਿਸੋਰਸ ਪਰਸਨ ਵਜੋਂ ਵਰਧਮਾਨ ਪ੍ਰਾਈਵੇਟ ਲਿਮਟਿਡ ਲੁਧਿਆਣਾ ਤੋਂ ਕਰੀਏਟਿਵ ਮੈਨੇਜਰ ਮੈਡਮ ਚਾਰੂ ਜੈਨ ਨੇ ਸ਼ਿਰਕਤ ਕੀਤੀ।ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਵਿਭਾਗ ਦੇ ਅਜਿਹੇ ਉੱਦਮ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆ ਨੂੰ ਵੱਧ ਤੋਂ ਵੱਧ ਸਿੱਖਣ ਦੀ ਪ੍ਰੇਰਣਾ ਦਿੱਤੀ।ਇਸ ਮੌਕੇ ਰਿਸੋਰਸ ਪਰਸਨ ਮੈਡਮ ਚਾਰੂ ਜੈਨ ਨੇ ਕਰੋਸ਼ੀਆ ਦੀ ਕਸੀਦਾਕਾਰੀ ਨਾਲ ਜੁੜੇ ਵੱਖ-ਵੱਖ ਨੁਕਤੇ ਸਾਂਝੇ ਕੀਤੇ। ਉਨ੍ਹਾਂ ਕਰੋਸ਼ੀਆ ਦੀ ਵਰਤੋਂ ਅਤੇ ਕਲਾ ਬਾਰੇ ਮੁੱਢਲੀ ਜਾਣਕਾਰੀ ਵੀ ਦਿੱਤੀ ਅਤੇ ਇਸ ਕਾਰਜ ਵਿੱਚ ਟਾਂਕਿਆਂ ਦੀ ਇਕਹਿਰੀ, ਦੋਹਰੀ ਅਤੇ ਜਾਦੂ ਛੱਲਾ ਦੀ ਕਸ਼ੀਦਾ ਕਲਾ ਬਾਰੇ ਵੀ ਵਿਚਾਰ ਰੱਖੇ।ਰਿਸੋਰਸ ਪਰਸਨ ਵਲੋਂ ਡਾਈ ਸਟੱਫ ਖਿਡੌਣਿਆਂ ਦੀ ਕਲਾ ਅਤੇ ਉਨੀ ਕੱਪੜਿਆਂ ਦੀ ਬੁਣਾਈ ਅਤੇ ਰੰਗਾਈ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ।ਇਸ ਮੌਕੇ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਪੁੱਛੇ ਸਵਾਲਾਂ ਦੇ ਜਵਾਬ ਵਿੱਚ ਮੈਡਮ ਚਾਰੂ ਜੈਨ ਨੇ ਉਨ ਅਤੇ ਹੁੱਕ ਨਾਲ ਵੱਖ-ਵੱਖ ਚੀਜ਼ਾਂ ਦੀ ਕੁਸ਼ਲ ਬੁਣਾਈ, ਕਲਾ ਸਮੱਗਰੀ ਦੀ ਕਿਫਾਇਤੀ ਵਰਤੋਂ ਨੂੰ ਪ੍ਰਦਰਸ਼ਿਤ ਕਰਕੇ ਦੱਸਿਆ।ਵਿਭਾਗ ਦੇ ਮੁੱਖੀ ਪ੍ਰੋ ਰਾਜਵਿੰਦਰ ਕੌਰ ਨੇ ਧੰਨਵਾਦੀ ਸ਼ਬਦ ਸਾਂਝੇ ਕੀਤੇ।ਇਸ ਮੌਕੇ ਪ੍ਰੋ. ਦੀਕਸ਼ਾ ਸ਼ਰਮਾ, ਪ੍ਰੋ. ਨਵਜੋਤ ਕੌਰ, ਪ੍ਰੋ. ਸੋਨੀਆ ਡੁੰਗ ਡੁੰਗ, ਪ੍ਰੋ. ਸ਼ਰਨਪ੍ਰੀਤ ਸਿੰਘ ਅਤੇ ਮੈਡਮ ਮਨਜਿੰਦਰ ਕੌਰ ਸਮੇਤ ਵਿਦਿਆਰਥੀ ਹਾਜ਼ਰ ਸਨ।



## ਕਰਨੈਲ ਰਾਮ ਬਾਲੂ ਨੇ ਸੰਭਾਲਿਆ ਮਾਰਕੀਟ ਕਮੇਟੀ ਚੇਅਰਮੈਨ ਦਾ ਦਾ ਅਹੁਦਾ



**ਕਾਲਾ ਸੰਘਿਆਂ (ਮਨਜੀਤ ਮਾਨ)** ਪੰਜਾਬ ਮਾਰਕੀਟ ਕਮੇਟੀ ਨਕੋਦਰ ਨਿਯੁਕਤ ਕੀਤੇ ਚੇਅਰਮੈਨ ਕਰਨੈਲ ਰਾਮ ਬਾਲੂ ਨੇ ਮਾਰਕੀਟ ਕਮੇਟੀ ਦਾ ਚੇਅਰਮੈਨ ਦਾ ਅਹੁਦਾ ਸੰਭਾਲ ਲਿਆ। ਇਸ ਮੌਕੇ ਹਲਕਾ ਐਮ ਐਲ ਏ ਮੈਡਮ ਇੰਦਰਜੀਤ ਕੌਰ ਮਾਨ ਅਤੇ ਚੇਅਰਮੈਨ ਇੰਪਰੂਵਮੈਂਟ ਟਰਸਟ ਜਲੰਧਰ ਮੈਡਮ ਰਾਜਵਿੰਦਰ ਕੌਰ ਥਿਆੜਾ ਅਤੇ ਪੰਜਾਬ ਐਜੂਕੇਸ਼ਨ ਬੋਰਡ ਦੇ ਵਾਈਸ ਚੇਅਰਮੈਨ ਪ੍ਰਿੰਸੀਪਲ ਪ੍ਰੇਮ ਕੁਮਾਰ, ਡੀ ਐਸ ਪੀ ਸੁਖਪਾਲ ਸਿੰਘ, ਐਸ ਐਚ ਓ ਸਿਟੀ ਅਮਨ ਸੈਣੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਤੇ ਹਲਕਾ ਐਮ ਐਲ ਏ ਮੈਡਮ ਇੰਦਰਜੀਤ ਕੌਰ ਮਾਨ ਨੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦੇ ਹੋਏ ਕਿਹਾ ਹਲਕਾ ਨਕੋਦਰ ਦੇ ਟਕਸਾਲੀ ਆਪ ਆਗੂ ਨੂੰ ਵੱਡਾ ਮਾਣ ਦਿੱਤਾ ਹੈ। ਇਸ ਮੌਕੇ ਚੇਅਰਮੈਨ ਕਰਨੈਲ ਬਾਲੂ ਵੱਲੋਂ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਨਕੋਦਰ ਦੀ ਐਮ ਐਲ ਏ ਮੈਡਮ ਇੰਦਰਜੀਤ ਕੌਰ ਮਾਨ ਇਮਪਰੂਵਮੈਂਟ ਟਰੱਸਟ ਦੇ ਚੇਅਰਮੈਨ ਮੈਡਮ ਰਾਜਵਿੰਦਰ ਕੌਰ ਥਿਆੜਾ ਤੇ ਆਏ ਹੋਏ ਪਾਰਟੀ ਦੇ ਲੀਡਰ ਸਾਹਿਬਾਨ ਅਤੇ ਵਲੰਟੀਅਰਾਂ ਦਾ ਧੰਨਵਾਦ ਕੀਤਾ।

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ

**ਕਪੂਰਥਲਾ, (ਹਨੀ)**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਦੀ ਅਗਵਾਈ 'ਚ ਵਿਸਾਖੀ ਦੇ ਤਿਉਹਾਰ ਮਨਾਇਆ ਗਿਆ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਸਮਾਗਮ ਵਿਚ ਸ਼ਾਮਲ ਹੋਏ।ਜਿਨ੍ਹਾਂ ਦਾ ਸਟਾਫ਼ ਮੈਂਬਰਾਂ ਤੇ ਵਿਦਿਆਰਥੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਸਮਾਗਮ ਦਾ ਆਗਾਜ਼ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਗਿੱਧਾ, ਭੰਗੜਾ, ਕੋਰੀਓਗ੍ਰਾਫੀ, ਗੀਤ, ਲੋਕ ਗੀਤ ਆਦਿ ਆਈਟਮਾਂ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ।ਕਿੰਡਰ ਗਾਰਡਨ ਦੇ ਵਿਦਿਆਰਥੀਆਂ ਦੇ ਲਈ ਇੱਕ ਭੋਜਨ ਦੀ ਗਤੀਵਿਧੀ ਵੀ ਕਰਵਾਈ ਗਈ।ਜਿਸ ਵਿੱਚ ਵਿਦਿਆਰਥੀਆਂ ਨੂੰ ਇਹ ਸਿੱਖਣ ਲਈ ਮਿਲਿਆ ਕਿ ਕਣਕ ਕਿਵੇਂ ਵਧਦੀ ਹੈ, ਫਿਰ ਆਟੇ ਵਿੱਚ ਬਦਲ ਕੇ ਸਵਾਦਿਸ਼ ਰੋਟੀ ਵਿੱਚ ਬਦਲ ਜਾਂਦੀ ਹੈ।ਆਯੋਜਿਤ ਸਮਾਗਮ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਨ ਦਾ ਇੱਕ ਵਧੀਆ ਪਲੇਟਫਾਰਮ ਰਿਹਾ।ਸਕੂਲ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਮੋਂਗਾ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਵਿਸਾਖੀ ਦੇ ਤਿਉਹਾਰ ਦੀ ਵਧਾਈ ਦਿੱਤੀ।



## ਸੀ ਟੀ ਗਰੁੱਪ ਨੇ 'ਆਭਾਰ 2025' ਮਨਾਇਆ



**ਜਲੰਧਰ (ਸ਼ੈਲੀ ਐਲਬਰਟ)** ਸਤਿਕਾਰ ਅਤੇ ਧੰਨਵਾਦ ਦੇ ਇੱਕ ਭਾਵਪੂਰਣ ਮਾਹੌਲ ਵਿੱਚ, ਸੀ ਟੀ ਗਰੁੱਪ ਨੇ 'ਆਭਾਰ 2025' ਦਾ ਆਯੋਜਨ ਕੀਤਾ, ਜੋ ਕਿ ਆਪਣੇ ਵਿਸ਼ਾਲ ਸੀਟੀ ਪਰਿਵਾਰ ਦੀ ਅਥੱਕ ਮਿਹਨਤ ਅਤੇ ਸਮਰਪਣ ਨੂੰ ਸਨਮਾਨਿਤ ਕਰਨ ਲਈ ਸਮਰਪਿਤ ਇੱਕ ਯਾਦਗਾਰੀ ਸਮਾਗਮ ਸੀ।ਇਸ ਸਮਾਗਮ ਵਿੱਚ ਸੀਟੀ ਗਰੁੱਪ ਦੇ ਸਾਰੇ ਕੈਂਪਸਾਂ ਦੇ ਸਟਾਫ ਨੇ ਉਤਸ਼ਾਹ ਨਾਲ ਹਿੱਸਾ ਲਿਆ।ਅਧਿਆਪਕਾਂ, ਕਰਮਚਾਰੀਆਂ, ਪ੍ਰਬੰਧਕਾਂ ਤੋਂ ਲੈ ਕੇ ਲੀਡਰਸ਼ਿਪ ਤੱਕ, ਸੀਟੀ ਦੇ ਸਿੱਖਿਆ ਪਰਵਾਰ ਦੇ ਹਰ ਵਰਗ ਨੂੰ ਉਨ੍ਹਾਂ ਦੇ ਅਡੋਲ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ।ਸਮਾਗਮ ਦਾ ਇੱਕ ਮੁੱਖ ਆਕਰਸ਼ਣ ਇਨਾਮ ਸਮਾਰੋਹ ਸੀ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ 3, 5, 10, 15, 20 ਅਤੇ 25 ਸਾਲ ਦੀ ਸੇਵਾ ਪੂਰੀ ਕਰਨ ਵਾਲੇ ਕਰਮਚਾਰੀਆਂ ਨੂੰ ਸਨਮਾਨਿਤ ਕੀਤਾ ਗਿਆ।ਇੱਕ ਖਾਸ ਪਲ ਉਦੋਂ ਆਇਆ ਜਦੋਂ 1997 ਤੋਂ ਸੀਟੀ ਪਰਵਾਰ ਦਾ ਹਿੱਸਾ ਰਹੇ ਇੱਕ ਕਰਮਚਾਰੀ ਨੂੰ 27 ਸਾਲ ਦੀ ਲੰਬੀ ਸੇਵਾ ਲਈ ਸਨਮਾਨਿਤ ਕੀਤਾ ਗਿਆ।ਇਸ ਸਾਲ ਇੱਕ ਨਵਾਂ ਮੀਲ-ਪੱਥਰ 'ਚੇਅਰਮੈਨ ਅਵਾਰਡ' ਪੇਸ਼ ਕੀਤਾ ਗਿਆ, ਜੋ ਛੇ ਵਿਲੱਖਣ ਵਿਅਕਤੀਆਂ ਨੂੰ ਸੰਸਥਾ ਵਿੱਚ ਉਨ੍ਹਾਂ ਦੇ ਮਿਸਾਲੀ ਯੋਗਦਾਨ ਲਈ ਦਿੱਤਾ ਗਿਆ। ਇਸ ਤੋਂ ਇਲਾਵਾ, ਚਾਰ ਮੈਂਬਰਾਂ ਨੂੰ ਉਨ੍ਹਾਂ ਦੀ ਲਗਾਤਾਰ ਮਿਹਨਤ ਅਤੇ ਸ਼ਾਨਦਾਰ ਪ੍ਰਦਰਸ਼ਨ ਲਈ 'ਅਪ੍ਰੀਸੀਏਸ਼ਨ ਅਵਾਰਡ' ਨਾਲ ਸਨਮਾਨਿਤ ਕੀਤਾ ਗਿਆ।ਸਮਾਗਮ ਦੀ ਸ਼ੋਭਾ ਸੀਟੀ ਗਰੁੱਪ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਆਪਣੀ ਉਪਸਥਿਤੀ ਨਾਲ ਵਧਾਈ, ਜਿਨ੍ਹਾਂ ਦੀ ਦੂਰਦਰਸ਼ੀ ਅਤੇ ਲੀਡਰਸ਼ਿਪ ਸੰਸਥਾ ਨੂੰ ਪ੍ਰੇਰਣਾ ਦਿੰਦੀ ਰਹਿੰਦੀ ਹੈ। ਇਸ ਨਾਲ ਇਵੈਂਟ ਨੂੰ ਕੋ-ਚੇਅਰਪਰਸਨ ਮੈਡਮ ਪਰਮਿੰਦਰ ਕੌਰ, ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਜੌਇੰਟ ਮੈਨੇਜਿੰਗ ਡਾਇਰੈਕਟਰ ਤਨਿਕਾ ਚੰਨੀ, ਗਰੁੱਪ ਡਾਇਰੈਕਟਰ ਡਾ. ਅਭਿਸ਼ੇਕ ਤ੍ਰਿਪਾਠੀ, ਐਕਜ਼ੀਕਿਊਟਿਵ ਡਾਇਰੈਕਟਰ ਡਾ. ਨਿਤਿਨ ਟੰਡਨ, ਕੈਂਪਸ ਡਾਇਰੈਕਟਰ ਡਾ. ਸੰਗਰਾਮ ਸਿੰਘ, ਡਾਇਰੈਕਟਰ ਡੀ ਐਸ ਡਬਲਯੂ ਇੰਜੀ. ਦਵਿੰਦਰ ਸਿੰਘ, ਡੀਨ ਡੀ ਐਸਡ ਬਲਯੂ ਡਾ. ਅਰਜਨ ਸਿੰਘ ਅਤੇ ਹੋਰ ਕੈਂਪਸ ਡਾਇਰੈਕਟਰਾਂ ਤੇ ਸਕੂਲ ਪ੍ਰਿੰਸੀਪਲਾਂ ਵੀ ਮੌਜੂਦ ਰਹੇ।

## ਪੰਜਾਬ ਜਲ ਸਰੋਤ ਮੁਲਾਜ਼ਮ ਯੂਨੀਅਨ ਦਾ 26ਵਾਂ ਸੂਬਾਈ ਇਜਲਾਸ ਸੰਪੰਨ

**ਹੁਸ਼ਿਆਰਪੁਰ (ਬਲਵੀਰ ਸੈਣੀ)** ਪੰਜਾਬ ਜਲ ਸਰੋਤ ਮੁਲਾਜ਼ਮ ਯੂਨੀਅਨ ਦਾ 36ਵਾਂ ਸੂਬਾਈ ਡੈਲੀਗੇਟ ਇਜਲਾਸ ਮੁਲਾਜ਼ਮ ਭਵਨ ਹੁਸ਼ਿਆਰਪੁਰ ਵਿਖੇ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਮਕੀਮਪੁਰ ਵਲੋਂ ਝੰਡਾ ਲਹਿਰਾਉਣ ਦੀ ਰਸਮ ਨਾਲ ਸ਼ੁਰੂ ਹੋਇਆ।ਇਸ ਇਜਲਾਸ ਵਿੱਚ ਅਦਾਰੇ ਦੀਆਂ ਵੱਖ-ਵੱਖ ਡਵੀਜ਼ਨਾਂ ਤੋਂ ਜੱਥੇਬੰਦੀ ਦੇ ਚੁਣੇ ਹੋਏ 74 ਡੈਲੀਗੇਟ ਅਤੇ ਹੋਰ ਮੁਲਾਜ਼ਮ ਆਗੂ ਸ਼ਾਮਲ ਹੋਏ।ਸਟੇਜ ਦੀ ਕਾਰਵਾਈ ਚਲਾਉਂਦਿਆਂ ਜੱਥੇਬੰਦੀ ਦੇ ਸੂਬਾ ਜਨਰਲ ਸਕੱਤਰ ਰਾਜਨ ਸ਼ਰਮਾਂ ਵਲੋਂ ਪਿਛਲੇ ਦੋ ਸਾਲਾਂ ਦੌਰਾਨ ਜੱਥੇਬੰਦੀ ਦੇ ਵਿਛੜ ਚੁੱਕੇ ਮੈਂਬਰਾਂ, ਆਗੂਆਂ ਅਤੇ ਟ੍ਰੇਡ ਯੂਨੀਅਨ ਲਹਿਰ ਦੇ ਵੱਡੇ ਆਗੂਆਂ ਨੂੰ ਦੋ ਮਿੰਟ ਦਾ ਮੋਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਉਪਰੰਤ ਪ.ਸ.ਸ.ਫ. ਦੇ ਸੂਬਾ ਪ੍ਰਧਾਨ ਸਾਥੀ ਸਤੀਸ਼ ਰਾਣਾ ਵਲੋਂ ਇਜਲਾਸ ਦੇ ਉਦਘਾਟਨੀ ਭਾਸ਼ਣ ਦੌਰਾਨ ਜੱਥੇਬੰਦੀ ਨੂੰ ਸਫਲ ਇਜਲਾਸ 'ਤੇ ਵਧਾਈ ਦਿੱਤੀ। ਇਸ ਮੌਕੇ ਪ.ਸ.ਸ.ਫ. ਦੇ ਜ਼ਿਲ੍ਹਾ ਜਨਰਲ ਸਕੱਤਰ ਇੰਦਰਜੀਤ ਵਿਰਦੀ, ਵਿੱਤ ਸਕੱਤਰ ਮੱਖਣ ਸਿੰਘ ਲੰਗੇਰੀ, ਪੀ.ਡਬਲਯੂ.ਡੀ. ਫੀਲਡ ਤੇ ਵਰਕਸ਼ਾਪ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਜਨਰਲ ਸਕੱਤਰ ਸੁਖਦੇਵ ਜਾਜਾ, ਪੰਜਾਬ ਜਲ ਸਰੋਤ ਇੰਪਲਾਈਜ਼ ਯੂਨੀਅਨ (ਟੇਵੂ) ਦੀ ਜ਼ਿਲ੍ਹਾ ਪ੍ਰਧਾਨ ਮਨਵੀਰ ਕੌਰ ਵਲੋਂ ਭਰਾਤਰੀ ਸੰਦੇਸ਼ ਦਿੱਤੇ ਗਏ।ਇਸ ਮੌਕੇ ਸ਼ਿਵ ਕੁਮਾਰ, ਦਵਿੰਦਰ ਸ਼ਰਮਾ, ਨਵਜੋਤ ਸਿੰਘ, ਰਮੇਸ਼ ਲਾਲ, ਬਲਜੀਤ ਸਿੰਘ, ਬਲਕਾਰ ਸਿੰਘ, ਬਲਵਿੰਦਰ ਸਿੰਘ, ਜਗਜੀਤ ਸਿੰਘ, ਜਤਿੰਦਰ ਸਿੰਘ, ਹਰਪ੍ਰੀਤ ਸਿੰਘ, ਕੁਲ ਬਹਾਦਰ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ। ਇਜਲਾਸ ਨੂੰ ਅੰਤਿਮ ਛੋਹਾਂ ਦਿੰਦਿਆਂ ਜੱਥੇਬੰਦੀ ਦੇ ਸਾਬਕਾ ਸੂਬਾ ਜਨਰਲ ਸਕੱਤਰ ਸਾਥੀ ਰਾਮਜੀਦਾਸ ਚੌਹਾਨ ਵਲੋਂ ਸੰਘਰਸ਼ਾਂ ਦਾ ਪਿੜ੍ਹ ਮੱਲਣ ਦਾ ਹੋਕਾ ਦਿੰਦਿਆਂ ਅਗਲੇ ਦੋ ਸਾਲਾਂ ਲਈ ਚੁਣੀ ਜਾਣ ਵਾਲੀ ਸੂਬਾ ਕਮੇਟੀ ਦਾ ਪੈਨਲ ਪੇਸ਼ ਕੀਤਾ ਗਿਆ ਜਿਸ ਨੂੰ ਸਮੂਹ ਡੈਲੀਗੇਟਾਂ ਵਲੋਂ ਨਾਅਰਿਆਂ ਦੀ ਗੂੰਜ ਵਿੱਚ ਸਰਵਸਮਮਤੀ ਨਾਲ ਸਵਿਕਾਰ ਕੀਤਾ ਗਿਆ। ਨਵੀਂ ਚੁਣੀ ਗਈ ਸੂਬਾ ਕਮੇਟੀ ਵਿੱਚ ਗੁਰਪ੍ਰੀਤ ਸਿੰਘ ਮਕੀਮਪੁਰ ਨੂੰ ਪ੍ਰਧਾਨ, ਬੁੱਧ ਰਾਮ ਅਤੇ ਅਮਰੀਕ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਰਾਮ ਸਿੰਘ ਅਤੇ ਮਨਦੀਪ ਸਿੰਘ ਨੂੰ ਮੀਤ ਪ੍ਰਧਾਨ, ਰਾਜਨ ਸ਼ਰਮਾ ਨੂੰ ਜਨਰਲ ਸਕੱਤਰ, ਸੁਖਵੀਰ ਸਿੰਘ ਅਤੇ ਅਸਵਨੀ ਕੁਮਾਰ ਨੂੰ ਜੁਆਇੰਟ ਸਕੱਤਰ, ਗੁਰਪ੍ਰੀਤ ਸਿੰਘ ਚੋਹਕਾ ਨੂੰ ਵਿੱਤ ਸਕੱਤਰ, ਮਨਜਿੰਦਰ ਸਿੰਘ ਨੂੰ ਪ੍ਰੈਸ ਸਕੱਤਰ ਚੁਣਿਆ ਗਿਆ।




## 'ਦ ਲੈਂਡਮਾਰਕ ਸਕੂਲ' 'ਚ ਵਿਸਾਖੀ ਦਾ ਤਿਉਹਾਰ ਮਨਾਇਆ




**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਦ ਲੈਂਡਮਾਰਕ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਬਹੁਤ ਉਤਸ਼ਾਹ ਅਤੇ ਰਵਾਇਤੀ ਜੋਸ਼ ਨਾਲ ਮਨਾਇਆ ਗਿਆ।ਇਸ ਮੌਕੇ ਵਿਸ਼ੇਸ਼ ਸਵੇਰ ਦੀ ਸਭਾ ਦਾ ਆਯੋਜਨ ਕੀਤਾ ਗਿਆ।ਪਲੇਅ ਵੇਅ ਤੋਂ ਲੈ ਕੇ ਤੀਜੀ ਜਮਾਤ ਤੱਕ ਦੇ ਵਿਦਿਆਰਥੀ ਪੰਜਾਬੀ ਪਹਿਰਾਵੇ ਵਿੱਚ ਬਹੁਤ ਹੀ ਸ਼ਾਨਦਾਰ ਲੱਗ ਰਹੇ ਸਨ, ਜੋ ਕਿ ਖੁਸ਼ਹਾਲੀ ਅਤੇ ਤਿਉਹਾਰ ਦਾ ਪ੍ਰਤੀਕ ਹੈ।ਸਕੂਲ ਦੇ ਪ੍ਰਿੰਸੀਪਲ ਸੋਨਮ ਸ਼ਰਮਾ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।ਵਿਸਾਖੀ ਦਾ ਇਸ ਪ੍ਰੋਗਰਾਮ ਦੇ ਰੰਗ, ਸੱਭਿਆਚਾਰ, ਬੱਚਿਆਂ ਵੱਲੋਂ ਪੇਸ਼ ਕੀਤੇ ਸੁਰੀਲੇ ਗੀਤ ਉਤਸ਼ਾਹ ਦਾ ਪ੍ਰਤੀਕ ਸੀ, ਜਿਸ ਨੇ ਸਾਰਿਆਂ ਦਾ ਮਨ ਮੋਹ ਲਿਆ।

15-April-PAGE-9.qxd 4/14/2025 10:22 PM Page 1



## ਚੇਅਰਪਰਸਨ ਬੀਬੀ ਗੁਰਮੀਤ ਕੌਰ ਦਾ ਤਾਜਪੋਸ਼ੀ ਸਮਾਗਮ

**ਬਿਲਗਾ (ਵਿਜੇ ਕੁਮਾਰ)** ਮਾਰਕੀਟ ਕਮੇਟੀ ਬਿਲਗਾ ਦੀ ਨਵੀਂ ਬਣੀ ਚੇਅਰਪਰਸਨ ਬੀਬੀ ਗੁਰਮੀਤ ਕੌਰ ਸੰਘੇੜਾ ਦੀ ਤਾਜਪੋਸ਼ੀ ਦਾ ਸਮਾਗਮ ਦਾਣਾ ਮੰਡੀ ਬਿਲਗਾ ਸਥਿਤ ਦਫਤਰ ਵਿਖੇ ਹੋਇਆ। ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਅਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਪਰਸਨ ਸ਼੍ਰੀਮਤੀ ਰਾਜਵਿੰਦਰ ਕੌਰ ਥਿਆੜਾ ਨੇ ਕੁਰਸੀ ਤੇ ਬਿਠਾ ਕੇ ਮੂੰਹ ਮਿੱਠਾ ਕਰਵਾਇਆ।ਸਮਾਗਮ ਵਿੱਚ ਇਲਾਕਾ ਭਰ ਤੋਂ ਆਏ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਹੋਰ ਪ੍ਰਸਿੱਧ ਹਸਤੀਆਂ ਨੂੰ ਸੰਬੋਧਨ ਕਰਦਿਆਂ ਰਾਜਵਿੰਦਰ ਕੌਰ ਥਿਆੜਾ ਨੇ ਕਿਹਾ ਕਿ ਸਿਰਫ ਆਮ ਆਦਮੀ ਪਾਰਟੀ ਹੀ ਸਾਧਾਰਨ ਪਰਿਵਾਰਾਂ ਨੂੰ ਇਸ ਤਰ੍ਹਾਂ ਦੇ ਅਹੁਦਿਆਂ ਦੇ ਤਾਜ ਦੇ ਸਕਦੀ, ਨਹੀਂ ਤਾਂ ਪਿਛਲੀਆਂ ਸਰਕਾਰਾਂ ਵਿੱਚ ਇਸ ਤਰ੍ਹਾਂ ਦੇ ਅਹੁਦੇ ਸਿਰਫ ਧਨਾਢਾਂ ਨੂੰ ਹੀ ਮਿਲਦੇ ਸਨ। ਇਸ ਮੌਕੇ ਨਗਰ ਪੰਚਾਇਤ ਬਿਲਗਾ ਦੇ ਪ੍ਰਧਾਨ ਗੁਰਨਾਮ ਸਿੰਘ ਜੱਖੂ, ਸੀਨੀਅਰ ਮੀਤ ਪ੍ਰਧਾਨ ਸੰਦੀਪ ਸਿੰਘ, ਕੌਂਸਲਰ ਬਲਰਾਜ ਕੌਰ, ਕੌਂਸਲਰ ਸਵੇਤਾ ਰਾਣੀ, ਕੌਂਸਲਰ ਬਲਵੀਰ ਕੌਰ, ਕੌਂਸਲਰ ਲਖਵੀਰ ਸਿੰਘ, ਸਾਬਕਾ ਕੌਂਸਲਰ ਪੂਜਾ, ਕੌਂਸਲਰ ਕੁਲਵਿੰਦਰ ਕੌਰ, ਕੌਂਸਲ ਕਿਰਨ ਬਾਲਾ, ਪ੍ਰਧਾਨ ਗੁਰਵਿੰਦਰ ਸਿੰਘ, ਮਾਸਟਰ ਜੋਗਿੰਦਰ ਸਿੰਘ, ਸਤਨਾਮ ਸਿੰਘ ਕਲੇਰ, ਗੁਰਵੀਰ ਸਿੰਘ, ਹਰਪ੍ਰੀਤ ਸਿੰਘ, ਪਰਮਜੀਤ ਸਿੰਘ ਨੰਬਰਦਾਰ। ਆੜਤੀਆ ਐਸੋਸੀਏਸ਼ਨ ਬਿਲਗਾ ਦੇ ਮੈਂਬਰ, ਗੁਰਚ ਮਿਲ ਨਵੇਂਦਰ ਦਾ ਸਟਾਫ ਅਤੇ ਵੱਖ-ਵੱਖ ਪਿੰਡਾਂ ਦੇ ਪੰਚ ਸਰਪੰਚ ਅਤੇ ਹੋਰ ਮੋਹਤਵਰ ਵਿਅਕਤੀ ਵੀ ਹਾਜ਼ਰ ਸਨ।



## ਜਲੰਧਰ ਕਾਊਂਟਰ ਇੰਟੈਲੀਜੈਂਸ ਨੇ ਚਾਰ ਸ਼ੱਕੀ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਜਲੰਧਰ ਰੇਂਜ ਦੀ ਕਾਊਂਟਰ ਇੰਟੈਲੀਜੈਂਸ ਟੀਮ ਨੇ ਪੁਲਸ ਥਾਣਿਆਂ 'ਤੇ ਰਾਕੇਟ ਲਾਂਚਰ ਹਮਲੇ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ।ਕਾਊਂਟਰ ਇੰਟੈਲੀਜੈਂਸ ਟੀਮ ਨੇ ਰਾਜ ਵਿੱਚ ਦਹਿਸ਼ਤ ਫੈਲਾਉਣ ਦੀ ਸਾਜ਼ਿਸ਼ ਦਾ ਪਰਦਾਫਾਸ਼ ਕਰਦੇ ਹੋਏ ਭਾਰੀ ਮਾਤਰਾ ਵਿੱਚ ਆਰ ਡੀ ਐਕਸ ਨਾਲ ਭਰੇ ਰਾਕੇਟ ਲਾਂਚਰ ਬਰਾਮਦ ਕੀਤੇ ਹਨ।ਸੂਤਰਾਂ ਅਨੁਸਾਰ ਇਹ ਆਰਡੀਐਕਸ ਜਲੰਧਰ ਕਪੂਰਥਲਾ ਹਾਈਵੇਅ 'ਤੇ ਸੁਭਾਨਪੁਰ ਤੋਂ ਬਰਾਮਦ ਕੀਤਾ ਗਿਆ ਹੈ।ਇਹ ਕਾਰਵਾਈ ਕਾਊਂਟਰ ਇੰਟੈਲੀਜੈਂਸ ਦੇ ਏ ਆਈ ਜੀ ਨਵਜੋਤ ਸਿੰਘ ਮਾਹਲ ਦੀ ਅਗਵਾਈ ਹੇਠ ਕੀਤੀ ਗਈ ਹੈ।ਇਸ ਕਾਰਵਾਈ ਦੌਰਾਨ, ਪੁਲਸ ਨੇ ਟਾਂਡਾ ਵਿੱਚ ਰਹਿਣ ਵਾਲੇ ਦੋ ਸਕੇ ਭਰਾਵਾਂ ਅਤੇ ਹਰਿਆਣਾ ਕੁੱਲ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ।ਜਾਣਕਾਰੀ ਅਨੁਸਾਰ, ਇਹ ਯੂਰਪੀ ਰਾਕੇਟ ਲਾਂਚਰ ਨਾਲ ਪੁਲਸ ਸਟੇਸ਼ਨ ਅਤੇ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਨਿਸ਼ਾਨਾ ਬਣਾਉਣਾ ਚਾਹੁੰਦੇ ਸਨ।

## ਸੂਬੇਦਾਰ ਹਰਭਜਨ ਸਿੰਘ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਪ੍ਰਬੰਧਕ ਕਮੇਟੀ ਮਾਨਾ ਦੇ ਪ੍ਰਧਾਨ ਨਿਯੁਕਤ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)** ਸ੍ਰੀ ਗੁਰੂ ਰਵਿਦਾਸ ਮਹਾਰਾਜ ਗੁਰਦੁਆਰਾ ਸਾਹਿਬ ਪਿੰਡ ਮਾਨਾ ਹੁਸ਼ਿਆਰਪੁਰ ਦੇ ਗੁਰੂ ਘਰ ਦੀ ਕਮੇਟੀ ਦੇ ਮੈਂਬਰ ਅਤੇ ਸੰਗਤਾਂ ਦਾ ਭਾਰੀ ਇਕੱਠ ਕਰਕੇ ਆਮ ਇਜਲਾਸ ਬੁਲਾਇਆ ਗਿਆ, ਜਿਸ ਵਿਚ ਸੂਬੇਦਾਰ ਹਰਭਜਨ ਸਿੰਘ ਨੂੰ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਰਬਸੰਮਤੀ ਨਾਲ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਜਾਣਕਾਰੀ ਸਾਂਝੀ ਕਰਦਿਆਂ ਐਡਵੋਕੇਟ ਪਲਵਿੰਦਰ ਮਾਨਾ ਅਤੇ ਨਗਰ ਨਿਵਾਸੀਆਂ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਪਿੰਡ ਮਾਨਾ ਦੇ ਪਹਿਲੇ ਪ੍ਰਧਾਨ ਦੇ ਕਾਰਜ ਦਾ ਸਮਾਂ ਸਮਾਪਤ ਹੋ ਗਿਆ ਸੀ, ਗੁਰੂਘਰ ਦੀ ਕਮੇਟੀ ਦੇ ਨਿਯਮ ਅਨੁਸਾਰ ਕਮੇਟੀ ਦੇ ਪ੍ਰਧਾਨ ਦੀ ਨਿਯੁਕਤੀ ਹਰ ਤਿੰਨ ਸਾਲ ਬਾਅਦ ਕੀਤੀ ਜਾਂਦੀ ਹੈ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਹੇਠ ਅਤੇ ਗੁਰੂ ਘਰ ਦੀਆਂ ਸੰਗਤਾਂ ਦੇ ਭਾਰੀ ਇਕੱਠ ਦੀ ਹਾਜ਼ਰੀ ਵਿਚ ਸੂਬੇਦਾਰ ਹਰਭਜਨ ਸਿੰਘ ਨੂੰ ਕਮੇਟੀ ਵਲੋਂ ਸਿਰਪਾਓ ਭੇਟ ਕਰਕੇ ਜੈਕਾਰਿਆਂ ਦੀ ਗੂੰਜ ਵਿੱਚ ਗੁਰੂ ਘਰ ਦਾ ਮੁੱਖ ਸੇਵਾਦਾਰ / ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸੂਬੇਦਾਰ ਹਰਭਜਨ ਸਿੰਘ ਨੇ ਸੰਗਤਾਂ ਦਾ ਧੰਨਵਾਦ ਕਰਦਿਆ ਕਿਹਾ ਕੇ ਜੋ ਸੇਵਾ ਉਨ੍ਹਾਂ ਨੂੰ ਗੁਰੂ ਘਰ ਦੀ ਕਮੇਟੀ ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ (ਰਜਿ.) ਪਿੰਡ ਮਾਨਾ ਅਤੇ ਗੁਰੂ ਘਰ ਦੀ ਸੰਗਤ ਨੇ ਬਖਸ਼ਿਸ਼ ਕੀਤੀ ਹੈ ਉਹ ਇਸ ਸੇਵਾ ਨੂੰ ਗੁਰੂਦਵਾਰਾ ਸਾਹਿਬ ਦੀ ਮਾਣ ਮਰਯਾਦਾ ਤੇ ਸ਼ਰਧਾ ਭਾਵਨਾ ਨੂੰ ਮੁੱਖ ਰੱਖਦੇ ਹੋਏ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਹਾਜ਼ਰ ਸੰਗਤਾਂ ਵਿਚ ਐਡਵੋਕੇਟ ਪਲਵਿੰਦਰ ਮਾਨਾ, ਬਲਬੀਰ ਸਿੰਘ ਸਾਬਕਾ ਸਰਪੰਚ, ਬਾਬੂ ਰੋਸ਼ਨ ਲਾਲ, ਹਰਮੇਸ਼ ਲਾਲ , ਸੁਰਿੰਦਰ ਕੌਰ ਸਮਿਤੀ ਮੈਂਬਰ, ਸਤੀਸ਼ ਕੁਮਾਰ ਸਾਬਕਾ ਸਰਪੰਚ, ਪ੍ਰਦੀਪ ਕੁਮਾਰ ਵਾਈਸ ਪ੍ਰਧਾਨ, ਲੰਬੜਦਾਰ ਬਲਵਿੰਦਰ ਸਿੰਘ, ਲੰਬੜਦਾਰ ਲਖਬੀਰ ਸਿੰਘ, ਡਾ ਸਰਵਣ ਸਿੰਘ, ਤਰਸੇਮ ਲਾਲ, ਗੁਰਮੀਤ ਸਿੰਘ, ਰਾਜਵਿੰਦਰ ਕੌਰ ਪੰਚ, ਵਿਦਿਆਵਤੀ ਸਾਬਕਾ ਸਰਪੰਚ, ਸਵਿੰਦਰ ਕੌਰ ਸਾਬਕਾ ਸਰਪੰਚ, ਜਸਬੀਰ ਸਿੰਘ, ਰਵੀ ਕੁਮਾਰ, ਰਾਜ ਕੁਮਾਰ, ਹਰਜੀਤ ਸਿੰਘ, ਹੰਸ ਰਾਜ, ਸੁਰਿੰਦਰ ਕੌਰ, ਮਨਜੀਤ ਕੌਰ, ਤਰਸੇਮ ਸਿੰਘ ਅਤੇ ਵੱਡੀ ਗਿਣਤੀ ਵਿਚ ਗੁਰੂ ਘਰ ਦੀਆਂ ਸੰਗਤਾਂ ਹਾਜ਼ਰ ਸਨ।

## ਸਰਹਿੰਦ ਨਹਿਰ 'ਚ ਡਿੱਗੀ ਕਾਰ, ਇੱਕ ਦੀ ਮੌਤ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੱਬੀ)** ਸ੍ਰੀ ਚਮਕੌਰ ਸਾਹਿਬ-ਰੂਪਨਗਰ ਮਾਰਗ 'ਤੇ ਪੈਂਦੇ ਪਿੰਡ ਝਾਲੂਟੀ ਨੇੜੇ ਇੱਕ ਕਾਰ ਸਰਹਿੰਦ ਨਹਿਰ ਵਿੱਚ ਡਿੱਗਣ ਕਾਰਨ ਕਾਰ ਚਾਲਕ ਦੀ ਮੌਤ ਹੋ ਗਈ ਜਦੋਂ ਕਿ ਕਾਰ ਨੂੰ ਬੜੀ ਮੁਸ਼ੱਕਤ ਉਪਰੰਤ ਬਾਹਰ ਕੱਢਿਆ ਗਿਆ।ਉਕਤ ਆਲਟੋ ਕਾਰ ਸੜਕ ਤੋਂ ਕਰੀਬ 20 ਫੁੱਟ ਡੂੰਘੀ ਚੱਲਦੀ ਨਹਿਰ ਵਿੱਚ ਜਾ ਡਿੱਗੀ ਅਤੇ ਦੇਖਦੇ ਵੇਖਦਿਆਂ ਕਾਫੀ ਡੂੰਘੇ ਪਾਣੀ ਵਿੱਚ ਚਲੀ ਗਈ। ਮੌਕੇ 'ਤੇ ਪੁੱਜੇ ਡੀ ਐਸ ਪੀ ਮਨਜੀਤ ਸਿੰਘ ਔਲਖ ਅਤੇ ਥਾਣਾ ਮੁਖੀ ਗੁਰਪ੍ਰੀਤ ਸਿੰਘ ਨੇ ਬਾਹਰੋਂ ਬੁਲਾਏ ਗੋਤਾਖੋਰਾਂ ਤੇ ਹਾਈਡਰਾ ਮਸ਼ੀਨ ਦੀ ਸਹਾਇਤਾ ਨਾਲ ਆਲਟੋ ਕਾਰ ਨੰਬਰ ਸੀ ਐਚ 04 ਐਫ 3929 ਤੇ ਕਾਰ ਚਾਲਕ ਨੂੰ ਬਾਹਰ ਕੱਢਿਆ ਪਰ ਉਦੋਂ ਤੱਕ ਕਾਰ ਚਾਲਕ ਦੀ ਮੌਤ ਹੋ ਚੁੱਕੀ ਸੀ।ਥਾਣਾ ਮੁਖੀ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਪਹਿਚਾਣ ਜਤਿੰਦਰ ਸਿੰਘ ਨਜ਼ਦੀਕੀ ਭੈਣੂਮਾਜਰਾ ਵਜੋਂ ਹੋਈ ਹੈ ਜੋ ਕਿ ਚਮਕੌਰ ਸਾਹਿਬ ਵਿਖੇ ਹੀ ਜੰਗਲਾਤ ਵਿਭਾਗ ਵਿਚ ਨੌਕਰੀ ਕਰਦਾ ਸੀ।ਡੀ ਐਸ ਪੀ ਮਨਜੀਤ ਸਿੰਘ ਔਲਖ ਨੇ ਦੱਸਿਆ ਕਿ ਪੁਲਸ ਨੇ ਮ੍ਰਿਤਕ ਦੀ ਲਾਸ਼ ਨੂੰ ਸਰਕਾਰੀ ਹਸਪਤਾਲ ਰੂਪਨਗਰ ਵਿਖੇ ਪੋਸਟਮਾਰਟਮ ਕਰਵਾਉਣ ਉਪਰੰਤ ਲਾਸ਼ ਵਾਰਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

## ਵਿਸ਼ੇਸ਼ ਬੱਚਿਆਂ ਦੀ ਪ੍ਰਤਿਭਾ ਸਮਾਜ ਦੀ ਇੱਕ ਕੀਮਤੀ ਵਿਰਾਸਤ : ਅਮਨ ਅਰੋੜਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਆਸ਼ਾ ਦੀਪ ਵੈਲਫੇਅਰ ਸੁਸਾਇਟੀ ਵਲੋਂ ਚਲਾਏ ਜਾ ਰਹੇ ਜਗਜੀਤ ਸਿੰਘ ਸਚਦੇਵਾ ਆਸ਼ਾ ਕਿਰਨ ਸਪੈਸ਼ਲ ਸਕੂਲ ਅਤੇ ਸਪੈਸ਼ਲ ਓਲੰਪਿਕ ਭਾਰਤ, ਪੰਜਾਬ ਚੈਪਟਰ ਦੇ ਸਾਂਝੇ ਪ੍ਰਬੰਧ ਹੇਠ ਉਮੰਗ 2025 ਸੀਜ਼ਨ7 ਦਾ ਰੰਗਾਰੰਗ ਪ੍ਰੋਗਰਾਮ ਜੇਮਸ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਹੁਸ਼ਿਆਰਪੁਰ ਵਿਖੇ ਕਰਵਾਇਆ ਗਿਆ। ਇਹ ਪ੍ਰੋਗਰਾਮ ਵਿਸ਼ੇਸ਼ ਤੌਰ ਤੇ ਬੌਧਿਕ ਰੂਪ ਵਿਚ ਚੁਣੌਤੀਆਂ ਪੂਰਨ ਬੱਚਿਆਂ ਦੀ ਪ੍ਰਤਿਭਾ ਨੂੰ ਇਕ ਪਲੇਟਫਾਰਮ ਪ੍ਰਦਾਨ ਕਰਨ ਅਤੇ ਉਨ੍ਹਾਂ ਦੇ ਆਤਮ ਵਿਸ਼ਵਾਸ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਕਰਵਾਇਆ ਗਿਆ।ਇਸ ਮੌਕੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਮੁੱਖ ਮਹਿਮਾਨ ਵਜੋਂ ਮੌਜੂਦ ਸਨ।ਉਨ੍ਹਾਂ ਕਿਹਾ ਕਿ ਵਿਸ਼ੇਸ਼ ਤੌਰ 'ਤੇ ਅਪਾਹਜ ਬੱਚੇ ਸਾਡੇ ਸਮਾਜ ਦੀ ਕੀਮਤੀ ਵਿਰਾਸਤ ਹਨ। ਉਨ੍ਹਾਂ ਦੇ ਅੰਦਰ ਬੇਅੰਤ ਸੰਭਾਵਨਾਵਾਂ ਅਤੇ ਵਿਸ਼ੇਸ਼ ਪ੍ਰਤਿਭਾ ਛੁਪੀ ਹੋਈ ਹੈ।ਅਜਿਹੇ ਸਮਾਗਮਾਂ ਰਾਹੀਂ ਨਾ ਸਿਰਫ਼ ਉਨ੍ਹਾਂ ਦਾ ਮਨੋਬਲ ਵਧਦਾ ਹੈ ਸਗੋਂ ਉਨ੍ਹਾਂ ਨੂੰ ਇੱਕ ਸਕਾਰਾਤਮਕ ਪਛਾਣ ਵੀ ਮਿਲਦੀ ਹੈ।ਪੰਜਾਬ ਸਰਕਾਰ ਸਮਾਵੇਸ਼ੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਅਜਿਹੇ ਸਮਾਗਮ ਭਵਿੱਖ ਵਿੱਚ ਵੀ ਹਰ ਸੰਭਵ ਸਹਿਯੋਗ ਕਰਨਗੇ।ਅਰੋੜਾ ਨੇ ਪ੍ਰਬੰਧਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਆਸ਼ਾਦੀਪ ਵੈਲਫੇਅਰ ਸੋਸਾਇਟੀ ਅਤੇ ਸਪੈਸ਼ਲ ਓਲੰਪਿਕ ਟੀਮ ਨੂੰ ਵਧਾਈ ਦਿੱਤੀ। ਇਸ ਮੌਕੇ ਆਰਥਿਕ ਨੀਤੀ ਅਤੇ ਯੋਜਨਾ ਬੋਰਡ ਪੰਜਾਬ ਅਤੇ ਸੋਨਾਲੀਕਾ ਇੰਡਸਟਰੀਜ਼ ਗਰੁੱਪ ਦੇ ਵਾਈਸ ਚੇਅਰਮੈਨ ਅੰਮ੍ਰਿਤ ਸਾਗਰ ਮਿੱਤਲ ਨੇ ਕਿਹਾ ਕਿ ਵਿਸ਼ੇਸ਼ ਬੱਚਿਆਂ ਦੀ ਸਿੱਖਿਆ ਅਤੇ ਸਮਾਜਿਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਸਾਡਾ ਨੈਤਿਕ ਫਰਜ਼ ਹੈ। 'ਉਮੰਗ 2025' ਵਰਗੇ ਸਮਾਗਮ ਸਮਾਜ ਨੂੰ ਸਦਭਾਵਨਾ ਵੱਲ ਪ੍ਰੇਰਿਤ ਕਰਦੇ ਹਨ ਅਤੇ ਸੱਚੇ ਸਮਾਵੇਸ਼ ਦੀ ਝਲਕ ਪ੍ਰਦਾਨ ਕਰਦੇ ਹਨ।ਪ੍ਰੋਗਰਾਮ ਦੌਰਾਨ, ਸਪੈਸ਼ਲ ਓਲੰਪਿਕਸ ਪੰਜਾਬ ਦੇ ਏਰੀਆ ਡਾਇਰੈਕਟਰ ਪਰਮਜੀਤ ਸਿੰਘ ਸਚਦੇਵਾ ਨੇ ਕਿਹਾ ਕਿ ਇਹ ਪੂਰੇ ਦੇਸ਼ ਵਿੱਚ ਆਪਣੀ ਕਿਸਮ ਦਾ ਇੱਕੋ ਇੱਕ ਸੱਭਿਆਚਾਰਕ ਮੁਕਾਬਲਾ ਹੈ, ਜਿਸ ਵਿੱਚ ਇਸ ਸਾਲ ਭਾਰਤ ਦੇ ਵੱਖ-ਵੱਖ ਰਾਜਾਂ ਦੀਆਂ 29 ਟੀਮਾਂ ਦੇ 330 ਵਿਸ਼ੇਸ਼ ਬੱਚਿਆਂ ਨੇ ਹਿੱਸਾ ਲਿਆ। ਇਹ ਮੁਕਾਬਲਾ ਦੇਸ਼ ਭਰ ਦੇ ਵਿਸ਼ੇਸ਼ ਬੱਚਿਆਂ ਲਈ ਇੱਕ ਮਿਸਾਲ ਬਣ ਗਿਆ ਹੈ।



## ਦਿ ਲੈਂਡਮਾਰਕ ਸਕੂਲ 'ਚ ਗ੍ਰੈਜੂਏਸ਼ਨ ਸੈਰੇਮਨੀ ਕਰਵਾਈ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਦਿ ਲੈਂਡਮਾਰਕ ਸਕੂਲ ਭੋਗਪੁਰ ਵਿਖੇ ਗ੍ਰੈਜੂਏਸ਼ਨ ਸੈਰੇਮਨੀ ਵਿੱਚ 60 ਤੋਂ ਵੱਧ ਬੱਚਿਆਂ ਨੂੰ ਡਿਗਰੀਆਂ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਵੀਡਿਸ਼ ਡੇਲੀਗੇਟ ਹੰਸ ਐਂਡਰੇ ਪੀਅਰਸਨ ਦਾ ਸਕੂਲ ਮੈਨੇਜਮੈਂਟ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਇੰਜ. ਸੁਖਵਿੰਦਰ ਸਿੰਘ, ਚੇਅਰਪਰਸਨ ਸ੍ਰੀਮਤੀ ਪਰਮਜੀਤ ਕੌਰ, ਪ੍ਰਧਾਨ ਮਿਸ ਮਨਜਿੰਦਰ ਕੌਰ, ਪ੍ਰਿੰਸੀਪਲ ਮਿਸ ਸੋਨਮ ਸ਼ਰਮਾ ਅਤੇ ਮਾਨਵ ਪਾਲ ਸਿੰਘ ਨੇ ਜੋਤੀ ਜਗਾ ਕੇ ਕੀਤੀ। ਇਸ ਉਪਰੰਤ ਜੂਨੀਅਰ ਬੱਚਿਆਂ ਨੇ ਸਵਾਗਤੀ ਗੀਤ, ਅਧਿਆਪਕਾਂ ਪ੍ਰਤੀ ਆਪਣਾ ਪਿਆਰ ਅਤੇ ਵੱਖ ਵੱਖ ਪੇਸ਼ਕਸ਼ ਦੇ ਕੇ ਆਏ ਹੋਏ ਮਹਿਮਾਨਾਂ ਅਤੇ ਮਾਪਿਆਂ ਦਾ ਮਨ ਮੋਹ ਲਿਆ। ਸਕੂਲ ਪ੍ਰਿੰਸੀਪਲ ਮਿਸ ਸੋਨਮ ਸ਼ਰਮਾ ਨੇ ਆਏ ਹੋਏ ਮਹਿਮਾਨਾ ਦਾ ਧੰਨਵਾਦ ਕੀਤਾ ਅਤੇ ਬੱਚਿਆਂ ਦੀ ਖੂਬ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੰਦਿਆਂ ਬੱਚਿਆਂ ਨੂੰ ਸਰਟੀਫਿਕੇਟ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ।

## ਗਾਇਕ ਸੁਖਵਿੰਦਰ ਲੈ ਕੇ ਆਏ ਧਾਰਮਿਕ ਟ੍ਰੈਕ 'ਸਿੱਖੀ ਦਾ ਨਿਸ਼ਾਨ'

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਵਿਸ਼ਵ ਪ੍ਰਸਿੱਧ ਆਵਾਜ਼ ਸੁਖਵਿੰਦਰ ਪੰਛੀ ਵੱਲੋਂ ਐਸ ਪੀ ਟ੍ਰੈਕ ਦੀ ਪੇਸ਼ਕਸ਼ ਵਿੱਚ ਸਰਬੱਤ ਸੰਗਤ ਦੇ ਲਈ ਖਾਲਸਾ ਸਾਜਨਾ ਦਿਵਸ 'ਤੇ ਵਿਸਾਖੀ ਦਿਹਾੜੇ ਦੇ ਮੌਕੇ ਵਿਸ਼ੇਸ਼ ਸਿੱਖ ਇਤਿਹਾਸ ਨਾਲ ਸੰਬੰਧਿਤ ਰਚਨਾ ਸੰਗਤ ਦੀ ਝੋਲੀ ਪਾਈ ਗਈ ਹੈ। ਜਿਸ ਦੀ ਵਿਸ਼ੇਸ਼ ਗੱਲਬਾਤ ਕਰਦਿਆਂ ਗਾਇਕ ਸੁਖਵਿੰਦਰ ਪੰਛੀ ਨੇ ਦੱਸਿਆ ਕਿ ਇਸ ਟ੍ਰੈਕ ਦਾ ਟਾਈਟਲ 'ਸਿੱਖੀ ਦਾ ਨਿਸ਼ਾਨ' ਹੈ, ਜਿਸ ਨੂੰ ਸਤਵਿੰਦਰ ਸਿੰਘ ਸੰਧਰ ਯੂ ਐਸ ਏ ਦੇ ਵਿਸ਼ੇਸ਼ ਉਪਰਾਲੇ ਸਦਕਾ ਸੰਗਤ ਤੱਕ ਪਹੁੰਚਾਇਆ ਗਿਆ ਹੈ।ਇਸ ਟ੍ਰੈਕ ਦੇ ਗਾਇਕ ਸੁਖਵਿੰਦਰ ਪੰਛੀ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਕਿ ਇਸ ਟ੍ਰੈਕ ਨੂੰ ਫੰਗਣ ਸਿੰਘ ਧਾਮੀ ਯੂ ਐਸ ਏ ਨੇ ਕਲਮਬੱਧ ਕੀਤਾ ਹੈ।ਜੋ ਪਹਿਲਾਂ ਵੀ ਅਨੇਕਾਂ ਧਾਰਮਿਕ ਟ੍ਰੈਕ ਸੰਗਤ ਦੀ ਝੋਲੀ ਪਾ ਚੁੱਕੇ ਹਨ ਤੇ ਬਹੁਤ ਹੀ ਬਿਹਤਰੀਨ ਤਰੀਕੇ ਦੇ ਸ਼ਾਇਰ ਹਨ।

## ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਨਤਮਸਤਕ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸੁਲਤਾਨਪੁਰ ਲੋਧੀ ਦੇ ਇਤਿਹਾਸਿਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ ਮੌਕੇ ਹਜ਼ਾਰਾਂ ਦੀ ਗਿਣਤੀ ਵਿਚ ਸੰਗਤ ਨੇ ਹਾਜ਼ਰੀ ਭਰ ਕੇ ਸ਼ਰਧਾ ਭਾਵਨਾ ਦਾ ਪ੍ਰਗਟਾਵਾ ਕੀਤਾ।ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਸ ਇਤਿਹਾਸਕ ਅਸਥਾਨ ਵਿਖੇ ਹਰ ਸੰਗਤ ਦਾ ਠਾਠਾਂ ਮਾਰਦਾ ਇਕੱਠ ਖਾਲਸਾਈ ਜਾਹੋ-ਜਲਾਲ ਦਾ ਪ੍ਰਗਟਾਵਾ ਕਰ ਰਿਹਾ ਸੀ। ਇਸ ਮੌਕੇ ਸੰਗਤਾਂ ਨੇ ਗੁਰੂ ਘਰ ਦੇ ਦਰਬਾਰ ਮੱਥਾ ਟੇਕਿਆ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਵੱਲੋਂ ਆਪਣੇ ਪਾਵਨ ਕਰ ਕਮਲਾਂ ਦੇ ਨਾਲ ਲਗਾਈ ਗਈ ਪਵਿੱਤਰ ਬੇਰੀ ਦੇ ਦਰਸ਼ਨ ਵੀ ਕੀਤੇ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਜਾਏ ਗਏ ਧਾਰਮਿਕ ਦੀਵਾਨਾਂ ਵਿਚ ਪੰਥ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਅਤੇ ਇਤਿਹਾਸ ਨੂੰ ਸੰਗਤਾਂ ਨਾਲ ਸਾਂਝਾ ਕੀਤਾ ਗਿਆ।



## ਮੰਗੂਪੁਰ ਦੀ ਅਗਵਾਈ ਹੇਠ ਜ਼ਿਲ੍ਹਾ ਕਾਂਗਰਸ ਕਮੇਟੀ ਦੀ ਮਹੀਨਾਵਾਰ ਮੀਟਿੰਗ ਹੋਈ



**ਬਲਾਚੌਰ (ਜਸਵਿੰਦਰ ਬੈਂਸ)** ਕਾਂਗਰਸ ਕਮੇਟੀ ਸ.ਭ.ਸ. ਨਗਰ ਦਾ ਹਰ ਮੈਂਬਰ ਪਾਰਟੀ ਲਈ ਵਚਨਬੱਧ ਇਹ ਕਹਿਣਾਂ ਹੈ ਜ਼ਿਲ੍ਹਾ ਪ੍ਰਧਾਨ ਕਾਂਗਰਸ ਅਜੇ ਮੰਗੂਪੁਰ ਦਾ।ਬੀਤੇ ਦਿਨੀ ਜ਼ਿਲ੍ਹਾ ਕਾਂਗਰਸ ਕਮੇਟੀ ਦੀ ਮਹੀਨਾਵਾਰ ਮੀਟਿੰਗ ਹੋਈ ਜਿਸ ਵਿੱਚ ਸਾਰੇ ਹੀ ਕਮੇਟੀ ਮੈਂਬਰ ਮੌਜੂਦ ਸਨ।ਇਸ ਮੀਟਿੰਗ ਦਾ ਮੁੱਖ ਏਜੰਡਾ ਸਮੂਹ ਮੈਂਬਰ ਸਾਹਿਬਾਨਾਂ ਨੂੰ ਬੂਥ ਕਮੇਟੀਆਂ ਅਤੇ ਮੰਡਲ ਕਮੇਟੀਆਂ ਦੀ ਅਹਿਮੀਅਤ ਬਾਰੇ ਜਾਣੂ ਕਰਾਉਣਾਂ ਸੀ।ਜ਼ਿਲ੍ਹਾ ਪ੍ਰਧਾਂਨ ਅਜੇ ਮੰਗੂਪੁਰ ਨੇ ਜ਼ਿਲ੍ਹੇ ਅੰਦਰ ਹੋ ਰਹੀਆ ਗਤੀਵਿਧੀਆਂ ਦਾ ਜਾਇਜ਼ਾ ਲੈਂਦਿਆ ਹੋਇਆ ਕਮੇਟੀ ਮੈਂਬਰਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਬੂਥ ਲੈਵਲ ਮਜ਼ਬੂਤ ਕਰਨ 'ਤੇ ਜੋਰ ਪਾਇਆ।ਜ਼ਿਲ੍ਹਾ ਕਾਂਗਰਸ ਕਮੇਟੀ ਦੇ ਸਮੂਹ ਮੈਂਬਰਾਂ ਵੱਲੋਂ ਜ਼ਿਲ੍ਹਾ ਪ੍ਰਧਾਨ ਨੂੰ ਵਿਸ਼ਵਾਸ ਜਤਾਇਆ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਹਰ ਸੰਭਵ ਯਤਨ ਕਰਨਗੇ।

## ਬੰਗਾ ਦੀ ਯਾਦ 'ਚੋਂ ਅੱਖਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ



**ਕਾਲਾ ਸੰਘਿਆਂ (ਮਨਜੀਤ ਮਾਨ)** ਸਵ. ਜੀਣ ਰਾਮ ਤੇ ਸਵ. ਸ਼੍ਰੀਮਤੀ ਜਵਾਲੀ ਦੇ ਪਰਵਾਰ ਵਲੋਂ ਇੰਜੀ: ਨਰਿੰਦਰ ਬੰਗਾ, ਦਵਿੰਦਰ ਬੰਗਾ, ਜਗਦੀਸ਼ ਬੰਗਾ ਹੋਰਾਂ ਆਪਣੇ ਸਵ. ਪਿਤਾ ਸ਼੍ਰੀ ਪ੍ਰਕਾਸ਼ ਚੰਦ ਬੰਗਾ ਦੀ ਨਿੱਘੀ ਯਾਦ ਵਿੱਚ ਪਹਿਲਾ ਅੱਖਾਂ ਦਾ ਜਾਂਚ ਕੈਂਪ ਲਗਾਇਆ ਗਿਆ। ਬਤੌਰ ਮੁੱਖ ਮਹਿਮਾਨ ਪੁੱਜੇ ਲੋਕ ਗਾਇਕ ਬੂਟਾ ਮੁਹੰਮਦ ਹੋਰਾਂ ਵੱਲੋਂ ਕੈਂਪ ਦਾ ਉਦਘਾਟਨ ਕੀਤਾ ਗਿਆ। ਕੈਂਪ ਦੇ ਸ਼ੁਰੂਆਤ ਵਿੱਚ ਇੱਕ ਸੈਮੀਨਾਰ ਅੱਖਾਂ ਦੀ ਸਾਂਭ ਸੰਭਾਲ ਵਾਰੇ ਕਰਵਾਇਆ ਗਿਆ। ਗਾਇਕ ਸਾਬਰੀ ਨੇ ਸਵ. ਪ੍ਰਕਾਸ਼ ਚੰਦ ਬੰਗਾ ਤੇ ਉਸਦੇ ਪਰਿਵਾਰ ਦੇ ਸਮਾਜ ਸੇਵੀ ਕੰਮਾਂ ਵਾਰੇ ਗੀਤ ਗਾ ਸੈਮੀਨਾਰ ਦੀ ਸ਼ੁਰੂਆਤ ਕੀਤੀ। ਸੈਮੀਨਾਰ 'ਚ ਬੂਟਾ ਮੁਹੰਮਦ, ਡਾ. ਚਰਨਜੀਤ ਸਿੰਘ, ਡਾ. ਲੂਸੀ ਬੰਗਾ, ਪ੍ਰਿੰਸੀ. ਏ ਕੇ ਰਤੂੜੀ, ਇੰਜੀ. ਨਰਿੰਦਰ ਬੰਗਾ, ਹੰਸ ਰਾਜ ਬੰਗਾ ਤੇ ਜਗਦੀਸ਼ ਬੰਗਾ ਹੋਰਾਂ ਸੰਬੋਧਨ ਕੀਤਾ। ਮਰੀਜ਼ਾਂ ਦੀ ਅੱਖਾਂ ਦੀ ਜਾਂਚ ਡਾ. ਚਰਨਜੀਤ ਸਿੰਘ ਤੇ ਸਟਾਫ਼ ਹੋਰਾਂ ਬੜੇ ਪਿਆਰ ਤੇ ਵਿਸਥਾਰ ਸਾਹਿਤ ਕੀਤੀ। 200 ਦੇ ਕਰੀਬ ਕੈਂਪ ਵਿੱਚ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਦਿੱਤੀਆਂ ਗਈਆਂ। ਕੈਂਪ ਨੂੰ ਸਫ਼ਲ ਬਣਾਉਣ 'ਚ ਦਵਿੰਦਰ ਬੰਗਾ, ਸੁਰਜੀਤ ਰੱਤੂ, ਹੰਸ ਰਾਜ ਬੰਗਾ, ਹਰਨਾਮ ਦਾਸ ਬੰਗਾ, ਕਮਲਜੀਤ ਬੰਗਾ, ਦਿਵਿਆ ਬੰਗਾ, ਪ੍ਰਤਾਪ ਸਿੰਘ ਬੰਗਾ, ਮਦਨ ਲਾਲ ਬੰਗਾ, ਸਰਪੰਚ ਅਵਤਾਰ ਕੌਰ, ਪ੍ਰਕਾਸ਼ ਕੌਰ, ਮੋਨਿਕਾ ਬੰਗਾ, ਰਾਜਾ ਸਾਬਰੀ, ਕੁਲਦੀਪ ਸਿੰਘ ਠੇਕੇਦਾਰ, ਰੁਪਿੰਦਰ ਸਿੰਘ ਕੂਕਾ, ਪਰਮਜੀਤ ਕੌਰ,ਚਮਨ ਲਾਲ ਆਦਿ ਦਾ ਭਰਪੂਰ ਸਹਿਯੋਗ ਰਿਹਾ।

## ਅਦਾਕਾਰ ਬੇਦੀ ਨੇ ਨਾਟਕ 'ਮਸਾਜ' ਨਾਲ ਐਲ ਪੀ ਯੂ ਨੂੰ ਕੀਤਾ ਮੰਤਰ ਮੁਗਧ

**ਜਲੰਧਰ (ਸ਼ੈਲੀ ਐਲਬਰਟ)**- ਪ੍ਰਸਿੱਧ ਭਾਰਤੀ ਫਿਲਮ ਅਦਾਕਾਰ ਅਤੇ ਨਿਰਦੇਸ਼ਕ ਰਾਕੇਸ਼ ਬੇਦੀ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਵਿਖੇ ਪ੍ਰਾਰਿਕ ਆਰਟਸ ਥੀਏਟਰ ਦੁਆਰਾ ਪੇਸ਼ ਕੀਤੇ ਗਏ ਆਲੋਚਕਾਂ ਦੁਆਰਾ ਪ੍ਰਸ਼ੰਸਾਯੋਗ ਨਾਟਕ 'ਮਸਾਜ' ਦੀ ਇੱਕ ਸ਼ਾਨਦਾਰ ਪੇਸ਼ਕਾਰੀ ਕੀਤੀ। ਇਹ ਵਿਅੰਗਮਈ ਪਰ ਦਿਲ ਨੂੰ ਛੂਹ ਲੈਣ ਵਾਲੀ ਕਹਾਣੀ, ਅ ਨ _ ਭ ਵ ੀ ਨਾਟਕਕਾਰ ਵਿਜੇ ਤੇਂਦੁਲਕਰ ਦੁਆਰਾ ਲਿਖੀ ਗਈ ਹਾਸੇ, ਨਾਟਕ ਅਤੇ ਸਮਾਜਿਕ ਟਿੱਪਣੀ ਦਾ ਇੱਕ ਦਿਲਚਸਪ ਮਿਸ਼ਰਣ ਹੈ।ਦੋ ਘੰਟਿਆਂ ਤੱਕ, ਬੇਦੀ ਨੇ 24 ਵੱਖ-ਵੱਖ ਕਿਰਦਾਰਾਂ ਵਿੱਚ ਸਹਿਜੇ ਹੀ ਤਬਦੀਲੀ ਕਰਕੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ, ਜਿਨ੍ਹਾਂ ਵਿੱਚੋਂ ਹਰ ਇੱਕ ਨੂੰ ਸ਼ਾਨਦਾਰ ਸੂਖਮਤਾ ਅਤੇ ਪ੍ਰਗਟਾਵੇ ਨਾਲ ਜੀਵਤ ਕੀਤਾ ਗਿਆ ਸੀ। ਇਹ ਡਰਾਮਾ ਹੈਪੀ ਕੁਮਾਰ ਦੇ ਸਫ਼ਰ ਨੂੰ ਦਰਸਾਉਂਦਾ ਹੈ, ਜੋ ਫਿਲਮ ਇੰਡਸਟਰੀ ਵਿੱਚ ਵੱਡਾ ਸਥਾਨ ਪ੍ਰਾਪਤ ਕਰਨਾ ਚਾਹੁੰਦਾ ਹੈ ਪਰ ਆਪਣੇ ਆਪ ਨੂੰ ਇੱਕ ਫਿਲਮ ਨਿਰਮਾਤਾ ਦੇ ਚੌਥੇ ਸਹਾਇਕ ਨਿਰਦੇਸ਼ਕ ਵਜੋਂ ਕੰਮ ਕਰਦਾ ਪਾਉਂਦਾ ਹੈ। ਇਸ ਪ੍ਰੋਗਰਾਮ ਵਿੱਚ, ਐਲ ਪੀ ਯੂ ਦੀ ਪ੍ਰੋ. ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ, ਐਲ ਪੀ ਯੂ ਦੇ ਵਾਈਸ ਚਾਂਸਲਰ ਡਾ. ਜਸਪਾਲ ਸਿੰਘ ਸੰਧੂ ਅਤੇ ਐਲ ਪੀ ਯੂ ਦੇ ਡਾਇਰੈਕਟਰ ਇੰਜੀਨੀਅਰ ਐਚ ਆਰ ਸਿੰਗਲਾ ਦੀ ਮੌਜੂਦਗੀ ਨੇ ਇਸ ਪ੍ਰੋਗਰਾਮ ਦੀ ਸ਼ੋਭਾ ਵਧਾ ਦਿੱਤੀ। ਨਾਟਕ ਬਾਰੇ ਬੋਲਦਿਆਂ, ਡਾ. ਰਸ਼ਮੀ ਮਿੱਤਲ ਨੇ ਕਿਹਾ, 'ਅਸੀਂ ਅਕਸਰ ਸਫਲਤਾ ਦੀਆਂ ਕਹਾਣੀਆਂ ਦਾ ਜਸ਼ਨ ਮਨਾਉਂਦੇ ਹਾਂ, ਪਰ ਇਹ ਸੰਘਰਸ਼ ਅਤੇ ਅਸਫਲਤਾ ਦੀਆਂ ਕਹਾਣੀਆਂ ਵਿੱਚ ਹੀ ਹੈ ਜੋ ਸਾਨੂੰ ਜ਼ਿੰਦਗੀ ਦੇ ਅਸਲ ਸਬਕ ਲੱਭਦੀਆਂ ਹਨ।ਇਸ ਨਾਟਕ ਨੇ ਸਾਨੂੰ ਯਾਦ ਦਿਵਾਇਆ ਕਿ ਅਸਫਲਤਾਵਾਂ ਅੰਤ ਨਹੀਂ ਹਨ, ਸਗੋਂ ਯਾਤਰਾ ਦਾ ਇੱਕ ਹਿੱਸਾ ਹਨ।



## ਵਿਸਾਖੀ ਮੌਕੇ ਰੋਟਰੀ ਕਲੱਬ ਨੇ ਲਗਾਇਆ ਦਵਾਈਆਂ ਦਾ ਲੰਗਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਰੋਟਰੀ ਕਲੱਬ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਮਲਟੀਸਪੈਸਲਟੀ ਹਸਪਤਾਲ ਦੇ ਸਹਿਯੋਗ ਨਾਲ ਖਾਲਸਾ ਪੰਥ ਦੇ ਜਨਮ ਦਿਹਾੜੇ ਮੌਕੇ ਆਨੰਦਪੁਰ ਸਾਹਿਬ ਕੀਰਤਪੁਰ ਸਾਹਿਬ ਤ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ ਜਿਸ ਵਿੱਚ ਮਰੀਜ਼ਾਂ ਦੀ ਜਾਂਚ ਕਰਨ ਉਪਰੰਤ ਉਹਨਾਂ ਨੂੰ ਦਵਾਈਆਂ ਮੁਫਤ ਵੰਡੀਆਂ ਗਈਆਂ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਰੋਟਰੀ ਕਲੱਬ ਦੇ ਸੈਕਟਰੀ ਜਸਵੀਰ ਸਿੰਘ ਜੱਸਾ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਿਸਾਖੀ ਵਾਲੇ ਦਿਨ ਪਿੰਡ ਬਢਲ ਵਿਖੇ ਜਿੱਥੇ ਪਿੰਡ ਵਾਸੀਆਂ ਵੱਲੋਂ ਤਿੰਨ ਦਿਨਾਂ ਗੁਰੂ ਕਾ ਲੰਗਰ ਅਤੁਤ ਵਰਤਾਇਆ ਜਾਂਦਾ ਹੈ ਉਥੇ ਹੀ ਰੋਟਰੀ ਕਲੱਬ ਵੱਲੋਂ ਦਵਾਈਆਂ ਦਾ ਲੰਗਰ ਅਤੇ ਮਰੀਜ਼ਾਂ ਦੀ ਮੁਫਤ ਜਾਂਚ ਕੈਂਪ ਲਗਾਇਆ ਗਿਆ ਜਿਸ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਮਲਟੀਸਪੈਲਟੀ ਹਸਪਤਾਲ ਦੇ ਐਮਡੀ ਉੱਘੇ ਸਰਜਨ ਡਾਕਟਰ ਪੀ ਜੇ ਐਸ ਕੰਗ ਦੀ ਅਗਵਾਈ ਹੇਠ ਉਹਨਾਂ ਦੀ ਸਮੁੱਚੀ ਟੀਮ ਵੱਲੋਂ 400 ਦੇ ਕਰੀਬ ਮਰੀਜ਼ਾਂ ਦੀ ਜਾਂਚ ਉਪਰੰਤ ਉਹਨਾਂ ਨੂੰ ਮੁਫਤ ਦਵਾਈਆਂ ਵੰਡੀਆਂ ਗਈਆਂ। ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਹਲਕਾ ਵਿਧਾਇਕ ਅਤੇ ਸਿੱਖਿਆ ਮੰਤਰੀ ਪੰਜਾਬ ਸਰਦਾਰ ਹਰਜੋਤ ਸਿੰਘ ਬੈਂਸ ਵਿਸ਼ੇਸ਼ ਤੌਰ 'ਤੇ ਪਹੁੰਚੇ ਜਿੱਥੇ ਉਹਨਾਂ ਨੇ ਰੋਟਰੀ ਕਲੱਬ ਵੱਲੋਂ ਸਮੇਂ-ਸਮੇਂ ਦੇ ਕੀਤੇ ਜਾਂਦੇ ਸਮਾਜ਼ ਭਲਾਈ ਦੇ ਕੰਮਾਂ ਦੀ ਸਲਾਂਘਾ ਕੀਤੀ। ਇਸ ਮੌਕੇ ਸਰਪੰਚ ਪ੍ਰਿਤਪਾਲ ਸਿੰਘ ਕੁੰਨਰ, ਸਾਬਕਾ ਪ੍ਰਧਾਨ ਸੁਖਵਿੰਦਰ ਪਾਲ ਸਿੰਘ, ਅਮਨਦੀਪ ਸਿੰਘ,ਅੰਕੁਸ਼ ਕੁਮਾਰ,ਮਨਜੀਤ ਸਿੰਘ ਸੁੱਖੀ, ਸਰੋਜ ਕੁਮਾਰੀ, ਮਨਪ੍ਰੀਤ ਕੌਰ ਪ੍ਰੀਆ, ਕੇਸਰ ਸਿੰਘ, ਕੁਲਵੀਰ ਸਿੰਘ, ਰਣਵੀਰ ਸਿੰਘ ਸਮੇਤ ਪਿੰਡ ਵਾਸੀ ਅਤੇ ਰੋਟਰੀ ਕਲੱਬ ਦੇ ਸਮੂਹ ਮੈਂਬਰ ਹਾਜ਼ਰ ਸਨ।



## ਸੁਖਵਿੰਦਰ ਕੌਰ ਨੇ 'ਖੇਲੋ ਮਾਸਟਰ ਨੈਸ਼ਨਲ ਗੇਮਜ਼' 'ਚ 2 ਗੋਲਡ ਤੇ ਇੱਕ ਸਿਲਵਰ ਮੈਡਲ ਜਿੱਤਿਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਖੇਲੋ ਮਾਸਟਰ ਨੈਸ਼ਨਲ ਗੇਮਜ਼ ਜੋ ਕਿ ਕਾਮਨਵੈਲਥ ਵਿਲੇਜ਼ ਦਿੱਲੀ ਵਿਖੇ 11 ਤੋਂ 13 ਅਪ੍ਰੈਲ ਨੂੰ ਕਰਵਾਈਆਂ ਗਈਆਂ, ਜਿਸ ਵਿੱਚ ਵੱਖ-ਵੱਖ ਰਾਜਾਂ ਤੋਂ ਆਏ ਖਿਡਾਰੀਆਂ ਨੇ ਭਾਗ ਲਿਆ।ਮੈਡਮ ਸੁਖਵਿੰਦਰ ਕੌਰ ਨਕੋਦਰ ਨੇ, ਟ੍ਰਿਪਲ ਜੰਪ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ, 80 ਮੀਟਰ ਹਰਡਲ ਰੇਸ ਵਿਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਗੋਲਡ ਮੈਡਲ ਤੇ ਲੌਂਗ ਜੰਪ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ ਸਿਲਵਰ ਮੈਡਲ ਪ੍ਰਾਪਤ ਕੀਤਾ। ਜਨਰਲ ਸਕੱਤਰ ਸ਼ਲੈਂਦਰ ਚੌਧਰੀ ਨੇ ਦੱਸਿਆ ਕਿ ਲਗਭਗ ਸਾਰੇ ਰਾਜਾਂ ਤੋਂ ਆਈਆ ਟੀਮਾਂ ਪ੍ਰੇਡ ਦੀ ਰਸਮ ਵਿੱਚ ਸ਼ਾਮਲ ਹੋਈਆਂ ਤੇ ਖੇਡਾਂ ਵਿੱਚ ਆਪਣੀ ਪ੍ਰਤਿਭਾ ਦੇ ਜੌਹਰ ਦਿਖਾਏ।ਖੇਡਾਂ ਵਿੱਚ ਜੇਤੂ ਖਿਡਾਰੀਆਂ ਨੂੰ ਮੈਡਲ, ਸਰਟੀਫਿਕੇਟ ਤੇ ਟੀ-ਸ਼ਰਟਾਂ ਨਾਲ ਸਨਮਾਨਿਤ ਕੀਤਾ ਗਿਆ।



## ਦੀ ਇੰਪੀਰੀਅਲ ਸਕੂਲ 'ਚ ਵਿਸਾਖ ਦਾ ਤਿਉਹਾਰ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਦੀ ਇੰਪੀਰੀਅਲ ਸਕੂਲ ਗਰੀਨ ਕੈਂਪਸ ਆਦਮਪੁਰ ਦੇ ਵਿਹੜੇ ਵਿੱਚ ਵਿਸਾਖੀ ਮਨਾਈ ਗਈ।ਸਕੂਲ ਸਮਾਗਮ ਚੇਅਰਮੈਨ ਜਗਦੀਸ਼ ਲਾਲ, ਡਾਇਰੈਕਟਰ ਜਗਮੋਹਣ ਅਰੋੜਾ, ਪ੍ਰਿੰਸੀਪਲ ਸ੍ਰੀਮਤੀ ਸਵਿੰਦਰ ਕੌਰ ਮੱਲ੍ਹੀ, ਚੀਫ਼ ਐਕਡਮਿਕ ਐਡਵਾਈਜ਼ਰ ਸ੍ਰੀਮਤੀ ਸ਼ੁਸ਼ਮਾ ਵਰਮਾ, ਵਾਇਸ ਪ੍ਰਿੰਸੀਪਲ ਸ਼੍ਰੀਮਤੀ ਪੂਜਾ ਠਾਕੁਰ, ਮੁੱਖ ਅਕਾਦਮਿਕ ਸਲਾਹਕਾਰ ਸ਼੍ਰੀਮਤੀ ਸੁਸ਼ਮਾ ਵਰਮਾ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਦੀ ਹਾਜ਼ਰੀ ਵਿੱਚ ਸ਼ੁਰੂ ਹੋਇਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਸਕੂਲ ਦੇ ਚੇਅਰਮੈਨ ਜਗਦੀਸ਼ ਲਾਲ, ਡਾਇਰੈਕਟਰ ਜਗਮੋਹਨ ਅਰੋੜਾ ਸ਼ਾਮਲ ਸਨ।ਸਭਾ ਦੀ ਸ਼ੁਰੂਆਤ ਗੁਰੂ ਸ਼ਬਦ ਨਾਲ ਕੀਤੀ ਗਈ।ਸਕੂਲ ਦੇ ਬੱਚਿਆਂ ਵੱਲੋਂ ਰੰਗਾਂ-ਰੰਗ ਪ੍ਰੋਗਰਾਮ ਭੰਗੜਾ ਪੇਸ਼ ਕੀਤਾ ਗਿਆ । ਛੇਵੀਂ ਜਮਾਤ ਦੇ ਵਿਦਿਆਰਥੀ ਗੁਰਤਾਜ ਵਲੋਂ ਗੱਤਕੇ ਦੇ ਜੌਹਰ ਦਿਖਾਏ ਗਏ।ਪ੍ਰਿੰਸੀਪਲ ਨੇ ਵਿਦਿਆਰਥੀਆਂ ਨੂੰ ਵਿਸਾਖੀ ਅਤੇ ਪੰਜਾਬ ਦੇ ਇਤਿਹਾਸ ਬਾਰੇ ਜਾਣੂ ਕਰਵਾਇਆ।ਅੰਤ ਵਿੱਚ ਦੀ ਸਕੂਲ ਦੇ ਚੇਅਰਮੈਨ ਡਾਇਰੈਕਟਰ ਨੇ ਸਾਰਿਆਂ ਨੂੰ ਵਧਾਈ ਦਿੱਤੀ।





## ਡਾ. ਅੰਬੇਡਕਰ ਦੀ ਮੂਰਤੀ ਸਥਾਪਨਾ ਦਾ ਕੰਮ ਸ਼ੁਰੂ



**ਸ਼ਾਹਕੋਟ (ਗਿਆਨ ਸੈਦਪੁਰੀ)** ਆਮ ਆਦਮੀ ਪਾਰਟੀ ਐਸ. ਸੀ. ਵਿੰਗ ਦੇ ਸੂਬਾ ਮੀਤ ਪ੍ਰਧਾਨ ਜਸਵੀਰ ਜਲਾਲਪੁਰੀ ਅਤੇ ਉਨ੍ਹਾਂ ਦੀ ਸਹਿਯੋਗੀ ਟੀਮ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਕੀਤਾ ਜਾ ਰਿਹਾ ਸੰਘਰਸ਼ ਉਸ ਵੇਲੇ ਸਫਲਤਾ ਵੱਲ ਵਧਦਾ ਹੋਇਆ ਨਜ਼ਰ ਆਇਆ ਜਦੋਂ ਸੰਵਿਧਾਨ ਨਿਰਮਾਤਾ ਡਾ. ਬੀ. ਆਰ ਅੰਬੇਡਕਰ ਦੀ ਸ਼ਾਹਕੋਟ ਵਿੱਚ ਮੂਰਤੀ ਸਥਾਪਨਾ ਵਾਸਤੇ ਡਿਪਟੀ ਕਮਿਸ਼ਨਰ ਜਲੰਧਰ ਵੱਲੋਂ ਮਨਜ਼ੂਰੀ ਮਿਲ ਗਈ।ਇਸ ਉਪਰੰਤ ਮੂਰਤੀ ਦੀ ਸਥਾਪਨਾ ਲਈ ਕੰਮ ਸ਼ੁਰੂ ਕਰ ਦਿੱਤਾ ਗਿਆ। ਡਾ. ਅੰਬੇਡਕਰ ਸਾਹਿਬ ਦੀ ਮੂਰਤੀ ਤਹਿਸੀਲ ਕੰਪਲੈਕਸ ਸ਼ਾਹਕੋਟ ਵਿੱਚ ਸਥਾਪਿਤ ਕੀਤੀ ਜਾ ਰਹੀ ਹੈ।ਜਸਵੀਰ ਸਿੰਘ ਜਲਾਲਪੁਰੀ ਨੇ ਪਹਿਲਾ ਟੱਕ ਲਾ ਕੇ ਕੰਮ ਦੀ ਸ਼ੁਰੂਆਤ ਕਰਵਾਈ। ਜਲਾਲਪੁਰੀ ਦੇ ਦੱਸਣ ਮੁਤਾਬਕ ਇਸ ਕੰਮ ਵਿੱਚ ਹਰ ਕਦਮ 'ਤੇ ਔਕੜਾਂ ਆਉਂਦੀਆ ਰਹੀਆਂ, ਪਰ ਉਨ੍ਹਾਂ ਨੇ ਦ੍ਰਿੜਤਾ ਦਾ ਪੱਲਾ ਨਹੀਂ ਛੱਡਿਆ।ਉਹ ਇਸ ਮੌਕੇ ਉਨ੍ਹਾਂ ਸਾਥੀਆਂ ਦਾ ਵੀ ਧੰਨਵਾਦ ਕਰਦੇ ਹਨ।ਜਿਹੜੇ ਉਨ੍ਹਾਂ ਨਾਲ ਹੌਸਲੇ ਨਾਲ ਖੜੇ ਰਹੇ।ਜਲਾਲਪੁਰੀ ਨੇ ਦੱਸਿਆ ਕਿ ਮੂਰਤੀ ਵਾਲੀ ਥਾਂ 'ਤੇ ਇੱਕ ਲਾਇਬਰੇਰੀ ਵੀ ਸਥਾਪਤ ਕੀਤੀ ਜਾਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜੱਸੀ ਸਰਪੰਚ ਨਿਹਾਲੂਵਾਲ, ਮਾਰਕਿਟ ਕਮੇਟੀ ਸ਼ਾਹਕੋਟ ਦੇ ਚੇਅਰਮੈਨ ਬਲਬੀਰ ਸਿੰਘ ਢੰਡੋਵਾਲ, ਚੇਅਰਮੈਨ ਹਰਜਿੰਦਰ ਸਿੰਘ ਸੀਚੇਵਾਲ, ਯੂਥ ਆਗੂ ਰਜਿੰਦਰ ਸਿੰਘ ਭੁੱਲਰ, ਮੈਂਬਰ ਨਗਰ ਪੰਚਾਇਤ ਸ਼ਾਹਕੋਟ ਰਾਖੀ ਮੱਟੂ, ਮਾਸਟਰ ਗੁਰਮੇਜ ਲਾਲ ਹੀਰ, ਲੈਕਚਰਾਰ ਦੇਵ ਰਾਜ ਮੀਏਂਵਾਲ, ਸੰਤੋਖ ਸਿੰਘ ਸਰਪੰਚ ਸਿੰਘ ਪੁਰ, ਕ੍ਰਿਸ਼ਨ ਕੁਮਾਰ ਬਿੱਟੂ, ਨਿਰਮਲ ਸਿੰਘ ਸੇਵਾ ਮੁਕਤ ਥਾਣੇਦਾਰ, ਸੁਖ ਰਾਮ, ਸਰਬਜੀਤ ਮੱਟੂ, ਡਾ. ਸੁਖਦੀਪ ਸਿੰਘ ਐਦਲ ਪੁਰ, ਕੈਪਟਨ ਸੁਰਜੀਤ ਸਿੰਘ, ਗੁਰਦੇਵ ਸਿੰਘ ਨੰਬਰਦਾਰ, ਪਰਮਜੀਤ ਨਾਹਰ, ਰਾਜੂ ਸਾਬਕਾ ਮੈਂਬਰ ਨਗਰ ਪੰਚਾਇਤ, ਬਲਬੀਰ ਨਿਹਾਲੂਵਾਲ, ਕੇਵਲ ਮੱਟੂ, ਜੋਤੀ ਨਿਹਾਲੂਵਾਲ, ਸੰਨੀ ਭਾਰਤੀ ਮਹੇ ਮੀਏਂਵਾਲ, ਵਰਿੰਦਰ ਸਿੰਘ ਸਰਪੰਚ ਮੰਢਾਲਾ, ਸਾਧੂ ਸਿੰਘ, ਬਾਬਾ ਗੋਰਾ ਤੇ ਦਿਲਪ੍ਰੀਤ ਮੀਏਂਵਾਲ ਹਾਜ਼ਰ ਸਨ।

## ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਵੱਲੋਂ ਮੀਟਿੰਗ ਦੌਰਾਨ ਨਸ਼ਿਆ ਖਿਲਾਫ ਲਏ ਅਹਿਮ ਫੈਸਲੇ

**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)** ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਦੇ ਸਮੂਹ ਕੌਂਸਲਰਾਂ ਵੱਲੋਂ ਪ੍ਰਧਾਨ ਹਰਜੀਤ ਸਿੰਘ ਜੀਤਾ ਦੀ ਅਗਵਾਈ ਹੇਠ ਹਾਊਸ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਸਮੂਹ ਮੈਂਬਰ ਸਾਹਿਬਾਨ ਵੱਲੋਂ ਨਸ਼ਿਆਂ ਖਿਲਾਫ ਸਰਬ ਸੰਮਤੀ ਨਾਲ ਸਖ਼ਤ ਮਤੇ ਪਾਸ ਕੀਤੇ ਗਏ।ਇਹ ਜਾਣਕਾਰੀ ਪ੍ਰਧਾਨ ਹਰਜੀਤ ਸਿੰਘ ਜੀਤਾ ਵੱਲੋਂ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਸ੍ਰੀ ਆਨੰਦਪੁਰ ਸਾਹਿਬ ਖਾਲਸੇ ਜਨਮ ਭੂਮੀ ਜਿਸ ਵਿੱਚ ਦੇਸ਼ ਵਿਦੇਸ਼ ਤੋਂ ਸ਼ਰਧਾਲੂ ਨਤਮਸਤਕ ਹੋਣ ਲਈ ਆਉਂਦੇ ਹਨ ਅਤੇ ਇੱਥੇ ਨਸ਼ਿਆਂ ਦੀ ਵਰਤੋਂ ਇੱਕ ਵੱਡੀ ਗੰਭੀਰ ਸਮੱਸਿਆ ਬਣ ਗਈ ਹੈ, ਜਿਸ ਨੂੰ ਦੇਖਦੇ ਹੋਏ ਨਗਰ ਕੌਂਸਲ ਦੇ ਹਾਊਸ ਵੱਲੋਂ ਫ਼ੈਸਲੇ ਲਏ ਗਏ ਕਿ ਸ਼ਹਿਰ ਵਿੱਚ ਕੋਈ ਵੀ ਵਿਅਕਤੀ ਨਸ਼ਾ ਵੇਚਦਾ ਖਰੀਦਦਾ ਅਤੇ ਨਸ਼ੇ ਦੀ ਵਰਤੋਂ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਉਹਨਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਹੈ ਜੇਕਰ ਕੋਈ ਵਿਅਕਤੀ ਜਾਂ ਉਸਦਾ ਪਰਿਵਾਰਿਕ ਮੈਂਬਰ ਨਸ਼ਾ ਕਰਨ ਦਾ ਆਦੀ ਹੈ ਅਤੇ ਉਹ ਨਸ਼ਾ ਛੱਡਣਾ ਚਾਹੁੰਦਾ ਹੈ ਤਾਂ ਉਸਨੂੰ ਪ੍ਰਸ਼ਾਸਨ ਦੀ ਮਦਦ ਨਾਲ ਨਸ਼ਾ ਛੁਡਾਓ ਕੇਂਦਰ ਵਿੱਚ ਦਾਖਲ ਕਰਵਾਇਆ ਜਾਵੇਗਾ।



## ਪ੍ਰਿਥਵੀ ਵੈਲਫੇਅਰ ਸੁਸਾਇਟੀ ਵੱਲੋਂ ਮਹਾਤਮਾ ਜਯੋਤੀਬਾ ਫੂਲੇ ਦਾ ਜਨਮਦਿਨ ਮਨਾਇਆ



**ਆਦਮਪੁਰ (ਪਰਮਜੀਤ ਸਿੰਘ)**- ਆਦਮਪੁਰ ਦੋਆਬਾ ਵਿਖੇ ਮਹਾਤਮਾ ਜਯੋਤੀਬਾ ਫੂਲੇ ਦਾ 197ਵੇਂ ਵਾ ਜਨਮਦਿਨ ਸਿੱਖਿਆ ਨੂੰ ਸਮਰਪਿਤ ਕਰਦਿਆਂ, ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਮਨਾਇਆ ਗਿਆ। ਪ੍ਰਿਥਿਵੀ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਹਰਿੰਦਰ ਸਿੰਘ ਨੇ ਸਾਥੀਆਂ ਦੇ ਸਹਿਯੋਗ ਨਾਲ ਇਸ ਨੂੰ ਜਯੋਤੀਬਾ ਫੂਲੇ ਦੀ ਜੀਵਨੀ ਤੋਂ ਪ੍ਰੇਰਿਤ ਹੋ ਕੇ ਉਨ੍ਹਾਂ ਦੇ ਮਾਰਗਦਰਸ਼ਨ ਤੋਂ ਸੇਧ ਲੈਂਦਿਆਂ ਮਨਾਇਆ।ਹਰਿੰਦਰ ਸਿੰਘ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਫੂਲੇ ਦੀ ਬਚਪਨ ਤੋਂ ਜਵਾਨੀ ਦੇ ਸੰਘਰਸ਼ ਬਾਰੇ ਚਾਨਣਾ ਪਾਇਆ। ਹਰਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਜਯੋਤੀਬਾ ਫੂਲੇ ਦੀ ਜੀਵਨੀ ਤੋਂ ਸੇਧ ਲੈਣ ਲਈ ਪ੍ਰੇਰਿਆ। ਸਿੱਖਿਆ ਨਾਲ ਜੁੜੇ ਰਹਿਣ ਲਈ ਵਿਦਿਆਰਥੀਆਂ ਨੂੰ ਕਾਪੀਆਂ ਵੀ ਵੰਡੀਆਂ । ਇਸ ਕਾਰਜ ਲਈ ਅਨਿਲ ਕੁਮਾਰ ਪੰਮੀ, ਹਰਜਿੰਦਰ ਪਾਲ ਸਿੰਘ, ਪ੍ਰੇਮ ਪਾਲ ਸਿੰਘ, ਪਰਮਿੰਦਰ ਸਿੰਘ ਨੇ ਵਿਸ਼ੇਸ਼ ਯੋਗਦਾਨ ਪਾਇਆ।ਇਸ ਮੌਕੇ ਮਹਿੰਦਰ ਸਿੰਘ, ਸ਼੍ਰੀਮਤੀ ਨੀਲਮ ਰਾਣੀ ( ਸਾਬਕਾ ਸਰਪੰਚ), ਪ੍ਰੇਮ ਪਾਲ ਸਿੰਘ ਹਾਜ਼ਰ ਸਨ।ਹਰਿੰਦਰ ਸਿੰਘ ਨੇ ਸਕੂਲ ਦੇ ਅਧਿਆਪਕ ਦੀਪਕ ਕੁਮਾਰ, ਸੰਦੀਪ ਅਤੇ ਸਮੂਹ ਸਟਾਰ ਦੀ ਵੀ ਸ਼ਲਾਘਾ ਕੀਤੀ।

## ਫੁਗਲਾਣਾ ਵਿਖੇ ਅੱਖਾਂ ਦਾ ਮੁਫਤ ਚੈੱਕਅੱਪ ਤੇ ਅਪ੍ਰੇਸ਼ਨ ਕੈਂਪ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਫੁਗਲਾਣਾ ਵਿਖੇ ਗੁਰਦੁਆਰਾ ਸਾਹਿਬ ਦੇ ਅਸਥਾਨ ਤੇ ਸਮਾਜ ਸੇਵੀ, ਪ੍ਰਧਾਨ ਮੰਡੀਕਰਨ ਸਭਾ ਹੁਸ਼ਿਆਰਪੁਰ ਤੇ ਪ੍ਰਧਾਨ ਸ਼ੇਰ-ਏ-ਪੰਜਾਬ ਸਪੋਰਟਸ ਕਲੱਬ ਫੁਗਲਾਣਾ ਦੀ ਮਾਤਾ ਮਹਿੰਦਰ ਕੌਰ ਦੀ ਯਾਦ 'ਚ ਪਿੰਡ ਫੁਗਲਾਣਾ ਵਿਖੇ 14 ਅਪ੍ਰੈਲ ਦਿਨ ਸੋਮਵਾਰ ਨੂੰ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਮੁਫ਼ਤ ਅੱਖਾਂ ਦਾ ਜਾਂਚ ਅਤੇ ਅਪਰੇਸ਼ਨ ਕੈਂਪ ਲਗਾਇਆ ਜਾ ਰਿਹਾ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਗੁਰਮੀਤ ਸਿੰਘ ਫੁਗਲਾਣਾ ਨੇ ਦੱਸਿਆ ਕਿ ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾਕਟਰ ਮਰੀਜ਼ਾਂ ਦੀ ਜਾਂਚ ਕਰਨਗੇ ਅਤੇ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਲੋੜਵੰਦ ਮਰੀਜ਼ਾਂ ਦੇ ਆਪ੍ਰੇਸ਼ਨ ਕਰਕੇ ਮੁਫ਼ਤ ਲੈਨਜ਼ ਵੀ ਪਾਏ ਜਾਣਗੇ।



## ਰਾਇਤ ਸਕੂਲ 'ਚ ਧੂਮਧਾਮ ਨਾਲ ਮਨਾਇਆ ਵਿਸ਼ਾਖੀ ਦਾ ਤਿਉਹਾਰ



**ਬਲਾਚੌਰ (ਜਸਵਿੰਦਰ ਬੈਂਸ)** ਰਾਇਤ ਇੰਟਰਨੈਸ਼ਨਲ ਸਕੂਲ ਰੈਲ ਮਾਜਰਾ ਜ਼ਿਲ੍ਹਾ ਐਸ ਬੀ ਐਸ ਨਗਰ ਵਿਖੇ ਸਵੇਰ ਦੀ ਸਭਾ ਵਿੱਚ ਵਿਸਾਖੀ ਦਾ ਤਿਉਹਾਰ ਬੜੀ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਵਿਦਿਆਥੀਆਂ ਨੇ ਸੱਭਿਆਚਾਰਕ ਰੰਗਾ ਰੰਗ ਪ੍ਰੋਗਰਾਮ ਪੇਸ਼ ਕਰਕੇ ਖੂਬ ਰੰਗ ਬੰਨ੍ਹਿਆ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਸੁਪਿੰਦਰ ਕੌਰ ਢੀਂਡਸਾ ਵਲੋਂ ਆਪਣੇ ਭਾਸ਼ਣ ਵਿੱਚ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸੰਬੋਧਨ ਕੀਤਾ। ਉਹਨਾਂ ਆਪਣੇ ਸੰਬੋਧਨੀ ਸ਼ਬਤਾਂ ਵਿੱਚ ਗੁਰੂ ਜੀ ਦੁਆਰਾ ਸਾਜੇ ਗਏ ਖਾਲਸਾ ਪੰਥ ਦੀ ਵਿਲਖਣਾ 'ਤੇ ਜ਼ੋਰ ਦਿੱਤਾ।ਇਸ ਮੌਕੇ ਸਕੂਲ ਦੇ ਵਾਇਸ ਪ੍ਰਿੰਸੀਪਲ ਨਵੀਨ ਕੁਮਾਰ ਜੋਸ਼ੀ ਕੋਆਰਡੀਨੇਟਰਜ ਅਤੇ ਸਮੂਹ ਅਧਿਆਪਕ ਹਾਜ਼ਰ ਸਨ।

## ਸ਼ਿਵ ਸੈਨਾ ਹਿੰਦੁਸਤਾਨ ਨੇ ਅੱਤਵਾਦ ਖਿਲਾਫ ਪੁਤਲਾ ਫੂਕ ਕੀਤਾ ਪ੍ਰਦਰਸ਼ਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਆਏ ਦਿਨ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਅਤੇ ਪੁਲਸ ਥਾਣਿਆਂ ਤੋਂ ਇਲਾਵਾ ਹਿੰਦੂ ਨੇਤਾਵਾਂ ਦੇ ਘਰਾਂ ਵਿੱਚ ਹੈਂਡ ਗ੍ਰਨੇਟ ਸੁੱਟੇ ਜਾ ਰਹੇ ਹਨ।ਬੀਤੇ ਦਿਨੀ ਅੰਮ੍ਰਿਤਸਰੀ ਬਸਤੀ ਟਾਂਡਾ ਵਿਖੇ ਕਾਊਂਟਰ ਇੰਟੈਲੀਜੈਂਸੀ ਟੀਮ ਵੱਲੋਂ ਰੇਡ ਕਰਕੇ ਗ੍ਰਨੇਡ ਅਤੇ ਵਿਸਫੋਟਕ ਸਮਗਰੀ ਸਮੇਤ ਗ੍ਰਿਫਤਾਰ ਕੀਤੇ ਗਏ 2 ਵਿਅਕਤੀ ਜਿਹੜੇ ਕਿ ਕਿਸੇ ਵੱਡੇ ਕਾਂਡ ਦੀ ਤਿਆਰੀ ਵਿੱਚ ਸਨ ਦੇ ਰੋਸ ਵਜੋਂ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਅੱਤਵਾਦ ਦਾ ਪੁਤਲਾ ਸਾੜਿਆ ਗਿਆ।ਇਸ ਮੌਕੇ ਉਨ੍ਹਾਂ ਨਾਲ ਸਨਾਤਨ ਧਰਮ ਸਭਾ ਪ੍ਰਧਾਨ ਨਿਖਲੇਸ਼ ਜਸਰਾ ਨੈਨੂੰ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਤ, ਯੁਵਾ ਨੇਤਾ ਰਾਜੂ ਖੋਸਲਾ, ਸੀਨੀਅਰ ਹਿੰਦੂ ਨੇਤਾ ਅਸ਼ਵਨੀ ਕੁਮਾਰ ਗੋਗਾ, ਸਿਟੀ ਵਾਲਮੀਕਿ ਸਭਾ ਚੇਅਰਮੈਨ ਹੀਰਾ ਭੱਟੀ, ਵਾਈਸ ਪ੍ਰਧਾਨ ਬਿੰਦੀ ਭੱਟੀ, ਬਾਬਾ ਬੁਲੰਦਦੇਵ ਸੇਵਾ ਸੁਸਾਇਟੀ ਪ੍ਰਧਾਨ ਰੋਹਿਤ ਕੁਮਾਰ ਨੇ ਅੱਤਵਾਦ ਖਿਲਾਫ਼ ਨਾਅਰੇਬਾਜ਼ੀ ਕੀਤੀ। ਪ੍ਰਧਾਨ ਰਾਹੁਲ ਖੰਨਾ ਨੇ ਕਿਹਾ ਕਿ ਜਦੋਂ ਤੋਂ ਮਾਨ ਸਰਕਾਰ ਹੋਂਦ ਵਿੱਚ ਆਈ ਹੈ ਵਿਦੇਸ਼ਾਂ ਵਿੱਚ ਬੈਠੇ ਅੱਤਵਾਦੀਆਂ ਦੀ ਸ਼ਹਿ 'ਤੇ ਪੰਜਾਬ 'ਚ ਬੈਠੇ ਅਜਿਹੇ ਅੱਤਵਾਦੀਆਂ ਵੱਲੋਂ ਗ੍ਰਨੇਡ ਸੁੱਟੇ ਜਾਣ ਤੋਂ ਇਲਾਵਾ ਹੋਰ ਕਈ ਪ੍ਰਕਾਰ ਦੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ ਤਾਂ ਜੋ ਪੰਜਾਬ ਦਾ ਸ਼ਾਂਤਮਈ ਮਾਹੌਲ ਖਰਾਬ ਕੀਤਾ ਜਾ ਸਕੇ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪੰਜਾਬ ਦਾ ਮਾਹੌਲ ਖਰਾਬ ਕਰ ਰਹੇ ਅਜਿਹੇ ਅੱਤਵਾਦੀਆਂ ਨੂੰ ਜਲਦ ਨਕੇਲ ਪਾਉਣ ਦੇ ਠੋਸ ਉਪਰਾਲੇ ਨਾ ਕੀਤੇ ਤਾਂ ਸ਼ਿਵ ਸੈਨਾ ਹਿੰਦੁਸਤਾਨ ਸਾਰੇ ਹਿੰਦੂ ਸੰਗਠਨਾਂ ਦੇ ਸਹਿਯੋਗ ਨਾਲ ਸੜਕ ਜਾਮ ਤੇ ਪੁਤਲੇ ਫੂਕ ਪ੍ਰਦਰਸ਼ਨ ਕਰੇਗੀ ਜਿਸਦੀ ਸਾਰੀ ਜਿੰਮੇਦਾਰੀ ਸਰਕਾਰ ਦੀ ਹੋਵੇਗੀ।

## ਇਨੋਸੈਂਟ ਹਾਰਟਸ ਸਕੂਲ ਨੇ ਮਨਾਇਆ ਵਿਸਾਖੀ ਦਾ ਤਿਉਹਾਰ



**ਜਲੰਧਰ (ਸ਼ੈਲੀ ਐਲਬਰਟ)** ਇਨੋਸੈਂਟ ਹਾਰਟਸ ਸਕੂਲ ਦੀਆਂ ਪੰਜ ਸ਼ਾਖਾਵਾਂ, ਗ੍ਰੀਨ ਮਾਡਲ ਟਾਊਨ, ਲੋਹਾਰਾਂ, ਛਾਉਣੀ-ਜੰਡਿਆਲਾ ਰੋਡ, ਨੂਰਪੁਰ ਅਤੇ ਕਪੂਰਥਲਾ ਰੋਡ ਵਿੱਚ ਵਿਸਾਖੀ ਦਾ ਜੀਵੰਤ ਤਿਉਹਾਰ ਬਹੁਤ ਉਤਸ਼ਾਹ ਅਤੇ ਸੱਭਿਆਚਾਰਕ ਮਾਣ ਨਾਲ ਮਨਾਇਆ ਗਿਆ। 'ਪੰਜਾਬੀ ਸੱਭਿਆਚਾਰ' ਥੀਮ 'ਤੇ ਆਧਾਰਿਤ ਇਹ ਪ੍ਰੋਗਰਾਮ ਵਿਦਿਆਰਥੀਆਂ ਵਿੱਚ ਪੰਜਾਬ ਦੇ ਅਮੀਰ ਸੱਭਿਆਚਾਰਕ ਵਿਰਾਸਤ ਪ੍ਰਤੀ ਜਾਗਰੂਕਤਾ ਅਤੇ ਕਦਰਦਾਨੀ ਪੈਦਾ ਕਰਨ ਲਈ ਆਯੋਜਿਤ ਕੀਤਾ ਗਿਆ ਸੀ।ਪਹਿਲੀ ਅਤੇ ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਰਵਾਇਤੀ ਪੰਜਾਬੀ ਪਹਿਰਾਵੇ-ਫੁਲਕਾਰੀ ਦੁਪੱਟੇ, ਸਲਵਾਰ ਕਮੀਜ਼, ਕੁੜਤਾ-ਪਜਾਮੇ ਅਤੇ ਪੱਗਾਂ-ਨਾਲ ਸਭ ਦਾ ਮਨ ਮੋਹ ਲਿਆ।ਛੇਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੇ ਜੋਸ਼ੀਲੇ ਲੋਕ ਨਾਚ ਪ੍ਰਦਰਸ਼ਨਾਂ ਨਾਲ ਪੰਜਾਬ ਦੇ ਤੱਤ ਨੂੰ ਉਜਾਗਰ ਕੀਤਾ। ਸੱਭਿਆਚਾਰਕ ਇਮਰਸ਼ਨ ਨੂੰ ਅੱਗੇ ਵਧਾਉਂਦੇ ਹੋਏ ਨੌਵੀਂ ਅਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਸਾਂਝੀ ਵਿਰਾਸਤ, ਸਾਂਝਾ ਪਰਿਆਵਰਣ' ਵਿਸ਼ੇ 'ਤੇ ਆਧਾਰਿਤ ਅੰਤਰ-ਸਦਨ ਪੰਜਾਬੀ ਕਵਿਤਾ ਵਾਚਨ ਮੁਕਾਬਲੇ ਕਰਵਾਏ ਗਏ। ਭਾਗੀਦਾਰਾਂ ਨੇ ਆਪਣੀ ਭਾਸ਼ਣ ਕਲਾ ਨਾਲ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ। ਸਕੂਲ ਪ੍ਰਬੰਧਨ ਨੇ ਸਟਾਫ ਅਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਗਈ ਅਤੇ ਇਸ ਤਰ੍ਹਾਂ ਇਨੋਸੈਂਟ ਹਾਰਟਸ ਦੇ ਸੰਸਕ੍ਰਿਤਿਕ ਅਤੇ ਸੱਭਿਆਚਾਰਕ ਰੂਪ ਨਾਲ ਜੁੜੀ ਸਿੱਖਿਆ ਪ੍ਰਤੀ ਸਮਰਪਣ ਦੀ ਪੁਸ਼ਟੀ ਹੋਈ।



## ਜਸਵਿੰਦਰ ਜੱਸਾ ਸਰਬਸੰਮਤੀ ਨਾਲ ਪ੍ਰਧਾਨ ਨਿਯੁਕਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਮੋਬਾਇਲ ਦੁਕਾਨਦਾਰਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਅਤੇ ਇੱਕ ਸਟੇਜ ਤੇ ਇਕੱਠਾ ਕਰਨ ਲਈ ਨਵੀਨ ਟੈਲੀਕਾਮ ਦੇ ਐਮ.ਡੀ ਨਵੀਨ ਕੁਮਾਰ ਵਰਮਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਟਾਂਡਾ ਸ਼ਹਿਰ ਅਤੇ ਇਲਾਕੇ ਦੇ ਮੋਬਾਈਲ ਦੁਕਾਨਦਾਰਾਂ ਨੇ ਭਾਗ ਲਿਆ। ਮੀਟਿੰਗ ਵਿੱਚ ਮਤਾ ਪਾਸ ਕਰਕੇ ਮੋਬਾਇਲ ਐਸੋਸੀਏਸ਼ਨ ਬਣਾ ਕੇ ਸਰਬਸੰਮਤੀ ਨਾਲ ਅਹੁਦੇਦਾਰਾਂ ਦੀ ਚੋਣ ਕੀਤੀ ਗਈ। ਸਤਿਕਰਤਾਰ ਮੋਬਾਇਲ ਟਾਂਡਾ ਦੇ ਮਾਲਕ ਜਸਵਿੰਦਰ ਸਿੰਘ ਜੱਸੀ ਨੂੰ ਸਰਬਸੰਮਤੀ ਨਾਲ ਐਸੋਸੀਏਸ਼ਨ ਦਾ ਪ੍ਰਧਾਨ, ਅਰੋੜਾ ਮੋਬਾਈਲ ਦੇ ਐਮ.ਡੀ ਅਜੇ ਕੁਮਾਰ ਨੂੰ ਵਾਈਸ ਪ੍ਰਧਾਨ, ਸਿੰਘ ਮੋਬਾਈਲ ਦੇ ਐਮ.ਡੀ ਕਰਨਵੀਰ ਸਿੰਘ ਨੂੰ ਚੇਅਰਮੈਨ, ਆਰ.ਕੇ ਟੈਲੀਕੋਮ ਦੇ ਐਮ.ਡੀ ਰਾਜੇਸ਼ ਕੁਮਾਰ ਨੂੰ ਵਾਈਸ ਚੇਅਰਮੈਨ, ਸਾਬੀ ਟੈਲੀਕੋਮ ਦੇ ਮਾਲਿਕ ਮਹੇਸ਼ ਸਾਬੀ ਨੂੰ ਖਜਾਨਚੀ ਅਤੇ ਨਵੀਨ ਟੈਲੀਕੋਮ ਦੇ ਐਮ.ਡੀ ਨਵੀਨ ਕੁਮਾਰ ਵਰਮਾ ਨੂੰ ਸੈਕਟਰੀ ਨਿਯੁਕਤ ਕੀਤਾ ਗਿਆ। ਇਸ ਤੋਂ ਇਲਾਵਾ ਮੋਬਾਇਲ ਦੁਕਾਨਦਾਰਾਂ ਦੀਆਂ ਮੁਸ਼ਕਿਲਾਂ ਦੀ ਜਾਣਕਾਰੀ ਪ੍ਰਾਪਤ ਕਰਨ ਲਈ 11 ਮੈਂਬਰੀ ਕਮੇਟੀ ਦਾ ਗਠਨ ਵੀ ਕੀਤਾ ਗਿਆ।ਜੱਸੀ ਨੇ ਕਿਹਾ ਕਿ ਐਸੋਸੀਏਸ਼ਨ ਨੇ ਮੈਨੂੰ ਜਿਹੜੀਆਂ ਜਿੰਮੇਦਾਰੀਆਂ ਸੌਂਪੀਆਂ ਹਨ ਮੈਂ ਉਨ੍ਹਾਂ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਵਾਂਗਾ।

15-APR-PAGE-10.qxd 4/14/2025 8:45 PM Page 1



## ਯੰਗਜ਼ ਸਪੋਰਟਸ ਕਲੱਬ ਵੱਲੋਂ ਵਿਸ਼ਾਲ ਖ਼ੂਨਦਾਨ ਕੈਂਪ, 120 ਵਿਅਕਤੀਆਂ ਨੇ ਕੀਤਾ ਖ਼ੂਨਦਾਨ




**ਬੁਢਲਾਡਾ (ਅਸ਼ੋਕ ਲਕੜਾ)**-ਯੰਗਜ਼ ਸਪੋਰਟਸ ਕਲੱਬ ਬੁਢਲਾਡਾ ਵੱਲੋਂ ਇੱਕ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਗਿਆ।ਇਸ ਮੌਕੇ ਗੱਲਬਾਤ ਕਰਦੇ ਹੋਏ ਕਲੱਬ ਦੇ ਪ੍ਰਧਾਨ ਪ੍ਰਭਜੋਤ ਸਿੰਘ ਕੋਹਲੀ ਤੇ ਪ੍ਰੋਜੈਕਟ ਚੇਅਰਮੈਨ ਚਰਨਜੀਤ ਕਾਠ ਨੇ ਦੱਸਿਆ ਕਿ ਇਹ ਕਲੱਬ ਵੱਲੋਂ ਲਗਾਇਆ ਜਾ ਰਿਹਾ ਛੇਵਾਂ ਖ਼ੂਨਦਾਨ ਕੈਂਪ ਹੈ।ਖ਼ੂਨ ਦਾਨ ਇੱਕ ਉੱਤਮ ਦਾਨ ਹੈ, ਜਿਸ ਨਾਲ ਸਰੀਰ ਨੂੰ ਕੋਈ ਫਰਕ ਨਹੀਂ ਪੈਂਦਾ। ਖ਼ੂਨ ਦਾਨ ਕਰਨ ਨਾਲ ਸਰੀਰ ਤੰਦਰੁਸਤ ਰਹਿੰਦਾ ਹੈ ਤੇ ਖ਼ੂਨ ਦਾਨ ਕਰਕੇ ਕਿਸੇ ਜ਼ਰੂਰਤਮੰਦ ਦੇ ਕੰਮ ਆ ਕੇ ਉਸ ਦੀ ਜ਼ਿੰਦਗੀ ਬਚਾਉਂਦਾ ਹੈ।ਇਸ ਮੌਕੇ ਮਾਨਸਾ ਤੋਂ ਪਹੁੰਚੀ ਸਨੇਹਾ ਮੰਗਲਾ ਤੇ ਅਮਨ ਦੀਪ ਸਿੰਘ ਦੀ ਟੀਮ ਵੱਲੋਂ 120 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ।ਕਲੱਬ ਦੇ ਜਨਰਲ ਸਕੱਤਰ ਵਿਨੋਦ ਕੁਮਾਰ ਗਰਗ, ਕੈਸ਼ੀਅਰ ਸੁਰਿੰਦਰ ਬਾਂਸਲ ਤੋਂ ਇਲਾਵਾ ਗੋਬਿੰਦ ਗੋਇਲ, ਜਤਿੰਦਰ ਗੋਇਲ, ਬੌਬੀ ਗੋਇਲ, ਬੌਬੀ ਬਾਂਸਲ, ਜੰਗ ਦੀਪ ਸਿੰਘ, ਪ੍ਰਵੀਨ ਕੁਮਾਰ ਰਜਿੰਦਰ ਸ਼ੈਂਡੀ, ਵਿੱਕੀ ਸਿੰਗਲਾ, ਲਵਨੀਸ਼ ਗੋਇਲ, ਵੇਦ ਸਿੰਗਲਾ, ਰਵੀ ਸਿੰਗਲਾ, ਅਨੁਰਾਗ ਗਰਗ, ਅਮਰਜੀਤ ਸਿੰਘ, ਮਨਮੋਹਨ ਸਿੰਘ, ਸਚਿਨ ਅਹੂਜਾ ਤੇ ਸੇਠੀ ਦਾ ਇਸ ਕੈਂਪ ਨੂੰ ਸਫਲ ਬਣਾਉਣ ਵਿੱਚ ਵਿਸ਼ੇਸ਼ ਯੋਗਦਾਨ ਰਿਹਾ।ਇਨ੍ਹਾਂ ਤੋਂ ਇਲਾਵਾ ਨੇਕੀ ਫਾਊਂਡੇਸ਼ਨ, ਬਾਡੀ ਜ਼ੋਨ ਫਿਟਨੈੱਸ ਜਿੰਮ, ਸ੍ਰੀ ਮਹਾਂਕਾਲੇਸ਼ਵਰ ਕਾਵੜ ਸੰਘ ਤੇ ਕ੍ਰਿਸ਼ਨਾ ਕਾਲਜ ਰੱਲੀ ਦਾ ਇਸ ਕੈਂਪ ਵਿੱਚ ਵਿਸ਼ੇਸ਼ ਯੋਗਦਾਨ ਰਿਹਾ।

## 51 ਲੋੜਵੰਦ ਪਰਵਾਰਾਂ ਨੂੰ ਵੰਡਿਆ ਰਾਸ਼ਨ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੇ ਨੌਜਵਾਨਾਂ ਦੀ ਸਮਾਜ ਸੇਵੀ ਸੰਸਥਾ ਕਰ ਭਲਾ ਹੋ ਭਲਾ ਸੋਸਾਇਟੀ ਵੱਲੋਂ 58ਵੇਂ ਰਾਸ਼ਨ ਵੰਡ ਸਮਾਰੋਹ ਵਿੱਚ 51 ਲੋੜਵੰਦ ਪਰਵਾਰਾਂ ਨੂੰ ਸੁੱਕਾ ਰਾਸ਼ਨ ਵੰਡਿਆ ਗਿਆ।ਅਰੋੜਾ ਪ੍ਰਾਪਰਟੀ ਐਡਵਾਈਜ਼ਰ ਲਿੰਕ ਰੋਡ ਜਗਰਾਉਂ ਵਿਖੇ ਹੋਏ ਸਮਾਗਮ ਮੌਕੇ ਸੁਸਾਇਟੀ ਦੇ ਚੇਅਰਮੈਨ ਅਮਿਤ ਅਰੋੜਾ ਤੇ ਵਾਈਸ ਚੇਅਰਮੈਨ ਰਜਿੰਦਰ ਜੈਨ ਕਾਕਾ, ਪ੍ਰਧਾਨ ਮਦਨ ਲਾਲ ਨੇ ਕਿਹਾ ਕਿ ਸੁਸਾਇਟੀ ਵੱਲੋਂ 58 ਮਹੀਨੇ ਪਹਿਲਾਂ ਸ਼ੁਰੂ ਕੀਤਾ ਗਿਆ ਲੋੜਵੰਦ ਪਰਿਵਾਰਾਂ ਨੂੰ ਸੁੱਕਾ ਰਾਸ਼ਨ ਵੰਡਣ ਦਾ ਕੰਮ ਲਗਾਤਾਰ ਜਾਰੀ ਹੈ ਤੇ ਅੱਜ 58ਵੇਂ ਮਾਸਿਕ ਰਾਸ਼ਨ ਵੰਡ ਸਮਾਰੋਹ ਵਿੱਚ 51 ਲੋੜਵੰਦ ਪਰਵਾਰਾਂ ਨੂੰ ਸੁੱਕਾ ਰਾਸ਼ਨ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਸੁਸਾਇਟੀ ਦਾਨੀਆਂ ਦੀ ਮਦਦ ਨਾਲ ਕਈ ਸਮਾਜ ਸੇਵਾ ਪ੍ਰੋਜੈਕਟ ਚਲਾ ਰਹੀ ਹੈ; ਵਿੱਦਿਅਕ ਸੰਸਥਾਵਾਂ ਸਮੇਤ ਹੋਰ ਸੰਸਥਾਵਾਂ ਨੂੰ ਵੀ ਉਨ੍ਹਾਂ ਦੀ ਲੋੜ ਅਨੁਸਾਰ ਜ਼ਰੂਰੀ ਉਪਕਰਣ ਮੁਹੱਈਆ ਕਰਵਾਏ ਜਾ ਰਹੇ ਹਨ।ਇਸ ਮੌਕੇ ਸੁਸਾਇਟੀ ਦੇ ਸਕੱਤਰ ਨਨੇਸ਼ ਗਾਂਧੀ, ਕੈਸ਼ੀਅਰ ਨੀਰਜ ਕਟਾਰੀਆ, ਵਿਸ਼ਾਲ ਸ਼ਰਮਾ, ਸੁਨੀਲ ਬਜਾਜ, ਕਮਲ ਗੁਪਤਾ, ਭੁਪਿੰਦਰ ਸਿੰਘ ਮੁਰਲੀ ਆਦਿ ਹਾਜ਼ਰ ਸਨ।

## ਪੈਰਾਡਾਈਜ਼ ਸਕੂਲ ਨੇ ਮਨਾਇਆ ਵਿਸਾਖੀ ਦਾ ਦਿਹਾੜਾ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦਾ ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਤਿਹਾਸਕ ਮਹੱਤਤਾ ਤੇ ਪੰਜਾਬ ਦੀਆਂ ਅਮੀਰ ਪ੍ਰੰਪਰਾਵਾਂ ਨੂੰ ਉਜਾਗਰ ਕਰਦਿਆਂ ਕਰਵਾਏ ਗਏ ਪ੍ਰੋਗਰਾਮ ਦੌਰਾਨ ਰੰਗ ਬਿਰੰਗੀਆਂ ਪੌਸ਼ਾਕਾਂ ਪਾ ਕੇ ਛੋਟੇ-ਛੋਟੇ ਬੱਚਿਆਂ ਨੇ ਸਭ ਦਾ ਮਨ ਮੋਹ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਨਾਲ ਹੋਈ।ਵਿਦਿਆਰਥੀਆਂ ਵੱਲੋਂ ਦਸਵੇਂ ਸਿੱਖ ਗੁਰੂ, ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖਾਲਸਾ ਪੰਥ ਦੀ ਸਥਾਪਨਾ ਦੀ ਯਾਦ ਵਿੱਚ ਕਵਿਤਾ ਉਚਾਰਣ ਕੀਤੀ ਗਈ। ਵਿਦਿਆਰਥੀਆਂ ਨੇ ਪੰਜਾਬ ਦੇ ਸੱਭਿਆਚਾਰਕ ਤੱਤ ਨੂੰ ਪ੍ਰਦਰਸ਼ਤ ਕਰਦੇ ਹੋਏ ਲੋਕ ਵਿਰਸੇ ਨੂੰ ਦਰਸਾਉਂਦੀ ਕੋਰੀਓਗ੍ਰਾਫੀ ਪੇਸ਼ ਕੀਤੀ।ਵਿਦਿਆਰਥਣਾਂ ਦਾ ਗਿੱਧਾ ਤੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਭੰਗੜਾ ਪ੍ਰੋਗਰਾਮ ਨੂੰ ਸਿਖਰ 'ਤੇ ਲੈ ਗਿਆ।ਇਸ ਦਿਹਾੜੇ ਦੀ ਇੱਕ ਮੁੱਖ ਆਕਰਸ਼ਣ ਦਸਤਾਰ ਬੰਨ੍ਹਣ ਦਾ ਮੁਕਾਬਲਾ ਰਿਹਾ, ਜਿਸ ਵਿੱਚ ਚਾਰ ਹਾਊਸ (ਸਤਲੁਜ ਹਾਊਸ, ਬਿਆਸ ਹਾਊਸ, ਰਾਵੀ ਹਾਊਸ ਤੇ ਜਿਹਲਮ ਹਾਊਸ) ਦੇ ਵਿਦਿਆਰਥੀਆਂ ਨੇ ਆਪਣੇ ਹੁਨਰ ਤੇ ਸੱਭਿਆਚਾਰਕ ਮਾਣ ਦਾ ਪ੍ਰਦਰਸ਼ਨ ਕੀਤਾ। ਜੇਤੂਆਂ ਦਾ ਐਲਾਨ ਕੀਤਾ ਗਿਆ ਤੇ ਉਨ੍ਹਾਂ ਦੀ ਇਸ ਉੱਦਮ ਤੇ ਉਤਸ਼ਾਹ ਲਈ ਪ੍ਰਸੰਸਾ ਕੀਤੀ ਗਈ। ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਸਭਨਾਂ ਨੂੰ ਵਿਸਾਖੀ ਦਿਹਾੜੇ ਦੀਆਂ ਹਾਰਦਿਕ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾਂ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਤੇ ਅਜਿਹੇ ਤਿਉਹਾਰਾਂ ਨੂੰ ਏਕਤਾ ਤੇ ਖੁਸ਼ੀ ਦਾ ਪ੍ਰਤੀਕ ਦੱਸਦਿਆਂ ਇਨ੍ਹਾਂ ਨੂੰ ਮਨਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਇਸ ਮੌਕੇ ਸਕੂਲ ਦੇ ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇ ਨੇ ਵੀ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ।

# ਵਿਸਾਖੀ ਦੌੜ ਦੇ ਜੇਤੂਆਂ ਨੂੰ ਸਿਹਤ ਮੰਤਰੀ ਨੇ ਕੀਤਾ ਸਨਮਾਨਿਤ

### ਸਮਾਜ ਸੇਵੀ ਜਥੇਬੰਦੀਆਂ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਅੱਗੇ ਆਉਣ : ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਵਿਸਾਖੀ ਮੌਕੇ ਪਟਿਆਲਾ ਜ਼ਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਜਨਹਿੱਤ ਸੰਮਤੀ ਵੱਲੋਂ ਇੱਥੇ ਬਾਰਾਂਦਰੀ ਵਿਖੇ ਯੁੱਧ ਨਸ਼ਿਆਂ ਵਿਰੁੱਧ, ਨਸ਼ਾ ਮੁਕਤ ਭਾਰਤ ਅਭਿਆਨ ਤੇ ਸਿਹਤਮੰਦ ਪੰਜਾਬ ਮੁਹਿੰਮ ਤਹਿਤ ਕਰਵਾਈ ਗਈ ਵਿਸਾਖੀ ਦੌੜ ਦੇ ਜੇਤੂਆਂ ਨੂੰ ਸਨਮਾਨਤ ਕੀਤਾ।ਉਨ੍ਹਾਂ ਜਨ ਹਿੱਤ ਸੰਮਤੀ ਦੇ ਪ੍ਰਧਾਨ ਐੱਸ ਕੇ ਗੌਤਮ ਤੇ ਜਨਰਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਰੰਭੇ ਯੁੱਧ ਨਸ਼ਿਆਂ ਵਿਰੁੱਧ ਨੂੰ ਸਫ਼ਲ ਬਣਾਉਣ ਲਈ ਹੋਰ ਸਮਾਜ ਸੇਵੀ ਜਥੇਬੰਦੀਆਂ ਵੀ ਅੱਗੇ ਆਉਣ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਜਨਹਿੱਤ ਸੰਮਤੀ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤੇ ਨਸ਼ਾ ਮੁਕਤ ਸਿਹਤਮੰਦ ਪੰਜਾਬ ਮੁਹਿੰਮ ਤਹਿਤ ਵਿਸਾਖੀ ਦੌੜ ਕਰਵਾਉਣਾ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਬਹੁਤ ਹੀ ਸਹਾਈ ਹੋ ਸਕਦੇ ਹਨ ਅਤੇ ਉਨ੍ਹਾਂ ਦੀ ਰੁਚੀ ਖੇਡਾਂ ਵੱਲ ਵਧੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਨਸ਼ਿਆਂ ਨੂੰ ਖਤਮ ਕਰਨ ਲਈ ਹਰ ਦਿਨ ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਨ੍ਹਾਂ ਦੀਆਂ ਜਾਇਦਾਦਾਂ ਜਬਤ ਕੀਤੀਆਂ ਜਾ ਰਹੀਆਂ ਹਨ।

ਡਾ. ਬਲਬੀਰ ਸਿੰਘ ਨੇ ਜਨਹਿੱਤ ਸੰਮਤੀ ਵੱਲੋਂ ਪਟਿਆਲਾ ਸ਼ਹਿਰ ਦੇ ਪਾਰਕਾਂ ਦੀ ਸਾਂਭ ਸੰਭਾਲ, ਰਾਜਿੰਦਰਾ ਹਸਪਤਾਲ ਵਿੱਚ ਮਰੀਜ਼ਾਂ ਦੀ ਮਦਦ ਲਈ ਸੈਟਚਰ, ਵ੍ਹੀਲਚੇਅਰ, ਦਵਾਈਆ ਐਂਬੂਲੈਂਸਾਂ ਚਲਾਉਣੀਆਂ ਤੇ ਹੋਰ ਅਨੇਕਾਂ ਸਮਾਜ ਸੇਵੀ ਕਾਰਜਾਂ ਨੂੰ ਬਗੈਰ ਕਿਸੇ ਸੁਆਰਥ ਕਰਨ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਉਹੋ ਵੀ ਜਨ ਹਿੱਤ ਸੰਮਤੀ ਦੇ ਬਹੁਤ ਪੁਰਾਣੇ ਮੈਂਬਰ ਹਨ ਤੇ ਸਮਾਜ ਸੇਵੀ ਕਾਰਜਾਂ ਲਈ ਸੰਸਥਾ ਨੂੰ ਹਰ ਸੰਭਵ ਮਦਦ ਦਿੱਤੀ ਜਾਵੇਗੀ।

ਇਸ ਮੌਕੇ ਜਨ ਹਿੱਤ ਸੰਮਤੀ ਦੇ ਪ੍ਰਧਾਨ ਐੱਸ ਕੇ ਗੌਤਮ ਤੇ ਜਰਨਲ ਸਕੱਤਰ ਵਿਨੋਦ ਸ਼ਰਮਾ ਨੇ ਦੱਸਿਆ ਕਿ ਇਸ ਵਿਸਾਖੀ ਦੌੜ ਵਿੱਚ 1000 ਤੋਂ ਉੱਪਰ ਦੌੜਾਕ ਤੇ ਪਟਿਆਲਾਵੀਆਂ ਨੇ ਸ਼ਿਰਕਤ ਅਤੇ ਜੇਤੂਆਂ ਨੂੰ ਮੈਡਲ, ਮੋਮੈਂਟੋ, ਸਰਟੀਫਿਕੇਟ, ਰਿਫਰੈਸ਼ਮੈਂਟ ਵੀ ਦਿੱਤੀ ਗਈ।ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਸ ਤੇ ਸਿਵਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਕਰਵਾਈ ਗਈ ਇਸ ਵਿਸਾਖੀ ਦੌੜ ਦੀ ਪ੍ਰਧਾਨਗੀ ਮੇਅਰ ਕੁੰਦਨ ਗੋਗੀਆ ਤੇ ਐੱਸ ਪੀ ਸਿਟੀ ਪਲਵਿੰਦਰ ਸਿੰਘ ਚੀਮਾ ਨੇ ਕੀਤੀ।ਇਸ ਮੌਕੇ ਡਾ. ਸੁਧੀਰ ਵਰਮਾ, ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ, ਮੀਤ ਪ੍ਰਧਾਨ ਚਮਨ ਲਾਲ ਗਰਗ, ਜਤਵਿੰਦਰ ਗਰੇਵਾਲ, ਯੂਥ ਆਗੂ ਜਗਤਾਰ ਸਿੰਘ ਜੱਗੀ, ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਡਾ. ਸਤਵੰਤ ਸਿੰਘ, ਡਾ. ਧਨਵੰਤ ਸਿੰਘ, ਡਾ. ਗਰੋਵਰ, ਅਬਦੁਲ ਵਾਹਿਦ, ਪ੍ਰਿੰਸੀਪਲ ਮੋਦੀ ਕਾਲਜ ਨੀਰਜ਼ ਮੋਦੀ ਆਦਿ ਮੌਜੂਦ ਸਨ।

## ਪਵਾਤ ਦੇ ਜੰਗਲਾਂ 'ਚ ਤਿੰਨ ਗਾਵਾਂ ਦੀ ਹੱਤਿਆ, ਚਾਰ ਬਚਾਈਆਂ

**ਸਮਰਾਲਾ (ਸੁਰਜੀਤ ਸਿੰਘ)**-ਏਥੋਂ ਕਰੀਬ 10 ਕਿਲੋਮੀਟਰ ਦੂਰ ਪਿੰਡ ਪਵਾਤ ਦੇ ਸੰਘਣੇ ਜੰਗਲਾਂ ਵਿੱਚ ਕੁੱਝ ਸ਼ੱਕੀ ਲੋਕਾਂ ਵੱਲੋਂ ਤਿੰਨ ਗਾਵਾਂ ਦੀ ਹੱਤਿਆ ਕਰ ਦਿੱਤੀ ਗਈ ਤੇ ਚਾਰ ਨੂੰ ਬਚਾਅ ਲਿਆ ਗਿਆ। ਸ਼ਿਵ ਸੈਨਾ ਬਾਲ ਠਾਕਰੇ ਦੇ ਯੂਥ ਪ੍ਰਧਾਨ ਰਮਨ ਵਡੇਰਾ ਨੇ ਦੱਸਿਆ ਕਿ ਕਰੀਬ ਅੱਧੀ ਰਾਤ ਨੂੰ ਗਊ ਰੱਖਿਅਕ ਸਤੀਸ਼ ਕੁਮਾਰ ਨੇ ਸੂਚਿਤ ਕੀਤਾ ਕਿ ਕੁਝ ਸ਼ੱਕੀ ਲੋਕ ਗਾਵਾਂ ਸਮੇਤ ਪਿੰਡ ਪਵਾਤ ਦੇ ਜੰਗਲਾਂ ਵਿੱਚ ਵੜੇ ਹਨ।ਵਡੇਰਾ ਨੇ ਅੱਗੇ ਦੱਸਿਆ ਕਿ ਉਹ ਸਮਰਾਲਾ ਪੁਲਸ ਸਮੇਤ ਘਟਨਾ ਵਾਲੀ ਥਾਂ 'ਤੇ ਪੁੱਜੇ।ਪਤਾ ਲੱਗਿਆ ਕਿ ਤਿੰਨ ਗਾਵਾਂ ਦੀ ਹੱਤਿਆ ਹੋ ਚੁੱਕੀ ਹੈ ਤੇ ਚਾਰ ਜ਼ਿੰਦਾ ਹਨ, ਜਿਨ੍ਹਾਂ ਨੂੰ ਪਿੰਡ ਪਾਵਤ ਦੀ ਗਊਸ਼ਾਲਾ ਵਿੱਚ ਸੁਰੱਖਿਅਤ ਭੇਜ ਦਿੱਤਾ ਗਿਆ ਅਤੇ ਮ੍ਰਿਤਕ ਗਾਵਾਂ ਦਾ ਪੰਡਿਤ ਨੂੰ ਬੁਲਾ ਕੇ ਹਿੰਦੂ ਰਸਮਾਂ ਮੁਤਾਬਕ ਸੰਸਕਾਰ ਕਰ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਕਾਤਲ ਮੌਕੇ ਤੋਂ ਫ਼ਰਾਰ ਹੋ ਗਏ ਹਨ।ਗਊ ਹੱਤਿਆ ਦੀ ਇਸ ਘਿਨੌਣੀ ਹਰਕਤ ਤੋਂ ਇਲਾਕੇ ਦੇ ਹਿੰਦੂ ਫਿਰਕੇ ਵਿੱਚ ਭਾਰੀ ਰੋਸ ਹੈ। ਅਕਾਲੀ ਦਲ ਦੇ ਜਨਰਲ ਸਕੱਤਰ ਪਰਮਜੀਤ ਸਿੰਘ ਢਿੱਲੋਂ ਤੇ ਕਾਂਗਰਸ ਦੇ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਘਟਨਾ ਦੀ ਸਖਤ ਨਿੰਦਾ ਕੀਤੀ ਹੈ।ਰਮਨ ਵਡੇਰਾ ਨੇ ਪੁਲਸ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਦੋਸ਼ੀ 24 ਘੰਟਿਆਂ ਵਿੱਚ ਨਾ ਫੜ੍ਹੇ ਗਏ ਤਾਂ ਉਹ ਐਸ ਐਸ ਪੀ ਦਫਤਰ ਦਾ ਘਿਰਾਓ ਕਰਨਗੇ।ਇਸ ਦੌਰਾਨ ਪੁਲਸ ਨੇ ਕਿਹਾ ਕਿ ਇਸ ਘਟਨਾ ਸਬੰਧੀ ਵੱਖ ਵੱਖ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰਕੇ ਅਜੂਬ ਪੁੱਤਰ ਨਵਾਬਦੀਨ, ਸਲੀਮ ਪੁੱਤਰ ਨਵਾਬਦੀਨ, ਸਵੀਰ ਪੁੱਤਰ ਹਸਨ ਖ਼ਾਨ, ਯੂਸਫ਼ ਪੁੱਤਰ ਨੂਰ ਮੁਹੰਮਦ ਤੇ ਬਸ਼ੀਰ ਪੁੱਤਰ ਨੂਰ ਮੁਹੰਮਦ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲਿਆ ਗਿਆ ਹੈ।ਪੁਲਸ ਅਧਿਕਾਰੀਆਂ ਮੁਤਾਬਿਕ ਕੇਸ ਸਬੰਧੀ ਹੋਰ ਖੁਲਾਸੇ ਹੋਣ ਦੀ ਉਮੀਦ ਹੈ।

## ਸ਼ਰਾਬ ਦਾ ਠੇਕਾ ਚੁਕਵਾਉਣ ਲਈ ਲੋਹਗੜ੍ਹ ਵਾਸੀਆਂ ਵੱਲੋਂ ਰੋਸ ਪ੍ਰਦਰਸ਼ਨ ਜਾਰੀ

### ਕੋਈ ਸੁਣਵਾਈ ਨਾ ਹੋਣ 'ਤੇ ਲੋਕਾਂ 'ਚ ਗੁੱਸੇ ਦੀ ਲਹਿਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਲੋਹਗੜ੍ਹ (ਬਰਨਾਲਾ) ਵਾਸੀਆਂ ਵੱਲੋਂ ਰਿਹਾਇਸ਼ੀ ਖੇਤਰ ਵਿੱਚੋਂ ਸ਼ਰਾਬ ਦਾ ਠੇਕਾ ਚੁਕਵਾਉਣ ਦੀ ਮੰਗ ਨੂੰ ਲੈ ਕੇ ਦੂਜੇ ਦਿਨ ਵੀ ਰੋਸ ਪ੍ਰਦਰਸ਼ਨ ਕਰਕੇ ਸੂਬਾ ਸਰਕਾਰ, ਸਬੰਧਤ ਅਧਿਕਾਰੀਆਂ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਸਰਪੰਚ ਹਰਜਿੰਦਰ ਕੌਰ ਲੋਹਗੜ੍ਹ, ਪੰਚ ਬੇਅੰਤ ਸਿੰਘ ਧਨੇਸਰ ਨੇ ਦੱਸਿਆ ਕਿ ਵਾਰ ਵਾਰ ਸਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ ਦੇ ਬਾਵਜੂਦ ਲੋਹਗੜ੍ਹ ਵਾਸੀਆਂ ਦੀ ਕੋਈ ਸੁਣਵਾਈ ਨਹੀਂ ਹੋ ਰਹੀ।ਵੱਖ ਵੱਖ ਆਗੂਆਂ ਨੇ ਕਿਹਾ ਕਿ ਇਕ ਪਾਸੇ ਤਾਂ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਦੇ ਐਲਾਨ ਕਰ ਰਹੀ ਹੈ, ਪਰ ਦੂਜੇ ਪਾਸੇ ਰਹਾਇਸ਼ੀ ਖੇਤਰ ਵਿੱਚੋਂ ਸ਼ਰਾਬ ਦੇ ਠੇਕੇ ਨੂੰ ਚੁਕਵਾਉਣ ਲਈ ਪਿੰਡ ਲੋਹਗੜ੍ਹ ਵਾਸੀਆਂ ਨੂੰ ਸੰਘਰਸ਼ ਦੇ ਰਾਹ ਪੈਣਾ ਪੈ ਰਿਹਾ ਹੈ।ਪਿੰਡ ਵਾਸੀਆਂ ਬੰਤ ਸਿੰਘ, ਗੁਰਵਿੰਦਰ ਸਿੰਘ ਰਿੰਕੂ, ਮਨਜੀਤ ਸਿੰਘ ਧਨੇਸਰ, ਗੁਰਜੀਤ ਸਿੰਘ ਗੱਗੀ, ਸੁਖਜਿੰਦਰ ਸਿੰਘ ਕਾਲਾ, ਹਰਦੀਪ ਸਿੰਘ ਦੀਪਾ ਨੇ ਪਿੰਡ ਵਾਸੀਆਂ ਦੀ ਮਰਜ਼ੀ ਦੇ ਉਲਟ ਠੇਕੇਦਾਰ ਵੱਲੋਂ ਧੱਕੇ ਨਾਲ ਸ਼ਰਾਬ ਦਾ ਠੇਕਾ ਖੋਲ੍ਹੇ ਜਾਣ ਦੀ ਸਖਤ ਸ਼ਬਦਾਂ 'ਚ ਨਿੰਦਾ ਕਰਦਿਆਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਠੇਕਾ ਪਿੰਡੋਂ ਬਿਲਕੁਲ ਚੁਕਵਾਇਆ ਨਹੀਂ ਜਾਂਦਾ, ਉਨਾ ਚਿਰ ਸੰਘਰਸ਼ ਜਾਰੀ ਰਹੇਗਾ ਤੇ ਇਸ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

# ਪ੍ਰੈੱਸ ਕਲੱਬ ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਤ ਖ਼ੂਨਦਾਨ ਕੈਂਪ

### 55 ਵਿਅਕਤੀਆਂ ਨੇ ਕੀਤਾ ਖ਼ੂਨ ਦਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਖ਼ਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਤ 25ਵਾਂ ਵਿਸ਼ਾਲ ਖ਼ੂਨਦਾਨ ਕੈਂਪ ਇਤਿਹਾਸਕ ਗੁਰਦੁਆਰਾ ਜੰਡਸਰ ਸਾਹਿਬ ਪਿੰਡ ਠੁੱਲੀਵਾਲ (ਬਰਨਾਲਾ) ਵਿਖੇ ਪ੍ਰੈੱਸ ਕਲੱਬ ਮਹਿਲ ਕਲਾਂ ਵੱਲੋਂ ਗੁ: ਕਮੇਟੀ ਜੰਡਸਰ ਸਾਹਿਬ, ਗ੍ਰਾਮ ਪੰਚਾਇਤਾਂ ਤੇ ਸਮੂਹ ਖ਼ੂਨਦਾਨੀਆਂ ਦੇ ਸਹਿਯੋਗ ਨਾਲ ਲਗਾਇਆ ਗਿਆ, ਜਿਸ ਦਾ ਉਦਘਾਟਨ ਕਾਂਗਰਸ ਦੇ ਬਲਾਕ ਪ੍ਰਧਾਨ ਪ੍ਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ, ਹਲਕਾ ਕੋਆਰਡੀਨੇਟਰ ਗੁਰਮੇਲ ਸਿੰਘ ਮੌੜ, ਐਡਵੋਕੇਟ ਜਸਵੀਰ ਸਿੰਘ ਖੇੜੀ ਨੇ ਸਾਂਝੇ ਤੌਰ 'ਤੇ ਕੀਤਾ।ਉਨ੍ਹਾਂ ਪ੍ਰਬੰਧਕਾਂ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦਾ ਵਿਸ਼ਵਾਸ ਦੁਆਇਆ।ਗੁਰਦੁਆਰਾ ਕਮੇਟੀ ਪ੍ਰਧਾਨ ਜਥੇ: ਗੁਰਸੇਵਕ ਸਿੰਘ ਠੁੱਲੀਵਾਲ, ਹੈੱਡ ਗਰੰਥੀ ਭਾਈ ਪੂਰਨ ਸਿੰਘ ਨੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਇਸ ਸਮਾਜ ਸੇਵੀ ਕਾਰਜਾਂ ਦੀ ਸ਼ਲਾਘਾ ਕੀਤੀ।ਐੱਨ ਆਰ ਆਈ ਭੁਪਿੰਦਰ ਸਿੰਘ ਠੁੱਲੀਵਾਲ, ਪੰਜਾਬੀ ਲੇਖਿਕਾ ਕਮਲਜੀਤ ਕੌਰ ਗੁੰਮਟੀ, ਜਰਨੈਲ ਸਿੰਘ ਠੁੱਲੀਵਾਲ, ਕੁਮੈਂਟੇਟਰ ਲੱਖਾ ਖਿਆਲੀ, ਪ੍ਰਧਾਨ ਬਲਜਿੰਦਰ ਸਿੰਘ ਢਿੱਲੋਂ, ਮੰਗਤ ਸਿੰਘ ਸਿੱਧੂ ਨੇ ਖ਼ੂਨਦਾਨੀਆਂ ਨੂੰ ਆਸ਼ੀਰਵਾਦ ਦਿੰਦਿਆਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦਾ ਭਰੋਸਾ ਦਿਵਾਇਆ।ਇਸ ਮੌਕੇ ਖ਼ੂਨਦਾਨੀਆਂ ਨੇ ਬਲੱਡ ਬੈਂਕ ਸਿਵਲ ਹਸਪਤਾਲ ਬਰਨਾਲਾ ਦੀ ਟੀਮ ਨੂੰ 55 ਯੂਨਿਟ ਖ਼ੂਨ ਦਾਨ ਕੀਤਾ ਗਿਆ।ਪ੍ਰਬੰਧਕਾਂ ਵੱਲੋਂ ਮੁੱਖ ਮਹਿਮਾਨ, ਖ਼ੂਨਦਾਨੀਆਂ, ਵੱਖ-ਵੱਖ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

ਇਸ ਮੌਕੇ ਅਵਤਾਰ ਸਿੰਘ ਅਣਖੀ, ਕਿਸਾਨ ਆਗੂ ਅਮਰਜੀਤ ਸਿੰਘ ਮਹਿਲ ਖੁਰਦ, ਲਖਵਿੰਦਰ ਸ਼ਰਮਾ, ਹਰਜੀਤ ਸਿੰਘ ਗੋਗੀ, ਗੋਲਡੀ ਜਗਦੇ, ਰਮਨਦੀਪ ਸਿੰਘ ਠੁੱਲੀਵਾਲ, ਮੀਤ ਪ੍ਰਧਾਨ ਗੁਰਦੀਸ਼ ਸਿੰਘ, ਖਜ਼ਾਨਚੀ ਮਲਕੀਤ ਸਿੰਘ, ਮੈਂਬਰ ਭੋਲਾ ਸਿੰਘ, ਮੇਜਰ ਸਿੰਘ, ਜਸਪਾਲ ਸਿੰਘ ਨੀਲਾ, ਗੁਰਜੀਤ ਸਿੰਘ, ਦਰਸ਼ਨ ਸਿੰਘ ਬਾਠ, ਮਨਪ੍ਰੀਤ ਸਿੰਘ, ਮੇਜਰ ਸਿੰਘ, ਅਮਰਜੀਤ ਸਿੰਘ ਠੁੱਲੀਵਾਲ, ਬਲਵਿੰਦਰ ਸਿੰਘ ਵਜੀਦਕੇ, ਸੋਨੀ ਮਾਂਗੇਵਾਲ, ਗੁਰਮੁੱਖ ਸਿੰਘ ਹਮੀਦੀ, ਬਲਜੀਤ ਸਿੰਘ ਪੰਡੋਰੀ, ਮੇਘ ਰਾਜ ਜੋਸ਼ੀ, ਜਗਮੋਹਣ ਸ਼ਾਹ ਰਾਏਸਰ, ਡਾ: ਜਗਰਾਜ ਸਿੰਘ ਮੂੰਮ, ਪ੍ਰਦੀਪ ਸਿੰਘ ਲੋਹਗੜ੍ਹ, ਸੁਖਵਿੰਦਰ ਸਿੰਘ ਹੈਰੀ, ਮਨੀ ਸਹੋਤਾ, ਗੁਰਸੇਵਕ ਸਿੰਘ ਦੀਪ ਆਦਿ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ ਨੇ ਪੂਰਨਮਾਸ਼ੀ ਤੇ ਖਾਲਸਾ ਸਾਜਨਾ ਦਿਵਸ ਮਨਾਇਆ



**ਨਾਭਾ (ਵਰਿੰਦਰ ਵਰਮਾ)**-ਬੀਤੇ ਦਿਨੀਂ ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ ਸ੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ ਨਾਭਾ ਦੀ ਦੇਖ-ਰੇਖ ਵਿੱਚ ਪੂਰਨਮਾਸ਼ੀ ਤੇ ਖਾਲਸਾ ਸਾਜਨਾ ਦਿਵਸ ਬੀਬੀ ਬਿਮਲ ਕੌਰ, ਸੁਰਿੰਦਰਪਾਲ ਕੌਰ ਤੂੰਗਾਂ ਤੇ ਮਨਿੰਦਰ ਕੌਰ ਦੀ ਅਗਵਾਈ ਵਿੱਚ ਬੀਬੀਆਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ।ਬੇਟੀ ਨਵਕਿਰਨ ਕੌਰ ਤੇ ਗੁਰੂਘਰ ਦੇ ਵਜ਼ੀਰ ਭਾਈ ਜਤਿੰਦਰ ਸਿੰਘ ਵੱਲੋਂ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਖਾਲਸਾ ਸਾਜਨਾ ਦਿਵਸ ਦੀ ਮਹੱਤਤਾ ਬਾਰੇ ਇਤਿਹਾਸਕ ਵਿਚਾਰਾਂ ਦੀ ਸਾਂਝ ਕੀਤੀ।ਉਪਰੰਤ ਸੋਸਾਇਟੀ ਵੱਲੋਂ ਸ੍ਰ. ਰਵਿੰਦਰ ਸਿੰਘ ਵਾਸੀ ਭਾਈ ਜੈਮਲ ਸਿੰਘ ਕਲੋਨੀ ਨੂੰ ਬਤੌਰ ਲੈਕਚਰਾਰ ਬੇਦਾਗ ਸੇਵਾ ਮੁਕਤ ਹੋਣ ਤੇ ਗੁਰੂ ਘਰ ਦੀ ਸਫਾਈ ਸੇਵਕਾਂ ਸ੍ਰੀਮਤੀ ਨਿਰਮਲਾ ਦੇਵੀ ਦੇ ਪਤੀ ਰਾਜਿੰਦਰ ਕੁਮਾਰ ਨੂੰ ਨਗਰ ਪਾਲਿਕਾ ਨਾਭਾ ਤੋਂ ਸੇਵਾ ਮੁਕਤ ਹੋਣ 'ਤੇ ਸਨਮਾਨਤ ਕੀਤਾ ਗਿਆ ਅਤੇ ਰਵਿੰਦਰ ਸਿੰਘ ਦੇ ਪਰਿਵਾਰਕ ਮੈਂਬਰਾਂ ਨੂੰ ਵੀ ਸਿਰੋਪਾ ਦੇ ਕੇ ਸਨਮਾਨਤ ਕੀਤਾ ਗਿਆ।ਭਾਈ ਜਤਿੰਦਰ ਸਿੰਘ ਵੱਲੋਂ ਤਿਆਰ ਕਰਵਾਈ ਗੱਤਕਾ ਟੀਮ ਵੱਲੋਂ ਗੱਤਕੇ ਦੇ ਜੌਹਰ ਦਿਖਾਏ ਗਏ।ਖਾਲਸਾ ਸਾਜਨਾ ਦਿਵਸ 'ਤੇ ਕੋਰੀਓਗ੍ਰਾਫੀ ਪੇਸ਼ ਕੀਤੀ ਗਈ।ਸਟੇਜ ਦੀ ਡਿਊਟੀ ਦਲਵੀਰ ਸਿੰਘ ਨੇ ਬਾਖੂਬੀ ਨਿਭਾਈ।ਦਲਿਤ ਦਾਸਤਾਂ ਬਾਰੇ ਵਿਚਾਰਾਂ ਸਾਂਝੀਆਂ ਕੀਤੀਆਂ। ਇਸ ਮੌਕੇ ਸੋਸਾਇਟੀ ਦੇ ਸਮੂਹ ਅਹੁਦੇਦਾਰਾਂ ਰਾਮ ਸਿੰਘ ਮਹਿਮੀ, ਅਮਰ ਸਿੰਘ ਟੋਡਰਵਾਲ, ਗੁਰਮੁੱਖ ਸਿੰਘ ਤੂੰਗਾਂ, ਰਾਮਧਨ ਸਿੰਘ, ਰਣਜੀਤ ਸਿੰਘ, ਸੋਹਣ ਸਿੰਘ, ਹੰਸ ਰਾਜ ਮਹਿਮੀ, ਜਸਪਾਲ ਸਿੰਘ ਮਹਿਮੀ, ਦਰਸ਼ਨ ਸਿੰਘ, ਜਗਮੇਲ ਸਿੰਘ, ਜਸਵੀਰ ਸਿੰਘ ਆਦਿ ਹਾਜ਼ਰ ਸਨ।ਅੰਤ ਵਿੱਚ ਰਵਿੰਦਰ ਸਿੰਘ ਵੱਲੋਂ, ਜੋ ਸੋਸਾਇਟੀ ਦੇ ਖਜ਼ਾਨਚੀ ਹਨ, ਨੇ ਆਪਣੀ ਸੇਵਾ ਮੁਕਤੀ ਦੀ ਖੁਸ਼ੀ ਵਿੱਚ ਸੰਗਤਾਂ ਨੂੰ ਚਾਹ, ਲੱਡੂ, ਸਮੋਸਿਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।

# ਸੁਖਬੀਰ ਬਾਦਲ ਦੇ ਤੀਜੀ ਵਾਰ ਪ੍ਰਧਾਨ ਬਣਨ 'ਤੇ ਵਰਕਰਾਂ 'ਚ ਖੁਸ਼ੀ ਦੀ ਲਹਿਰ : ਹਨੀ ਫੱਤਣਵਾਲਾ

### ਪਿੰਡ ਬਾਦਲ ਪਹੁੰਚ ਕੇ ਸੁਖਬੀਰ ਬਾਦਲ ਨੂੰ ਦਿੱਤੀ ਵਧਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬੀਤੇ ਸਮੇਂ ਦੌਰਾਨ ਸ਼੍ਰੋਮਣੀ ਅਕਾਲੀ ਦਲ ਵਿੱਚ ਕਈ ਵੱਡੇ ਉਤਰਾਅ-ਚੜ੍ਹਾਅ ਆਏ ਤੇ ਪਾਰਟੀ ਨੂੰ ਕਈ ਪ੍ਰੀਖਿਆਵਾਂ ਵਿੱਚੋਂ ਗੁਜ਼ਰਨਾ ਪਿਆ। ਪਾਰਟੀ ਦੇ ਜਿਹੜੇ ਆਗੂ ਇਸ ਗੱਲ ਤੋਂ ਭਲੀਭਾਂਤ ਜਾਣੂ ਸਨ ਕਿ ਪਾਰਟੀ ਦੀ ਇੱਕਜੁੱਟਤਾ ਵਿੱਚ ਹੀ ਭਲਾਈ ਹੈ, ਉਨ੍ਹਾਂ ਨੇ ਕਦੇ ਵੀ ਪਾਰਟੀ ਤੋਂ ਹਟ ਕੇ ਕਿਸੇ ਤਰ੍ਹਾਂ ਦੀ ਕੋਈ ਬਿਆਨਬਾਜ਼ੀ ਨਹੀਂ ਕੀਤੀ। ਸੁਖਬੀਰ ਸਿੰਘ ਬਾਦਲ ਮੁੜ ਤੀਜੀ ਵਾਰ ਅਕਾਲੀ ਦਲ ਦੇ ਪ੍ਰਧਾਨ ਬਣਨ ਨਾਲ ਇਹ ਸਾਬਿਤ ਹੋ ਗਿਆ ਹੈ ਕਿ ਪਾਰਟੀ ਦਾ ਭਵਿੱਖ ਉਨ੍ਹਾਂ ਦੀ ਅਗਵਾਈ ਵਿੱਚ ਹੀ ਸੁਰੱਖਿਅਤ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਤੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਕਰਦਿਆਂ ਕਿਹਾ ਕਿ ਅਕਾਲੀ ਦਲ ਦੀ ਅਹਿਮ ਮੀਟਿੰਗ ਵਿੱਚ ਸੁਖਬੀਰ ਸਿੰਘ ਬਾਦਲ ਨੂੰ ਸਰਬ ਸੰਮਤੀ ਨਾਲ ਪਾਰਟੀ ਪ੍ਰਧਾਨ ਚੁਣੇ ਜਾਣ ਨਾਲ ਸਮੁੱਚੇ ਅਕਾਲੀ ਵਰਕਰਾਂ, ਆਗੂਆਂ ਤੇ ਸਮਰਥਕਾਂ ਵਿੱਚ ਭਾਰੀ ਖੁਸ਼ੀ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਦੇ ਪ੍ਰਧਾਨ ਬਣਨ ਨਾਲ ਪਾਰਟੀ ਵਧੇਰੇ ਮਜ਼ਬੂਤ ਹੋਵੇਗੀ ਤੇ ਸ਼ਾਨਦਾਰ ਜਿੱਤ ਵੱਲ ਵਧੇਗੀ।ਹਨੀ ਫੱਤਣਵਾਲਾ ਨੇ ਪਿੰਡ ਬਾਦਲ ਵਿਖੇ ਪਹੁੰਚ ਕੇ ਸੁਖਬੀਰ ਸਿੰਘ ਬਾਦਲ ਨੂੰ ਤੀਜੀ ਵਾਰ ਪਾਰਟੀ ਦਾ ਪ੍ਰਧਾਨ ਬਣਨ 'ਤੇ ਵਧਾਈ ਦਿੱਤੀ।ਹਨੀ ਫੱਤਣਵਾਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਵਿਰੋਧੀ ਪਾਰਟੀਆਂ ਤੋਂ ਅੱਕੇ ਪਏ ਹਨ ਤੇ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ। ਇਸ ਮੌਕੇ ਮਨਜੀਤ ਸਿੰਘ ਫੱਤਣਵਾਲਾ ਸਾਬਕਾ ਚੇਅਰਮੈਨ ਸ਼ੂਗਰ ਮਿੱਲ ਫਰੀਦਕੋਟ, ਜੈਰਾਜ ਸਿੰਘ ਬਰਾੜ ਵਾਈਸ ਪ੍ਰਧਾਨ ਯੂਥ ਅਕਾਲੀ ਦਲ ਤੋਂ ਇਲਾਵਾ ਜਗਸੀਰ ਸਿੰਘ ਨੰਬਰਦਾਰ, ਇਕਬਾਲ ਸਿੰਘ ਸੰਗੂਧੌਣ, ਰੌਬੀ ਬਰਾੜ, ਠਾਕੁਰ ਸਿੰਘ ਮਾਨ, ਬੋਹੜ ਸਿੰਘ, ਡੀ.ਸੀ ਕੋਟਲੀ ਸੰਘਰ, ਅੰਗਰੇਜ ਸਿੰਘ, ਸ਼ਮਿੰਦਰ ਸਿੰਘ ਸੰਧੂ, ਅਵਤਾਰ ਸਿੰਘ ਸਾਬਕਾ ਸਰਪੰਚ, ਹੀਰਾ ਸਿੰਘ ਸਦਰਵਾਲਾ, ਸਤਬੀਰ ਸਿੰਘ, ਗੁਰਪ੍ਰੀਤ ਸਿੰਘ ਕ੍ਰਿਪਾਲਕੇ, ਪਰਦੀਪ ਸਿੰਘ ਸਿੱਧੂ, ਮੌਂਟੂ ਕ੍ਰਿਪਾਲਕੇ, ਮਲਕੀਤ ਸਿੰਘ ਸਾਬਕਾ ਸਰਪੰਚ ਖੱਪਿਆਂਵਾਲੀ, ਮਨਵੀਰ ਸਿੰਘ ਕਾਲੇਵਾਲਾ ਤੋਂ ਇਲਾਵਾ ਵੱਡੀ ਗਿਣਤੀ ਅਕਾਲੀ ਵਰਕਰਾਂ ਨੇ ਵਧਾਈ ਦਿੱਤੀ।

## ਖੇਤਰਪਾਲ ਧਾਮ ਦੇ ਸ਼ੁੱਭ ਆਗਮਨ ਦਿਵਸ 'ਤੇ ਸ਼ੋਭਾ ਯਾਤਰਾ



**ਮਲੋਟ (ਗੁਰਮੀਤ ਸਿੰਘ ਮੱਕੜ)**-ਸਥਾਨਕ ਬਾਬਾ ਖੇਤਰਪਾਲ ਧਾਮ ਦੇ ਸ਼ੁੱਭ ਆਗਮਨ ਦਿਵਸ 'ਤੇ ਮਲੋਟ ਵਿਖੇ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ। ਇਹ ਸ਼ੋਭਾ ਯਾਤਰਾ ਬਾਬਾ ਖੇਤਰਪਾਲ ਧਾਮ ਬਿਰਲਾ ਰੋਡ ਤੋਂ ਸ਼ੁਰੂ ਹੋ ਕੇ ਬਿਰਲਾ ਰੋਡ, ਜੀ ਟੀ ਰੋਡ, ਮੇਨ ਬਾਜ਼ਾਰ, ਤਹਿਸੀਲ ਰੋਡ ਆਦਿ ਸ਼ਹਿਰ ਦੇ ਵੱਖ ਵੱਖ ਬਾਜ਼ਾਰਾਂ ਵਿੱਚੋਂ ਹੁੰਦੀ ਹੋਈ ਸ਼ਾਮ ਨੂੰ ਵਾਪਸ ਖੇਤਰਪਾਲ ਧਾਮ ਵਿਖੇ ਸਮਾਪਤ ਹੋਈ। ਸ਼ੋਭਾ ਯਾਤਰਾ ਦਾ ਥਾਂ-ਥਾਂ 'ਤੇ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਤੇ ਲੰਗਰ ਲਗਾਇਆ ਗਿਆ। ਬਾਬਾ ਖੇਤਰਪਾਲ ਧਾਮ ਦੇ ਪ੍ਰਧਾਨ ਵਿਜੈ ਬਜਾਜ ਨੇ ਦੱਸਿਆ ਸ਼ੋਭਾ ਯਾਤਰਾ ਦੀ ਰਵਾਨਗੀ ਮਹਾਂਵੀਰ ਗਊਸ਼ਾਲਾ ਦੇ ਪੰਡਿਤ ਸੰਦੀਪ ਜੂਰੀ ਤੇ ਨਗਰ ਕੌਂਸਲ ਦੇ ਪ੍ਰਧਾਨ ਸ਼ੁਭਦੀਪ ਸਿੰਘ ਬਿੱਟੂ ਨੇ ਕੀਤੀ। ਉਨ੍ਹਾਂ ਨੇ ਦੱਸਿਆ ਕਿ 16 ਤੇ 17 ਅਪ੍ਰੈਲ ਨੂੰ ਲਗਾਤਾਰ ਦੋ ਦਿਨ 48 ਘੰਟੇ ਬਾਬਾ ਜੀ ਦਾ ਅਤੁੱਟ ਲੰਗਰ ਹੋਵੇਗਾ ਤੇ ਬਾਬਾ ਜੀ ਦੀ ਵਿਸ਼ਾਲ ਚੌਕੀ ਹੋਵੇਗੀ।

## ਮਹਿਲ ਕਲਾਂ ਦੀ ਸਮੁੱਚੀ ਪੰਚਾਇਤ 'ਆਪ' 'ਚ ਸ਼ਾਮਲ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਹਲਕਾ ਮਹਿਲ ਕਲਾਂ 'ਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੀ ਪ੍ਰੇਰਨਾ ਸਦਕਾ ਪਿੰਡ ਮਹਿਲ ਕਲਾਂ ਦੇ ਸਰਪੰਚ ਬੀਬੀ ਕਿਰਨਾ ਰਾਣੀ ਸਮੁੱਚੀ ਪੰਚਾਇਤ ਸਮੇਤ ਆਮ ਆਦਮੀ ਪਾਰਟੀ 'ਚ ਸ਼ਾਮਲ ਹੋ ਗਏ।ਉਨ੍ਹਾਂ ਦੇ ਗ੍ਰਹਿ ਪਿੰਡ ਮਹਿਲ ਕਲਾਂ ਵਿਖੇ ਰੱਖੇ ਗਏ ਵਿਸ਼ੇਸ਼ ਸਮਾਗਮ ਦੌਰਾਨ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਖ਼ੁਦ ਪਹੁੰਚ ਕੇ 'ਆਪ' ਪਰਿਵਾਰ 'ਚ ਉਨ੍ਹਾਂ ਦਾ ਨਿੱਘਾ ਸੁਆਗਤ ਕੀਤਾ।ਇਸ ਸਮੇਂ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ 'ਚ ਪਿਛਲੇ ਤਿੰਨ ਸਾਲਾਂ ਦੌਰਾਨ ਜੋ ਵਿਕਾਸ ਸਿੱਖਿਆ, ਸਿਹਤ ਤੇ ਪੰਜਾਬ ਦੇ ਬੁਨਿਆਦੀ ਢਾਂਚੇ ਨੂੰ ਆਧੁਨਿਕ ਢੰਗ ਨਾਲ ਵਿਕਸਿਤ ਕਰਨ 'ਚ ਹੋਇਆ ਹੈ, ਉਹ ਪਿਛਲੇ 70 ਸਾਲਾਂ 'ਚ ਨਹੀਂ ਹੋਇਆ।ਹੁਣ ਵੀ ਕਰੋੜਾਂ ਰੁਪਏ ਦੇ ਵਿਕਾਸ ਫੰਡ ਵਿਧਾਇਕਾਂ ਨੂੰ ਸੂਬਾ ਸਰਕਾਰ ਵੱਲੋਂ ਜਾਰੀ ਕੀਤੇ ਜਾ ਰਹੇ ਹਨ।ਉਨ੍ਹਾਂ ਭਰੋਸਾ ਦਿੱਤਾ ਕਿ ਮਹਿਲ ਕਲਾਂ ਦੇ ਵਿਕਾਸ ਲਈ ਗਰਾਂਟਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ ਤੇ ਗ੍ਰਾਮ ਪੰਚਾਇਤ ਮਹਿਲ ਕਲਾਂ ਨੂੰ ਹਰ ਕੰਮ 'ਚ ਸਰਕਾਰ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ।ਉਨ੍ਹਾਂ ਗ੍ਰਾਮ ਪੰਚਾਇਤ ਮਹਿਲ ਕਲਾਂ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕਰਦਿਆਂ ਯਕੀਨ ਦੁਆਇਆ ਕਿ ਬਾਂਸਲ ਪਰਵਾਰ ਨੂੰ ਆਮ ਆਦਮੀ ਪਾਰਟੀ 'ਚ ਪੂਰਨ ਮਾਣ ਸਤਿਕਾਰ ਦੇ ਕੇ ਨਿਵਾਜਿਆ ਜਾਵੇਗਾ।ਇਸ ਮੌਕੇ ਯੂਥ ਆਗੂ ਅਰੁਣ ਕੁਮਾਰ ਬਾਂਸਲ ਨੇ ਸਮੂਹ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਤੇ ਉਨ੍ਹਾਂ ਦੀ ਟੀਮ ਨੂੰ ਸਨਮਾਨਤ ਕੀਤਾ।ਇਸ ਸਮੇਂ ਚੇਅਰਮੈਨ ਸੁਖਵਿੰਦਰ ਦਾਸ ਕੁਰੜ, ਸੀਨੀਅਰ ਆਗੂ ਗੁਰਦੀਪ ਸਿੰਘ ਸੋਢਾ, ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ, ਦਵਿੰਦਰ ਸਿੰਘ ਧਨੋਆ, ਮੰਗਤ ਸਿੰਘ ਸਿੱਧੂ, ਯਾਦੂ ਛਾਪਾ, ਬਿੰਦਰ ਸਿੰਘ ਖ਼ਾਲਸਾ, ਗੁਰਜੀਤ ਸਿੰਘ ਧਾਲੀਵਾਲ, ਮਨਜੀਤ ਸਿੰਘ ਸਹਿਜੜਾ ਆਦਿ ਹਾਜ਼ਰ ਸਨ।

## ਨਬਾਲਿਗ ਲੜਕੀਆਂ ਨੂੰ ਬਹਿਲਾ ਫੁਸਲਾ ਕੇ ਲਿਜਾਣ ਦੇ ਦੋਸ਼ 'ਚ ਦੋ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਦੋ ਨਬਾਲਿਗ ਲੜਕੀਆਂ ਨੂੰ ਬਹਿਲਾ ਫੁਸਲਾ ਕੇ ਲਿਜਾਣ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਦੋ ਨੌਜਵਾਨਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਬਾਲਿਗ ਲੜਕੀ ਦੇ ਪਿਤਾ ਨੇ ਦੱਸਿਆ ਕਿ ਉਸ ਨਬਾਲਿਗ ਲੜਕੀ (15 ਸਾਲ) ਤੇ ਉਸ ਦੀ ਭੈਣ (17 ਸਾਲ) ਘਰ ਇਕੱਲੀਆਂ ਹੀ ਰਹਿੰਦੀਆਂ ਸਨ ਤੇ ਉਹ ਦੇਰ ਸਵੇਰ ਕੰਮ ਦੇ ਸਿਲਸਿਲੇ ਵਿੱਚ ਘਰ ਤੋਂ ਬਾਹਰ ਰਹਿੰਦਾ ਸੀ। ਨਾਬਾਲਿਗ ਲੜਕੀ ਦੇ ਪਿਤਾ ਨੇ ਦੱਸਿਆ ਕਿ 11 ਅਪ੍ਰੈਲ 2025 ਨੂੰ ਉਸ ਨੇ ਦੇਰ ਰਾਤ ਆਪਣੀ ਲੜਕੀ ਤੇ ਭੈਣ ਨੂੰ ਫੋਨ 'ਤੇ ਚੈਟ ਕਰਦੇ ਹੋਏ ਫੜ ਲਿਆ ਤੇ ਆਪਣੀ ਭੈਣ ਅਤੇ ਲੜਕੀ ਨੂੰ ਕਿਸੇ ਗੈਰ-ਲੜਕੇ ਨਾਲ ਗੱਲਬਾਤ ਕਰਨ ਤੋਂ ਮਨ੍ਹਾਂ ਕਰਦੇ ਹੋਏ ਉਨ੍ਹਾਂ ਨੂੰ ਸਮਝਾਇਆ ਤੇ ਉਨ੍ਹਾਂ ਤੋਂ ਫੋਨ ਲੈ ਲਿਆ ਤੇ ਸਵੇਰੇ ਸਾਢੇ 5 ਵਜੇ ਦੇਖਿਆ ਕਿ ਉਸ ਦੀ ਭੈਣ ਤੇ ਲੜਕੀ ਘਰ ਵਿੱਚ ਮੌਜੂਦ ਨਹੀਂ ਸਨ, ਜਿਨ੍ਹਾਂ ਦੀ ਉਸ ਨੇ ਕਾਫੀ ਭਾਲ ਕੀਤੀ, ਪਰ ਕੋਈ ਵੀ ਪਤਾ ਨਹੀਂ ਮਿਲਿਆ। ਨਬਾਲਿਗ ਲੜਕੀ ਦੇ ਪਿਤਾ ਨੇ ਦੱਸਿਆ ਕਿ ਮੁਲਜ਼ਮ ਗੋਲਡੀ ਪੁੱਤਰ ਇਕਬਾਲ ਜੂਸੀ ਤੇ ਮੋਹਿਤ ਸੋਨੀ ਪੁੱਤਰ ਜੈਕਬ ਗਵਾਲ ਟੋਲੀ ਉਸ ਦੀ ਲੜਕੀ ਤੇ ਭੈਣ ਨੂੰ ਬਹਿਲਾ ਫੁਸਲਾ ਕੇ ਘਰੋਂ ਭਜਾ ਕੇ ਲੈ ਗਿਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਗਹਿਣਾ ਰਾਮ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋ ਨੌਜਵਾਨਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਗੁਰੂ ਗੋਬਿੰਦ ਸਿੰਘ ਰਿਫਾਈਨਰੀ ਵੱਲੋਂ ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਤ ਕਰਨ ਦੀ ਪਹਿਲ

### ਵਿਸਾਖੀ ਮੇਲੇ 'ਤੇ ਐੱਸ.ਐੱਚ.ਜੀ. ਦੇ ਉਤਪਾਦਾਂ ਦੀ ਪ੍ਰਦਰਸ਼ਨੀ




**ਤਲਵੰਡੀ ਸਾਬੋ (ਜਗਦੀਪ ਗਿੱਲ)**

ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਤ ਕਰਨ ਦੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਐਚ ਐਮ ਈ ਐਲ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਨੇ ਤਲਵੰਡੀ ਸਾਬੋ 'ਚ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਲੱਗਣ ਵਾਲੇ ਵਿਸਾਖੀ ਮੇਲੇ ਦੌਰਾਨ ਸੀ ਐੱਸ ਆਰ ਪਹਿਲ ਅਧੀਨ ਸ਼ੁਰੂ ਕੀਤੇ ਸੈਲਫ-ਹੈਲਪ ਗਰੁੱਪਾਂ ਦੇ ਉਤਪਾਦਾਂ ਦੀ ਪ੍ਰਦਰਸ਼ਨੀ ਲਗਵਾਈ।ਇਹ ਉਪਰਾਲਾ ਸੈਲਫ-ਹੈਲਪ ਗਰੁੱਪਾਂ ਦੀਆਂ ਮਹਿਲਾਵਾਂ ਵੱਲੋਂ ਤਿਆਰ ਕੀਤੇ ਉਤਪਾਦਾਂ ਨੂੰ ਨਾ ਸਿਰਫ਼ ਇੱਕ ਯੋਗ ਮੰਚ ਪ੍ਰਦਾਨ ਕਰਨਾ ਸੀ, ਬਲਕਿ ਇਹ ਉਨ੍ਹਾਂ ਮਹਿਲਾਵਾਂ ਵਿੱਚ ਆਤਮ-ਵਿਸ਼ਵਾਸ ਉਤਪੰਨ ਕਰਨਾ ਤੇ ਉਨ੍ਹਾਂ ਨੂੰ ਹੋਰ ਹੌਸਲਾ ਦੇਣਾ ਵੀ ਸੀ, ਤਾਂ ਜੋ ਉਹ ਭਵਿੱਖ ਵਿੱਚ ਹੋਰ ਉਤਸ਼ਾਹ ਨਾਲ ਸੈਲਫ-ਹੈਲਪ ਗਰੁੱਪਾਂ ਨਾਲ ਜੁੜ ਕੇ ਆਤਮ-ਨਿਰਭਰਤਾ ਦੀ ਮਿਸਾਲ ਬਣ ਸਕਣ।ਇਸ ਮੌਕੇ ਐੱਚ ਐੱਮ ਈ ਐੱਲ ਦੀ ਸੀ ਐੱਸ ਆਰ ਟੀਮ ਤੇ ਪਾਰਟਨਰ ਏਜੰਸੀ ਦੇ ਸਹਿਯੋਗ ਨਾਲ, ਪਿੰਡ ਮਲਕਾਣਾ ਦੇ 'ਵਾਹਿਗੁਰੂ ਸੈਲਫ ਹੈਲਪ ਗਰੁੱਪ' ਨੇ ਬੇਕਰੀ ਉਤਪਾਦ, ਪਿੰਡ ਪੱਕਾ ਕਲਾਂ ਦੇ 'ਸੀਰਤ ਸੈਲਫ-ਹੈਲਪ ਗਰੁੱਪ' ਨੇ ਲੈਦਰ ਬੈਗ, ਪਿੰਡ ਕਮਾਲੂ ਦੇ 'ਗਿਆਨ ਸੈਲਫ-ਹੈਲਪ ਗਰੁੱਪ' ਨੇ ਵੱਖ-ਵੱਖ ਤਰ੍ਹਾਂ ਦੇ ਬੈਗ, ਪਿੰਡ ਤਰਖਾਣਵਾਲਾ ਦੇ 'ਸ਼੍ਰੀ ਗੁਰੂ ਗੋਬਿੰਦ ਸਿੰਘ ਸੈਲਫ-ਹੈਲਪ ਗਰੁੱਪ' ਨੇ ਸਰ੍ਹੋਂ ਦਾ ਤੇਲ, ਪਿੰਡ ਪੱਕਾ ਕਲਾ ਦੇ 'ਖਾਲਸਾ ਸੈਲਫ-ਹੈਲਪ ਗਰੁੱਪ' ਨੇ ਆਚਾਰ, ਆਦਰਸ਼ ਸੈਲਫ-ਹੈਲਪ ਗਰੁੱਪ ਨੇ ਧਾਰਮਿਕ ਚਿੰਨ੍ਹ ਤੇ ਟਰੈਕ ਬੌਟਮ, ਜੰਡਸਰ ਸੈਲਫ-ਹੈਲਪ ਗਰੁੱਪ ਨੇ ਅਗਰਬੱਤੀ ਅਤੇ ਨਾਭਾ ਫਾਊਂਡੇਸ਼ਨ ਵੱਲੋਂ ਐਚਐਮਈਐਲ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਫੁਲਕਾਰੀ ਪ੍ਰੋਜੈਕਟ ਹੇਠ ਮਹਿਲਾਵਾਂ ਵੱਲੋਂ ਤਿਆਰ ਕੀਤੇ ਫੁਲਕਾਰੀ ਉਤਪਾਦ ਦੇ ਸਟਾਲ ਲਗਾਏ।ਮਹਿਲਾ ਸਸ਼ਕਤੀਕਰਨ ਨੂੰ ਹੋਰ ਮਜ਼ਬੂਤ ਬਣਾਉਣ ਲਈ, ਰਿਫਾਈਨਰੀ ਨੇ ਆਪਣੇ ਸੀਐੱਸਆਰ ਉਪਰਾਲੇ ਤਹਿਤ ਆਪਣੇ ਆਲੇ-ਦੁਆਲੇ 59 ਪਿੰਡਾਂ ਵਿੱਚ 600 ਤੋਂ ਵੱਧ ਸੈਲਫ-ਹੈਲਪ ਗਰੁੱਪ ਚਲਾਏ ਹਨ, ਜਿਨ੍ਹਾਂ ਵਿੱਚ 7 ਹਜ਼ਾਰ ਤੋਂ ਵੱਧ ਮਹਿਲਾਵਾਂ ਜੁੜ ਚੁੱਕੀਆਂ ਹਨ।ਇਨ੍ਹਾਂ ਮਹਿਲਾਵਾਂ ਨੂੰ 167 ਉਦਯੋਗਕ ਉਪਰਾਲੇ (ਇੰਟਰਪ੍ਰਾਈਜ਼) ਵੀ ਮੁਹੱਈਆ ਕਰਵਾਏ ਗਏ ਹਨ।ਅੱਜ ਇਹ ਗ੍ਰਾਮੀਣ ਮਹਿਲਾਵਾਂ, ਜੋ ਪਹਿਲਾਂ ਘਰ ਦੇ ਕੰਮ-ਕਾਜ ਤੱਕ ਸੀਮਤ ਸੀ, ਹੁਣ ਫੁਲਕਾਰੀ, ਲੈਦਰ ਬੈਗ, ਸਕੂਲ ਯੂਨੀਫਾਰਮ, ਸੈਨੇਟਰੀ ਪੈਡ, ਚਿਪਸ, ਸਰ੍ਹੋਂ ਦਾ ਤੇਲ, ਆਚਾਰ, ਆਰ. ਓ. ਯੂਨਿਟ, ਲੋਅਰ, ਕਾਪੀਆਂ, ਸਕੂਲ ਬੈਗ, ਲੈਪਟੌਪ ਬੈਗ ਤਿਆਰ ਕਰ ਕੇ ਆਪਣੀ ਰੋਜ਼ੀ-ਰੋਟੀ ਕਮਾ ਰਹੀਆਂ ਹਨ।

## ਦੇਸ਼ ਭਗਤ ਹਸਪਤਾਲ ਵੱਲੋਂ ਸਿਹਤ ਜਾਗਰੂਕਤਾ ਸੇਵਾਵਾਂ ਸੰਬੰਧੀ ਸੈਸ਼ਨ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਹਸਪਤਾਲ ਵੱਲੋਂ ਦੇਸ਼ ਭਗਤ ਯੂਨੀਵਰਸਿਟੀ ਦੇ ਅਧਿਆਪਨ ਤੇ ਗੈਰ-ਅਧਿਆਪਨ ਸਟਾਫ ਲਈ ਇੱਕ ਇੰਟਰਐਕਟਿਵ ਸੈਸ਼ਨ ਦਾ ਆਯੋਜਨ ਕੀਤਾ ਗਿਆ, ਜਿਸ ਦਾ ਉਦੇਸ਼ ਆਪਣੀਆਂ ਵਿਸ਼ੇਸ਼ ਮੈਡੀਕਲ ਸੇਵਾਵਾਂ ਨੂੰ ਉਤਸ਼ਾਹਤ ਕਰਨਾ ਹੈ।ਡਾ. ਕੁਲਭੂਸ਼ਣ (ਡਾਇਰੈਕਟਰ ਡੀਬੀਐੱਸ ਐਂਡ ਐੱਚ) ਤੇ ਡਾ. ਜੋਤੀ ਐੱਚ ਧਾਮੀ (ਮੈਡੀਕਲ ਸੁਪਰਡੈਂਟ ਡੀਬੀਐੱਚ) ਦੀ ਨਿਗਰਾਨੀ ਹੇਠ ਕਰਵਾਏ ਇਸ ਪ੍ਰੋਗਰਾਮ ਵਿੱਚ 35 ਸਾਲਾਂ ਤੋਂ ਵੱਧ ਦੇ ਤਜਰਬੇ ਵਾਲੇ ਸੀਨੀਅਰ ਮੈਡੀਸਨ ਸਪੈਸ਼ਲਿਸਟ ਡਾ. ਬੀ ਐੱਸ ਭਾਰਦਵਾਜ, ਪ੍ਰੋ ਵਾਈਸ ਚਾਂਸਲਰ ਮੈਡੀਕਲ ਤੇ ਈਐੱਨਟੀ ਸਪੈਸ਼ਲਿਸਟ ਡਾ. ਰਮਿੰਦਰ ਕੌਰ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ।ਇਸ ਸੈਸ਼ਨ ਦੌਰਾਨ ਡਾ. ਭਾਰਦਵਾਜ ਨੇ ਯੂਨੀਵਰਸਿਟੀ ਦੇ ਕਰਮਚਾਰੀਆਂ ਨੂੰ ਹਸਪਤਾਲ ਦੀਆਂ ਵਿਆਪਕ ਡਾਕਟਰੀ ਸੇਵਾਵਾਂ ਤੇ ਬਾਹਰੀ ਮਰੀਜ਼ਾਂ ਲਈ ਵਿਸ਼ੇਸ਼ ਕਲੀਨਿਕਾਂ ਬਾਰੇ ਜਾਣਕਾਰੀ ਦਿੱਤੀ, ਜਿਸ ਵਿੱਚ ਈਐੱਨਟੀ, ਚਮੜੀ ਦੇ ਰੋਗ, ਜਨਰਲ ਮੈਡੀਸਨ ਤੇ ਅੱਖਾਂ ਦੀ ਦੇਖ-ਭਾਲ ਲਈ ਵਿਭਾਗ ਸ਼ਾਮਲ ਹਨ, ਜੋ ਕਿ ਛੋਟ ਵਾਲੀਆਂ ਦਰਾਂ 'ਤੇ ਪੇਸ਼ ਕੀਤੇ ਜਾਂਦੇ ਹਨ।ਇਸ ਮੌਕੇ ਉਨ੍ਹਾਂ ਮੈਡੀਸਨ, ਚਮੜੀ ਵਿਗਿਆਨ ਤੇ ਈਐੱਨਟੀ ਲਈ ਓਪੀਡੀ ਸ਼ੁਰੂ ਕਰਨ ਦਾ ਵੀ ਐਲਾਨ ਕੀਤਾ।ਉਨ੍ਹਾਂ ਦੱਸਿਆ ਕਿ ਵਿਸ਼ੇਸ਼ ਕਲੀਨਿਕਾਂ ਵਿੱਚ ਚਮੜੀ ਵਿਗਿਆਨ ਤੇ ਡਾ. ਸੁਮੀਤ ਪਾਲ ਸੇਠੀ ਤੇ ਈਐੱਨਟੀ ਲਈ ਡਾ. ਬੀ ਐੱਸ ਸੋਹਲ ਵਰਗੇ ਮਾਹਰਾਂ ਦੁਆਰਾ ਨਿਰੀਖਣ ਕੀਤਾ ਜਾਵੇਗਾ, ਜੋ ਹਰ ਮਹੀਨੇ ਉਪਲਬਧ ਹੁੰਦੇ ਹਨ, ਜਦੋਂਕਿ ਡਾ. ਰਮਿੰਦਰ ਕੌਰ ਸੋਮਵਾਰ ਤੋਂ ਸ਼ੁੱਕਰਵਾਰ ਤੱਕ ਡਿਊਟੀ 'ਤੇ ਹੋਣਗੇ।ਇਸ ਦੌਰਾਨ ਸਮੇਂ ਸਿਰ ਸਿਹਤ ਸੰਭਾਲ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਮਾਨਯੋਗ ਚਾਂਸਲਰ ਡਾ. ਜ਼ੋਰਾ ਸਿੰਘ ਨੇ ਭਾਗੀਦਾਰਾਂ ਨੂੰ ਸੰਬੋਧਨ ਕੀਤਾ।

## ਸੁਪਰੀਮ ਸਕੂਲ 'ਚ ਧੂਮ-ਧਾਮ ਨਾਲ ਮਨਾਇਆ ਵਿਸਾਖੀ ਦਾ ਤਿਉਹਾਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਵਿਸਾਖੀ ਦਾ ਤਿਉਹਾਰ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸੰਸਥਾ ਦੇ ਮੁਖੀ ਡਾਇਰੈਕਟਰ ਚਰਨ ਸਿੰਘ, ਚੇਅਰਮੈਨ ਰਵਿੰਦਰ ਸ਼ਰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਪ੍ਰੋਗਰਾਮ ਦੀ ਅਰੰਭਤਾ ਵਿਦਿਆਰਥਣਾਂ ਦੁਆਰਾ ਸ਼ਬਦ ਗਾਇਨ ਕਰਕੇ ਕੀਤੀ ਗਈ।ਇਸ ਤੋਂ ਬਾਅਦ ਵਿਦਿਆਰਥੀਆਂ ਦੁਆਰਾ ਵਿਸਾਖੀ ਦੇ ਸੰਬੰਧ ਵਿੱਚ ਰੰਗ ਬਿਰੰਗੀ ਪੰਜਾਬੀ ਪਹਿਰਾਵੇ ਤੇ ਪੰਜਾਬੀ ਵਿਰਸੇ ਦਾ ਅਹਿਸਾਸ ਕਰਵਾਉਣ ਵਾਲਾ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ।ਵਿਦਿਆਰਥੀਆਂ ਨੂੰ ਖੇਤਾਂ ਵਿੱਚ ਲਿਜਾ ਕੇ ਕਿਸਾਨਾਂ ਦੁਆਰਾ ਕੀਤੀ ਜਾਂਦੀ ਸਖ਼ਤ ਮਿਹਨਤ ਬਾਰੇ ਦੱਸਿਆ ਗਿਆ।ਸਕੂਲ ਦੇ ਪ੍ਰਿੰਸੀਪਲ ਸ਼ਿਖਾ ਨਾਇਰ ਨੇ ਵਿਦਿਆਰਥੀਆਂ ਨੂੰ ਵਿਸਾਖੀ ਦੇ ਤਿਉਹਾਰ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਇਹ ਤਿਉਹਾਰ ਸਾਡੇ ਸੱਭਿਆਚਾਰ ਦੀ ਜਿੰਦ ਜਾਨ ਹੈ ਤੇ ਜੋ ਸਾਨੂੰ ਸਾਡੇ ਸੱਭਿਆਚਾਰ ਨਾਲ ਜੋੜੀ ਰੱਖਦੇ ਹਨ।ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਸਾਨੂੰ ਕਿਸਾਨਾਂ ਦਾ ਵੀ ਧੰਨਵਾਦ ਕਰਨਾ ਚਾਹੀਦਾ ਹੈ, ਜੋ ਦਿਨ-ਰਾਤ ਮਿਹਨਤ ਕਰਕੇ ਖੇਤਾਂ ਵਿੱਚ ਫਸਲਾਂ ਉਗਾ ਕੇ ਅੰਨ ਦੇ ਭੰਡਾਰ ਭਰਦੇ ਹਨ।

## ਜ਼ਿਲ੍ਹਾ ਮੋਗਾ ਦੇ ਕਿਸਾਨਾਂ ਨੇ ਕੀਤੀ ਸਰਕਾਰ-ਕਿਸਾਨ ਮਿਲਣੀ 'ਚ ਸ਼ਮੂਲੀਅਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਕਰਵਾਈ ਗਈ ਸਰਕਾਰ-ਕਿਸਾਨ ਮਿਲਣੀ ਵਿੱਚ ਜ਼ਿਲ੍ਹਾ ਮੋਗਾ ਦੇ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਦੇ ਆਦੇਸ਼ਾਂ ਉੱਤੇ ਮੁੱਖ ਖੇਤੀਬਾੜੀ ਅਫਸਰ ਮੋਗਾ ਡਾ. ਗੁਰਪ੍ਰੀਤ ਸਿੰਘ ਵੱਲੋਂ ਜ਼ਿਲ੍ਹੇ ਦੇ 50 ਅਗਾਂਹਵਧੂ ਕਿਸਾਨਾਂ ਦੀ ਸ਼ਮੂਲੀਅਤ ਕਰਵਾਈ ਗਈ।ਉਕਤ ਮਿਲਣੀ ਵਿੱਚ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੇ ਕਿਸਾਨਾਂ ਨਾਲ ਖੁੱਲ੍ਹੇ ਰੂਪ ਵਿੱਚ ਪੰਜਾਬ ਦੀ ਖੇਤੀ ਸਬੰਧੀ ਸੰਵਾਦ ਰਚਾਉਂਦਿਆਂ ਕਿਹਾ ਕਿ ਇਸ ਸਾਲ ਝੋਨੇ ਦੀ ਲਵਾਈ ਲਈ ਪੰਜਾਬ ਨੂੰ ਤਿੰਨ ਜ਼ੋਨਾਂ ਵਿੱਚ ਵੰਡਿਆ ਗਿਆ ਹੈ ਤੇ ਝੋਨੇ ਦੀ ਲਵਾਈ ਲਈ ਕਿਸਾਨਾਂ ਨੂੰ ਬਿਜਲੀ ਤੇ ਨਹਿਰੀ ਪਾਣੀ ਦੀ ਤੋਟ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪੰਜਾਬ ਦੇ ਧਰਤੀ ਹੇਠਲੇ ਪਾਣੀ ਦੀ ਸਥਿਤੀ ਦੇ ਮੱਦੇਨਜ਼ਰ ਤੇ ਕਿਸਾਨੀ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਸਮੁੱਚੇ ਪੰਜਾਬ ਵਿੱਚ ਪੂਸਾ 44 ਤੇ ਹਾਈਬ੍ਰਿਡ ਝੋਨੇ ਦੀ ਕਾਸ਼ਤ 'ਤੇ ਪੂਰਨ ਪਾਬੰਦੀ ਲਾਈ ਗਈ ਹੈ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸਿਰਫ ਪੀ.ਏ.ਯੂ. ਲੁਧਿਆਣਾ ਵੱਲੋਂ ਸਿਫਾਰਸ਼ ਕੀਤੀਆਂ ਕਿਸਮਾਂ ਦੀ ਹੀ ਕਾਸ਼ਤ ਕਰਨ।ਮੁੱਖ ਮੰਤਰੀ ਨੇ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਨੂੰ ਫਸਲਾਂ ਦੀ ਵਿਕਰੀ ਸਮੇਂ ਕਿਸੇ ਵੀ ਕਿਸਮ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।ਇਸ ਵਕਤ ਕਿਸਾਨਾਂ ਨੇ ਮੁੱਖ ਮੰਤਰੀ ਨੂੰ ਖੇਤੀ ਸਬੰਧੀ ਸਵਾਲ ਜਵਾਬ ਵੀ ਕੀਤੇ ਅਤੇ ਮੁੱਖ ਮੰਤਰੀ ਨੇ ਉਨ੍ਹਾਂ ਦੇ ਸਵਾਲਾਂ ਦੇ ਬਾਖੂਬੀ ਜਵਾਬ ਵੀ ਦਿੱਤੇ।

## ਐੱਸ ਸੀ ਕਮਿਸ਼ਨ ਦੇ ਮੈਂਬਰ ਗੁਲਜ਼ਾਰ ਸਿੰਘ ਦਾ ਸਨਮਾਨ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸੰਗਰੂਰ ਵਿਖੇ ਗੁਲਜ਼ਾਰ ਸਿੰਘ ਬੌਬੀ ਮੈਂਬਰ ਐੱਸ ਸੀ ਕਮਿਸ਼ਨ ਪੰਜਾਬ ਬਣਨ ਉਪਰੰਤ ਭਾਰਤੀਆ ਅੰਬੇਡਕਰ ਮਿਸ਼ਨ ਭਾਰਤ ਦੇ ਆਗੂਆਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਿਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਜਗਸੀਰ ਸਿੰਘ ਖੇੜੀ ਚੰਦਵਾ ਤੇ ਪਾਲੀ ਸਿੰਘ ਕਮਲ ਸਰਪੰਚ ਉਭਾਵਾਲ ਉੱਘੇ ਸਮਾਜ ਸੇਵੀ ਨੇ ਸਾਂਝੇ ਤੌਰ 'ਤੇ ਕਿਹਾ ਕਿ ਗੁਲਜ਼ਾਰ ਸਿੰਘ ਬੌਬੀ ਸਮਾਜ ਭਲਾਈ ਲਈ ਕੰਮ ਕਰਨ ਵਾਲੇ ਇਨਸਾਨ ਹਨ, ਜੋ ਕਿ ਬੌਬੀ ਲੈਬੋਰਟਰੀ ਰਾਹੀਂ ਬਿਮਾਰ ਲੋਕਾਂ ਦੀਆਂ ਟੈਸਟ ਰਿਪੋਰਟਾਂ ਤਿਆਰ ਕਰਦੇ ਹਨ ਤੇ ਗਰੀਬ ਪਰਵਾਰਾਂ ਦੇ ਲੋਕਾਂ ਦੀਆਂ ਰਿਪੋਰਟਾਂ ਫਰੀ ਕਰ ਦਿੰਦੇ ਹਨ, ਇਸ ਲਈ ਅੱਜ ਉਨ੍ਹਾਂ ਨੂੰ ਇਹ ਸੇਵਾ ਮਿਲੀ ਹੈ। ਉਨ੍ਹਾਂ ਦੱਸਿਆ ਕਿ ਸਾਨੂੰ ਪੂਰਨ ਭਰੋਸਾ ਹੈ ਕਿ ਗੁਲਜ਼ਾਰ ਸਿੰਘ ਬੌਬੀ ਇਸ ਜ਼ਿੰਮੇਵਾਰੀ ਨੂੰ ਚੰਗੀ ਤਰ੍ਹਾਂ ਨਿਭਾਉਣਗੇ।ਇਸ ਮੌਕੇ ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਸੰਗਰੂਰ ਬੀਬਾ ਨਰਿੰਦਰ ਕੌਰ ਭਰਾਜ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਨੇ ਮਜ਼ਬੀ ਸਿੱਖ ਸਮਾਜ ਨੂੰ ਮਾਣ ਦੇ ਕੇ ਨਿਵਾਜਿਆ ਹੈ।ਇਸ ਮੌਕੇ ਨਿਰਭੈ ਸਿੰਘ ਛੰਨਾ ਸੀਨੀਅਰ ਆਗੂ ਭਾਰਤੀ ਜਨਤਾ ਪਾਰਟੀ ਤੇ ਸਤਿਗੁਰ ਸਿੰਘ ਖੇੜੀ ਚੰਦਵਾ ਵੀ ਹਾਜ਼ਰ ਸਨ।

## ਕੁਟੀਆ ਸਾਹਿਬ ਦਾ ਲੈਂਟਰ ਪਾਇਆ



**ਰਾਜਪੁਰਾ (ਰਮੇਸ਼ ਕਟਾਰੀਆ)**-ਗੁਰਦੁਆਰਾ ਸ੍ਰੀ ਮਾਨ ਬ੍ਰਹਮ ਗਿਆਨੀ ਸੰਤ ਬਾਬਾ ਤੁਲਸੀ ਦਾਸ ਜੀ ਸੈਦਖੇੜੀ ਦੇ ਅਸਥਾਨ 'ਤੇ ਨਵੀਂ ਬਣ ਰਹੀ ਕੁਟੀਆ ਸਾਹਿਬ ਦਾ ਲੈਂਟਰ ਪਾਇਆ ਗਿਆ, ਜਿਸ ਵਿੱਚ ਭਾਈ ਬਲਜਿੰਦਰ ਸਿੰਘ ਪਰਵਾਨਾ ਦੇ ਜਥੇ ਵਿੱਚੋਂ ਆਲ ਇੰਡੀਆ ਸਿੱਖ ਰਾਜਪੂਤ ਮਹਾਂ ਸਭਾ ਦੇ ਪ੍ਰਧਾਨ ਚਰਨ ਦਵਿੰਦਰ ਸਿੰਘ, ਥਾਣਾ ਖੇੜੀ ਗੰਢਿਆਂ ਤੋਂ ਐੱਸ ਐੱਚ ਓ ਸਵਰਨ ਸਿੰਘ ਤੇ ਉਨ੍ਹਾ ਦੀ ਸਾਰੀ ਟੀਮ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਇਸ ਉਪਰੰਤ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪ੍ਰਧਾਨ ਚਰਨ ਦਵਿੰਦਰ ਸਿੰਘ, ਐੱਸ ਐੱਚ ਓ ਸਵਰਨ ਸਿੰਘ ਤੇ ਸਾਰੀ ਟੀਮ ਨੂੰ ਸਨਮਾਨਤ ਕੀਤਾ।ਹੈੱਡ ਗ੍ਰੰਥੀ ਗਿਆਨੀ ਅਵਤਾਰ ਸਿੰਘ, ਪ੍ਰਧਾਨ ਬਲਵਿੰਦਰ ਸਿੰਘ, ਮੀਤ ਪ੍ਰਧਾਨ ਭਾਈ ਕੰਵਲਜੀਤ ਸਿੰਘ, ਖਜ਼ਾਨਚੀ ਗੁਰਨਾਮ ਸਿੰਘ, ਵਾਈਸ ਖਜ਼ਾਨਚੀ ਹੁਸ਼ਿਆਰ ਸਿੰਘ, ਪ੍ਰੈੱਸ ਸੈਕਟਰੀ ਸੁਰਿੰਦਰ ਸਿੰਘ, ਸੈਕਟਰੀ ਬਲਕਾਰ ਸਿੰਘ, ਸਲਾਹਕਾਰ ਕਪੂਰ ਸਿੰਘ, ਮੁੱਖ ਸਲਾਹਕਾਰ ਐਡ. ਵਿਕ੍ਰਮਪ੍ਰਤਾਪ ਸਿੰਘ, ਮੈਨੇਜਰ ਸਤਵਿੰਦਰ ਸਿੰਘ, ਮੈਂਬਰ ਸੁਖਵਿੰਦਰ ਸਿੰਘ ਬੋਬੀ, ਪਰਵਿੰਦਰ ਸਿੰਘ, ਭਾਈ ਅੰਮ੍ਰਿਤਪਾਲ ਸਿੰਘ, ਬਲਾਕ ਪ੍ਰਧਾਨ ਬੱਗਾ ਸਿੰਘ, ਲਵਪ੍ਰੀਤ ਸਿੰਘ ਰਾਜਾ ਮੌਜੂਦ ਸਨ।

## ਯੂਰੋ ਕਿਡਜ਼ ਪਲੇਵੇ ਤੇ ਡ੍ਰੀਮ ਬੇਰੀ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ



**ਦੋਰਾਹਾ (ਹਰਮਿੰਦਰ ਸੇਠ)**-ਯੂਰੋ ਕਿਡਜ਼ ਪਲੇਵੇ ਤੇ ਡ੍ਰੀਮ ਬੇਰੀ ਕਾਨਵੈਂਟ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਉਤਸ਼ਾਹ ਨਾਲ ਮਨਾਇਆ।ਯੂਰੋ ਕਿਡਜ਼ ਪਲੇਵੇ ਤੇ ਡ੍ਰੀਮ ਬੇਰੀ ਕਾਨਵੈਂਟ ਸਕੂਲ ਵਿਖੇ ਨਵੇਂ ਸੈਸ਼ਨ ਦਾ ਅਰੰਭ ਪ੍ਰਮਾਤਮਾ ਨੂੰ ਯਾਦ ਕਰਕੇ ਉਸ ਦਾ ਸ਼ੁਕਰਾਨਾ ਕਰਦੇ ਹੋਏ ਕੀਤਾ।ਨਵੇਂ ਸੈਸ਼ਨ ਦੀ ਸਫਲਤਾ ਪੂਰਵਕ ਸ਼ੁਰੂਆਤ ਲਈ ਸਕੂਲ ਵਿਖੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ। ਗ੍ਰੰਥੀ ਸਾਹਿਬ ਨੇ ਸੁਖਮਨੀ ਸਾਹਿਬ ਦੇ ਪਾਠ ਰਾਹੀਂ ਮੌਕੇ +ਤੇ ਹਾਜ਼ਰ ਸਮੂਹ ਸੰਗਤ ਨੂੰ ਪ੍ਰਮਾਤਮਾ ਦੇ ਨਾਮ ਨਾਲ ਜੋੜਿਆ।ਯੂਰੋ ਕਿਡਜ਼ ਪਲੇਵੇ ਤੇ ਡ੍ਰੀਮ ਬੇਰੀ ਕਾਨਵੈਂਟ ਸਕੂਲ ਦੇ ਚੇਅਰਪਰਸਨ ਜਤਿੰਦਰ ਸ਼ਰਮਾ, ਡਾਇਰੈਕਟਰ ਨੀਰਜ ਸ਼ਰਮਾ, ਸੁਮਨ ਸ਼ਰਮਾ, ਸੋਨੀਆ ਸ਼ਰਮਾ, ਰਜਤ ਸ਼ਰਮਾ, ਸ਼ੁਭਮ ਸ਼ਰਮਾ, ਪ੍ਰਿੰਸੀਪਲ ਸੁਰਿੰਦਰ ਕੌਰ ਨੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੀ ਮਹੱਤਤਾ ਨੂੰ ਸਮਝਣ ਤੇ ਪਾਠ ਦਾ ਸਾਰੰਸ਼ ਸਮਝਾਉਂਦੇ ਹੋਏ ਜੀਵਨ ਵਿੱਚ ਇਨ੍ਹਾਂ ਸਿਧਾਂਤਾਂ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਸਕੂਲ ਡਾਇਰੈਕਟਰ ਰਜਤ ਸ਼ਰਮਾ ਨੇ ਨਵੇਂ ਸੈਸ਼ਨ ਦੇ ਅਰੰਭ ਲਈ ਸਾਰਿਆਂ ਨੂੰ ਵਧਾਈ ਦਿੱਤੀ।ਅੰਤ ਵਿੱਚ ਸਕੂਲ ਤੇ ਬੱਚਿਆਂ ਦੇ ਚੰਗੇ ਭਵਿੱਖ ਲਈ ਅਰਦਾਸ ਕਰਕੇ ਦੇਗ ਵਰਤਾਈ ਗਈ, ਜਿਸ 'ਚ ਸ਼ਬਦ ਗਾਇਨ ਉਪਰੰਤ ਬੱਚਿਆਂ ਦੁਆਰਾ ਸਪੀਚ ਰਾਹੀਂ ਖ਼ਾਲਸੇ ਦੀ ਸਿਰਜਨਾ ਦੇ ਇਤਿਹਾਸ, ਜਲ੍ਹਿਆਂਵਾਲਾ ਬਾਗ਼ ਦੇ ਖ਼ੂਨੀ ਸਾਕੇ ਤੇ ਹਾੜ੍ਹੀ ਦੀ ਫਸਲ ਪੱਕਣ 'ਤੇ ਕਿਸਾਨਾਂ ਵਿਚਲੀ ਖੁਸ਼ੀ ਨੂੰ ਬਿਆਨ ਕੀਤਾ ਗਿਆ।ਵਿਦਿਆਰਥੀਆਂ ਵੱਲੋਂ ਇਸੇ ਤਿਉਹਾਰ ਨਾਲ ਸਬੰਧਤ ਪੰਜਾਬੀ ਗੀਤ 'ਆਈ ਵਿਸਾਖੀ ਸੋਹਣਿਆਂ 'ਤੇ ਨਾਚ ਪੇਸ਼ ਕੀਤਾ ਗਿਆ। ਸਕੂਲ ਦੇ ਜੂਨੀਅਰ ਵਿੰਗ ਦੇ ਬੱਚਿਆਂ ਨੇ ਵੀ ਪੰਜਾਬੀ ਲੋਕ ਗੀਤਾਂ 'ਤੇ ਨਾਚ ਕਰਦਿਆਂ ਖੂਬ ਆਨੰਦ ਮਾਣਿਆ।

# ਕਟਾਰੂ ਚੱਕ ਨੇ ਮਾਜਰਾ ਵਿਖੇ ਗਲੀਆਂ-ਨਾਲੀਆਂ ਦੇ ਨਿਰਮਾਣ ਕਾਰਜ ਨੂੰ ਕਰਵਾਇਆ ਸ਼ੁਰੂ



ਪਠਾਨਕੋਟ (ਦਵਿੰਦਰ ਸਿੰਘ) ਕੈਬਨਿਟ ਮੰਤਰੀ ਪੰਜਾਬ ਲਾਲ ਚੰਦ ਕਟਾਰੂਚੱਕ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ। ਜਿਸ ਦੌਰਾਨ ਕੈਬਨਿਟ ਮੰਤਰੀ ਪੰਜਾਬ ਪਿੰਡ ਮਾਜਰਾ ਵਿਖੇ ਪਹੁੰਚੇ ਅਤੇ ਕਰੀਬ 20 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਨਾਲੀਆਂ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਣੀ ਜਿਲ੍ਹਾ ਪ੍ਰਧਾਨ ਬੀ ਸੀ ਵਿੰਗ ਪਠਾਨਕੋਟ, ਜੰਗ ਬਹਾਦਰ ਬਲਾਕ ਪ੍ਰਧਾਨ, ਪ੍ਰਧਾਨ ਜੋਗਿੰਦਰ ਪਾਲ, ਸਾਬਕਾ ਸਰਪੰਚ ਰਘਵੀਰ ਸਿੰਘ, ਡਾ. ਵਿਪਨ ਸੈਣੀ, ਤਜਿੰਦਰ ਸਿੰਘ ਪੰਚਾਇਤ ਮੈਂਬਰ, ਬਸੰਤ ਲਾਲ ਪੰਚਾਇਤ ਮੈਂਬਰ, ਪ੍ਰੀਤਮ ਚੰਦ ਪੰਚਾਇਤ ਮੈਂਬਰ, ਬਖਸ਼ੀਸ ਸਿੰਘ, ਨਰੇਸ਼ ਕੁਮਾਰ ਆਦਿ ਹਾਜ਼ਰ ਸਨ। ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਪਿੰਡ ਮਾਜਰਾ ਵਿਖੇ ਕਰੀਬ 20 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਨਾਲੀਆਂ ਦੇ ਨਿਰਮਾਣ ਕਾਰਜ ਨੂੰ ਅਰੰਭ ਕੀਤਾ ਗਿਆ ਹੈ ਅਤੇ ਬਹੁਤ ਜਲਦੀ ਪਿੰਡ ਵਾਸੀਆਂ ਨੂੰ ਵਧੀਆ ਗਲੀਆਂ ਨਾਲੀਆਂ ਦਾ ਨਿਰਮਾਣ ਕਰਕੇ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਲੋਕਾਂ ਨਾਲ ਜੋ ਵਾਅਦੇ ਕੀਤੇ ਸੀ ਉਹ ਪੂਰੇ ਵੀ ਕੀਤੇ ਹਨ।

# ਅੱਪਰਬਰੀ ਦੁਆਬ 'ਤੇ ਪੁਲ ਉਸਾਰੀ ਅਧੀਨ ਹੋਣ ਕਾਰਨ ਲੋਕ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਪੰਡੋਰੀ ਰੋਡ 'ਤੇ ਪਿੰਡ ਗਾਜੀਕੋਟ ਨਹਿਰ ਅਪਰਬਰੀ ਦੁਆਬ 'ਤੇ ਬਣ ਰਿਹਾ ਪੁਲ ਉਸਾਰੀ ਅਧੀਨ ਹੋਣ ਕਰਕੇ ਇਲਾਕੇ ਦੇ ਅਨੇਕਾਂ ਪਿੰਡਾਂ ਅਤੇ ਵਿਸਾਖੀ ਦੇਖਣ ਵਾਲੇ ਲੋਕਾਂ ਨੂੰ ਅਨੇਕਾਂ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਇਸ ਸੰਬੰਧੀ ਇਲਾਕੇ ਦੇ ਪੰਚਾਂ, ਸਰਪੰਚਾਂ ਅਤੇ ਹੋਰ ਸਮਾਜ ਸੇਵੀ ਜਥੇਬੰਦੀਆਂ ਨੇ ਦੱਸਿਆ ਕਿ ਪਿਛਲੇ ਡੇਢ ਸਾਲਾਂ ਤੋਂ ਪੁਲ ਉਸਾਰੀ ਅਧੀਨ ਹੈ ਪਰ ਅਜੇ ਤੀਕ ਠੇਕੇਦਾਰ ਵਲੋਂ ਇਸ ਨੂੰ ਮੁਕੰਮਲ ਨਹੀਂ ਕੀਤਾ ਗਿਆ ਜਦੋਂ ਕਿ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੇ ਕਈ ਵਾਰ ਬਿਆਨ ਦਿੱਤੇ ਸਨ ਕਿ ਇਹ ਪੁਲ 31 ਮਾਰਚ ਨੂੰ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਜਾਵੇਗਾ ਪਰ ਪੁਲ ਅਜੇ ਤੱਕ ਚਾਲੂ ਨਾ ਹੋਣ ਕਰਕੇ ਇਸ ਵਾਰ ਪੰਡੋਰੀ ਧਾਮ ਵਿਖੇ ਵਿਸਾਖੀ ਵੇਖਣ ਪਹੁੰਚਣ ਵਾਲੀਆਂ ਸੰਗਤਾਂ ਨੂੰ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਜਗ੍ਹ 'ਤੇ ਪਾਣੀ ਨੂੰ ਘੱਟ-ਵਧ ਕਰਨ ਲਈ ਲੱਗੇ ਗੇਟਾਂ 'ਤੇ ਬਣੇ ਡੇਢ ਫੁਟ ਦੇ ਪੁਲ ਤੋਂ ਖ਼ਤਰੇ ਵਿਚ ਪਾ ਕੇ ਲੰਘਣ ਵਾਲੇ ਔਖੇ ਹੁੰਦੇ ਲੋਕ ਆਪਣੇ ਵਿਚ ਬਹਿਸਬਾਜ਼ੀ ਕਰਦੇ ਜਿਥੇ ਨਜ਼ਰ ਆਏ ਉਥੇ ਹੀ ਦੋ ਘੰਟੇ ਦੇ ਕਰੀਬ ਜ਼ਾਮ ਵੀ ਲੱਗਾ ਰਿਹਾ। ਉਨ੍ਹਾਂ ਦੱਸਿਆ ਕਿ ਇਹ ਸਟੀਲ ਬ੍ਰਿਜ ਕੰਮ ਚੱਲ ਵੀ ਰਿਹਾ ਹੈ ਪਰ ਠੇਕੇਦਾਰ ਦੀ ਢਿਲੀ ਕਾਰਗੁਜ਼ਾਰੀ ਕਰਕੇ ਉਸ 'ਤੇ ਕਈ ਤਰ੍ਹਾਂ ਦੇ ਪ੍ਰਸ਼ਨ ਚਿੰਨ੍ਹ ਵੀ ਲਗ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਵਿਸਾਖੀ ਤੋਂ ਪਹਿਲਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਹਿਤ ਵੀ ਲਿਆਂਦਾ ਗਿਆ ਸੀ ਪਰ ਫ਼ਿਰ ਵੀ ਇਸ ਪੁਲ ਦਾ ਨਿਰਮਾਣ ਕਾਰਜ ਸਮੇਂ ਸਿਰ ਨਹੀਂ ਹੋ ਸਕਿਆ। ਇਲਾਕੇ ਦੇ ਲੋਕਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਗਾਜੀਕੋਟ ਨਹਿਰ ਬਰੀ ਦੁਆਬ 'ਤੇ ਬਣ ਰਹੇ ਪੁਲ ਨੂੰ ਬਣਾਉਣ ਦੇ ਕੰਮ ਵਿਚ ਤੇਜ਼ੀ ਲਿਆ ਕੇ ਲੋਕਾਂ ਨੂੰ ਇਸ ਮੁਸ਼ਕਿਲ ਤੋਂ ਰਾਹਤ ਦਿਵਾਈ ਜਾਵੇ।

# ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਨੇ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ



**ਵਲਟੋਹਾ/(ਰਣਜੀਤ ਸਿੰਘ ਵਲਟੋਹਾ)**-ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਲਾਖਣਾ ਵਿਖੇ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ ਗਿਆ। ਨੌਜਵਾਨਾਂ ਨਾਲ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਤਹਿਸੀਲ ਸਕੱਤਰ ਲਾਜ਼ਰ ਲਾਖਣਾ ਨੇ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਡਕਰ ਮਹਾਨ ਯੋਧੇ ਸਨ ਜਿਨ੍ਹਾਂ ਸਾਡੇ ਕਿਸਾਨਾਂ ਮਜ਼ਦੂਰਾਂ ਨੌਜਵਾਨਾ ਤੇ ਔਰਤਾਂ ਲਈ ਸੰਵਿਧਾਨ ਬਣਾਇਆ। ਉਨ੍ਹਾਂ ਕਿਹਾ ਕਿ ਡਾਕਟਰ ਭੀਮ ਰਾਓ ਦੇ ਵਿਚਾਰ ਇਹ ਕਹਿੰਦੇ ਹਨ ਧਰਮ ਵਿਅਕਤੀ ਦਾ ਨਿਜੀ ਮਾਮਲਾ ਹੈ ਅਤੇ ਧਰਮ ਦਾ ਸਮਾਜ ਨਾਲ ਕਿਸੇ ਤਰ੍ਹਾਂ ਦਾ ਕੋਈ ਸਰੋਕਾਰ ਹੀ ਨਹੀਂ।ਉਹਨਾਂ ਕਿਹਾ ਕਿ ਸਾਰੇ ਨੌਜਵਾਨ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ 'ਤੇ ਇਹ ਸੰਕਲਪ ਲਈਏ ਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਮੈਂਬਰ ਬਣਈਏ ਤਾਂ ਜੋ ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਦੇ ਵਿਚਾਰਾਂ ਵਾਲਾ ਸਮਾਜ ਸਿਰਜਿਆ ਜਾ ਸਕੇ। ਇਸ ਮੌਕੇ ਸੇਵਕ ਸਿੰਘ, ਸੋਨੂੰ ਸਿੰਘ, ਨਿਸ਼ਾਨ ਸਿੰਘ, ਕੁਲਬੀਰ ਸਿੰਘ, ਹਰਜਿੰਦਰ ਸਿੰਘ, ਲੱਖਾ ਸਿੰਘ, ਮਨਜੀਤ ਸਿੰਘ ਹਾਜ਼ਰ ਸਨ।

# ਗੁਰਦੁਆਰਾ ਦਰਬਾਰ ਸਾਹਿਬ ਵਿਖੇ ਵਿਸਾਖੀ ਦਾ ਦਿਹਾੜਾ ਧੂਮਧਾਮ ਨਾਲ ਮਨਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਕਸਬਾ ਡੇਰਾ ਬਾਬਾ ਨਾਨਕ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸਾਖੀ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਅੱਜ ਸਵੇਰ ਤੋਂ ਹੀ ਸੰਗਤਾਂ ਵੱਡੀ ਗਿਣਤੀ ਵਿੱਚ ਡੇਰਾ ਬਾਬਾ ਨਾਨਕ ਦੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਈਆਂ ਤੇ ਗੁਰਦੁਆਰਾ ਸਾਹਿਬ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕਰਕੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਸਾਖੀ ਦੇ ਪਵਿੱਤਰ ਦਿਹਾੜੇ ਸਬੰਧੀ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਿਕ ਦੀਵਾਨ ਸਜਾਏ ਗਏ, ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਅਤੇ ਪ੍ਰਚਾਰਕ ਜਥਿਆਂ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਬਾਬਾ ਨਛੱਤਰ ਸਿੰਘ ਵੱਲੋਂ ਸੰਗਤਾਂ ਦੀ ਚੜ੍ਹਦੀ ਕਲਾ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਬਾਬਾ ਸੇਵਾ ਸਿੰਘ ਕਾਰ ਸੇਵਾ ਸ੍ਰੀ ਖਡੂਰ ਸਾਹਿਬ ਵਾਲਿਆਂ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਸੰਗਤਾਂ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੈਨੇਜਰ ਸਤਨਾਮ ਸਿੰਘ ਗੋਸਲ਼ ਨੇ ਸੰਗਤਾਂ ਨੂੰ ਵਿਸਾਖੀ ਦੇ ਪਵਿੱਤਰ ਦਿਹਾੜੇ ਦੀ ਵਧਾਈ ਦਿੱਤੀ ਅਤੇ ਕਿਹਾ ਕਿ 14 ਅਪ੍ਰੈਲ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਡੇਰਾ ਬਾਬਾ ਨਾਨਕ ਵਿਖੇ ਵਿਸਾਖੀ ਨੂੰ ਸਮਰਪਤ ਕਬੱਡੀ ਕੱਪ ਕਰਵਾਇਆ ਜਾਵੇਗਾ। ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ਼, ਬਾਬਾ ਸਾਹਿਬ ਸਿੰਘ ਕਾਰ ਸੇਵਾ ਵਾਲੇ, ਬਾਬਾ ਬਿਸ਼ਨ ਸਿੰਘ ਪੱਪੂ,ਆਪ ਆਗੂ ਬਿੱਟਾ ਮਹਾਜਨ, ਕੌਂਸਲਰ ਕੁਲਵਿੰਦਰ ਸਿੰਘ ਬੇਦੀ, ਕੌਂਸਲਰ ਹਰਵਿੰਦਰ ਸਿੰਘ ਰੰਧਾਵਾ, ਜਗਦੀਪ ਸਿੰਘ ਸ਼ਿਕਾਰ, ਸੁਖਵਿੰਦਰ ਸਿੰਘ ਖਜ਼ਾਨਚੀ, ਪ੍ਰਗਟ ਸਿੰਘ ਮੂਲੋਵਾਲੀ, ਹਰਵੰਤ ਸਿੰਘ, ਕੁਲਵੰਤ ਸਿੰਘ ਸ਼ਿਕਾਰ, ਗ੍ਰੰਥੀ ਜਗਵਿੰਦਰ ਸਿੰਘ, ਦਿਲਸ਼ੇਰ ਸਿੰਘ ਡੇਰਾ, ਗੁਰਪ੍ਰੀਤ ਸਿੰਘ ਨਿੱਕੋਸਰਾ, ਧਰਮਪਾਲ ਸਿੰਘ ਮੱਤਰੀ, ਕੁਲਜੀਤ ਸਿੰਘ ਮਝੈਲ, ਸੁਰਜੀਤ ਸਿੰਘ ਟੋਨੀ, ਜੱਗਾ ਤਲਵੰਡੀ ਗੋਰਾਇਆ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਆਦਿ ਹਾਜ਼ਰ ਸਨ।

## ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ



ਤਰਨ ਤਾਰਨ (ਪ੍ਰਿਤਪਾਲ ਸਿੰਘ) ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਵੱਲੋਂ ਡਾ .ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਸ਼ਹੀਦ ਦੀਪਕ ਧਵਨ ਯਾਦਗਾਰੀ ਭਵਨ ਵਿੱਡਾਖੇ ਮਨਾਇਆ ਗਿਆ। ਇਸ ਦੀ ਪ੍ਰਧਾਨਗੀ ਨਰਿੰਦਰ ਸਿੰਘ ਫੌਜੀ ਰਟੌਲ, ਕਰਮ ਸਿੰਘ ਪੰਡੋਰੀ, ਜਸਬੀਰ ਕੌਰ ਜਾਮਾਰਾਏ ਆਦਿ ਆਗੂਆਂ ਨੇ ਕੀਤੀ। ਇਸ ਮੌਕੇ ਪਾਰਟੀ ਦੇ ਸੂਬਾ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਅਤੇ ਬਲਦੇਵ ਸਿੰਘ ਪੰਡੋਰੀ ਨੇ ਬੋਲਦਿਆ ਕਿਹਾ ਕਿ ਪਾਰਟੀ ਦੀ ਕੇਦਰੀ ਕਮੇਟੀ ਦੇ ਸੱਦੇ 'ਤੇ ਡਾ ਭੀਮ ਰਾਓ ਅੰਬੇਡਕਰ ਦੀ ਅਗਵਾਈ ਹੇਠ ਬਣੇ ਸੰਵਿਧਾਨ ਸਵਿਧਾਨਕ ਸੰਸਥਾਵਾਂ ਅਤੇ ਜਮਹੂਰੀ ਹੱਕਾਂ ਨੂੰ ਬਚਾਉਣ ਦੀ ਲੋੜ ਹੈ। ਦੋਹਾਂ ਆਗੂਆਂ ਨੇ ਕਿਹਾ ਕੇ ਸਦੀਆਂ ਤੱਕ ਇੱਕ ਵਿਤਕਰੇ ਭਰੀ ਮੰਨੂਵਾਦੀ ਵਿਚਾਰਧਾਰਾ ਨੇ ਸਮਾਜ ਦੇ ਵੱਡੇ ਹਿੱਸੇ ਨੂੰ ਸ਼ੂਦਰ ਕਹਿ ਕੇ ਕੁਦਰਤੀ ਅਤੇ ਆਰਥਿਕ ਸਰੋਤਾਂ ਤੋਂ ਵਾਝੇ ਰੱਖਿਆ ਅਤੇ ਜਾਤੀ ਪਾਤੀ ਵੰਡ ਪੈਦਾ ਕੀਤੀ। ਸਾਥੀ ਜਾਮਰਾਏ ਨੇ ਕਿਹਾ ਕੇ ਗੁਰੂਆਂ, ਭਗਤਾਂ ਅਤੇ ਡਾ. ਅੰਬੇਦਕਰ ਵਰਗੀਆਂ ਸਖਸੀਅਤਾਂ ਦੇ ਅਦਾ ਕੀਤੇ ਇਤਹਾਸਕ ਰੋਲ ਸਦਕਾ ਸਮਾਜਿਕ ਵਿਤਕਰੇ ਘਟੇ ਅਤੇ ਸੰਵਿਧਾਨਕ ਹੱਕ ਮਿਲੇ। ਆਰ ਐਸ ਐਸ ਮੰਨਵਾਦੀ ਵਿਚਾਰਧਾਰਾ ਥੋਪਣਾ ਚਹੁੰਦੀ ਹੈ ਅਤੇ ਸਮਾਜ ਨੂੰ ਪਛਾਹ ਵੱਲ ਧੱਕਣਾ ਚਹੁੰਦੀ ਹੈ ਅਤੇ ਦਲਿਤ ਸਮਾਜ ਨੂੰ ਮਿਲੇ ਸੰਵਿਧਾਨਕ ਅਤੇ ਜਮਹੂਰੀ ਅਧਿਕਾਰ ਖਤਮ ਕਰਕੇ ਸੰਵਿਧਾਨ ਨੂੰ ਬਦਲਣਾ ਚਾਹੁੰਦੀ ਹੈ। ਇਸ ਮੌਕੇ ਤਰਸੇਮ ਸਿੰਘ ਕੰਗ, ਕੁਲਦੀਪ ਸਿੰਘ ਰਟੌਲ,ਕਰਮ ਸਿੰਘ ਪੰਡੋਰੀ, ਕੁਲਵੰਤ ਕੌਰ ਕੰਗ ਲਾਭ ਸਿੰਘ ਫੌਜੀ, ਬਲਜੀਤ ਕੌਰ, ਰਾਣੀ, ਕੁਲਵਿੰਦਰ ਕੌਰ, ਪਲਵਿੰਦਰ ਕੌਰ, ਰਾਜਬੀਰ ਕੌਰ, ਗੁਰਮੀਤ ਕੌਰ, ਰਣਜੀਤ ਕੌਰ ਬਲਕਾਰ ਸਿੰਘ, ਗੁਲਜਾਰ ਸਿੰਘ ਆਦਿ ਹਾਜ਼ਰ ਸਨ।

## ਐੱਨ ਸੀ ਸੀ ਕੈਡਿਟਾਂ ਦੀ ਇਨਰੋਲਮੈਂਟ



ਝਬਾਲ (ਹਰਜਿੰਦਰ ਸਿੰਘ ਸੋਨੀ)-ਚੀਫ਼.ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਝਬਾਲ ਦੇ ਐੱਨ.ਸੀ.ਸੀ ਸੈਸ਼ਨ 2025-26 ਦੇ ਜੂਨੀਅਰ ਵਿੰਗ ਦੇ ਕੈਡਿਟਾਂ ਦੀ ਇਨਰੋਲਮੈਂਟ 11 ਪੰਜਾਬ ਬਟਾਲੀਅਨ ਐੱਨ.ਸੀ.ਸੀ ਅੰਮ੍ਰਿਤਸਰ ਕਮਾਂਡਿੰਗ ਅਫ਼ਸਰ ਬਰਿੰਦਰ ਕੁਮਾਰ ਦੀ ਅਗਵਾਈ ਹੇਠ ਕੀਤੀ ਗਈ। 11 ਪੰਜਾਬ ਬਟਾਲੀਅਨ ਐੱਨ.ਸੀ.ਸੀ ਵੱਲੋਂ ਭੇਜੇ ਗਏ ਪੀ.ਆਈ ਸਟਾਫ਼ ਸੂਬੇਦਾਰ ਸਨੀਲ ਪਾਂਡੇ ਅਤੇ ਹਵਲਦਾਰ ਬੰਡਾਲ ਨੇ ਸਕੂਲ ਵਿੱਚ ਆ ਕੇ ਇਨਰੋਲਮੈਂਟ ਕੀਤੀ। ਏ.ਐੱਨ.ਓ ਬਲਜਿੰਦਰ ਸਿੰਘ ਅਤੇ ਮੈਡਮ ਕਰਮਜੀਤ ਕੌਰ ਦੀ ਦੇਖ-ਰੇਖ ਹੇਠ ਜੂਨੀਅਰ ਵਿੰਗ ਦੇ 26 ਵਿਦਿਆਰਥੀਆਂ ਦੀ ਇਨਰੋਲਮੈਂਟ ਕੀਤੀ ਗਈ। ਇਹਨਾਂ ਵਿਦਿਆਰਥੀਆਂ ਨੂੰ ਸਰੀਰਕ ਯੋਗਤਾ ਦੇ ਆਧਾਰ 'ਤੇ ਇਨਰੋਲ ਕੀਤਾ ਗਿਆ। ਸਕੂਲ ਦੀ ਸਮੂਹ ਮੈਨੇਜਮੈਂਟ ਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਐੱਨ.ਸੀ.ਸੀ ਵਿੱਚ ਭਾਗ ਲੈਣ ਵਾਲੇ ਸਾਰੇ ਕੈਡਿਟਾਂ ਦੀ ਹੌਸਲਾ ਅਫ਼ਜ਼ਾਈ ਕੀਤੀ।

## ਡਾ.ਅੰਬੇਡਕਰ ਨੇ ਦਲਿਤਾਂ ਨੂੰ ਬਰਾਬਰ ਦਾ ਸਤਿਕਾਰ ਦਵਾਇਆ : ਜਸਪਾਲ ਝਬਾਲ



ਝਬਾਲ (ਮੱਖਣ ਮਨੋਜ) ਸ਼ੁਕਰਚੱਕ ਵਿਖੇ ਦਿਹਾਤੀ ਮਜ਼ਦੂਰ ਸਭਾ ਵੱਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾਕਟਰ ਸਾਹਿਬ ਭੀਮ ਰਾਓ ਅੰਬੇਦਕਰ ਦੀ ਯਾਦ ਵਿੱਚ ਜਰਨੈਲ ਸਿੰਘ ਰਸੂਲਪੁਰ, ਗੁਰਵੇਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਵਿਸ਼ਾਲ ਮੀਟਿੰਗ ਕੀਤੀ ਗਈ ਇਸ ਨੂੰ ਸੰਬੋਧਨ ਕਰਦਿਆਂ ਜਸਪਾਲ ਝਬਾਲ ਨੇ ਕਿਹਾ ਕਿ ਦਲਿਤਾਂ ਦੇ ਮਸੀਹਾ ਡਾਕਟਰ ਅੰਬੇਡਕਰ ਨੇ ਦਲਿਤਾਂ ਨੂੰ ਧਾਰਮਿਕ ਅਸਥਾਨਾਂ ਵਿੱਚ ਬਰਾਬਰ ਦਾ ਸਤਿਕਾਰ ਦਵਾਇਆ, ਸਕੂਲਾਂ ਕਾਲਜਾਂ ਵਿੱਚ ਪੜ੍ਹਨ ਦਾ ਅਧਿਕਾਰ ਦਿਵਾਇਆ ਅਤੇ ਜਾਤੀ ਪਾਤੀ ਛੂਆਛੂਤ ਨੂੰ ਖਤਮ ਕਰਵਾਇਆ, ਪਰ ਅੱਜ ਕੇਂਦਰ ਦੀ ਸਰਕਾਰ ਵੱਲੋਂ ਮਨੂਵਾਦੀ ਰੂੜੀਵਾਦੀ ਰਸਮਾਂ ਨੂੰ ਮੁੜ ਤੋਂ ਲਾਗੂ ਕਰਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਨੂੰ ਭਾਰਤ ਦੇ ਅਗਾਂਹਵਧੂ ਸੋਚ ਦੇ ਧਾਰਨੀ ਲੋਕ ਕਦਾਚਿੱਤ ਬਰਦਾਸ਼ਤ ਨਹੀਂ ਕਰਨਗੇ ਇਸ ਖ਼ਿਲਾਫ਼ ਜਥੇਬੰਦ ਹੋ ਕੇ ਸੰਘਰਸ਼ ਕਰਨ ਦੀ ਅਪੀਲ ਕੀਤੀ।

## 'ਆਪ' ਡਾ. ਅੰਬੇਡਕਰ ਦੇ ਸੁਪਨਿਆਂ ਨੂੰ ਪੂਰਾ ਕਰਨ ਵਾਲੀ ਪਹਿਲੀ ਸਰਕਾਰ : ਧਾਲੀਵਾਲ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)** ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਦੀ ਜਨਮ ਵਰ੍ਹੇਗੰਢ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਦੇ ਪਛੜੇ ਹੋਏ ਲੋਕਾਂ ਨਾਲ ਖੁਸ਼ੀ ਸਾਂਝੀ ਕਰਦੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਡਾ. ਅੰਬੇਡਕਰ ਵੱਲੋਂ ਲਏ ਗਏ ਸੁਪਨਿਆਂ ਨੂੰ ਪੂਰਾ ਕਰਨ ਵਾਲੀ ਪਹਿਲੀ ਸਰਕਾਰ ਹੈ।ਉਹਨਾਂ ਦੱਸਿਆ ਕਿ ਜਿੱਥੇ ਇਸ ਸਰਕਾਰ ਵਿੱਚ ਪਹਿਲਾਂ ਅਨੁਸੂਚਿਤ ਜਾਤੀ ਭਾਈਚਾਰੇ ਵਿੱਚੋਂ ਛੇ ਮੰਤਰੀ ਵੱਡੇ ਵਿਭਾਗਾਂ ਦੀਆਂ ਜਿੰਮੇਵਾਰੀਆਂ ਨਿਭਾ ਰਹੇ ਹਨ, ਉੱਥੇ ਹੁਣ ਪੰਜਾਬ ਸਰਕਾਰ ਨੇ ਰਾਜ ਦੇ ਕਾਨੂੰਨੀ ਮਾਮਲਿਆਂ ਦੀ ਪੈਰਵਾਈ ਕਰਨ ਵਾਲੇ ਐਡਵੋਕੇਟ ਜਨਰਲ ਦੇ ਦਫਤਰ ਵਿੱਚ ਰੱਖੇ ਜਾਣ ਵਾਲੇ ਵੱਖ ਵੱਖ ਖੇਤਰਾਂ ਦੇ ਮਾਹਿਰ ਵਕੀਲਾਂ ਵਿੱਚ ਵੀ ਰਾਖਵਾਂ ਕਰਨ ਦੀ ਸਹੂਲਤ ਦੇ ਦਿੱਤੀ ਹੈ।ਉਹਨਾਂ ਕਿਹਾ ਕਿ ਅਜਿਹਾ ਪੰਜਾਬ ਵਿੱਚ ਪਹਿਲੀ ਵਾਰ ਕੀਤਾ ਗਿਆ ਹੈ।ਉਹਨਾਂ ਕਿਹਾ ਕਿ ਅਸੀਂ ਬਾਬਾ ਸਾਹਿਬ ਦੇ ਸਮਾਨਤਾ ਦੇ ਅਧਿਕਾਰ ਉੱਤੇ ਪਹਿਰਾ ਦੇ ਰਹੇ ਹਾਂ ਅਤੇ ਦਿੰਦੇ ਰਹਾਂਗੇ ਵੀ।ਇਸ ਮੌਕੇ ਉਹਨਾਂ ਨੇ ਬਾਬਾ ਸਾਹਿਬ ਅੰਬੇਡਕਰ ਦਾ ਜਨਮ ਦਿਹਾੜਾ ਵੀ ਪਾਰਟੀ ਦਫਤਰ ਵਿੱਚ ਲੋਕਾਂ ਨਾਲ ਲੱਡੂ ਵੰਡ ਕੇ ਮਨਾਇਆ ਅਤੇ ਸਾਰਿਆਂ ਨੂੰ ਇਸ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।

# ਕਟਾਰੂ ਚੱਕ ਨੇ ਨੌਜਵਾਨਾਂ ਨੂੰ ਡਾ. ਅੰਬੇਡਕਰ ਵੱਲੋਂ ਦਿਖਾਏ ਮਾਰਗ 'ਤੇ ਚੱਲਣ ਦਾ ਦਿੱਤਾ ਸੱਦਾ



ਦੀਨਾਨਗਰ/ਗੁਰਦਾਸਪੁਰ (ਬਲਵਿੰਦਰ ਸਿੰਘ ਬਿੱਲਾ/ਜਨਕ ਮਹਾਜਨ)- ਸੂਬੇ ਦੇ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ, ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਨੌਜਵਾਨਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੀ ਵਿਚਾਰਧਾਰਾ ਉੱਪਰ ਚੱਲਦੇ ਹੋਏ ਇੱਕ ਬਰਾਬਰੀ ਵਾਲੇ ਅਤੇ ਪ੍ਰਗਤੀਸ਼ੀਲ ਸਮਾਜ ਦੀ ਸਿਰਜਨਾ ਕਰਨ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਦੇ ਦਿਖਾਏ ਗਏ ਮਾਰਗ 'ਤੇ ਚੱਲਣਾ ਹੀ ਬਾਬਾ ਸਾਹਿਬ ਨੂੰ ਸਭ ਤੋਂ ਢੁੱਕਵੀਂ ਸ਼ਰਧਾਂਜਲੀ ਹੈ।ਡਾ. ਭੀਮ ਰਾਓ ਅੰਬੇਡਕਰ ਜੀ ਦੀ 134ਵੀਂ ਜਯੰਤੀ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐੱਸ ਐੱਸ ਐੱਮ ਕਾਲਜ ਦੀਨਾਨਗਰ ਵਿਖੇ ਆਯੋਜਿਤ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਭਾਰਤੀ ਸੰਵਿਧਾਨ ਦੇ ਮੁੱਖ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੇ ਯੋਗਦਾਨ ਨੂੰ ਉਜਾਗਰ ਕਰਦੇ ਹੋਏ ਕਿਹਾ ਕਿ ਉਨ੍ਹਾਂ ਨੇ ਆਪਣਾ ਸਾਰਾ ਜੀਵਨ ਸਮਾਨਤਾ, ਭਾਈਚਾਰੇ ਅਤੇ ਮਨੁੱਖਤਾ ਲਈ ਸਮਰਪਿਤ ਕਰ ਦਿੱਤਾ ਅਤੇ ਦੱਬੇ-ਕੁਚਲੇ ਵਰਗ ਦੇ ਉਥਾਨ ਲਈ ਬਹੁਤ ਯਤਨ ਕੀਤੇ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਦਾ ਸਮਾਜਿਕ ਅਤੇ ਰਾਜਨੀਤਿਕ ਸਮਾਨਤਾ ਦਾ ਦ੍ਰਿਸ਼ਟੀਕੋਣ ਅੱਜ ਵੀ ਓਨਾ ਹੀ ਪ੍ਰਸੰਗਕ ਹੈ ਜਿੰਨਾ ਪਹਿਲਾਂ ਸੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਪਿਛਲੀਆਂ ਸਰਕਾਰਾਂ ਦੇ ਉਲਟ, ਪੋਸਟ-ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਫੰਡਾਂ ਦੀ ਸਮੇਂ ਸਿਰ ਵੰਡ ਨੂੰ ਯਕੀਨੀ ਬਣਾਇਆ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਦਾ ਰਾਜ ਭਰ ਦੇ ਵਿਦਿਆਰਥੀਆਂ ਨੂੰ ਵੱਡਾ ਲਾਭ ਮਿਲ ਰਿਹਾ ਹੈ।ਇਸ ਮੌਕੇ ਵਿਧਾਇਕ ਸ. ਗੁਰਦੀਪ ਸਿੰਘ ਰੰਧਾਵਾ, ਚੇਅਰਮੈਨ ਸ੍ਰੀ ਰਮਨ ਬਹਿਲ, ਚੇਅਰਮੈਨ ਸ੍ਰੀ ਜਗਰੂਪ ਸਿੰਘ ਸੇਖਵਾਂ ਅਤੇ ਸ਼ਮਸ਼ੇਰ ਸਿੰਘ ਨੇ ਵੀ ਬਾਬਾ ਸਾਹਿਬ ਨੂੰ ਯੁੱਗ ਪੁਰਸ਼ ਦੱਸਦੇ ਹੋਏ ਆਪਣਾ ਸਤਿਕਾਰ ਭੇਟ ਕੀਤਾ। ਐੱਸ.ਡੀ.ਐੱਮ. ਦੀਨਾਨਗਰ ਜਸਪਿੰਦਰ ਸਿੰਘ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ ਗਿਆ ਜਦਕਿ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਮੁੱਖ ਮਹਿਮਾਨ ਤੇ ਹੋਰ ਮਹਿਮਾਨਾਂ ਦਾ ਧੰਨਵਾਦ ਕੀਤਾ।

# ਸੁਖਬੀਰ ਭਾਜਪਾ 'ਤੇ ਇਲਜ਼ਾਮ ਲਾਉਣ ਦੀ ਥਾਂ ਆਪਣੇ ਅੰਦਰ ਝਾਤੀ ਮਾਰਨ : ਪ੍ਰੋ. ਖਿਆਲਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਭਾਰਤੀ ਜਨਤਾ ਪਾਰਟੀ ਦੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਅਕਾਲੀ ਦਲ ਬਾਦਲ ਦੇ ਮੁੜ ਪ੍ਰਧਾਨ ਬਣਨ ਤੋਂ ਬਾਅਦ ਸੁਖਬੀਰ ਸਿੰਘ ਬਾਦਲ ਵੱਲੋਂ ਭਾਜਪਾ 'ਤੇ ਲਗਾਏ ਗਏ ਬੇਬੁਨਿਆਦ ਇਲਜ਼ਾਮ ਨੂੰ ਪੂਰੀ ਤਰ੍ਹਾਂ ਸਿਆਸਤ ਤੋਂ ਪ੍ਰੇਰਿਤ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਬਾਦਲ ਦਲ ਦਾ ਟਕਰਾਅ ਕੇਂਦਰ ਨਾਲ ਨਹੀਂ ਸਗੋਂ ਸਿੱਖੀ ਸਿਧਾਂਤ ਅਤੇ ਰਵਾਇਤਾਂ ਨਾਲ ਹੈ। ਪਹਿਲਾਂ ਤਾਂ ਸਿੱਖ ਸਿਆਸਤ ਦਾ ਟਕਰਾਅ ਮੁਗ਼ਲਾਂ ਦੀ ਸੱਤਾ ਮੀਰੀ ਨਾਲ ਸੀ, ਅੱਜ ਸੁਖਬੀਰ ਬਾਦਲ ਦੀ ਅਗਵਾਈ 'ਚ ਮੀਰੀ ਭਾਵ ਅਕਾਲੀ ਸਿਆਸਤ ਖ਼ੁਦ ਗੁਰਮਤਿ ਸਿਧਾਂਤ, ਰਵਾਇਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਦੇ ਰਿਹਾ ਹੈ। ਜਦੋਂ ਕਿ ਸਿੱਖ ਸਿਆਸਤ ਨੇ ਹਮੇਸ਼ਾ ਪੀਰੀ ਦੇ ਅਧੀਨ ਰਹਿ ਕੇ ਕੰਮ ਕੀਤਾ ਹੈ।ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸੁਖਬੀਰ ਬਾਦਲ ਨੇ ਸ਼੍ਰੋਮਣੀ ਕਮੇਟੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਵਰਗੀਆਂ ਸਿੱਖਾਂ ਦੀਆਂ ਸਿਰਮੌਰ ਸੰਸਥਾਵਾਂ ਦਾ ਸਿਆਸੀਕਰਨ ਹੀ ਨਹੀਂ ਕੀਤਾ ਸਗੋਂ ਕਠਪੁਤਲੀ ਤਕ ਬਣਾ ਲੈਣ 'ਤੇ ਤੁਲਿਆ ਹੈ। ਉਨ੍ਹਾਂ ਕਿਹਾ ਕਿ ਸੰਸਾਰ ਭਰ ਦੇ ਸਿੱਖਾਂ ਦੀ ਆਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਹੈ, ਇਸ ਦੀ ਅਤੇ ਸਿੱਖੀ ਦੀ ਸਾਖ ਨੂੰ ਖੋਰਾ ਲਾਉਣ 'ਚ ਲੱਗੇ ਲੋਕਾਂ ਨੂੰ ਸੰਸਾਰ ਭਰ ਦੇ ਸਿੱਖ ਹੁਣ ਤਕ ਚੰਗੀ ਤਰਾਂ ਜਾਣ ਚੁੱਕੇ ਹਨ।ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਦਾ ਇਹ ਕਹਿਣਾ ਬਹੁਤ ਹਾਸੋਹੀਣੀ ਹੈ ਕਿ ਵਿਰੋਧੀਆਂ ਨੇ ਤਖ਼ਤਾਂ ਦੇ ਜਥੇਦਾਰਾਂ ਨੂੰ ਆਪਣੇ ਪੱਖ ਵਿਚ ਕਰ ਲਿਆ ਸੀ। ਸਚਾਈ ਸਭ ਜਾਣਦੇ ਹਨ ਕਿ ਬਾਦਲ ਪਰਵਾਰ ਨੇ ਸੌਦਾ ਸਾਧ ਨੂੰ ਅਣਮੰਗੀ ਮੁਆਫ਼ੀ ਦੇਣ ਦਿਵਾਉਣ ਲਈ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਨੂੰ ਆਪਣੇ ਗ੍ਰਹਿ ਵਿਖੇ ਤਲਬ ਕਰਦਿਆਂ ਉਨ੍ਹਾਂ ਤੋਂ ਮਨ ਇੱਛਿਤ ਫ਼ੈਸਲੇ ਕਰਵਾਏ ਹਨ। ਜਿਸ ਬਾਰੇ ਸੁਖਬੀਰ ਬਾਦਲ ਖ਼ੁਦ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਕਬੂਲ ਕਰ ਚੁੱਕੇ ਹਨ।

ਅੱਜ ਤਖ਼ਤ ਸਾਹਿਬਾਨ ਦੇ ਜਥੇਦਾਰਾਂ ਨੂੰ ਜਿਸ ਤਰੀਕੇ ਨਾਲ ਹਟਾਏ ਗਏ ਹਨ ਅਤੇ ਪਰੰਪਰਾਵਾਂ ਨੂੰ ਅੱਖੋਂ ਪਰੋਖੇ ਕਰਕੇ ਜਿਵੇਂ ਨਵੇਂ ਨਿਯੁਕਤ ਕੀਤੇ ਜਾ ਰਹੇ ਹਨ ਉਨ੍ਹਾਂ ਪ੍ਰਤੀ ਕੌਮ ਵਿਚ ਭਾਰੀ ਰੋਸ ਹੈ। ਉਹ ਜਥੇਦਾਰ ਅੱਜ ਕੌਮ ਵਿਚ ਅਪਰਵਾਨ ਜਥੇਦਾਰ ਸਾਬਤ ਹੋਏ ਹਨ।

# ਕੁਲਬੀਰ ਜ਼ੀਰਾ ਦਾ ਜਨਮ ਦਿਨ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ) ਸਾਬਕਾ ਐਮ ਐਲ ਏ ਕੁਲਬੀਰ ਸਿੰਘ ਜ਼ੀਰਾ ਦਾ ਕਸਬਾ ਝਬਾਲ ਪੁੱਜਣ 'ਤੇ ਚੈਅਰਮੈਨ ਰਮਨ ਕੁਮਾਰ ਝਬਾਲ ਵੱਲੋਂ ਕਲੋਨੀ ਅਟਾਰੀ ਰੋਡ ਝਬਾਲ ਵਿਖੇ ਕੇਕ ਕੱਟ ਕੇ ਜਨਮ ਦਿਨ ਮਨਾਇਆ ਗਿਆ।ਇਸ ਮੌਕੇ ਜ਼ੀਰਾ ਨੂੰ ਮੁਬਾਰਕਬਾਦ ਦੇਣ ਵਾਲਿਆਂ ਵਿੱਚ ਪ੍ਰਮੁੱਖ ਤੌਰ 'ਤੇ ਚੈਅਰਮੈਨ ਰਮਨ ਕੁਮਾਰ ਝਬਾਲ, ਰਾਜਬੀਰ ਸਿੰਘ ਭੁੱਲਰ, ਚੈਅਰਮੈਨ ਬਲਵਿੰਦਰ ਸਿੰਘ ਗੱਗੋਬੂਹਾ, ਕਿਸਾਨ ਕਾਂਗਰਸ ਸੈੱਲ ਦੇ ਵਾਇਸ ਪ੍ਰਧਾਨ ਭੁਪਿੰਦਰ ਸਿੰਘ ਸਵਾਗਾਪੁਰੀ, ਸੂਬਾ ਸਕੱਤਰ ਮਖਤੂਲ ਸਿੰਘ ਸੋਹਲ, ਸਰਪੰਚ ਵਿਕਰਮ ਸਿੰਘ ਢਿੱਲੋਂ ਝਬਾਲ, ਸਰਪੰਚ ਦਿਲਬਾਗ ਸਿੰਘ ਸਵਰਗਾਪੁਰੀ, ਸਰਪੰਚ ਨਿਰਮਲ ਸਿੰਘ, ਸਰਪੰਚ ਪ੍ਰਗਟ ਸਿੰਘ ਮਲਵਈ, ਹਰਜਿੰਦਰ ਸਿੰਘ ਲਾਲਾ, ਨਿੱਪੀ ਸੂਦ ਜ਼ਿਲਾ ਸਕੱਤਰ ਕਾਂਗਰਸ, ਡਾ. ਚਰਨਜੀਤ ਸਿੰਘ ਸੌਂਢੀ, ਭਾਈ ਮਨਜੀਤ ਸਿੰਘ ਝਬਾਲ, ਕੁਲਵੰਤ ਸਿੰਘ ਵਾਘਾ, ਹਰਜੋਤ ਸਿੰਘ ਛਾਪਾ, ਜਗਮੀਤ ਸਿੰਘ ਚੀਮਾ, ਰਣਜੀਤ ਸਿੰਘ ਰਾਣਾ ਮੱਜੂਪੁਰ, ਮਾਸਟਰ ਬਲਦੇਵ ਸਿੰਘ, ਹੀਰਾ ਸਿੰਘ ਤਰਨ ਤਾਰਨ, ਨਕੁਲਕੌਰ ਪਾਲ ਧੋਨੀ, ਜੇਈ ਭੁਪਿੰਦਰ ਸਿੰਘ, ਮੈਂਬਰ ਪੰਚਾਇਤ ਪ੍ਰਗਟ ਸਿੰਘ ਪਟਵਾਰੀ, ਗੁਰਜੰਟ ਸਿੰਘ ਰਾਜੂ, ਸੋਨੂੰ ਝਬਾਲ, ਜੌਟੀ, ਬੂਟਾ, ਗੋਰਾ ਸੂਦ, ਰੂਬੀ ਅਤੇ ਭੂਸ਼ਨ ਕੁਮਾਰ, ਰਵਿੰਦਰ ਸਿੰਘ ਝਬਾਲ, ਗੁਰਮੇਜ ਸਿੰਘ ਮਾਂਜੀ, ਅਮਨ, ਚਾਂਦ ਸੂਦ ਹੀਰਾ ਝਬਾਲ ਸਮੇਤ ਵੱਡੀ ਗਿਣਤੀ 'ਚ ਕਾਂਗਰਸ ਪਾਰਟੀ ਦੇ ਆਗੂ ਤੇ ਵਰਕਰ ਵੀ ਹਾਜ਼ਰ ਸਨ।

# ਡਾ. ਬਲਬੀਰ ਸਿੰਘ ਨੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ

ਗੁਰਦਾਸਪੁਰ (ਜਨਕ ਮਹਾਜਨ)- ਜ਼ਿਲ੍ਹਾ ਹਸਪਤਾਲ ਬੱਬਰੀ (ਗੁਰਦਾਸਪੁਰ) ਵਿਖੇ ਬੀਤੀ ਰਾਤ ਹੋਈ ਹਿੰਸਾ ਵਿੱਚ ਤੁਰੰਤ ਕਾਰਵਾਈ ਕਰਦੇ ਹੋਏ, ਦੋਵਾਂ ਧਿਰਾਂ ਵਿਰੁੱਧ ਪਹਿਲੀ ਸੂਚਨਾ ਰਿਪੋਰਟ (ਐਫ ਆਈ ਆਰ) ਦਰਜ ਕੀਤੀ ਗਈ ਹੈ।

ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਆਈ ਏ ਐਸ, ਐਸ ਐਸ ਪੀ ਗੁਰਦਾਸਪੁਰ ਅਦਿੱਤਿਆ, ਆਈ ਪੀ ਐਸ ਅਤੇ ਸਿਵਲ ਸਰਜਨ ਡਾ. ਪ੍ਰਭਜੋਤ ਕੌਰ ਕਲਸੀ ਨੇ ਜ਼ਿਲ੍ਹਾ ਹਸਪਤਾਲ ਦਾ ਦੌਰਾ ਕੀਤਾ ਅਤੇ ਸਾਰੀ ਸਥਿਤੀ ਦਾ ਜਾਇਜ਼ਾ ਲਿਆ।

ਇਸ ਘਟਨਾ ਦਾ ਸਖ਼ਤ ਨੋਟਿਸ ਲੈਂਦਿਆਂ, ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਹਸਪਤਾਲ ਇੱਕ ਸ਼ਾਂਤਮਈ ਸਥਾਨ ਹੈ ਅਤੇ ਹਸਪਤਾਲ ਦੇ ਅਹਾਤੇ ਵਿੱਚ ਕਿਸੇ ਵੀ ਤਰ੍ਹਾਂ ਦੀ ਹਿੰਸਾ, ਝੜਪਾਂ, ਝਗੜੇ ਜਾਂ ਭੰਨਤੋੜ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਕਿਸੇ ਵੀ ਮੈਡੀਕਲ ਕਰਮਚਾਰੀ ਵਿਰੁੱਧ ਹਿੰਸਾ ਅਤੇ ਹਸਪਤਾਲ ਦੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣਾ ਇੱਕ ਗੈਰ-ਜ਼ਮਾਨਤੀ ਅਪਰਾਧ ਹੈ ਅਤੇ ਹਸਪਤਾਲ ਦੇ ਪ੍ਰੋਟੋਕੋਲ ਦੀ ਉਲੰਘਣਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ। ਇਸ ਦੌਰਾਨ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਵਿੱਚ ਸਾਰੀ ਸਥਿਤੀ ਦਾ ਜਾਇਜ਼ਾ ਲੈਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਜ਼ਿਲ੍ਹਾ ਹਸਪਤਾਲ ਗੁਰਦਾਸਪੁਰ ਵਿਖੇ ਝੜਪ ਕਰਨ ਵਾਲੇ ਵਿਅਕਤੀਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਸਾਰੇ ਦੋਸ਼ੀਆਂ ਵਿਰੁੱਧ ਕੇਸ ਦਰਜ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਦੋਸ਼ੀਆਂ ਨੂੰ ਹਸਪਤਾਲ ਨੂੰ ਹੋਏ ਸਾਰੇ ਨੁਕਸਾਨ ਦਾ 10 ਗੁਣਾ ਭੁਗਤਾਨ ਕਰਨਾ ਪਵੇਗਾ।

ਇਸ ਮੌਕੇ ਉਨ੍ਹਾਂ ਹਸਪਤਾਲ ਦੇ ਡਾਕਟਰਾਂ ਅਤੇ ਸਿਹਤ ਸਟਾਫ਼ ਤੋਂ ਘਟਨਾ ਬਾਰੇ ਸਾਰੀ ਜਾਣਕਾਰੀ ਲਈ ਅਤੇ ਹਸਪਤਾਲ ਦੀ ਸੁਰੱਖਿਆ ਯਕੀਨੀ ਬਣਾਉਣ ਦਾ ਭਰੋਸਾ ਦਿੱਤਾ।

ਇਸ ਮੌਕੇ ਐਸ.ਐਸ.ਪੀ. ਗੁਰਦਾਸਪੁਰ ਆਦਿੱਤਿਆ ਨੇ ਕਿਹਾ ਕਿ ਹਸਪਤਾਲ ਵਿੱਚ ਹੋਈ ਝੜਪ ਵਿੱਚ ਸ਼ਾਮਲ ਸਾਰੇ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਹੈ ਅਤੇ ਮੁਲਜ਼ਮਾਂ ਖ਼ਿਲਾਫ਼ ਪੰਜਾਬ ਪ੍ਰੋਟੈਕਸ਼ਨ ਆਫ਼ ਮੈਡੀਕੇਅਰ ਸਰਵਿਸ ਪਰਸਨਜ਼ ਐਂਡ ਮੈਡੀਕੇਅਰ ਸਰਵਿਸ ਇੰਸਟੀਚਿਊਸ਼ਨਜ਼ (ਪ੍ਰੀਵੈਂਸ਼ਨ ਆਫ਼ ਵਾਇਲੈਂਸ ਐਂਡ ਡੈਮੇਜ ਟੂ ਪ੍ਰਾਪਰਟੀ) ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

# ਪਵਨਦੀਪ ਕੌਰ ਖੁਜਾਲਾ ਨੂੰ ਵੱਖ-ਵੱਖ ਸ਼ਖਸ਼ੀਅਤਾਂ ਵੱਲੋਂ ਸ਼ਰਧਾਂਜਲੀਆਂ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) ਪੱਤਰਕਾਰ ਭਗਵਾਨ ਸਿੰਘ ਖੁਜਾਲਾ ਜਿਨ੍ਹਾਂ ਦੀ ਬੇਟੀ ਪਵਨਦੀਪ ਕੌਰ ਦਾ ਬੀਤੇ ਦਿਨੀ ਦੇਹਾਂਤ ਹੋ ਗਿਆ ਸੀ ਨਮਿੱਤ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਹਨਾਂ ਦੇ ਗ੍ਰਹਿ ਪਿੰਡ ਖੁਜਾਲਾ ਵਿਖੇ ਗੁਰਦੁਆਰਾ ਗੁਰੂ ਨਾਨਕ ਦਰਬਾਰ ਖੁਜਾਲਾ ਵਿਖੇ ਵਿਸ਼ਾਲ ਸਰਧਾਂਜਲੀ ਸਮਾਰੋਹ ਹੋਇਆ ਜਿਸ ਵਿੱਚ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਵੀ ਸੰਗਤਾਂ ਵਿੱਚ ਹਾਜ਼ਰੀ ਭਰੀ। ਸੰਤ ਬਾਬਾ ਗੁਰਦੀਪ ਸਿੰਘ ਖਜਾਲਾ ਵਾਲਿਆਂ ਵੱਲੋਂ ਵੈਰਾਗਮਈ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਅਤੇ ਅੰਤਿਮ ਅਰਦਾਸ ਕੀਤੀ ਗਈ।

ਇਸ ਮੌਕੇ ਬੇਟੀ ਪਵਨਦੀਪ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਰਾਂ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਤਰਸਿੱਕਾ, ਪੱਤਰਕਾਰ ਭਾਈਚਾਰੇ ਵੱਲੋਂ ਹਰਜਿੰਦਰ ਸਿੰਘ ਕਲੇਰ ਅਤੇ ਸਰਪੰਚ ਬਲਬੀਰ ਸਿੰਘ ਬੋਪਾਰਾਏ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ ਆਮ ਆਦਮੀ ਪਾਰਟੀ ਅੰਮ੍ਰਿਤਸਰ ਨੇ ਕਿਹਾ ਕਿ ਕਿ ਬੱਚਿਆਂ ਦਾ ਦੁੱਖ ਮਾਪਿਆਂ ਦੇ ਲਈ ਸਹਾਰਨਾ ਬੜਾ ਔਖਾ ਹੁੰਦਾ ਹੈ, ਪਰ ਪਰਮਾਤਮਾ ਦੇ ਭਾਣੇ ਨੂੰ ਟਾਲਿਆ ਵੀ ਨਹੀਂ ਜਾ ਸਕਦਾ ਇਸ ਲਈ ਜਿੱਥੇ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਉਥੇ ਨਾਲ ਹੀ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਬਨਟ ਮੰਤਰੀ ਹਰਭਜਨ ਸਿੰਘ ਈ ਟੀ ਓ ਵੱਲੋਂ ਉਹਨਾਂ ਦਾ ਭਰਾ ਸਤਿੰਦਰ ਸਿੰਘ ਅਤੇ ਸੂਬੇਦਾਰ ਚੇਅਰਮੈਨ ਮਾਰਕੀਟ ਕਮੇਟੀ ਗਹਿਰੀ ਮੰਡੀ, ਬਾਬਾ ਸਮਸ਼ੇਰ ਸਿੰਘ ਸੈਦੋਲੇਲ, ਜਗਦੀਪ ਸਿੰਘ ਦੀਪੀ ਸਰਪੰਚ ਤਰਸਿੱਕਾ, ਜਰਮਨਜੀਤ ਸਿੰਘ ਸਰਪੰਚ ਕਰਤਾਰ ਸਿੰਘ ਨਗਰ ਤਰਸਿੱਕਾ, ਫੋਟੋਗ੍ਰਾਫਰ ਲਾਡੀ ਨਵਾਂ ਪਿੰਡ, ਗੁਰਦੀਪ ਸਿੰਘ ਰੰਧਾਵਾ, ਨਿਰਵੈਰ ਸਿੰਘ ਭੁੱਲਰ, ਕੁਲਦੀਪ ਸਿੰਘ ਮੱਲੀ, ਸੁਰਿੰਦਰ ਸਿੰਘ ਸ਼ਿੰਦਾ ਵਿਰਕ, ਜਤਿੰਦਰ ਸਿੰਘ ਨਾਥ ਦੀ ਖੂਹੀ, ਤਰਸੇਮ ਸਿੰਘ ਸਾਧਪੁਰ, ਸੁਰਿੰਦਰ ਸਿੰਘ ਚਵਿੰਡਾ ਦੇਵੀ, ਸੁਖਵਿੰਦਰ ਸਿੰਘ ਬਾਠ ਭੀਲੋਵਾਲ, ਆਪ ਆਗੂ ਤਰਵਿੰਦਰ ਸਿੰਘ ਸਾਧਪੁਰ, ਰਣਜੀਤ ਸਿੰਘ ਰਾਣਾ ਬਾਬੋਵਾਲ, ਨਿੰਦਰ ਸਿੰਘ ਭੋਏ, ਰਣਜੀਤ ਸਿੰਘ ਰਾਣਾ ਪਟਵਾਰੀ, ਹਰਜੀਤ ਸਿੰਘ ਪਟਵਾਰੀ, ਗੁਰਨਾਮ ਸਿੰਘ ਅੱਡਾ ਖਜਾਲਾ, ਸਰਬਜੀਤ ਸਿੰਘ ਡੇਅਰੀ ਵਾਲੇ ਸੈਦੋਲੇਹਲ, ਅਮਰਜੀਤ ਸਿੰਘ ਭੀਲੋਵਾਲ, ਦਲਬੀਰ ਸਿੰਘ ਪ੍ਰਿੰਸ ਅਤੇ ਬ੍ਰਦਰਸ ਫੋਟੋਗ੍ਰਾਫਰ ਐਸੋਸੀਏਸ਼ਨ ਦੇ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ। ਸਟੇਜ ਸੈਕਟਰੀ ਦੀ ਸੇਵਾ ਭਾਈ ਗੁਰਮੁਖ ਸਿੰਘ ਪ੍ਰਚਾਰਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਨਿਭਾਈ ਗਈ ਸੰਤ ਬਾਬਾ ਸੱਜਣ ਸਿੰਘ ਅਤੇ ਹੋਰ ਆਗੂਆਂ ਵੱਲੋਂ ਕੀਰਤਨੀ ਜਥੇ ਨੂੰ ਸਰੋਪੇ ਦੇ ਕੇ ਸਨਮਾਨਿਤ ਕੀਤਾ ਗਿਆ।

# ਵਿਰਸਾ ਵਿਹਾਰ 'ਚ ਮਨਾਇਆ ਵਿਸਾਖੀ ਮੇਲਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਵਿਰਸਾ ਵਿਹਾਰ ਸੁਸਾਇਟੀ ਵੱਲੋਂ 13 ਅਪ੍ਰੈਲ ਵਿਸਾਖੀ ਦਿਹਾੜੇ ਨੂੰ ਸਮਰਪਤ ਗਿੱਧੇ, ਭੰਗੜੇ ਅਤੇ ਗੀਤ-ਸੰਗੀਤ ਦੇ ਸਮਾਗਮ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸਥਾਨਕ ਕਲਾਕਾਰਾਂ ਨੇ ਆਪਣੀ ਕਲਾ ਨਾਲ ਭਰਪੂਰ ਰੰਗ ਬੰਨਿਆ। ਸਮਾਗਮ ਦੇ ਸ਼ੁਰੂ ਵਿੱਚ ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਨੇ ਆਏ ਕਲਾਕਾਰਾਂ, ਅਦੀਬਾਂ ਤੇ ਕਲਾ ਪ੍ਰੇਮੀਆਂ ਨੂੰ ਵਿਸਾਖੀ ਦਿਹਾੜੇ ਦੀ ਮੁਬਾਰਕਬਾਦ ਦਿੱਤੀ। ਇਸ ਸਮਾਗਮ ਵਿੱਚ ਸਟੈਪ ਇੰਨ ਰਿੱਧਮ ਅਕੈਡਮੀ ਦੇ ਸੰਚਾਲਕ ਰਮਨ ਖੁੱਲਰ ਅਤੇ ਐਮ-2 ਭੰਗੜਾ ਅਕੈਡਮੀ ਦੇ ਸੰਚਾਲਕ ਹਰਪ੍ਰੀਤ ਸਿੰਘ ਦੇ ਬੱਚਿਆਂ ਨੇ ਗਿੱਧੇ ਅਤੇ ਭੰਗੜੇ ਦੀਆਂ ਪੇਸ਼ਕਾਰੀਆ ਕੀਤੀਆਂ। ਇਸ ਤੋਂ ਇਲਾਵਾਂ ਅਦਾਕਾਰ ਗੁਰਤੇਜ ਮਾਨ ਅਤੇ ਕੁਸ਼ਾਗਰ ਕਾਲੀਆ ਨੇ 1699 ਦੀ ਵਿਸਾਖੀ ਨੂੰ ਸਮਰਪਿਤ ਧਾਰਿਮਕ ਕਵਿਤਾ ਤੇ ਗੀਤ ਪੇਸ਼ ਕੀਤਾ। ਕੇਵਲ ਕ੍ਰਿਸ਼ਨ ਨੇ 13 ਅਪ੍ਰੈਲ 1919 ਵਿੱਚ ਵਾਪਰੇ ਜਲ੍ਹਿਆਂਵਾਲਾ ਖ਼ੂਨੀ ਕਾਂਡ ਨੂੰ ਸਮਰਪਤ ਕਵਿਤਾ ਪੇਸ਼ ਕੀਤੀ। ਨਿਸ਼ਾਨਸ਼ੇਰ ਗਿੱਲ ਅਤੇ ਸਾਹਿਲ ਪ੍ਰੀਤ ਨੇ ਭੰਡਾਂ ਦੀ ਪੇਸ਼ਕਾਰੀ ਕਰਕੇ ਢਿੱਡੀਂ ਪੀੜਾਂ ਪਾਈਆਂ। ਲਵਪ੍ਰੀਤ ਸਿੰਘ ਨੇ ਭੰਗੜਾ ਪੇਸ਼ ਕੀਤਾ ਅਤੇ ਸਮਾਗਮ ਦੇ ਅਖ਼ੀਰ ਵਿੱਚ ਸਾਜਨ ਕੋਹਿਨੂਰ ਦੀ ਨਿਰਦੇਸ਼ਨਾ ਹੇਠ ਪੰਜਾਬੀ ਮਾਂ-ਬੋਲੀ ਨੂੰ ਸਮਰਪਿਤ ਕੋਰਿਓਗ੍ਰਾਫ਼ੀ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ। ਮੰਚ ਸੰਚਾਲਕ ਦੀ ਭੂਮਿਕਾ ਪ੍ਰਸਿੱਧ ਲੋਕ ਗਾਇਕ ਹਰਿੰਦਰ ਸੋਹਲ ਨੇ ਨਿਭਾਈ।

ਸਮਾਗਮ ਦੇ ਅੰਤ ਵਿੱਚ ਕਲਾਕਾਰਾਂ ਅਤੇ ਵਿਦਿਆਰਥੀਆਂ ਨੂੰ ਵਿਰਸਾ ਵਿਹਾਰ ਵੱਲੋਂ ਸਨਮਾਨ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬਾਲ ਸਾਹਿਤਕਾਰ ਪੁਰਸਕਾਰ ਵਿਜੇਤਾ ਕੁਲਬੀਰ ਸੂਰੀ, ਅਦਾਕਾਰ ਹਰਦੀਪ ਗਿੱਲ, ਅਨੀਤਾ ਦੇਵਗਨ, ਵਿਰਸਾ ਵਿਹਾਰ ਦੇ ਸਕੱਤਰ ਰਮੇਸ਼ ਯਾਦਵ, ਟੀ. ਐਸ ਰਾਜਾ, ਪਰਮਜੀਤ ਸਿੰਘ ਗੰਢੀਵਿੰਡ, ਪਵਨਦੀਪ, ਗੁਲਸ਼ਨ ਸ਼ਰਮਾ, ਹਰੀਸ਼ ਸਾਬਰੀ, ਹਰਜੀਤ ਸਿੰਘ ਸਰਕਾਰੀਆ, ਕਰਮਜੀਤ ਕੌਰ ਜੱਸਲ ਆਦਿ ਵੱਡੀ ਗਿਣਤੀ ਵਿੱਚ ਕਲਾ ਪ੍ਰੇਮੀ ਹਾਜ਼ਰ ਸਨ।

# ਸਾਬਕਾ ਇੰਜੀ: ਗੁਰਚਰਨ ਸਿੰਘ ਕੰਡਾ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ



ਪੱਟੀ (ਪੱਤਰ ਪ੍ਰੇਰਕ) ਪੀ ਐਸ ਈ ਬੀ ਇੰਪ. ਫੈਡਰੇਸ਼ਨ (ਏਟਕ) ਸਰਕਲ ਤਰਨ ਤਾਰਨ ਦੇ ਸਾਬਕਾ ਜਨਰਲ ਸਕੱਤਰ ਇੰਜੀ: ਗੁਰਚਰਨ ਸਿੰਘ ਕੰਡਾ ਜਿਨ੍ਹਾਂ ਦਾ ਪਿਛਲੇ ਦਿਨੀ ਦੇਹਾਂਤ ਹੋ ਗਿਆ ਸੀ।ਉਨ੍ਹਾਂ ਦੀ ਆਤਮਕ ਸ਼ਾਂਤੀ ਵਾਸਤੇ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਕੀਰਤਨੀ ਜਥੇ ਵੱਲੋਂ ਵੈਰਾਗ ਮਈ ਕੀਰਤਨ ਕੀਤਾ ਗਿਆ ਅਤੇ ਸ਼ਰਧਾਂਜਲੀ ਸਮਾਰੋਹ ਵਿਸ਼ਵਕਰਮਾਂ ਭਵਨ ਸ਼ਿਮਲਾਪੁਰੀ (ਲੁਧਿਆਣਾ) ਵਿਖੇ ਆਯੋਜਿਤ ਕੀਤਾ ਗਿਆ ਜਿਸ ਵਿੱਚ ਏਟਕ ਵਰਕਰਾਂ ਅਤੇ ਪਾਵਰ ਅਤੇ ਟਰਾਂਸਕੋ ਪੈਂਨਸ਼ਨ ਯੂਨੀਅਨ ਦੇ ਪੈਨਸ਼ਨਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।

ਸਾਬਕਾ ਐਫੀ ਆਗੂ ਅਮਰਜੀਤ ਸਿੰਘ ਮਾੜੀਮੇਘਾ, ਚਮਕੌਰ ਸਿੰਘ ਸੂਬਾ ਵਰਕਿੰਗ ਪ੍ਰਧਾਨ ਪਾਵਰ ਅਤੇ ਟਰਾਂਸਕੋ ਪੈਨਸ਼ਨਰ ਯੂਨੀਅਨ ਪੰਜਾਬ, ਪੈਨਸ਼ਨਰ ਆਗੂ ਤਾਰਾ ਸਿੰਘ ਖਹਿਰਾ, ਕੇਵਲ ਸਿੰਘ ਬਨਵੈਤ ਸੂਬਾ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਗੰਡੀਵਿੰਡ ਸੂਬਾ ਪ੍ਰਧਾਨ ਪੀ ਐਸ ਈ ਬੀ ਇੰਪ. ਫੈਡ, ਰਮੇਸ਼ ਕੁਮਾਰ ਮਲਹੋਤਰਾ ਐਕਟਿਵ ਸਕੱਤਰ ਸਰਕਲ ਤਰਨ ਤਾਰਨ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ।

ਸਾਬਕਾ ਐਫੀ ਆਗੂ ਨੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਸਾਥੀ ਗੁਰਚਰਨ ਸਿੰਘ ਕੰਡਾ ਬਤੌਰ ਐਸ ਐਸ ਏ ਲਗਭਗ 1980 ਦੇ ਕਰੀਬ ਸਬ ਸਟੇਸ਼ਨ ਤੋਂ ਲੁਧਿਆਣਾ ਤੋਂ ਮੰਡਲ ਪੱਟੀ ਅਧੀਨ ਪੈਂਦੀ ਸਬ ਡਵੀਜ਼ਨ ਅਮਰਕੋਟ ਵਿਖੇ ਡਿਊਟੀ ਸੰਭਾਲੀ ਅਸੀਂ ਉਸ ਵਕਤ ਅਪਪ੍ਰਿੰਟਸ਼ਿਪ ਕਰਦੇ ਸੀ ਸਾਨੂੰ ਉਹਨਾਂ ਨੇ ਜਥੇਬੰਦੀ ਦਾ ਮੈਂਬਰ ਬਣਾ ਕੇ ਉਂਗਲ ਫੜ ਕੇ ਤੁਰਨਾ ਸਿਖਾਇਆ।

ਗੰਡੀਵਿੰਡ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਇੰਜੀ: ਗੁਰਚਰਨ ਸਿੰਘ ਕੰਡਾ ਵੱਲੋਂ ਲੰਮਾ ਸਮਾਂ ਸਰਕਲ ਤਰਨ ਤਾਰਨ ਦੇ ਸਕੱਤਰ ਦੇ ਅਹੁਦੇ ਉਪਰ ਰਹਿ ਕੇ ਨਿਭਾਈਆਂ ਗਈਆਂ ਸੇਵਾਵਾਂ ਦੀ ਪ੍ਰਸੰਸਾ ਕੀਤੀ।ਇਸ ਮੌਕੇ ਬਲਦੇਵ ਰਾਜ ਸ਼ਰਮਾ ਭਿੱਖੀਵਿੰਡ ,ਅਵਤਾਰ ਕ੍ਰਿਸ਼ਨ ਤਰਨ ਤਾਰਨ, ਸਾਬਕਾ ਇੰਜੀ. ਪਰਮਜੀਤ ਸਿੰਘ ਕੰਡਾ, ਸਾਬਕਾ ਇੰਜੀ. ਪੂਰਨ ਸਿੰਘ ਮਾੜੀਮੇਘਾ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਮੁਲਾਜ਼ਮ ਤੇ ਪੈਨਸ਼ਨਰ ਹਾਜ਼ਰ ਸਨ।

# ਲੋਹਗੜ੍ਹ ਵਿਖੇ ਖਾਲਸਾ ਸਾਜਨਾ ਦਿਵਸ ਮਨਾਇਆ



ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ) ਗੁਰਦਵਾਰਾ ਗੁਰੂ ਦਰਬਾਰ ਪਿੰਡ ਲੋਹਗੜ੍ਹ ਗੁਰੂ ਘਰ ਦੀ ਨਵੀ ਇਮਾਰਤ ਵਿਖੇ ਖਾਲਸਾ ਸਾਜਨਾ ਦਿਵਸ ਚੜ੍ਹਦੀ ਕਲਾ ਨਾਲ ਮਨਾਇਆ ਗਿਆ, ਇਸ ਸੰਬੰਧ ਵਿੱਚ ਪਰਸੋਂ ਦੇ ਰੋਜ ਤੋਂ ਅਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਹਿਬ ਦੇ ਭੋਗ ਦੀ ਮੁੱਖ ਗ੍ਰੰਥੀ ਬਾਬਾ ਦਿਵਾਨ ਸਿੰਘ ਵੱਲੋਂ ਅਰਦਾਸ ਅਤੇ ਮੁਖਵਾਕ ਲੈਣ ਤੋਂ ਬਾਹਦ ਅਖੰਡ ਪਾਠੀ ਕਥਾ ਵਾਚਕ ਜਥੇਦਾਰ ਬਾਬਾ ਜੋਗਾ ਸਿੰਘ ਨੇ ਗੁਰੂ ਇਤਹਾਸ ਨਾਲ ਸੰਗਤਾਂ ਦੀ ਸਾਂਝ ਪਾਈ, ਉਪਰੰਤ ਸਹੀਦ ਬਾਬਾ ਜੀਵਨ ਸਿੰਘ ਵਿਦਿਆ ਅਤੇ ਭਲਾਈ ਟਰੱਸਟ ਰਜਿ. ਚੰਡੀਗੜ੍ਹ ਪੰਜਾਬ, ਯੂਨਿਟ ਹਲਕਾ ਬਾਬਾ ਬਕਾਲਾ ਸਹਿਬ ਦੇ ਪ੍ਰਧਾਨ ਤਰਸੇਮ ਸਿੰਘ ਮੱਟੂ ਰਈਆ ਨੇ ਰੰਗਰੇਟਿਆਂ ਦਾ ਗੁਰੂ ਘਰ ਨਾਲ ਪਿਆਰ ਤੇ ਕੁਰਬਾਨੀ ਦਾ ਇਤਹਾਸ ਸਾਂਝਾ ਕੀਤਾ ਗੁਰੂ ਘਰ ਦੇ ਪ੍ਰਧਾਨ ਜਥੇਦਾਰ ਜਗਤਾਰ ਸਿੰਘ ਨੇ ਤਿਆਰ ਹੋਈ ਨਵੀ ਇਮਾਰਤ ਵਿਚ ਤੰਨ ਮੰਨ ਅਤੇ ਧੰਨ ਨਾਲ ਸੇਵਾਵਾਂ ਨਿਭਾਉਣ ਵਾਲੇ ਸਾਰੇ ਦਾਨੀ ਸੱਜਣ ਆਏ ਵਿਸ਼ੇਸ਼ ਮਹਿਮਾਨਾਂ ਦਾ ਧੰਨਵਾਦ ਅਤੇ ਸੰਨਮਾਨ ਕਰਦੇ ਹੋਏ ਗੁਰੂ ਘਰ ਦੀ ਬਖਸਿਸ ਸਿਰਪਾਓ ਭੇਟ ਕੀਤੇ।

ਇਸ ਮੌਕੇ ਪਿੰਡ ਦੇ ਸਰਪੰਚ ਨਿਰਮਲ ਸਿੰਘ, ਮਹਿੰਦਰ ਸਿੰਘ, ਟਰੱਸਟ ਦੇ ਹਲਕਾ ਮੀਤ ਪ੍ਰਧਾਨ, ਗੁਰਦਵਾਰਾ ਕਮੇਟੀ ਮੈਂਬਰ ਨੰਬਰਦਾਰ ਗੁਰਦਿਆਲ ਸਿੰਘ, ਕੈਸੀਅਰ ਸਕੰਦਰ ਸਿੰਘ, ਮਲਕੀਤ ਸਿੰਘ ਜਥੇਦਾਰ ਦਾਰਾ ਸਿੰਘ, ਯੂਥ ਆਗੂ ਪ੍ਰਤਾਪ ਸਿੰਘ, ਹੀਰਾ ਸਿੰਘ, ਮਲਕੀਤ ਸਿੰਘ, ਸਤਨਾਮ ਸਿੰਘ, ਜਥੇਦਾਰ ਇੰਦਰਜੀਤ ਸਿੰਘ, ਅਖੰਡ ਪਾਠੀ ਭਾਈ ਅਜੀਤ ਸਿੰਘ, ਜਥੇਦਾਰ ਭਗਵਾਨ ਸਿੰਘ, ਬਲਵਿੰਦਰ ਸਿੰਘ, ਗੁਰਲਾਲ ਸਿੰਘ ਗਿਲ ਰਈਆ, ਤਰਸੇਮ ਸਿੰਘ ਲੋਹਗੜ ਸਮੇਤ ਲੋਕਲ ਸੇਵਾਦਾਰ ਬੀਬੀਆਂ ਅਤੇ ਵੱਡੀ ਵਿਚ ਸੰਗਤਾਂ ਹਾਜ਼ਰ ਸਨ।

# ਸਰਕਾਰੀ ਹਸਪਤਾਲ ਭਲਕ ਤੋਂ ਸਵੇਰੇ 8 ਵਜੇ ਖੁੱਲ੍ਹਣਗੇ

ਮੋਹਾਲੀ, (ਗੁਰਜੀਤ ਬਿੱਲਾ) ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਦੇ ਖ਼ੁੱਲ੍ਹਣ ਅਤੇ ਬੰਦ ਹੋਣ ਦੇ ਸਮੇਂ ਵਿਚ 16 ਅਪ੍ਰੈਲ (ਬੁੱਧਵਾਰ) ਤੋਂ ਤਬਦੀਲੀ ਹੋ ਜਾਵੇਗੀ। ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦਸਿਆ ਕਿ ਜ਼ਿਲ੍ਹੇ ਦੀਆਂ ਸਰਕਾਰੀ ਸਿਹਤ ਸੰਸਥਾਵਾਂ ਹੁਣ ਸਵੇਰੇ 8 ਵਜੇ ਖੁੱਲ੍ਹਣਗੀਆਂ ਅਤੇ ਦੁਪਹਿਰ 2 ਵਜੇ ਬੰਦ ਹੋਣਗੀਆਂ। ਇਨ੍ਹਾਂ ਸੰਸਥਾਵਾਂ ਵਿਚ ਜ਼ਿਲ੍ਹਾ ਹਸਪਤਾਲ ਮੋਹਾਲੀ, ਸਬ-ਡਵੀਜ਼ਨਲ ਹਸਪਤਾਲ ਖਰੜ ਤੇ ਡੇਰਾਬੱਸੀ, ਜ਼ਿਲ੍ਹੇ ਦੇ ਸਾਰੇ ਪ੍ਰਾਇਮਰੀ ਹੈਲਥ ਸੈਂਟਰ, ਕਮਿਊਨਿਟੀ ਹੈਲਥ ਸੈਂਟਰ, ਆਯੁਸ਼ਮਾਨ ਹੈਲਥ ਐਂਡ ਵੈੱਲਨੈਸ ਸੈਂਟਰ/ਸਬ-ਸੈਂਟਰ, ਆਮ ਆਦਮੀ ਕਲੀਨਿਕ, ਈ.ਐਸ.ਆਈ. ਹਸਪਤਾਲ ਆਦਿ ਸ਼ਾਮਲ ਹਨ। ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਹਸਪਤਾਲਾਂ ਵਿਚਲੇ ਰਜਿਸਟਰੇਸ਼ਨ ਕਾਊਂਟਰ ਹਸਪਤਾਲ ਖੁਲ੍ਹਣ ਦੇ ਨਿਯਤ ਸਮੇਂ ਤੋਂ ਅੱਧਾ ਘੰਟਾ ਪਹਿਲਾਂ ਖੁਲ੍ਹਣਗੇ ਤਾਂਕਿ ਪਰਚੀ ਬਣਾਉਣ ਸਮੇਂ ਮਰੀਜ਼ਾਂ ਦੀਆਂ ਕਤਾਰਾਂ ਨਾ ਲੱਗ ਸਕਣ ਅਤੇ ਮਰੀਜ਼ ਅਪਣੀ ਜਾਂਚ ਤੇ ਇਲਾਜ ਦਾ ਕੰਮ ਆਰਾਮ ਨਾਲ ਸਮੇਂ ਸਿਰ ਕਰਵਾ ਸਕਣ। ਡਾ. ਜੈਨ ਨੇ ਦਸਿਆ ਕਿ ਸਰਕਾਰੀ ਹਸਪਤਾਲਾਂ ਵਿਚ ਐਮਰਜੈਂਸੀ ਸੇਵਾਵਾਂ ਪਹਿਲਾਂ ਵਾਂਗ ਹੀ 24 ਘੰਟੇ ਜਾਰੀ ਰਹਿਣਗੀਆਂ। ਉਨ੍ਹਾਂ ਸਪੱਸ਼ਟ ਕੀਤਾ ਕਿ ਸਿਵਲ ਸਰਜਨ ਦਫ਼ਤਰ ਮੋਹਾਲੀ ਅਤੇ ਹਸਪਤਾਲਾਂ ਅੰਦਰਲੇ ਦਫ਼ਤਰਾਂ ਦੇ ਕੰਮ ਦਾ ਸਮਾਂ ਪਹਿਲਾਂ ਵਾਂਗ ਹੀ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਰਹੇਗਾ।

# ਸੰਵਿਧਾਨ ਬਚਾਓ ਦਾ ਸੰਕਲਪ ਡਾ. ਅੰਬੇਡਕਰ ਨੂੰ ਸੱਚੀ ਸ਼ਰਧਾਂਜਲੀ : ਆਰ ਐੱਮ ਪੀ ਆਈ



**ਪਠਾਨਕੋਟ (ਦਵਿੰਦਰ ਸਿੰਘ)** ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਜਾਤ-ਪਾਤ ਅਧਾਰਿਤ ਸਮਾਜਿਕ ਵਿਤਕਰੇ ਦੇ ਵਿਰੁੱਧ ਸੰਘਰਸ਼ ਦੇ ਪ੍ਰਤੀਕ ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਵਸ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਜ਼ਿਲ੍ਹਾ ਪਠਾਨਕੋਟ ਵੱਲੋਂ ਬਮਿਆਲ ਤੋਂ ਥੋੜੀ ਦੂਰ ਪਿੰਡ ਦਨਵਾਲ ਵਿਖੇ ਪ੍ਰਵੀਨ ਕੁਮਾਰ ਅਤੇ ਬਲਬੀਰ ਸਿੰਘ ਦੀ ਪ੍ਰਧਾਨਗੀ ਹੇਠ ਡਾ. ਅੰਬੇਡਕਰ ਸਾਹਿਬ ਨੂੰ ਸਮਰਪਿਤ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ।ਸੰਵਿਧਾਨ ਨੂੰ ਦੇਸ਼ ਅੰਦਰ ਸਾਰਥਿਕ ਰੂਪ ਵਿੱਚ ਇਮਾਨਦਾਰੀ ਨਾਲ ਲਾਗੂ ਕਰਨ ਦੀ ਬਜਾਏ ਆਰ ਐੱਸ ਐੱਸ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਭਾਜਪਾ ਦੀ ਮੋਦੀ ਸਰਕਾਰ ਸੰਵਿਧਾਨ ਨੂੰ ਸਹਿਜੇ-ਸਹਿਜੇ ਖਤਮ ਕਰਕੇ ਅਜ਼ਾਦੀ ਤੋਂ ਪਹਿਲਾਂ ਵਾਲਾ ਸਦੀਆਂ ਪੁਰਾਣਾ ਗੈਰ ਬਰਾਬਰੀ ਦਾ ਦਸਤਾਵੇਜ ਮਨੂੰ ਸਮਰਿਤੀ ਲਾਗੂ ਕਰਨ ਲਈ ਬਹੁਤ ਉਤਾਵਲੀ ਹੈ।ਜ਼ਿਲ੍ਹਾ ਸਕੱਤਰ ਨੱਥਾ ਸਿੰਘ ਢਡਵਾਲ ਅਤੇ ਪ੍ਰਧਾਨ ਸ਼ਿਵ ਕੁਮਾਰ ਨੇ ਕਿਹਾ ਕਿ ਪੰਜਾਬ ਦੇ ਸਕੂਲ ਤੇ ਕਾਲਜ ਅਧਿਆਪਕਾਂ ਤੋਂ ਵਿਰਵੇ, ਕਿਸੇ ਸਕੂਲ ਕਾਲਜ ਵਿੱਚ ਵੀ ਸਟਾਫ ਮੈਂਬਰ ਪੂਰੇ ਨਹੀਂ ਪਰ ਭਗਵੰਤ ਮਾਨ ਸਰਕਾਰ ਦੇ ਸਾਰੇ ਮੰਤਰੀ ਤੇ ਵਿਧਾਇਕ ਸਿੱਖਿਆ ਕ੍ਰਾਂਤੀ ਦੀਆਂ ਡੀਂਗਾਂ ਮਾਰ ਰਹੇ ਹਨ। ਇਕੱਠ ਨੂੰ ਉਪਰੋਕਤ ਤੋਂ ਇਲਾਵਾ ਬਲਵੰਤ ਸਿੰਘ ਘੋਹ, ਅਜੀਤ ਰਾਮ ਗੰਦਲਾਂ ਲਾਹੜੀ, ਮੱਖਣ ਸਿੰਘ, ਓਮ ਪ੍ਰਕਾਸ਼, ਨਰੇਸ਼ ਕੁਮਾਰ ਖੋਜਕੀਚੱਕ, ਸੋਮ ਨਾਥ, ਜੋਗਿੰਦਰ ਪਾਲ, ਪਵਨ ਕੁਮਾਰ ਅਤੇ ਹੋਰ ਸਾਥੀਆਂ ਨੇ ਆਪਣੇ ਵਿਚਾਰ ਪੇਸ਼ ਕੀਤੇ।

# ਵਿਸਾਖੀ ਦੇ ਤਿਉਹਾਰ 'ਤੇ ਬਜ਼ੁਰਗਾਂ ਦੇ ਵਿਹੜੇ 'ਚ ਕੀਤਾ ਨਾਮ ਸਿਮਰਨ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ) ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਪਠਾਨਕੋਟ ਜੋ ਕਿ ਪਿਛਲੇ ਪੰਜ ਸਾਲ ਤੋਂ ਮਾਨਵਤਾ ਦੀ ਸੇਵਾ ਵਿੱਚ ਪ੍ਰਧਾਨ ਸਤਨਾਮ ਸਿੰਘ ਦੇ ਨਿਗਰਾਨੀ ਹੇਠ ਯੋਗਦਾਨ ਦਿੰਦਾ ਆ ਰਿਹਾ ਹੈ।ਘਰ ਵਿੱਚ ਰਹਿ ਰਹੇ ਸਾਰੇ ਹੀ ਬਜ਼ੁਰਗਾਂ ਨੇ ਮਿਲ ਕੇ ਧੂਮ ਧਾਮ ਦੇ ਨਾਲ ਵਿਸਾਖੀ ਦਾ ਤਿਉਹਾਰ ਮਨਾਇਆ।ਇਸ ਮੌਕੇ ਅਭਿਨੰਦਨ ਸ਼ਾਸਤਰੀ ਤੇ ਉਹਨਾਂ ਦੀ ਟੀਮ ਨੇ ਆ ਕੇ ਬਜ਼ੁਰਗਾਂ ਦੇ ਵਿਹੜੇ ਵਿੱਚ ਰੌਣਕਾਂ ਲਗਾਈਆਂ।ਪ੍ਰਭੂ ਦੇ ਨਾਮ ਦਾ ਸਤਸੰਗ ਕੀਤਾ।ਇਸ ਦੇ ਨਾਲ ਹੀ ਉਹਨਾਂ ਨੇ ਬਜ਼ੁਰਗਾਂ ਨਾਲ ਦੁੱਖ ਸਾਂਝੇ ਕੀਤੇ ਉਹਨਾਂ ਦਾ ਹਾਲ ਚਾਲ ਜਾਣਿਆ ਅਤੇ ਵਿਸਾਖੀ ਦੇ ਦਿਹਾੜੇ ਦੀਆਂ ਮੁਬਾਰਕਾਂ ਦਿੱਤੀਆਂ।ਇਸ ਦੇ ਨਾਲ ਹੀ ਉਹਨਾਂ ਨੇ ਬਜ਼ੁਰਗਾਂ ਦੇ ਨਾਲ ਇਸ ਦਿਹਾੜੇ ਨੂੰ ਬੜੀ ਖੁਸ਼ੀ ਦੇ ਨਾਲ ਆਨੰਦ ਦੇ ਨਾਲ ਮਨਾਇਆ ਅਤੇ ਬਜ਼ੁਰਗਾਂ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਉਹਨਾਂ ਨੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ ਅਤੇ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੂੰ ਕਿਹਾ ਤੁਸੀਂ ਇਹ ਜੋ ਮਾਨਵਤਾ ਦੀ ਸੇਵਾ ਕਰ ਰਹੇ ਹੋ।ਇਹ ਦੁਨੀਆਂ ਦੀ ਸਭ ਤੋਂ ਉੱਤਮ ਸੇਵਾ ਹੈ।ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੇ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਇਸ ਮੌਕੇ ਆਸ਼ਰਮ ਚੇਅਰ ਪਰਸਨ ਮੈਡਮ ਗੀਨਾ ਸਰਮਾਲ ਵੀ ਪਹੁੰਚੇ ਸਨ।ਉਹਨਾਂ ਨੇ ਵੀ ਸਾਧ ਸੰਗਤ ਵਿੱਚ ਬੈਠ ਕੇ ਬਹੁਤ ਆਨੰਦ ਮਾਨਿਆ ਇਹਦੀ ਖੁਸ਼ੀ ਖੁਸ਼ੀ ਦੇ ਨਾਲ ਇਹ ਤਿਓਹਾਰ ਮਨਾਇਆ।ਇਸ ਮੌਕੇ ਆਸ਼ਰਮ ਸਮੂਹ ਬਜ਼ੁਰਗ ਅਤੇ ਆਸ਼ਰਮ ਸਮੂਹ ਸਟਾਫ ਸਵੀਤਾ, ਰੂਪ ਰਾਣੀ, ਰਾਜ ਰਾਣੀ, ਪੂਜਾ ਦੇਵੀ, ਵਿਪਨ ਕੁਮਾਰ ਆਦਿ ਮੌਜੂਦ ਸਨ।

# ਨਵਾਂ ਜ਼ਮਾਨਾ ਦੇ ਪੱਤਰਕਾਰ ਵਿਨੈ ਕੁਮਾਰ ਜੈਨ ਵੱਲੋਂ ਵਿਸਾਖੀ ਅਤੇ ਡਾ. ਬੀ.ਆਰ. ਅੰਬੇਦਕਰ ਦੇ ਜਨਮ ਦਿਹਾੜੇ ਮੌਕੇ ਡੇਰਾਬੱਸੀ ਵਿਸ਼ੇਸ਼ ਸਪਲੀਮੈਂਟ


ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਕੁਲਜੀਤ ਸਿੰਘ ਰੰਧਾਵਾ ਹਲਕਾ ਵਿਧਾਇਕ, ਡੇਰਾਬੱਸੀ

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਅਮਿਤ ਗੁਪਤਾ ਐਸ ਡੀ ਐਮ, ਡੇਰਾਬੱਸੀ

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਬਿਕਰਮਜੀਤ ਸਿੰਘ ਬਰਾੜ ਡੀਐਸਪੀ, ਡੇਰਾਬੱਸੀ

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਮਨਦੀਪ ਸਿੰਘ ਐਸਐਚਓ, ਡੇਰਾਬੱਸੀ

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਮਨਪ੍ਰੀਤ ਸਿੰਘ ਬੰਨੀ ਸੰਧੂ ਸੀਨੀਅਰ ਭਾਜਪਾ ਆਗੂ

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਰਵਿੰਦਰ ਵੈਸ਼ਨਵ ਉਪ ਪ੍ਰਧਾਨ ਪੰਜਾਬ ਓਬੀਸੀ ਮੋਰਚਾ

ਮੈਂ ਆਪਣੇ ਮਿੱਤਰਾ-ਦੋਸਤਾ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਮੈਨੂੰ ਸਪਲੀਮੈਂਟ ਕੱਢਣ 'ਚ ਸਹਿਯੋਗ ਦਿੱਤਾ ਅਤੇ ਮੈਂ ਭਵਿੱਖ'ਚ ਵੀ ਅਜਿਹੇ ਸਹਿਯੋਗ ਦੀ ਆਸ ਕਰਦਾ ਹਾਂ ਅਤੇ ਨਵਾਂ ਜ਼ਮਾਨਾ ਦੇ ਪਾਠਕਾਂ ਨੂੰ
ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਵਿਨੈ ਕੁਮਾਰ ਜੈਨ 9592889009
ਪੱਤਰਕਾਰ, ਨਵਾਂ ਜ਼ਮਾਨਾ vinayjain8009@gmail.com

ਜੈਨ ਡਾਕੂਮੈਂਟ ਸੈਂਟਰ
ਤਹਿਸੀਲ, ਡੇਰਾਬੱਸੀ (ਪੰਜਾਬ) - 140-507
98153-90456
ਵਿਸਾਖੀ ਅਤੇ ਡਾ. ਬੀ.ਆਰ. ਅੰਬੇਦਕਰ ਦੇ ਜਨਮ ਦਿਹਾੜੇ ਦੀਆਂ ਸ਼ੁੱਭਕਾਮਨਾਵਾਂ
ਸੰਨੀ ਜੈਨ

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਸੰਜੀਵ ਖੰਨਾ ਹਲਕਾ ਇੰਚਾਰਜ, ਭਾਜਪਾ, ਡੇਰਾਬੱਸੀ

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਗੀਤਾ ਜੈਨ ਸਾਬਕਾ ਐਮਸੀ

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਦਿਨੇਸ਼ ਵੈਸ਼ਨਵ ਜਨਰਲ ਸਕੱਤਰ ਓਬੀਸੀ ਮੋਰਚਾ, ਜ਼ਿਲ੍ਹਾ ਮੋਹਾਲੀ

SRI RAM HOSPITAL & PARAMEDICAL INSTITUTE
श्री राम हस्पताल
सफेद मोतिये का आप्रेशन, बिना इंजैक्शन, बिना चीरा, बिना टाँके के आधुनिक Phaco Machine द्वारा (Foldable Lens) के साथ केवल 10000/- में (सभी दवाईयों सहित)
सफेद मोतिये का ईलाज, काले मोतिये का ईलाज, भैंगापन का ईलाज, कांटेक्ट लैंस की सुविधा, कम्प्यूटराईज्ड आँखों की जाँच
ADMISSION OPEN FOR 2024-25
COURSES OFFERED
- B.VOC IN MEDICAL LAB TECHNOLOGY.
- B.VOC IN RADIOLOGY & MEDICAL IMAGING TECHNOLOGY.
- B.VOC IN OPTHALMIC TECHNOLOGY.
- B.VOC IN OPERATION THEATRE TECHNOLOGY.
- B.VOC IN PATIENT CARE MANAGEMENT.
- B.VOC IN CARDIAC CARE MANAGEMENT.
- B.VOC IN PHYSIOTHERAPY.
TEHSIL ROAD DERABASSI SAS NAGAR M : 9417303444, 9216490444

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਲਕਸ਼ੇ ਜੈਨ

ਸੰਦੇਸ਼ ਸਮੂਚੇ ਦੇਸ਼ ਵਾਸੀਆਂ ਨੂੰ ਵਿਸਾਖੀ ਅਤੇ ਡਾ. ਬੀ ਆਰ ਅੰਬੇਦਕਰ ਜੀ ਦੇ ਜਨਮ ਦਿਹਾੜੇ ਦੀਆਂ ਲੱਖ-ਲੱਖ ਵਧਾਈਆਂ
ਸੰਨੀ ਜੈਨ

ਜੈਨ ਡਾਕੂਮੈਂਟ ਸੈਂਟਰ
ਸਬ ਤਹਿਸੀਲ, ਜ਼ੀਰਕਪੁਰ (ਪੰਜਾਬ) 9888666361
ਵਿਸਾਖੀ ਅਤੇ ਡਾ. ਬੀ.ਆਰ. ਅੰਬੇਦਕਰ ਦੇ ਜਨਮ ਦਿਹਾੜੇ ਦੀਆਂ ਸ਼ੁੱਭਕਾਮਨਾਵਾਂ
ਲਕਸ਼ੇ ਜੈਨ

Crown Banquet
Booking Open
Lawn & Banquet in Rs. 50,000/- only
Buffet start from Rs. 499/- (Snacks, Lunch/Dinner, Sweet Dish) Ample Parking Space with Security
Special Arrange For Marriage kitte Party/Birthdays/Conference
M : 9417303444, 6284 736 762
Crown Resort & Restaurant
Ambala - Chandigarh Highway, Opp. Bhushan Steel, Derabassi

ਸ੍ਰੀ ਰਾਮ ਲੀਲਾ ਕਮੇਟੀ (ਰਜਿ. 812) ਸਥਾਪਤ 1986
ਵਿਸਾਖੀ ਅਤੇ ਡਾ. ਬੀ.ਆਰ. ਅੰਬੇਦਕਰ ਦੇ ਜਨਮ ਦਿਹਾੜੇ ਦੀਆਂ ਸ਼ੁੱਭਕਾਮਨਾਵਾਂ
ਮਨੋਜ ਰਾਜਪੂਤ ਚੇਅਰਮੈਨ
ਰਵਿੰਦਰ ਵੈਸ਼ਨਵ ਪ੍ਰਧਾਨ
ਬਲਬੀਰ ਮਗੂ ਉੱਪ ਪ੍ਰਧਾਨ
ਦਿਨੇਸ਼ ਵੈਸ਼ਨਵ ਸਕੱਤਰ
ਸਤਪਾਲ ਅੱਤਰੀ ਸਕੱਤਰ
ਉਪੇਸ਼ ਬੰਸਲ ਖ਼ਜ਼ਾਨਚੀ

ਖੁਸ਼ੀਆਂ ਦੇ ਇਹ ਰੰਗ ਦੇਖ ਕੇ ਹਮੇਸ਼ਾ ਮੁਸਕਰਾਓ।
ਸਾਰੇ ਨਗਰ ਵਾਸੀਆਂ ਨੂੰ ਬੈਸਾਖੀ ਦੀਆਂ ਲੱਖ ਲੱਖ ਵਧਾਈਆਂ!
Happy Baisakhi
ਅੰਕਿਤ ਜੈਨ, ਕੁਲਵੰਤ ਸਿੰਘ, ਅਜੀਤ ਚੌਧਰੀ, ਅਮਨ ਮਹਿੰਦਰੂ, ਲਖਬੀਰ ਸਿੰਘ, ਰਾਹੁਲ ਮਲਿਕ, ਆਨੰਦ ਵਸ਼ਿਸ਼ਟ
ਗੁਰਮੇਲ ਸਿੰਘ, ਗੁਰਮੀਤ ਸਿੰਘ, ਹਰਚਰਨ ਸਿੰਘ, ਸੁਨੀਲ ਪ੍ਰਤੀਹਾਰ, ਤਜਿੰਦਰ ਸਿੰਘ, ਜਸਪ੍ਰੀਤ ਸਿੰਘ, ਗੁਰਨਾਮ ਸਿੰਘ, ਦੀਪਕ ਝਾ, ਆਸ਼ੀਸ਼ ਜੈਨ

ਬ੍ਰਾਹਮਣ ਸਭਾ ਰਜਿ. ਨੰ. 359
ਵਿਸਾਖੀ ਅਤੇ ਡਾ. ਬੀ.ਆਰ. ਅੰਬੇਦਕਰ ਦੇ ਜਨਮ ਦਿਹਾੜੇ ਦੀਆਂ ਸ਼ੁੱਭਕਾਮਨਾਵਾਂ
ਰਾਮ ਦੇਵ ਸ਼ਰਮਾ ਚੇਅਰਮੈਨ
ਰਵਿੰਦਰ ਵੈਸ਼ਨਵ ਪ੍ਰਧਾਨ
ਦੀਪਕ ਸ਼ਰਮਾ ਸਕੱਤਰ
ਅਸ਼ੋਕ ਵਿਆਸ ਖ਼ਜ਼ਾਨਚੀ

BJP
ਵਿਸਾਖੀ ਅਤੇ ਡਾ. ਬੀ.ਆਰ. ਅੰਬੇਦਕਰ ਦੇ ਜਨਮ ਦਿਹਾੜੇ ਦੀਆਂ ਸ਼ੁੱਭਕਾਮਨਾਵਾਂ
ਪਵਨ ਧੀਮਾਨ (ਪੰਮਾ) ਭਾਜਪਾ ਆਗੂ
ਮਨਪ੍ਰੀਤ ਸਿੰਘ ਬੰਨੀ ਸੰਧੂ ਸੀਨੀਅਰ ਭਾਜਪਾ ਆਗੂ

LONGOWAL GROUP OF COLLEGES SINCE 1986
L.G.C.
Paramedical Postgraduate Courses - 2 Years
- M.Sc. (Radiology & Imaging Technology)
- M.Sc. (Medical Microbiology)
- M.Sc. (Medical Lab Sciences -Bio Chemistry)
- M.Sc. (MT - Anesthesia & Operation Theatre)
Paramedical Undergraduate Courses - 4 Years
- B.Sc. (MT -Anesthesia & Operation Theatre)
- B.Sc. (Medical Lab Sciences)
- B.Sc. (Radiology & Imaging Technology)
- B.Sc. (Dialysis Technology)
- B.Sc. (Cardiac Care Technology)
Direct Admission in 2nd Year :
- B.Sc. (Medical Lab Sciences) - Lateral Entry
- B.Sc. (MT - Anesthesia & Operation Theatre) - Lateral Entry
- B.Sc. (Radiology & Imaging Technology) - Lateral Entry
- B.Sc. (Dialysis Technology) - Lateral Entry
- B.Sc. (Cardiac Care Technology) - Lateral Entry
Undergraduate Courses - 3 Years
- BBA (Bachelor of Business Administration)
- BCA (Bachelor of Computer Applications)
- B.Com (Bachelor of Commerce) -Hons.
- BCA (Bachelor of Computer Applications) - (Lateral Entry)
- B.Sc. (Artificial Intelligence & Machine Learning)
- B.Sc. (Forensic Sciences)
Postgraduate Course - 1 Year
- P.G.D.C.A.
Diploma Engineering Courses - 3 Years
- Computer Science Engineering
- Mechanical Engineering
- Civil Engineering
- Electrical Engineering
- Diploma in Medical Laboratory Technology (DMLT)
Direct Admission in 2nd Year of Diploma Engg.
ITI Courses
Admission Open
JOB ORIENTED COURSES
100% Placement after the Course
100% FREE Education For SC & ST Students as Per Punjab Govt. Norms
For Admission Contact : 99151-58000 | 81466-58000
Campus : College Road, Derabassi, Distt. Mohali (Punjab) NEAR CHANDIGARH
Corporate Office : SCO 89, First Floor, Sector 44-C, Chandigarh
For Online Admission Visit : www.lgcderabassi.org

Happy Vaisakhi
ਵਿਸਾਖੀ ਅਤੇ ਡਾ. ਬੀ.ਆਰ. ਅੰਬੇਦਕਰ ਦੇ ਜਨਮ ਦਿਹਾੜੇ ਦੀਆਂ ਸ਼ੁੱਭਕਾਮਨਾਵਾਂ
ਰਛਪਾਲ ਸਿੰਘ 98148-21477

PARAS
Make Every Celebration Unforgettable!
PARAS HOTEL & BANQUETS
Celebrate Grand. Celebrate Here.
Big Banquet + Beautiful Lawn
LED-lit Stage & Decorated Gate
Ideal for Weddings, Birthdays, Ring Ceremonies
45 Rooms + Multi-Cuisine Restaurant
Dera Lounge Bar
Swimming Pool Coming Soon!
Dera Bassi - Chandigarh-Ambala Road
HOTEL PARAS (Approved by Ministry of Tourism, Govt. of India.)
Chandigarh-Ambala Road, Derabassi, Punjab, India
reservation@parashotel.com
www.parashotel.com
Call for Booking 99882 43877